ਸੋਮਵਾਰ, 16 ਮਾਰਚ, 2026
3 ਚੇਤ { ਨਾਨਕਸ਼ਾਹੀ 558
ਬਿਕਰਮੀ 2082
ਜਿਲਦ/VOL. : 74
ਅੰਕ/NO. : 284

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 16 MARCH, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਨਿਵੇਸ਼ ਕਰੋ, ਸਰਕਾਰ ਪੂਰਾ ਸਹਿਯੋਗ ਅਤੇ ਰਿਆਇਤਾਂ ਦੇਵੇਗੀ : ਭਗਵੰਤ ਮਾਨ




**ਮੋਹਾਲੀ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਐਸ.ਏ.ਐਸ. ਨਗਰ (ਮੋਹਾਲੀ) ਵਿਖੇ ਤਿੰਨ-ਰੋਜ਼ਾ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਆਖਰੀ ਦਿਨ ਉਦਯੋਗਪਤੀਆਂ ਨੂੰ ਸੰਬੋਧਨ ਕਰਦਿਆਂ ਉਦਯੋਗ ਲਈ ਸਰਕਾਰ ਦੀ ਤਰਫ਼ੋਂ ਪੂਰਾ ਸਹਿਯੋਗ ਅਤੇ ਰਿਆਇਤਾਂ ਦਾ ਭਰੋਸਾ ਦਿੱਤਾ। ਆਲਮੀ ਅਤੇ ਕੌਮੀ ਨਿਵੇਸ਼ਕਾਂ ਦੀ ਮਜ਼ਬੂਤ ਭਾਈਵਾਲੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਸੰਮੇਲਨ ਨੇ ਉਦਯੋਗਿਕ ਵਿਕਾਸ ਲਈ ਅਜਿਹਾ ਮਾਹੌਲ ਸਿਰਜਿਆ ਹੈ, ਜੋ ਸੂਬੇ ਦੀ ਆਰਥਿਕ ਤਰੱਕੀ ਨੂੰ ਹੋਰ ਰਫ਼ਤਾਰ ਦੇਵੇਗਾ। ਉਨ੍ਹਾਂ ਨੇ ਐਲਾਨ ਕੀਤਾ ਕਿ ਸੂਬਾ ਸਰਕਾਰ ਸੰਮੇਲਨ ਦੌਰਾਨ ਦਿੱਤੇ ਗਏ ਨਿਵੇਸ਼ ਪ੍ਰਸਤਾਵਾਂ ਅਤੇ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਮੁਲਾਂਕਣ ਕਰਨ ਲਈ ਛੇ ਮਹੀਨਿਆਂ ਬਾਅਦ ਸਮੀਖਿਆ ਸੈਸ਼ਨ ਕਰੇਗੀ।ਇਤਿਹਾਸਕ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਸਮਾਪਤੀ ਵਾਲੇ ਦਿਨ ਕਾਰੋਬਾਰੀ ਦਿੱਗਜ਼ਾਂ ਨਾਲ ਵਿਚਾਰ-ਚਰਚਾ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਇਸ ਸੰਮੇਲਨ ਵਿੱਚ ਸ਼ਾਮਲ ਹੋਣ ਅਤੇ ਸੂਬੇ ਦੀ ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣਨ ਲਈ ਇੱਥੇ ਆਈਆਂ ਮਾਣਯੋਗ ਸ਼ਖ਼ਸੀਅਤਾਂ ਦੇ ਸਮਰਪਣ ਨੂੰ ਬਿਆਨ ਕਰਨ ਵਾਸਤੇ ਮੇਰੇ ਕੋਲ ਸ਼ਬਦ ਵੀ ਘੱਟ ਰਹਿ ਜਾਣਗੇ।ਦੁਨੀਆ ਭਰ ਦੇ ਮੋਹਰੀ ਉਦਯੋਗਿਕ ਆਗੂ ਇਸ ਇਤਿਹਾਸਕ ਅਤੇ ਪ੍ਰਗਤੀਸ਼ੀਲ ਸੰਮੇਲਨ ਵਿੱਚ ਪਹੁੰਚੇ ਹਨ।ਉਨ੍ਹਾਂ ਕਿਹਾ ਕਿ ਸੂਝਵਾਨ ਅਤੇ ਦੂਰਅੰਦੇਸ਼ੀ ਵਾਲਾ ਆਗੂ ਉਹੀ ਹੁੰਦਾ ਹੈ ਜੋ ਹਰ ਤਰ੍ਹਾਂ ਦੇ ਮਾਹੌਲ ਅਤੇ ਚੁਣੌਤੀਆਂ ਲਈ ਆਪਣੀ ਟੀਮ ਨੂੰ ਤਿਆਰ ਰੱਖੇ ਅਤੇ ਸੂਬਾ ਸਰਕਾਰ ਇਸੇ ਤਰਜ਼ 'ਤੇ ਕੰਮ ਕਰਦੀ ਹੈ।

ਸੂਬੇ ਦੇ ਲੋਕਾਂ ਦੇ ਜਨੂੰਨ ਅਤੇ ਜਜ਼ਬੇ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀ ਹਮੇਸ਼ਾ ਸੂਝਵਾਨ ਆਗੂ ਵਜੋਂ ਵਿਚਰਦੇ ਹਨ ਅਤੇ ਅਸੀਂ ਦੇਸ਼ ਅਤੇ ਇਸ ਦੇ ਲੋਕਾਂ ਲਈ ਕੁਝ ਵੀ ਕਰ ਸਕਦੇ ਹਾਂ ਕਿਉਂਕਿ ਦੇਸ਼ ਸਾਡੇ ਲਈ ਸਭ ਤੋਂ ਅੱਗੇ ਹੈ।ਉਨ੍ਹਾਂ ਕਿਹਾ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ (ਏ ਆਈ) ਨਵਾਂ ਉੱਭਰਦਾ ਖੇਤਰ ਹੈ ਪਰ ਮਨੁੱਖੀ ਦਿਮਾਗ ਇਸ ਤੋਂ ਕਿਤੇ ਜ਼ਿਆਦਾ ਮਹੱਤਵਪੂਰਨ ਹੈ, ਜੋ ਕਿ ਮਨੁੱਖੀ ਸਰੋਤ ਦੇ ਵਿਕਾਸ ਲਈ ਚੰਗਾ ਹੈ। ਇਹ ਦੇਖ ਕੇ ਖੁਸ਼ੀ ਹੁੰਦੀ ਹੈ ਕਿ ਨੀਤੀ ਨਿਰਮਾਣ ਦੇ ਫੈਸਲਿਆਂ ਵਿੱਚ ਕਾਰੋਬਾਰੀ ਤੇਜ਼ੀ ਨਾਲ ਧਿਰ ਬਣ ਕੇ ਉੱਭਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਤਿੰਨ ਦਿਨਾਂ ਦੌਰਾਨ ਲਗਭਗ 30 ਲੜੀਵਾਰ ਸੈਸ਼ਨ ਕਰਵਾਏ ਗਏ, ਜੋ ਸੂਬੇ ਦੇ ਆਰਥਿਕ ਵਿਕਾਸ ਨੂੰ ਹੋਰ ਤੇਜ਼ ਕਰਨ ਵਿੱਚ ਵਧੇਰੇ ਮਦਦਗਾਰ ਸਿੱਧ ਹੋਣਗੇ।ਰਾਜਨੀਤੀ ਵਿੱਚ 'ਆਪ' ਦੇ ਪ੍ਰਭਾਵ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ, ਜਿਸ ਨੇ ਆਮ ਆਦਮੀ ਨੂੰ ਸਿਆਸਤ ਦੇ ਕੇਂਦਰ ਵਿੱਚ ਲਿਆਂਦਾ ਹੈ, ਦੇ ਸੱਤਾ ਵਿੱਚ ਆਉਣ ਤੋਂ ਬਾਅਦ ਬਾਕੀ ਰਾਜਨੀਤਿਕ ਪਾਰਟੀਆਂ ਦੇ ਮੈਨੀਫੈਸਟੋ ਬਦਲ ਗਏ ਹਨ। ਪਹਿਲਾਂ ਆਮ ਆਦਮੀ ਦੀ ਭਲਾਈ ਦਾ ਏਜੰਡਾ ਕਿਤੇ ਵੀ ਨਹੀਂ ਦਿਖਾਈ ਦਿੰਦਾ ਸੀ ਅਤੇ ਨਫ਼ਰਤ ਤੇ ਵੰਡ-ਪਾਊ ਦੀ ਰਾਜਨੀਤੀ ਦਾ ਬੋਲਬਾਲਾ ਸੀ। ਜੇਕਰ ਰਾਜਨੀਤਿਕ ਪਾਰਟੀਆਂ ਨੂੰ ਜਾਤ, ਧਰਮ ਜਾਂ ਹੋਰ ਵੰਡਪਾਊ ਨੀਤੀਆਂ ਦੇ ਨਾਮ 'ਤੇ ਵੋਟਾਂ ਮਿਲੀ ਜਾਣ ਤਾਂ ਫਿਰ ਕੋਈ ਸਕੂਲ, ਸਿੱਖਿਆ, ਸਿਹਤ ਜਾਂ ਕਿਸੇ ਹੋਰ ਚੀਜ਼ ਦੇ ਨਾਮ 'ਤੇ ਵੋਟ ਕਿਉਂ ਮੰਗੇਗਾ?

ਕਿਸੇ ਵੀ ਦੇਸ਼ ਵਿੱਚ ਇਕੋ ਜਿਹੇ ਮੌਕਿਆਂ ਵਾਲਾ ਮੁਕਾਬਲਾ ਜ਼ਰੂਰੀ ਹੈ ਅਤੇ ਏਕਾਧਿਕਾਰ ਦੀਆਂ ਸੰਭਾਨਾਵਾਂ ਨੂੰ ਹਰ ਪੱਖੋਂ ਨਕਾਰ ਦੇਣਾ ਚਾਹੀਦਾ ਹੈ ਕਿਉਂਕਿ ਏਕਾਧਿਕਾਰ ਕਿਸੇ ਵੀ ਸਮਾਜ ਦੇ ਹਿੱਤ ਵਿੱਚ ਨਹੀਂ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੁਨੀਆ ਅਜਿਹੀਆਂ ਉਦਾਹਰਣਾਂ ਨਾਲ ਭਰੀ ਹੋਈ ਹੈ ਜਿੱਥੇ ਨਿਮਰ ਪਿਛੋਕੜ ਵਾਲੇ ਲੋਕਾਂ ਨੇ ਆਪਣੀ ਮਿਹਨਤ ਅਤੇ ਸਮਰਪਣ ਨਾਲ ਦੁਨੀਆ ਨੂੰ ਜਿੱਤਿਆ ਹੈ। ਸੂਬੇ ਅਤੇ ਇਸ ਦੇ ਸ਼ਹੀਦਾਂ ਦੀ ਮਹਾਨ ਵਿਰਾਸਤ ਨੂੰ ਚੇਤੇ ਕਰਦਿਆਂ ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਹੈ ਅਤੇ ਸੂਬੇ ਨੂੰ ਦੁਨੀਆ ਭਰ ਵਿੱਚ ਆਪਣੀ ਨਿੱਘੀ ਮਹਿਮਾਨਨਿਵਾਜ਼ੀ ਲਈ ਜਾਣਿਆ ਜਾਂਦਾ ਹੈ। ਪੰਜਾਬੀਆਂ ਨੂੰ ਵਿਸ਼ਵ ਪੱਧਰ 'ਤੇ ਹਰ ਕੋਈ ਜਾਣਦਾ ਹੈ। ਸਾਡੇ ਸ਼ਹੀਦਾਂ ਨੇ ਦੇਸ਼ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ ਅਤੇ ਅਸੀਂ ਸਾਰੇ ਉਨ੍ਹਾਂ ਦੇ ਕਰਜ਼ਦਾਰ ਹਾਂ। ਇਹ ਮੰਦਭਾਗਾ ਹੈ ਕਿ ਸਾਡੇ ਦੇਸ਼ ਵਿੱਚ ਕਈ ਅਜਿਹੀਆਂ ਤਾਕਤਾਂ ਵੀ ਹਨ ਜਿਨ੍ਹਾਂ ਨੇ ਦੇਸ਼ ਦੇ ਖ਼ਜ਼ਾਨੇ ਨੂੰ ਲੁੱਟਿਆ ਅਤੇ ਸ਼ਹੀਦਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਇਹ ਆਗੂ ਗੈਰ-ਕਾਨੂੰਨੀ ਤਰੀਕਿਆਂ ਨਾਲ ਵੱਡੀ ਦੌਲਤ ਇਕੱਠੀ ਕਰਨ ਦੀ ਕਾਹਲੀ ਵਿੱਚ ਹਨ ਅਤੇ ਸਾਡੇ ਦੇਸ਼ ਵਾਸੀ ਅਜਿਹੇ ਲੋਕਾਂ ਨੂੰ ਕਿਸੇ ਵੀ ਸੂਰਤ ਵਿੱਚ ਮੁਆਫ਼ ਨਹੀਂ ਕਰਨਗੇ।ਨਿਵੇਸ਼ਕਾਂ ਦੀ ਭਾਈਵਾਲੀ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਅੱਗੇ ਕਿਹਾ ਕਿ ਇਸ ਸੰਮੇਲਨ ਵਿੱਚ ਹਿੱਸਾ ਲੈਣ ਵਾਲੇ ਲੋਕ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਭਾਈਵਾਲ ਬਣਨ ਲਈ ਖੁਦ-ਬ-ਖੁਦ ਅੱਗੇ ਆ ਰਹੇ ਹਨ। ਇਹ ਪੰਜਾਬ ਵਿੱਚ ਤਰੱਕੀ ਅਤੇ ਖੁਸ਼ਹਾਲੀ ਨੂੰ ਹੁਲਾਰਾ ਦੇਵੇਗਾ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰੇਗਾ। ਪ੍ਰਬੰਧਕਾਂ ਅਤੇ ਭਾਈਵਾਲਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਅੱਗੇ ਕਿਹਾ ਕਿ ਮੈਂ ਇਸ ਸਮਾਗਮ ਨੂੰ ਸਫਲਤਾਪੂਰਵਕ ਕਰਵਾਉਣ ਲਈ ਇਨਵੈਸਟ ਪੰਜਾਬ ਨੂੰ ਵਧਾਈ ਦਿੰਦਾ ਹਾਂ।

ਇਸ ਸਮਾਗਮ ਨੂੰ ਵੱਡੀ ਸਫ਼ਲਤਾ ਬਣਾਉਣ ਲਈ ਜ਼ਮੀਨ 'ਤੇ ਅਣਥੱਕ ਮਿਹਨਤ ਕਰਨ ਵਾਲਾ ਹਰ ਅਧਿਕਾਰੀ/ਕਰਮਚਾਰੀ ਪ੍ਰਸ਼ੰਸਾ ਦਾ ਪਾਤਰ ਹੈ। ਇਸ ਦੇ ਨਾਲ ਹੀ ਮੈਂ ਉਦਯੋਗ ਜਗਤ ਦੇ ਉਨ੍ਹਾਂ ਆਗੂਆਂ ਦਾ ਵੀ ਧੰਨਵਾਦ ਕਰਦਾ ਹਾਂ, ਜੋ ਵੱਡੀ ਗਿਣਤੀ ਵਿੱਚ ਸੂਬੇ ਵਿੱਚ ਨਿਵੇਸ਼ ਕਰਨ ਲਈ ਇੱਥੇ ਆਏ ਹਨ।ਇਸ ਮੌਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ, ਹਰਭਜਨ ਸਿੰਘ ਈ ਟੀ ਓ ਅਤੇ ਬਰਿੰਦਰ ਗੋਇਲ, ਮੁੱਖ ਸਕੱਤਰ ਕੇ ਏ ਪੀ ਸਿਨਹਾ ਅਤੇ ਹੋਰਾਂ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।

## ਪੰਜ ਅਸੰਬਲੀ ਚੋਣਾਂ ਦੀਆਂ ਤਰੀਕਾਂ ਦਾ ਐਲਾਨ

**ਨਵੀਂ ਦਿੱਲੀ :** ਚੋਣ ਕਮਿਸ਼ਨ ਨੇ ਅਸਾਮ, ਤਾਮਿਲਨਾਡੂ, ਕੇਰਲ, ਪੱਛਮੀ ਬੰਗਾਲ ਅਤੇ ਪੁਡੂਚੇਰੀ ਵਿੱਚ ਵਿਧਾਨ ਸਭਾ ਚੋਣਾਂ ਦੀਆਂ ਤਰੀਕਾਂ ਦਾ ਐਲਾਨ ਕਰ ਦਿੱਤਾ ਹੈ। ਅਸਾਮ, ਕੇਰਲ ਤੇ ਪੁਡੂਚੇਰੀ ਵਿੱਚ 9 ਅਪਰੈਲ ਨੂੰ ਵੋਟਿੰਗ ਹੋਵੇਗੀ। ਤਾਮਿਲਨਾਡੂ ਵਿੱਚ 23 ਅਪਰੈਲ ਨੂੰ ਵੋਟਾਂ ਪੈਣਗੀਆਂ ਅਤੇ ਪੱਛਮੀ ਬੰਗਾਲ ਵਿੱਚ ਦੋ ਪੜਾਵਾਂ ਵਿੱਚ 23 ਅਤੇ 29 ਅਪਰੈਲ ਨੂੰ ਵੋਟਿੰਗ ਹੋਵੇਗੀ। ਨਤੀਜੇ ਚਾਰ ਮਈ ਨੂੰ ਐਲਾਨੇ ਜਾਣਗੇ। ਇਸ ਦੇ ਨਾਲ ਹੀ ਗੋਆ, ਕਰਨਾਟਕ, ਗੁਜਰਾਤ ਅਤੇ ਮਹਾਰਾਸ਼ਟਰ ਵਿੱਚ ਅੱਠ ਜ਼ਿਮਨੀ ਚੋਣਾਂ ਵੀ ਕਰਵਾਈਆਂ ਜਾਣਗੀਆਂ।

ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਕਿਹਾ ਕਿ ਸ਼ੁੱਧ ਵੋਟਰ ਸੂਚੀਆਂ ਸਾਡੇ ਲੋਕਤੰਤਰ ਦੀ ਨੀਂਹ ਹਨ, ਕੋਈ ਵੀ ਯੋਗ ਵੋਟਰ ਰਹਿਣਾ ਨਹੀਂ ਚਾਹੀਦਾ ਅਤੇ ਕੋਈ ਅਯੋਗ ਵੋਟਰ ਸ਼ਾਮਲ ਨਹੀਂ ਹੋਣਾ ਚਾਹੀਦਾ। ਪੰਜ ਰਾਜਾਂ ਦੇ 824 ਹਲਕਿਆਂ ਵਿੱਚ ਕੁੱਲ 17.4 ਕਰੋੜ ਵੋਟਰ ਵੋਟ ਪਾਉਣ ਦੇ ਯੋਗ ਹਨ। ਉਨ੍ਹਾ ਅੱਗੇ ਦੱਸਿਆ ਕਿ ਚਾਰ ਸੂਬਿਆਂ ਅਤੇ ਇੱਕ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ 2.19 ਲੱਖ ਪੋਲਿੰਗ ਸਟੇਸ਼ਨਾਂ 'ਤੇ ਵੋਟਿੰਗ ਹੋਵੇਗੀ ਅਤੇ 25 ਲੱਖ ਚੋਣ ਅਧਿਕਾਰੀ ਡਿਊਟੀ 'ਤੇ ਹੋਣਗੇ। ਅਸਾਮ, ਕੇਰਲ, ਪੁਡੂਚੇਰੀ, ਤਾਮਿਲਨਾਡੂ ਅਤੇ ਪੱਛਮੀ ਬੰਗਾਲ ਵਿੱਚ ਪ੍ਰਤੀ ਪੋਲਿੰਗ ਸਟੇਸ਼ਨ ਵੋਟਰਾਂ ਦੀ ਔਸਤ ਗਿਣਤੀ 750-900 ਹੈ।

ਸੀ.ਈ.ਸੀ. ਕੁਮਾਰ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੁਧਾਰ ਦੌਰਾਨ ਚੰਗਾ ਕੰਮ ਕਰਨ ਲਈ ਬੀ.ਐੱਲ.ਓਜ਼ ਨੂੰ ਵਧਾਈ ਦਿੱਤੀ। ਸਾਰੇ ਪੋਲਿੰਗ ਬੂਥਾਂ 'ਤੇ ਪ੍ਰੀਜ਼ਾਈਡਿੰਗ ਅਫ਼ਸਰ ਹਰ ਦੋ ਘੰਟੇ ਬਾਅਦ ਅਤੇ ਵੋਟਿੰਗ ਖ਼ਤਮ ਹੋਣ ਤੋਂ ਤੁਰੰਤ ਬਾਅਦ ਵੋਟਰ ਟਰਨਆਊਟ ਦਾ ਡਾਟਾ ਅਪਲੋਡ ਕਰਨਗੇ।

# ਨੇਤਨਯਾਹੂ ਨੂੰ ਲੱਭ ਕੇ ਮਾਰਾਂਗੇ : ਈਰਾਨ

## ਇਜ਼ਰਾਈਲੀ ਪ੍ਰਧਾਨ ਮੰਤਰੀ ਦੇ ਮਾਰੇ ਜਾਣ ਦੀਆਂ ਅਫਵਾਹਾਂ


ਸੱਜੇ ਹੱਥ ਦੀਆਂ ਛੇ ਉਂਗਲਾਂ ਨੇ ਨੇਤਨਯਾਹੂ ਬਾਰੇ ਸ਼ੱਕ ਵਧਾਇਆ।

**ਤਹਿਰਾਨ :** ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੀ ਹੱਤਿਆ ਬਾਰੇ ਸੋਸ਼ਲ ਮੀਡੀਆ 'ਤੇ ਫੈਲੀਆਂ ਅਫ਼ਵਾਹਾਂ ਨੂੰ ਉਨ੍ਹਾਂ ਦੇ ਦਫ਼ਤਰ ਨੇ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਪ੍ਰਧਾਨ ਮੰਤਰੀ ਦਫ਼ਤਰ ਨੇ ਇੱਕ ਅਧਿਕਾਰਤ ਬਿਆਨ ਜਾਰੀ ਕਰਦਿਆਂ ਸਪੱਸ਼ਟ ਕੀਤਾ ਹੈ ਕਿ ਨੇਤਨਯਾਹੂ ਬਿਲਕੁਲ 'ਠੀਕ' ਹਨ ਅਤੇ ਉਨ੍ਹਾਂ ਦੀ ਮੌਤ ਦੀਆਂ ਖ਼ਬਰਾਂ ਮਹਿਜ਼ 'ਫੇਕ ਨਿਊਜ਼' (ਝੂਠੀਆਂ ਖ਼ਬਰਾਂ) ਹਨ। ਦਰਅਸਲ, ਇਹ ਅਫ਼ਵਾਹਾਂ ਉਸ ਵੇਲੇ ਤੇਜ਼ ਹੋਈਆਂ ਜਦੋਂ ਨੇਤਨਯਾਹੂ ਵੱਲੋਂ ਜਾਰੀ ਕੀਤੀ ਗਈ ਇੱਕ ਪ੍ਰੈੱਸ ਕਾਨਫਰੰਸ ਦੀ ਵੀਡੀਓ ਨੂੰ ਸੋਸ਼ਲ ਮੀਡੀਆ ਵਰਤੋਂਕਾਰਾਂ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਬਣੀ ਕਰਾਰ ਦਿੱਤਾ। ਦਾਅਵਾ ਕੀਤਾ ਗਿਆ ਕਿ ਵੀਡੀਓ ਵਿੱਚ ਨੇਤਨਯਾਹੂ ਦੇ ਸੱਜੇ ਹੱਥ ਦੀਆਂ ਛੇ ਉਂਗਲਾਂ ਦਿਖਾਈ ਦੇ ਰਹੀਆਂ ਹਨ, ਜੋ ਕਿ 'ਏ ਆਈ ਗਲਿੱਚ' ਦਾ ਸੰਕੇਤ ਹੈ। ਅਮਰੀਕੀ ਟਿੱਪਣੀਕਾਰ ਕੈਂਡਿਸ ਓਵੇਨਸ ਸਮੇਤ ਕਈ ਵੱਡੀਆਂ ਸ਼ਖ਼ਸੀਅਤਾਂ ਨੇ ਸਵਾਲ ਚੁੱਕੇ ਕਿ ਪ੍ਰਧਾਨ ਮੰਤਰੀ ਕਿੱਥੇ ਹਨ ਅਤੇ ਉਨ੍ਹਾਂ ਦੇ ਦਫ਼ਤਰ ਵੱਲੋਂ 'ਨਕਲੀ ਵੀਡੀਓ' ਕਿਉਂ ਜਾਰੀ ਕੀਤੇ ਜਾ ਰਹੇ ਹਨ। ਹਾਲਾਂਕਿ ਸੋਸ਼ਲ ਮੀਡੀਆ ਪਲੇਟਫਾਰਮ ਐਕਸ ਦੇ ਏ ਆਈ ਚੈਟਬੋਟ 'ਗ੍ਰੋਕ' ਨੇ ਇਨ੍ਹਾਂ ਦਾਅਵਿਆਂ ਨੂੰ ਤੱਥਾਂ ਦੇ ਆਧਾਰ 'ਤੇ ਗ਼ਲਤ ਦੱਸਿਆ ਹੈ। ਗ੍ਰੋਕ ਅਨੁਸਾਰ ਵੀਡੀਓ ਵਿੱਚ ਦਿਖਾਈ ਦੇਣ ਵਾਲੀ ਉਂਗਲ ਕੋਈ 'ਏ ਆਈ ਗਲਿੱਚ' ਨਹੀਂ, ਸਗੋਂ ਪਰਛਾਵੇਂ ਅਤੇ ਹੱਥ ਦੇ ਖ਼ਾਸ ਕੋਣ ਕਾਰਨ ਪੈਦਾ ਹੋਇਆ ਭੁਲੇਖਾ ਸੀ। ਇਸੇ ਦੌਰਾਨ ਈਰਾਨ ਦੀ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ (ਆਈ ਆਰ ਜੀ ਸੀ) ਨੇ ਕਿਹਾ ਹੈ ਕਿ ਜ਼ਾਇਨਵਾਦੀ ਅਪਰਾਧੀ ਪ੍ਰਧਾਨ ਮੰਤਰੀ ਨੇਤਨਯਾਹੂ ਦੀ ਗੁੰਮਸ਼ੁਦਗੀ ਤੇ ਮਕਬੂਜ਼ਾ ਇਲਾਕਿਆਂ ਵਿੱਚੋਂ ਪਰਵਾਰ ਸਣੇ ਭੱਜ ਜਾਣ ਦੀ ਸੰਭਾਵਨਾ ਜ਼ਾਇਨਵਾਦੀਆਂ ਦੀ ਪਤਲੀ ਹਾਲਤ ਨੂੰ ਦਰਸਾਉਂਦੀ ਹੈ। ਉਸਨੇ ਕਿਹਾ ਹੈ ਕਿ ਜੇ ਬੱਚੇ ਮਾਰਨ ਵਾਲਾ ਅਪਰਾਧੀ ਅਜੇ ਵੀ ਜਿਉਂਦਾ ਹੈ ਤਾਂ ਉਹ ਪੂਰੀ ਤਾਕਤ ਨਾਲ ਉਸਨੂੰ ਲੱਭ ਕੇ ਮਾਰਨਗੇ।

ਨੇਤਨਯਾਹੂ ਤੋਂ ਇਲਾਵਾ ਉਸਦੇ ਪੁੱਤਰ ਯੈਰ ਨੇਤਨਯਾਹੂ ਬਾਰੇ ਵੀ ਕਿਆਸਅਰਾਈਆਂ ਲੱਗ ਰਹੀਆਂ ਹਨ, ਕਿਉਂਕਿ ਉਸਨੇ 9 ਮਾਰਚ ਤੋਂ ਬਾਅਦ ਕੋਈ ਪੋਸਟ ਨਹੀਂ ਪਾਈ।

ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਗਚੀ ਨੇ ਐਤਵਾਰ ਕਿਹਾ ਕਿ ਜੰਗ ਖਤਮ ਕਰਨ ਲਈ ਕਿਸੇ ਵੀ ਪਹਿਲਕਦਮੀ ਦਾ ਈਰਾਨ ਸਵਾਗਤ ਕਰੇਗਾ। ਉਨ੍ਹਾ ਇਹ ਵੀ ਕਿਹਾ ਕਿ ਅਰਬ ਦੇਸ਼ਾਂ ਦੇ ਰਿਹਾਇਸ਼ੀ ਇਲਾਕਿਆਂ ਵਿੱਚ ਹਮਲੇ ਈਰਾਨ ਨੇ ਨਹੀਂ, ਸਗੋਂ ਇਜ਼ਰਾਈਲ ਨੇ ਕੀਤੇ ਹਨ। ਉਹ ਸਿਰਫ ਹਮਲਾਵਰਾਂ ਦੇ ਅੱਡਿਆਂ ਨੂੰ ਹੀ ਨਿਸ਼ਾਨਾ ਬਣਾ ਰਿਹਾ ਹੈ। ਉਨ੍ਹਾ ਕਿਹਾ ਕਿ ਉਹ ਗੁਆਂਢੀ ਦੇਸ਼ਾਂ ਵਿੱਚ ਹੋਏ ਹਮਲਿਆਂ ਦੀ ਜਾਂਚ ਕਰਾਉਣ ਲਈ ਤਿਆਰ ਹੈ। ਉਨ੍ਹਾ ਸਪੱਸ਼ਟ ਕੀਤਾ ਕਿ ਤਹਿਰਾਨ ਆਪਣੇ ਗੁਆਂਢੀ ਦੇਸ਼ਾਂ, ਖਾਸ ਕਰਕੇ ਕਤਰ, ਸਾਊਦੀ ਅਰਬ ਅਤੇ ਓਮਾਨ ਨਾਲ ਲਗਾਤਾਰ ਕੂਟਨੀਤਕ ਰਾਬਤਾ ਕਾਇਮ ਰੱਖੇ ਹੋਏ ਹੈ। ਇਨ੍ਹਾਂ ਦੇਸ਼ਾਂ ਨਾਲ ਗੱਲਬਾਤ ਦਾ ਮੁੱਖ ਮਕਸਦ ਖੇਤਰੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਅਤੇ ਮੌਜੂਦਾ ਸੰਕਟ ਨੂੰ ਡੂੰਘਾ ਹੋਣ ਤੋਂ ਰੋਕਣਾ ਹੈ। ਜ਼ਿਕਰਯੋਗ ਹੈ ਕਿ ਓਮਾਨ ਅਤੇ ਕਤਰ ਅਕਸਰ ਈਰਾਨ ਅਤੇ ਪੱਛਮੀ ਦੇਸ਼ਾਂ ਵਿਚਾਲੇ ਵਿਚੋਲੇ ਦੀ ਭੂਮਿਕਾ ਨਿਭਾਉਂਦੇ ਰਹੇ ਹਨ। ਵਿਦੇਸ਼ ਮੰਤਰੀ ਅਨੁਸਾਰ, ਈਰਾਨ ਆਪਣੇ ਸਾਰੇ ਗੁਆਂਢੀਆਂ ਨਾਲ ਸੰਬੰਧਾਂ ਨੂੰ ਮਜ਼ਬੂਤ ਕਰਨ ਅਤੇ ਸਾਂਝੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ।

ਈਰਾਨ ਨੇ ਇਸਤੋਂ ਪਹਿਲਾਂ ਕਿਹਾ ਸੀ ਕਿ ਇਜ਼ਰਾਈਲ ਤੇ ਅਮਰੀਕਾ ਉਸਦੇ • ਬਾਕੀ ਸਫਾ 2 'ਤੇ

## ਸ਼ਰਾਰਤੀ ਦਿਮਾਗ

**ਤਹਿਰਾਨ :** ਈਰਾਨ ਦੀ ਸਰਬਉੱਚ ਕੌਮੀ ਸੁਰੱਖਿਆ ਕੌਂਸਲ ਦੇ ਸਕੱਤਰ ਅਲੀ ਲਾਰੀਜਾਨੀ ਨੇ ਕਿਹਾ ਹੈ ਕਿ ਉਨ੍ਹਾ ਨੂੰ ਪਤਾ ਲੱਗਾ ਹੈ ਕਿ ਦੁਨੀਆ ਦੇ ਵੱਡੇ ਲੋਕਾਂ ਨੂੰ ਨਾਬਾਲਗ ਕੁੜੀਆਂ ਸਪਲਾਈ ਕਰਨ ਵਾਲੇ ਐਪਸਟੀਨ ਦੇ ਨੈੱਟਵਰਕ ਦੇ ਬਚੇ ਮੈਂਬਰਾਂ ਨੇ ਈਰਾਨ ਨੂੰ ਬਦਨਾਮ ਕਰਨ ਲਈ 9/11 ਵਰਗੀ ਵਾਰਦਾਤ ਕਰਨ ਦੀ ਸਾਜ਼ਿਸ਼ ਘੜੀ ਹੈ।

ਉਨ੍ਹਾ ਕਿਹਾ ਕਿ ਈਰਾਨ ਦਹਿਸ਼ਤੀ ਕਾਰਿਆਂ ਦੇ ਅਸੂਲੀ ਤੌਰ 'ਤੇ ਖਿਲਾਫ ਹੈ ਅਤੇ ਉਸਦੀ ਜੰਗ ਅਮਰੀਕਾ ਦੇ ਲੋਕਾਂ ਨਾਲ ਨਹੀਂ ਹੈ। (ਐਪਸਟੀਨ ਮਾਮਲੇ ਵਿੱਚ ਟਰੰਪ ਦਾ ਨਾਂ ਵੀ ਵੱਜਦਾ ਹੈ।) ਚੇਤੇ ਰਹੇ ਅਲਕਾਇਦਾ ਦੇ 19 ਦਹਿਸ਼ਤਗਰਦਾਂ ਨੇ 11 ਸਤੰਬਰ 2001 (9/11) ਨੂੰ ਅਮਰੀਕਾ ਵਿੱਚ 4 ਜਹਾਜ਼ ਅਗਵਾ ਕਰਕੇ ਦੋ ਜਹਾਜ਼ ਨਿਊਯਾਰਕ ਦੇ ਵਰਲਡ ਟਰੇਡ ਸੈਂਟਰ (ਟਵਿਨ ਟਾਵਰਜ਼) ਵਿੱਚ ਮਾਰੇ ਸਨ। ਤੀਜਾ ਜਹਾਜ਼ ਪੈਂਟਾਗਨ ਨਾਲ ਟਕਰਾਇਆ ਸੀ ਤੇ ਚੌਥਾ ਪੈਨਸਿਲਵੇਨੀਆ ਵਿੱਚ ਡਿੱਗਿਆ ਸੀ। ਇਸ ਹਮਲੇ ਵਿੱਚ 2977 ਲੋਕ ਮਾਰੇ ਗਏ ਸਨ ਤੇ ਦੁਨੀਆ ਦਹਿਲ ਉੱਠੀ ਸੀ। ਉਸਤੋਂ ਬਾਅਦ ਅਮਰੀਕਾ ਨੇ ਅਫਗਾਨਿਸਤਾਨ 'ਤੇ ਹਮਲਾ ਬੋਲ ਦਿੱਤਾ ਸੀ।

## ਬਾਬੂ ਕਾਂਸ਼ੀ ਰਾਮ ਨੂੰ ਭਾਰਤ ਰਤਨ ਦਿੱਤਾ ਜਾਵੇ : ਰਾਹੁਲ



**ਨਵੀਂ ਦਿੱਲੀ :** ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਐਤਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਬਹੁਜਨ ਸਮਾਜ ਪਾਰਟੀ (ਬੀ ਐੱਸ ਪੀ) ਦੇ ਸੰਸਥਾਪਕ ਕਾਂਸ਼ੀ ਰਾਮ ਨੂੰ ਮਰਨ ਉਪਰੰਤ ਭਾਰਤ ਰਤਨ ਪ੍ਰਦਾਨ ਕਰਨ ਦੀ ਅਪੀਲ ਕੀਤੀ। ਗਾਂਧੀ ਨੇ ਕਿਹਾ ਕਿ ਇਹ ਲੱਖਾਂ ਲੋਕਾਂ ਦੀਆਂ ਇੱਛਾਵਾਂ ਦਾ ਸਨਮਾਨ ਹੋਵੇਗਾ, ਜੋ ਉਨ੍ਹਾਂ ਨੂੰ ਸਸ਼ਕਤੀਕਰਨ ਅਤੇ ਉਮੀਦ ਦੇ ਪ੍ਰਤੀਕ ਵਜੋਂ ਵੇਖਦੇ ਹਨ। ਮੋਦੀ ਨੂੰ ਲਿਖੇ ਇਕ ਪੱਤਰ ਵਿਚ, ਗਾਂਧੀ ਨੇ ਕਿਹਾ ਕਿ ਕਾਂਸ਼ੀ ਰਾਮ ਨੇ ਭਾਰਤੀ ਰਾਜਨੀਤੀ ਦੀ ਪ੍ਰਕਿਰਤੀ ਨੂੰ ਬਦਲ ਦਿੱਤਾ ਅਤੇ ਆਪਣੇ ਅੰਦੋਲਨਾਂ ਰਾਹੀਂ ਬਹੁਜਨਾਂ ਅਤੇ ਗਰੀਬਾਂ ਵਿਚ ਰਾਜਨੀਤਕ ਜਾਗਰੂਕਤਾ ਪੈਦਾ ਕੀਤੀ। ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਨੇ ਪੱਤਰ 'ਚ ਕਿਹਾ, ਜਿਵੇਂ ਕਿ "ਅਸੀਂ ਅੱਜ ਕਾਂਸ਼ੀ ਰਾਮ ਦੀ ਜਨਮ ਵਰ੍ਹੇਗੰਢ ਮਨਾਉਂਦੇ ਹਾਂ ਅਤੇ ਉਨ੍ਹਾਂ ਦੀ ਵਿਰਾਸਤ ਅਤੇ ਯੋਗਦਾਨ 'ਤੇ ਵਿਚਾਰ ਕਰਦੇ ਹਾਂ, ਮੈਂ ਇਕ ਬੇਨਤੀ ਦੇ ਨਾਲ ਲਿਖ ਰਿਹਾ ਹਾਂ ਕਿ ਉਨ੍ਹਾਂ ਨੂੰ ਮਰਨ ਉਪਰੰਤ ਭਾਰਤ ਰਤਨ ਨਾਲ ਸਨਮਾਨਿਤ ਕੀਤਾ ਜਾਵੇ।" ਗਾਂਧੀ ਨੇ ਜ਼ੋਰ ਦੇ ਕੇ ਕਿਹਾ ਕਿ ਕਾਂਸ਼ੀ ਰਾਮ ਦੇ ਯਤਨਾਂ ਦੇ ਕਾਰਨ, ਬਹੁਤ ਸਾਰੇ ਲੋਕ ਜਿਨ੍ਹਾਂ ਨੇ ਕਦੇ ਵੀ ਜਨਤਕ ਜੀਵਨ 'ਚ ਦਾਖਲ ਹੋਣ ਬਾਰੇ ਵੀ ਨਹੀਂ ਸੋਚਿਆ ਸੀ, ਰਾਜਨੀਤੀ ਨੂੰ ਨਿਆਂ ਅਤੇ ਸਮਾਨਤਾ ਪ੍ਰਾਪਤ ਕਰਨ ਦੇ ਸਾਧਨ ਵਜੋਂ ਦੇਖਣ ਲੱਗ ਪਏ ਹਨ।

## ਡਾ. ਸਰਬਜੀਤ ਸਿੰਘ ਭਾਰੀ ਬਹੁਮਤ ਨਾਲ ਜੇਤੂ


ਚੁਣੀ ਹੋਈ ਟੀਮ ਦੇ ਨਾਲ ਅਕਾਡਮੀ ਦੇ ਸਾਬਕਾ ਪ੍ਰਧਾਨ ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਸੁਖਦੇਵ ਸਿੰਘ ਸਿਰਸਾ, ਡਾ. ਸਵਰਾਜਬੀਰ ਸਿੰਘ, ਦਰਸ਼ਨ ਬੁੱਟਰ, ਬਲਦੇਵ ਸਿੰਘ ਸੜਕਨਾਮਾ, ਡਾ. ਨਿਰਮਲ ਜੌੜਾ, ਰਘਬੀਰ ਸਿੰਘ ਸਿਰਜਣਾ, ਕਿਰਪਾਲ ਕਜ਼ਾਕ, ਜਸਵੰਤ ਜ਼ਫ਼ਰ, ਡਾ. ਕੁਲਦੀਪ ਸਿੰਘ ਦੀਪ ਅਤੇ ਹੋਰ।

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਪ੍ਰਧਾਨ ਦੀ ਚੋਣ 'ਚ ਐਤਵਾਰ ਡਾ. ਸਰਬਜੀਤ ਸਿੰਘ 526 ਵੋਟਾਂ ਨਾਲ ਜੇਤੂ ਰਹੇ। ਅਮਰ ਗਰਗ ਕਲਮਦਾਨ ਨੂੰ 35 ਵੋਟਾਂ ਮਿਲੀਆਂ ਅਤੇ 8 ਵੋਟਾਂ ਰੱਦ ਹੋਈਆਂ। ਮੁੱਖ ਚੋਣ ਅਧਿਕਾਰੀ ਵਿਜੇ ਕੁਮਾਰ ਦੱਤਾ, ਸਹਾਇਕ ਚੋਣ ਅਧਿਕਾਰੀ ਡਾ. ਬਲਵਿੰਦਰ • ਬਾਕੀ ਸਫਾ 2 'ਤੇ

## ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੰਚ ਵੱਲੋਂ ਦਿੱਲੀ ਵਿੱਚ ਕੌਮੀ ਕਨਵੈਨਸ਼ਨ ਕੱਲ੍ਹ : ਗੋਰੀਆ



**ਸ਼ਾਹਕੋਟ (ਗਿਆਨ ਸੈਦਪੁਰੀ)**

ਖੇਤੀਬਾੜੀ ਅਤੇ ਪੇਂਡੂ ਮਜ਼ਦੂਰ ਜਥੇਬੰਦੀਆਂ ਵੱਲੋਂ ਉਸਾਰੇ ਗਏ ਸਾਂਝੇ ਪਲੇਟ ਫਾਰਮ ਨਰੇਗਾ ਸੰਘਰਸ਼ ਮੋਰਚਾ ਵੱਲੋਂ 17 ਮਾਰਚ ਨੂੰ ਦਿੱਲੀ ਵਿੱਚ ਕਨਵੈਨਸ਼ਨ ਕੀਤੀ ਜਾ ਰਹੀ ਹੈ। ਇਸ ਸੰਬੰਧ ਵਿੱਚ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ ਨੇ ਦੱਸਿਆ ਕਿ ਨਵੀਂ ਦਿੱਲੀ ਦੇ ਕੰਸਟੀਚਿਊਸ਼ਨਲ ਕਲੱਬ ਵਿੱਚ 17 ਮਾਰਚ ਨੂੰ ਬਾਅਦ ਦੁਪਹਿਰ 3 ਵਜੇ ਕੀਤੀ ਜਾ ਰਹੀ ਕਨਵੈਨਸ਼ਨ ਵਿੱਚ ਪਾਰਲੀਮੈਂਟ ਮੈਂਬਰ, ਸਿਆਸੀ ਪਾਰਟੀਆਂ ਦੇ ਆਗੂ ਅਤੇ ਮਾਹਿਰ ਗੰਭੀਰ ਵਿਚਾਰ ਵਟਾਂਦਰਾ ਕਰਨਗੇ। ਨਰੇਗਾ ਸੰਘਰਸ਼ ਮੋਰਚਾ ਵੱਲੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਡੀ. ਰਾਜਾ ਨੂੰ ਵਿਸ਼ੇਸ਼ ਤੌਰ 'ਤੇ ਇਸ ਕੌਮੀ ਪੱਧਰ ਦੀ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਲਈ ਸੱਦਾ ਪੱਤਰ ਭੇਜਿਆ ਗਿਆ ਹੈ। ਇਸ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਵਾਲੀਆਂ ਧਿਰਾਂ ਦੀ ਸਾਂਝੀ ਰਾਇ ਅਤੇ ਸ਼ਮੂਲੀਅਤ ਦੇਸ਼ ਦੇ ਲੱਖਾਂ ਲੋਕਾਂ ਦੇ ਕੰਮ ਕਰਨ ਅਤੇ ਸਨਮਾਨ ਨਾਲ ਜੀਵਨ ਬਸਰ ਕਰਨ ਦੇ ਅਧਿਕਾਰ ਨੂੰ ਬਰਕਰਾਰ ਰੱਖਣ ਪ੍ਰਤੀ ਵਚਨਬੱਧਤਾ ਦਾ ਅਹਿਦ ਕਰੇਗੀ।

ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ 2005 ਨੇ ਹਰੇਕ ਪੇਂਡੂ ਘਰ ਲਈ ਪ੍ਰਤੀ ਸਾਲ • ਬਾਕੀ ਸਫਾ 2 'ਤੇ

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

## ਅੱਜ-ਨਾਮਾ

ਪੰਜ ਕੁ ਰਾਜਾਂ ਦੀ ਚੋਣ ਐਲਾਨ ਹੋ ਗਈ,
ਹੋਊ ਮੈਦਾਨ ਸਿਆਸੀ ਵੀ ਗਰਮ ਮੀਆਂ।
ਸਭਨਾਂ ਧਿਰਾਂ ਨੇ ਜਿੱਤਾਂ ਦੇ ਦਾਗ ਦਾਅਵੇ,
ਪਾਉਣਾ ਆਪਣੀ ਜਿੱਤ ਦਾ ਭਰਮ ਮੀਆਂ।
ਚਿੱਕੜ ਸੁੱਟਦਾ ਕਿਸੇ ਵੱਲ ਵੱਧ ਕਿਹੜਾ,
ਟੱਕਰ ਹੋਊ ਫਿਰ ਛੱਡ ਕੇ ਸ਼ਰਮ ਮੀਆਂ।
ਲੱਗੀ ਅੱਖ ਤਾਂ ਹੋਣੀ ਬੱਸ ਕੁਰਸੀਆਂ'ਤੇ,
ਰਹਿਣਾ ਕਦੇ ਨਾ ਕਿਸੇ ਨੇ ਨਰਮ ਮੀਆਂ।
ਘੜੀ ਨਿਰਣੇ ਦਾ ਆਊਗੀ ਜਦੋਂ ਤੀਕਰ,
ਸੁਣਨ ਨੂੰ ਮਿਲੂਗੀ ਗੱਪ 'ਤੇ ਗੱਪ ਮੀਆਂ।
ਉੱਡਦੀ ਦਿੱਸੂਗੀ ਖੇਹ ਵਿੱਚ ਭਾਸ਼ਣਾਂ ਦੇ,
ਹੋਵੇਗੀ ਬੰਦ ਨਾ ਰਾਤ ਦਿਨ ਖੱਪ ਮੀਆਂ।

-ਤੀਸ ਮਾਰ ਖਾਂ

## ਆਪ ਆਗੂਆਂ ਵੱਲੋਂ ਕਾਂਸ਼ੀ ਰਾਮ ਨੂੰ ਸ਼ਰਧਾਂਜਲੀ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ ਦੇ ਆਗੂਆਂ ਨੇ ਐਤਵਾਰ ਨੂੰ ਬਹੁਜਨ ਆਗੂ ਕਾਂਸ਼ੀ ਰਾਮ ਦੇ ਜਨਮ ਦਿਹਾੜੇ ਮੌਕੇ ਉਨ੍ਹਾਂ ਨੂੰ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਅਤੇ ਸਮਾਜਿਕ ਨਿਆਂ ਤੇ ਪੱਛੜੇ ਵਰਗਾਂ ਦੇ ਸਸ਼ਕਤੀਕਰਨ ਲਈ ਉਨ੍ਹਾਂ ਦੇ ਜੀਵਨ ਭਰ ਦੇ ਸੰਘਰਸ਼ ਨੂੰ ਯਾਦ ਕੀਤਾ।

ਰੋਪੜ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕਾਂਸ਼ੀ ਰਾਮ ਨੇ ਦੇਸ਼ ਭਰ ਵਿੱਚ ਬਾਬਾਸਾਹਿਬ ਅੰਬੇਡਕਰ ਦੀ ਵਿਚਾਰਧਾਰਾ ਨੂੰ ਫੈਲਾਉਣ ਅਤੇ ਬਹੁਜਨ ਸਮਾਜ ਨੂੰ ਜਗਾਉਣ ਵਿੱਚ ਇਤਿਹਾਸਕ ਭੂਮਿਕਾ ਨਿਭਾਈ।ਚੀਮਾ ਨੇ ਕਿਹਾ, "ਵਿਦਿਆਰਥੀ ਜੀਵਨ ਦੌਰਾਨ ਮੈਨੂੰ ਕਾਂਸ਼ੀ ਰਾਮ ਜੀ ਨਾਲ ਨੇੜਿਓਂ ਕੰਮ ਕਰਨ ਅਤੇ ਉਨ੍ਹਾਂ ਦੇ ਸਮਾਜਿਕ ਤਬਦੀਲੀ ਦੇ ਮਿਸ਼ਨ ਤੋਂ ਸਿੱਖਣ ਦਾ ਮੌਕਾ ਮਿਲਿਆ।ਅਜਿਹੇ ਸਮੇਂ ਵਿੱਚ ਜਦੋਂ ਬਹੁਤ ਸਾਰੇ ਲੋਕ ਬਾਬਾਸਾਹਿਬ ਅੰਬੇਡਕਰ ਦੀ ਵਿਚਾਰਧਾਰਾ ਬਾਰੇ ਬਹੁਤ ਘੱਟ ਜਾਣਦੇ ਸਨ, ਕਾਂਸ਼ੀ ਰਾਮ ਨੇ ਜਾਗਰੂਕਤਾ ਫੈਲਾਉਣ ਅਤੇ • ਬਾਕੀ ਸਫਾ 2 'ਤੇ



## ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਹਲਕਾ ਦਿੜ੍ਹਬਾ ਦੀ ਮੀਟਿੰਗ



**ਦਿੜ੍ਹਬਾ (ਜਸਵੀਰ ਲਾਡੀ)**-ਸਿੰਗਲਾ ਰੈਸਟੋਰੈਂਟ ਛਾਜਲੀ ਵਿਖੇ ਸ਼੍ਰੋਮਣੀ ਅਕਾਲੀ ਦਲ (ਬਾਦਲ) ਵੱਲੋਂ ਵਿਧਾਨ ਸਭਾ ਹਲਕਾ ਦਿੜ੍ਹਬਾ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਹਲਕਾ ਦਿੜ੍ਹਬਾ ਦੇ ਇੰਚਾਰਜ ਗੁਲਜਾਰੀ ਮੂਨਕ ਨੇ ਵਿਸ਼ੇਸ਼ ਤੌਰ ’ਤੇ ਹਾਜ਼ਰੀ ਲਵਾਈ।ਗੁਲਜਾਰੀ ਮੂਨਕ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ 2027 ਦੀਆਂ ਚੋਣਾਂ ਸੰਬਧੀ ਵੋਟਰਾਂ ਨੂੰ ਜਾਗਰੂਕ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਵੱਡੀਆਂ ਰੈਲੀਆਂ ਕਰ ਰਿਹਾ ਹੈ, ਜਿਨ੍ਹਾਂ ਨੂੰ ਸ੍ਰ. ਸੁਖਬੀਰ ਸਿੰਘ ਬਾਦਲ ਸੰਬੋਧਨ ਕਰ ਰਹੇ ਹਨ।ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਲਹਿਰਾਗਾਗਾ ਵਿਖੇ 24 ਮਾਰਚ ਦੀ ਰੈਲੀ ਨੂੰ ਕਾਮਯਾਬ ਕਰਨ ਲਈ ਵਰਕਰ ਵੱਡੀ ਪੱਧਰ ’ਤੇ ਜਾਣਗੇ।ਦਿੜ੍ਹਬਾ ਹਲਕਾ ਲਈ ਵੀ ਜਲਦੀ ਤਾਰੀਖ ਤਹਿ ਕੀਤੀ ਜਾਵੇਗੀ।ਇਸ ਤੋਂ ਇਲਾਵਾ ਮੀਟਿੰਗ ਵਿੱਚ ਤੇਜਿੰਦਰ ਸਿੰਘ ਸੰਘਰੇੜੀ ਜ਼ਿਲ੍ਹਾ ਪ੍ਰਧਾਨ, ਝੰਡਾ ਸਿੰਘ ਖੇਤਲਾ ਜ਼ਿਲ੍ਹਾ ਮੀਤ ਪ੍ਰਧਾਨ, ਉਪਿੰਦਰ ਸਿੰਘ ਹਨੀ, ਹਰਪਾਲ ਸਿੰਘ ਖਡਿਆਲ ਯੂਥ ਜ਼ਿਲ੍ਹਾ ਪ੍ਰਧਾਨ, ਗੁਰਲਾਲ ਸਿੰਘ ਉੱਭਿਆ ਸਰਕਲ ਪ੍ਰਧਾਨ, ਨਿਰਮਲ ਸਿੰਘ ਖੰਗੂੜਾ ਬਲਾਕ ਸੰਮਤੀ ਮੈਂਬਰ ਜ਼ੋਨ ਛਾਜਲੀ, ਜਗਸੀਰ ਸਿੰਘ ਜੱਗਾ ਸਾਬਕਾ ਸਰਪੰਚ ਛਾਜਲਾ ਨੇ ਵੀ ਆਪਣੇ ਵਿਚਾਰ ਰੱਖੇ।ਇਸ ਮੌਕੇ ਪਾਲੀ ਸਾਬਕਾ ਸਰਪੰਚ ਨੀਲੋਵਾਲ, ਸਿਰੀਰਾਮ ਸਿੰਘ, ਤੀਰਥ ਸਿੰਘ ਚੱਠਾ, ਹੁਸ਼ਿਆਰ ਸਿੰਘ ਚੱਠਾ, ਮੇਜਰ ਸਿੰਘ ਗੁੱਜਰਾਂ, ਸਤਨਾਮ ਸਿੰਘ ਘੁਮਾਣ ਯੂਥ ਆਗੂ, ਜੋਤੀ ਸਿੰਘ ਸਰਪੰਚ ਰੱਤਾਖੇੜਾ, ਬਿੱਕਰ ਸਿੰਘ ਪਾਟਿਆਵਾਲੀ, ਰੇਖਾ ਰਾਣੀ ਬਲਾਕ ਸੰਮਤੀ ਮੈਂਬਰ, ਹੁੱਸੀ ਚਾਹਲ ਪੰਚ ਛਾਜਲੀ, ਜੱਗੀ ਜੱਟ ਆਦਿ ਹਾਜ਼ਰ ਸਨ।ਸਟੇਜ ਦੀ ਜ਼ਿੰਮੇਵਾਰੀ ਮਾਸਟਰ ਬਲਵਿੰਦਰ ਸਿੰਘ ਕਹੋਰੀਆਂ ਨੇ ਸੁਚੱਜੇ ਢੰਗ ਨਾਲ ਨਿਭਾਈ।

## ਗਰਭਵਤੀ ਔਰਤਾਂ ਦਾ ਡਾਕਟਰੀ ਚੈੱਕਅਪ ਕੈਂਪ ਲਾਇਆ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਸੀਨੀਅਰ ਮੈਡੀਕਲ ਅਫ਼ਸਰ ਡਾ. ਰੇਖਾ ਭੱਟੀ ਦੀ ਅਗਵਾਈ ਵਿੱਚ ਕਮਿਊਨਿਟੀ ਹੈਲਥ ਸੈਂਟਰ ਮਮਦੋਟ ਅਧੀਨ ਆਉਂਦੇ ਸਬ ਸੈਂਟਰ ਲੱਖਾ ਹਾਜੀ ਦੇ ਪਿੰਡ ਪੋਜੋ ਕੇ ਉਤਾੜ ਵਿਖੇ ਪ੍ਰਧਾਨ ਮੰਤਰੀ ਸੁਰੱਖਿਆ ਮਾਤ੍ਰਿਤਵ ਯੋਜਨਾ ਤਹਿਤ ਗਰਭਵਤੀ ਔਰਤਾਂ ਦਾ ਡਾਕਟਰੀ ਚੈੱਕਅਪ ਕਰਨ ਲਈ ਕੈਂਪ ਲਗਾਇਆ ਗਿਆ।ਇਸ ਮੌਕੇ ਡਾ. ਸਵਕ੍ਰਿਤ ਮੈਡੀਕਲ ਅਫਸਰ ਨੇ ਦੱਸਿਆ ਕਿ ਇਸ ਕੈਂਪ ਦਾ ਮਕਸਦ ਗਰਭਵਤੀ ਔਰਤਾਂ ਦੀ ਸਮੇਂ ਸਿਰ ਦੇਖਭਾਲ ਕਰ ਕੇ ਸੁਰੱਖਿਅਤ ਬੱਚੇ ਦੇ ਜਨਮ ਨੂੰ ਯਕੀਨੀ ਬਣਾਉਣਾ ਹੈ।ਉਨ੍ਹਾਂ ਨੇ ਰੂਟੀਨ ਚੈੱਕਅਪ, ਪੋਸ਼ਣ ਸਲਾਹ ਮਸ਼ਵਰਾ ਤੇ ਉੱਚ ਖਤਰੇ ਵਾਲੀਆਂ ਗਰਭਵਤੀ ਔਰਤਾਂ ਦੀ ਸਕ੍ਰੀਨਿੰਗ ਕੀਤੀ। ਡਾ. ਅਸ਼ੋਕ ਕੁਮਾਰ ਸੀ ਐੱਚ ਓ ਤੇ ਅਮਰਜੀਤ ਬਲਾਕ ਐੱਮ. ਪੀ. ਐੱਸ. (ਮੇਲ) ਨੇ ਗਰਭਵਤੀ ਔਰਤਾਂ ਨੂੰ ਚੰਗੀ ਖ਼ੁਰਾਕ ਜਿਵੇਂ ਹਰੀ ਸਬਜ਼ੀਆਂ ਮੌਸਮੀ ਫਲ, ਦੁੱਧ ਤੇ ਸਹੀ ਮਾਤਰਾ ਵਿੱਚ ਪਾਣੀ ਪੀਣ ਬਾਰੇ ਦੱਸਿਆ। ਇਸ ਮੌਕੇ ਨੀਤੂ ਕੁਮਾਰੀ ਮ. ਪ. ਹ. ਵ (ਫੀ) ਸਰੋਜ ਰਾਣੀ, ਛਿੰਦਰਪਾਲ ਕੌਰ, ਦਵਿੰਦਰ ਕੌਰ, ਕੰਤੋ ਰਾਣੀ, ਸਰੋਜ, ਆਸ਼ਾ ਵਰਕਰ ਹਾਜ਼ਰ ਸਨ।

## ਲੋਕ ਅਦਾਲਤ ਗਿੱਦੜਬਾਹਾ ’ਚ 309 ਕੇਸਾਂ ਦਾ ਨਿਪਟਾਰਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਕੋਰਟ ਕੰਪਲੈਕਸ ਗਿੱਦੜਬਾਹਾ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੁਫਤ ਕਾਨੂੰਨੀ ਸਹਾਇਤਾ ਦੇ ਐਡਵਕੋਟ ਮਨਜੀਤ ਸਿੰਘ ਬੇੜ੍ਹੀ, ਐਡਵਕੇਟ ਜਸਵਿੰਦਰ ਸਿੰਘ ਬਰਾੜ ਤੇ ਹਰਸਿਮਰਨ ਸਿੰਘ ਸਿੱਧੂ ਨੇ ਦੱਸਿਆ ਕਿ ਲੋਕ ਅਦਾਲਤ ਦੌਰਾਨ ਐੱਸ.ਡੀ.ਜੀ.ਐੱਮ. ਤਰਨਜੀਤ ਸਿੰਘ ਸਿਮਰਾ, ਜੇ.ਐੱਮ.ਆਈ.ਸੀ. ਗੌਰਵ ਮਿੱਤਲ ਤੇ ਜੇ.ਐੱਮ.ਆਈ.ਸੀ. ਕਿਰਨਦੀਪ ਕੌਰ ਦੀ ਅਦਾਲਤ ਵਿੱਚ ਜਿੱਥੇ ਪ੍ਰੀ ਲੀਗਲ ਕੇਸਾਂ ਦਾ ਨਿਪਟਾਰਾ ਕੀਤਾ ਗਿਆ, ਉਥੇ ਹੀ ਰਾਜ਼ੀਨਾਮਾ ਹੋਣ ਯੋਗ ਫੌਜਦਾਰੀ ਮਾਮਲਿਆਂ ਤੋਂ ਇਲਾਵਾ ਟ੍ਰੈਫਿਕ ਚਲਾਨਾਂ, ਪਾਰਟੀਆਂ ਦੀ ਸਹਿਮਤੀ ਨਾਲ ਚੈੱਕ ਬਾਊਂਸ ਕੇਸ, ਰਿਕਵਰੀ ਕੇਸ, ਝਗੜੇ ਸੰਬੰਧੀ, ਜ਼ਮੀਨ ਜਾਇਦਾਦ ਸਬੰਧੀ ਮਜ਼ਦੂਰੀ, ਬਿਜਲੀ ਤੇ ਪਾਣੀ ਦੇ ਬਿੱਲਾਂ, ਤਨਖਾਹ ਤੇ ਭੱਤਿਆਂ, ਮਾਲ ਵਿਭਾਗ ਤੇ ਹਰ ਸਿਵਲ ਕੇਸਾਂ ਆਦਿ ਦੇ ਕੁੱਲ ਆਏ 346 ਕੇਸਾਂ ਵਿੱਚ 309 ਕੇਸਾਂ ਦਾ ਮੌਕੇ ’ਤੇ ਨਿਪਟਾਰਾ ਕੀਤਾ ਗਿਆ ਅਤੇ 4 ਕਰੋੜ 12 ਲੱਖ 97 ਹਜ਼ਾਰ 616 ਰੁਪਏ ਦੀ ਰਿਕਵਰੀ ਕੀਤੀ ਗਈ।ਇਸ ਮੌਕੇ ਲੋਕ ਅਦਾਲਤ ਦੇ ਮੈਂਬਰ ਐਡਵੋਕੇਟ ਮਨਪ੍ਰੀਤ ਕੌਰ, ਐਡਵੋਕੇਟ ਯੋਗੇਸ਼ ਗਰਗ ਤੇ ਐਡਵਕੇਟ ਚਮਨਪ੍ਰੀਤ ਸਿੰਘ ਤੋਂ ਇਲਾਵਾ ਬਾਰ ਐਸਸੀਏਸ਼ਨ ਦੇ ਪ੍ਰਧਾਨ ਐਡਵਕੋਟ ਸਤਬੀਰ ਸਿੰਘ ਔਲਖ, ਸੈਕਟਰੀ ਐਡਵੋਕੇਟ ਕੰਵਰ ਹੰਸਪਾਲ ਸਿੰਘ, ਐਡਵੋਕੇਟ ਗੋਪਾਲ ਬਾਘਲਾ, ਐਡਵੋਕੇਟ ਸਿਕੰਦਰ ਸਿੰਘ ਮਾਨ, ਸੀਨੀਅਰ ਐਡਵੋਕੇਟ ਰਾਮ ਨਾਥ ਗੁਪਤਾ, ਸੀਨੀਅਰ ਐਡਵੋਕੇਟ ਆਰ. ਪੀ. ਸਿੰਘ, ਸੀਨੀਅਰ ਐਡਵੋਕੇਟ ਐੱਮ ਪੀ ਗੋਇਲ, ਐਡਵਕੋਟ ਅਮਿਤ ਬਾਂਸਲ, ਐਡਵੋਕੇਟ ਸੰਜੀਵ ਕੋਛੜ, ਐਡਵੋਕੇਟ ਵੀ ਪੀ ਧੀਰ, ਐਡਵੋਕੇਟ ਕੁਲਜਿੰਦਰ ਸਿੰਘ ਸੰਧੂ, ਐਡਵੋਕੇਟ ਕੁਲਦੀਪ ਜਿੰਦਲ, ਐਡਵੋਕੇਟ ਮੋਹਿਤ ਗਰਗ, ਐਡਵੋਕੇਟ ਲਵਲੀਸ਼ ਗੋਇਲ, ਐਡਵੋਕੇਟ ਮਲਕੀਤ ਸਿੰਘ ਸਿੱਧੂ, ਐਡਵੋਕੇਟ ਰਾਜੀਵ ਮੁੰਜਾਲ, ਐਡਵੋਕੇਟ ਪ੍ਰਮੋਦ ਕੁਮਾਰ ਤੋਂ ਇਲਾਵਾ ਨਾਜਰ ਪ੍ਰਗਟਦੀਪ ਸਿੰਘ, ਰੀਡਰ ਹਰੀਸ਼ ਕੁਮਾਰ ਤੇ ਰੀਡਰ ਨਿਰਮਲ ਸਿੰਘ, ਨਾਇਬ ਕੋਰਟ ਪਵਨਦੀਪ ਸਿੰਘ, ਜਗਵਿੰਦਰ ਸਿੰਘ ਜੱਗਾ, ਕ੍ਰਿਸ਼ਨ ਸਿੰਘ ਆਦਿ ਹਾਜ਼ਰ ਸਨ।

## ਬਿਜਲੀ ਬਿੱਲ ਖ਼ਿਲਾਫ਼ ਜੁਆਇੰਟ ਐਕਸ਼ਨ ਕਮੇਟੀ ਵੱਲੋਂ ਚੇਤਨਾ ਰੈਲੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਾਵਰ ਸੈਕਟਰ ਜੁਆਇੰਟ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ ’ਤੇ ਇੰਜ. ਹਰਿੰਦਰ ਸਿੰਘ ਚਾਹਲ ਵਧੀਕ ਨਿਗਰਾਨ ਇੰਜੀਨੀਅਰ, ਰਮਨਦੀਪ ਸਿੰਘ ਲਾਹੌਰੀਆ ਸਰਕਲ ਪ੍ਰਧਾਨ ਟੀਐੱਸਯੂ ਤੇ ਇੰਜ. ਮਨਦੀਪ ਸਿੰਘ ਢੋਟ ਏਏਈ ਸਕੱਤਰ ਜੇ ਈ ਕੌਂਸਲ ਸਰਕਲ ਫਿਰੋਜ਼ਪੁਰ ਦੀ ਪ੍ਰਧਾਨਗੀ ਹੇਠ ਸਰਕਲ ਫਿਰੋਜ਼ਪੁਰ ਸਰਕਲ ਦਫਤਰ ਮੂਹਰੇ ਚੇਤਨਾ ਰੈਲੀ ਕੀਤੀ ਗਈ, ਜਿਸ ਵਿੱਚ ਬਿਜਲੀ ਬਿਲ 2025 ਦੇ ਵਿਰੋਧ ਵਿੱਚ ਵੱਖ-ਵੱਖ ਕਰਮਚਾਰੀ ਸੰਗਠਨਾਂ ਵੱਲੋਂ ਸੰਯੁਕਤ ਤੌਰ ’ਤੇ ਆਵਾਜ਼ ਬੁਲੰਦ ਕੀਤੀ ਗਈ। ਰੈਲੀ ਦੀ ਅਗਵਾਈ ਸਰਕਲ ਮੁੱਖੀ ਇੰਜੀਨੀਅਰ ਹਰਿੰਦਰ ਚਾਹਲ ਨੇ ਕੀਤੀ। ਰੈਲੀ ਨੂੰ ਸੰਬੋਧਨ ਕਰਦੇ ਹੋਏ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਦੌਰਾਨ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਿਆਂਦਾ ਜਾ ਰਿਹਾ ਬਿਜਲੀ ਬਿਲ 2025 ਬਿਜਲੀ ਬੋਰਡ ਦੇ ਨਿੱਜੀਕਰਨ ਦਾ ਰਸਤਾ ਖੋਲ੍ਹਦਾ ਹੈ। ਉਨ੍ਹਾਂ ਕਿਹਾ ਕਿ ਜੇ ਇਹ ਬਿਲ ਲਾਗੂ ਹੋਇਆ ਤਾਂ ਬਿਜਲੀ ਦੀਆਂ ਦਰਾਂ ਵਿੱਚ ਵੱਡਾ ਵਾਧਾ ਹੋ ਸਕਦਾ ਹੈ ਅਤੇ ਖਪਤਕਾਰਾਂ ਨੂੰ ਮਿਲ ਰਹੀ ਸਬਸਿਡੀ ਵੀ ਖਤਮ ਹੋ ਸਕਦੀ ਹੈ। ਇਸ ਨਾਲ ਗਰੀਬ ਤੇ ਮੱਧ ਵਰਗ ਦੇ ਲੋਕਾਂ ਲਈ ਬਿਜਲੀ ਪ੍ਰਾਪਤ ਕਰਨਾ ਮੁਸ਼ਕਲ ਹੋ ਜਾਵੇਗਾ। ਉਨ੍ਹਾਂ ਇਹ ਵੀ ਦੋਸ਼ ਲਾਇਆ ਕਿ ਪੰਜਾਬ ਸਰਕਾਰ ਪਾਵਰਕਾਮ ਦੀਆਂ ਕੀਮਤੀ ਸੰਪਤੀਆਂ ਵੇਚਣ ਵੱਲ ਕਦਮ ਵਧਾ ਰਹੀ ਹੈ, ਜਦਕਿ ਇਹ ਸੰਪਤੀਆਂ ਲੋਕਾਂ ਦੇ ਸਹਿਯੋਗ ਨਾਲ ਬਣੀਆਂ ਹਨ। ਰੈਲੀ ਦੌਰਾਨ ਮੰਗ ਕੀਤੀ ਗਈ ਕਿ ਬਿਜਲੀ ਬਿਲ 2025 ਨੂੰ ਤੁਰੰਤ ਵਾਪਸ ਲਿਆ ਜਾਵੇ ਅਤੇ ਪਾਵਰਕਾਮ ਤੇ ਟਰਾਂਸਕੋ ਦੀਆਂ ਸੰਪਤੀਆਂ ਦੀ ਵਿਕਰੀ ’ਤੇ ਰੋਕ ਲਗਾਈ ਜਾਵੇ। ਇਸ ਤੋਂ ਇਲਾਵਾ 800 ਮੈਗਾਵਾਟ ਦੇ ਥਰਮਲ ਪਲਾਂਟ ਦੀਆਂ ਦੋ ਯੂਨਿਟਾਂ ਸਰਕਾਰੀ ਪੱਧਰ ’ਤੇ ਹੀ ਲਗਾਈਆਂ ਜਾਣ ਤੇ ਨਿੱਜੀ ਕੰਪਨੀਆਂ ਨੂੰ ਤਰਜੀਹ ਨਾ ਦਿੱਤੀ ਜਾਵੇ। ਇਸ ਮੌਕੇ ਟੀਐੱਸਯੂ ਦੇ ਪੰਜਾਬ ਸਕੱਤਰ ਸ਼ਿੰਗਾਰਾ ਚੰਦ ਮਹਿਰੋਕ, ਸ਼ੇਰ ਸਿੰਘ, ਗੁਰਦੇਵ ਸਿੰਘ, ਰਾਜੇਸ਼ ਕੁਮਾਰ, ਰਵਿੰਦਰ ਕੁਮਾਰ ਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂ ਸ਼ਾਮ ਸਿੰਘ ਤੇ ਸੁਭਾਸ਼ ਚੰਦਰ ਸਮੇਤ ਹੋਰ ਆਗੂਆਂ ਨੇ ਵੀ ਸੰਬੋਧਨ ਕੀਤਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਕਰਮਚਾਰੀਆਂ ਤੇ ਲੋਕਾਂ ਦੀਆਂ ਮੰਗਾਂ ’ਤੇ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।



ਨੈਸ਼ਨਲ ਲੀਗਲ ਸਰਵਿਸ ਅਥਾਰਟੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਨਿਹਾਲ ਸਿੰਘ ਵਾਲਾ ਕੋਰਟ ਵਿੱਚ ਨੈਸ਼ਨਲ ਲੋਕ ਅਦਾਲਤ ਲਾਈ ਗਈ, ਜਿਸ ਵਿੱਚ ਸਿਵਲ ਜੱਜ ਸ਼ਿਵਾਂਗੀ ਸੰਗਰ, ਐਡਵੋਕੇਟ ਬਖਸ਼ੀਸ ਸਿੰਘ, ਐਡਵੋਕੇਟ ਰਾਮਪ੍ਰੀਤ ਬਾਵਾ ਮੈਂਬਰ ਲੋਕ ਅਦਾਲਤ ਹਾਜ਼ਰ ਸਨ।ਨੈਸ਼ਨਲ ਲੋਕ ਅਦਾਲਤ ਵਿੱਚ ਘਰੇਲੂ ਝਗੜੇ, ਸਿਵਲ ਸੂਟ, ਪਰਨੋਟਾਂ ਦੇ ਕੇਸ, ਬੈਂਕ ਕਰਜ਼ੇ, ਗੱਡੀਆਂ-ਮੋਟਰਸਾਈਕਲ ਦੇ ਚਲਾਨ ਆਦਿ ਕੇਸਾਂ ਦਾ ਨਿਪਟਾਰਾ ਕਰਵਾਇਆ ਗਿਆ। (ਫੋਟੋ ਤੇ ਵੇਰਵਾ : ਲਵਲੀ ਮਾਛੀਕੇ)

# ਮਨਰੇਗਾ ’ਚ ਤਬਦੀਲੀ ਤੇ ਅਮਰੀਕਾ-ਭਾਰਤ ਡੀਲ ਖ਼ਿਲਾਫ਼ ਕਾਂਗਰਸ ਵੱਲੋਂ ਮੁਜ਼ਾਹਰਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**



ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੇਂਦਰ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵੱਲੋਂ ਮਨਰੇਗਾ ਕਾਨੂੰਨ ’ਚ ਤਬਦੀਲੀ ਕਰਨ ਤੇ ਭਾਰਤ ਅਮਰੀਕਾ ਟ੍ਰੇਡ ਡੀਲ ਖਿਲਾਫ ਭਾਰਤੀ ਜਨਤਾ ਪਾਰਟੀ ਦੇ ਲੀਡਰਾਂ ਦੇ ਘਰਾਂ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਦੇ ਤਹਿਤ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਕੁਮਾਰ ਦੁੱਗਲ ਤੇ ਦਿਹਾਤੀ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ ਵੱਲੋਂ ਕੈਪਟਨ ਅਮਰਿੰਦਰ ਸਿੰਘ ਤੇ ਮਹਾਰਾਣੀ ਪ੍ਰਨੀਤ ਕੌਰ ਦੀ ਰਿਹਾਇਸ਼ ਮੋਤੀ ਬਾਗ ਪੈਲੇਸ ਪਟਿਆਲਾ ਦੇ ਬਾਹਰ ਕਾਂਗਰਸ ਪਾਰਟੀ ਦੇ ਆਗੂ ਸਾਹਿਬਾਨ ਤੇ ਵਰਕਰ ਸਾਹਿਬਾਨ ਦੇ ਨਾਲ ਰੋਸ ਪ੍ਰਦਰਸ਼ਨ ਕੀਤਾ। ਇਸ ਮੌਕੇ ਰਜੇਸ਼ ਮੰਡੋਰਾ, ਹਰਵਿੰਦਰ ਸ਼ੁਕਲਾ, ਨਰਿੰਦਰ ਸ਼ਾਸਤਰੀ, ਮੰਗਤ ਮਵੀ, ਸਾਰੇ ਬਲਾਕ ਪ੍ਰਧਾਨ, ਐੱਸਸੀ ਸੈੱਲ ਦੇ ਚੇਅਰਮੈਨ ਸੁਖਵਿੰਦਰ ਸਿੰਘ ਸੁਖੇਵਾਲ, ਹਰਿੰਦਰ ਪਾਲ ਸਿੰਘ ਹੈਰੀ ਮਾਨ, ਨਿਰਮਲ ਸਿੰਘ ਭੱਟੀਆਂ, ਵਿਸ਼ਨੂੰ ਸ਼ਰਮਾ, ਹਰਦਿਆਲ ਸਿੰਘ ਕੰਬੋਜ ਸਾਬਕਾ ਐੱਮਐੱਲਏ, ਸਾਧੂ ਸਿੰਘ ਧਰਮਸੋਤ ਸਾਬਕਾ ਕੈਬਨਿਟ ਮੰਤਰੀ, ਗੁਰਸ਼ਰਨ ਕੌਰ ਰੰਧਾਵਾ ਤੇ ਨਰੇਸ਼ ਕੁਮਾਰ ਦੁੱਗਲ ਨੇ ਬੋਲਦਿਆਂ ਕਿਹਾ ਕਿ ਕੇਂਦਰ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਜਿੱਥੇ ਮਨਰੇਗਾ ਕਾਨੂੰਨ ਵਿੱਚ ਤਬਦੀਲੀ ਕਰਕੇ ਬੀ ਰਾਮ ਜੀ ਰਾਮ ਜੀ ਐਕਟ ਬਣਾ ਕੇ ਗਰੀਬ ਗ੍ਰਾਮੀਣ ਲੋਕਾਂ ਤੋਂ ਰੁਜ਼ਗਾਰ ਖੋਹਣ ਤੇ ਮਨਰੇਗਾ ਕਾਨੂੰਨ ਨੂੰ ਆਪਣੇ ਕਾਰਪੋਰੇਟ ਘਰਾਣਿਆਂ ਦੀ ਮਦਦ ਕਰਨ ਲਈ ਯੋਜਨਾ ਵੱਧ ਤਰੀਕੇ ਨਾਲ ਇਸ ਕਾਨੂੰਨ ਨੂੰ ਬੰਦ ਕਰਨ ਦੀ ਵਿਉਂਤਬੰਦੀ ਬਣਾ ਲਈ ਹੈ ਤਾਂ ਕਿ ਗਰੀਬ ਗ੍ਰਾਮੀਣ ਲੋਕਾਂ ਨੂੰ ਬੇਰੁਜ਼ਗਾਰ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਸਸਤੀ ਲੇਬਰ ਮਿਲ ਸਕੇ। ਪਿਛਲੇ ਸਮੇਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੇ ਦਬਾਅ ਵਿੱਚ ਆ ਕੇ ਇੰਡੋ-ਯੂ ਐੱਸ ਟਰੇਡ ਡੀਲ ’ਤੇ ਦਸਤਖਤ ਕਰਕੇ ਅਮਰੀਕਾ ਅੱਗੇ ਸਰੰਡਰ ਕਰ ਦਿੱਤਾ ਹੈ, ਜਿਸ ਕਰਕੇ ਦੇਸ਼ ਦੇ ਕਿਸਾਨ ਤੇ ਖੇਤ ਮਜ਼ਦੂਰ ਨੂੰ ਬੜੀ ਮੁਸ਼ਕਲ ਦਾ ਸਾਹਮਣਾ ਕਰਨਾ ਪਵੇਗਾ, ਕਿਉਂਕਿ ਅਮਰੀਕਾ ਵਰਗੇ ਦੇਸ਼ ਵਿੱਚ ਕਾਰਪੋਰੇਟ ਬੇਸ ’ਤੇ ਖੇਤੀਬਾੜੀ ਕੀਤੀ ਜਾਂਦੀ ਹੈ ਅਤੇ ਉਨ੍ਹਾਂ ਨੂੰ ਵੱਡੀਆਂ ਸਬਸਿਡੀਆਂ ਦਿੱਤੀਆਂ ਜਾਂਦੀਆਂ ਹਨ, ਜਿਸ ਕਰਕੇ ਅਨਾਜ ਸਸਤਾ ਪੈਦਾ ਹੁੰਦਾ ਹੈ ਔਰ ਸਸਤੇ ਰੇਟਾਂ ’ਤੇ ਉਹ ਇੰਡੀਆ ਵਿੱਚ ਆਪਣਾ ਅਨਾਜ ਵੇਚ ਸਕਣਗੇ, ਜਿਸ ਨਾਲ ਦੇਸ਼ ਦੀ ਕਿਸਾਨੀ ਤੇ ਖੇਤ ਮਜ਼ਦੂਰ ਵਰਗ ਤਬਾਹ ਹੋ ਜਾਵੇਗਾ।

ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਸ੍ਰੀ ਮਾਲਿਕ ਅਰਜਨ ਖੜਗੇ ਤੇ ਸਾਡੇ ਲੀਡਰ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਦੇਸ਼ ਵਾਸੀਆਂ ਨਾਲ ਖੜੇ ਰਹਿਣਗੇ ਤੇ ਅਮਰੀਕਾ ਜਾਂ ਕਿਸੇ ਹੋਰ ਦੇਸ਼ ਦੀ ਦਖਲ ਅੰਦਾਜ਼ੀ ਬਰਦਾਸ਼ਤ ਨਹੀਂ ਕਰਨਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਸ਼ਪਾਲ ਸਿੰਘ ਜੌੜੇ ਮਾਜਰਾ, ਗੋਪਾਲ ਸਿੰਗਲਾ, ਕੇ ਕੇ ਸਹਿਗਲ, ਜਸਵਿੰਦਰ ਸਿੰਘ ਰੰਧਾਵਾ, ਮਦਨ ਭਾਬਰੀ, ਰੇਖਾ ਅਗਰਵਾਲ, ਰਜੇਸ਼ ਬੱਗਣ, ਰਕੇਸ਼ ਕੁਮਾਰ ਕੇਸੀ ਪੰਡਿਤ, ਰਜਨੀ ਵਿਡਲਾਣ, ਮਹਿੰਦਰ ਸਿੰਘ ਬਡੂੰਗਰ, ਅਮਰਜੀਤ ਸਹੋਤਾ, ਨਰਿੰਦਰ ਸੰਧੂ, ਕੁਲਵੰਤ ਸਿੰਘ ਨਾਰੀਕੇ, ਡਾਕਟਰ ਜਸਵੰਤ ਸਿੰਘ, ਅਸ਼ਵਨੀ ਬੱਤਾ, ਜੋਗਿੰਦਰ ਸਿੰਘ ਕਾਕੜਾ, ਐਡਵੋਕੇਟ ਨਰਿੰਦਰ ਕਪੂਰ, ਰੋਹਿਤ ਗੌਤਮ, ਉਮੇਸ਼ ਸ਼ਰਮਾ, ਜਤਿੰਦਰ ਕਾਲਰਾ, ਦਿਨੇਸ਼ ਸ਼ਰਮਾ, ਪਲਵੀ ਜੈਨ, ਡਿੰਪਲ ਗਿੱਲ, ਰੇਨੂ ਯਾਦਵ, ਪੁਸ਼ਪਾਵਤੀ ਗਿੱਲ, ਰਾਜ ਗਿੱਲ, ਦੀਪ ਟਿਵਾਣਾ, ਜੋਗਿੰਦਰ ਪਾਲ ਸਿੰਘ, ਹਰੀਸ਼ ਸੈਨੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂਆਂ, ਅਹੁਦੇਦਾਰਾਂ ਤੇ ਵਰਕਰ ਸਾਹਿਬਾਨ ਨੇ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ।

## ਸਿਆਸੀ ਬਦਲਾਖ਼ੋਰੀ ਦੇ ਮਾਮਲੇ ’ਚ ਅਧਿਆਪਕ ਨੂੰ ਬਰਖ਼ਾਸਤ ਕਰਨ ਦੀ ਨਿਖੇਧੀ

**ਸੰਗਰੂਰ/ਲੌਂਗੋਵਾਲ (ਪ੍ਰਦੀਪ ਸੱਪਲ)**

ਪਿੰਡ ਕਰੀਮਨਗਰ (ਚਿੱਚੜਵਾਲਾ) ਜ਼ਿਲ੍ਹਾ ਪਟਿਆਲਾ ਦੇ ਸਕੂਲ ਵਿੱਚ ਤਾਇਨਾਤ ਈਟੀਟੀ ਅਧਿਆਪਕ ਸਤਵੀਰ ਚੰਦ, ਜੋ ਪਿੰਡ ਨਵਾਂ ਗਾਓਂ (ਮੂਣਕ) ਦਾ ਵਾਸੀ ਹੈ, ਦੀ ਕਥਿਤ ਸਿਆਸੀ ਬਦਲਾਖ਼ੋਰੀ ਦੇ ਮਸਲੇ ਵਿੱਚ ਪਹਿਲਾਂ ਬਦਲੀ ਕਰਨ ਅਤੇ ਬਾਅਦ ਵਿੱਚ ਉਸਨੂੰ ਨੌਕਰੀ ਤੋਂ ਬਰਖ਼ਾਸਤ ਕਰਨ ਦੀ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਨੇ ਸਖ਼ਤ ਨਿਖੇਧੀ ਕੀਤੀ ਹੈ।ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਨੇ ਕਿਹਾ ਕਿ ਅਧਿਆਪਕ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਪੰਚਾਇਤੀ ਚੋਣਾਂ ਸਮੇਂ ਉਸਦੇ ਸਕੂਲ ’ਚ ਬਣੇ ਪੋਲਿੰਗ ਬੂਥ ਵਿੱਚ ਕੁਝ ਅਰਾਜਕ ਅਨਸਰਾਂ ਵੱਲੋਂ ਧੱਕੇਸ਼ਾਹੀ ਕੀਤੀ ਗਈ ਤੇ ਵੋਟ ਬਕਸਿਆਂ ਵਿੱਚ ਤੇਜ਼ਾਬ ਪਾਇਆ ਗਿਆ, ਜੋ ਸਕੂਲ ਦੇ ਕੈਮਰਿਆਂ ਵਿੱਚ ਕੈਦ ਹੋ ਗਿਆ।ਸਬੂਤ ਮਿਟਾਉਣ ਲਈ ਪੁਲਸ ਵੱਲੋਂ ਡੀ.ਵੀ.ਆਰ. ਸਕੂਲ ’ਚੋਂ ਪੁੱਟ ਲਿਆ ਗਿਆ।ਇਸ ਚੋਰੀ ਦੀ ਸ਼ਿਕਾਇਤ ਸਕੂਲ ਮੁਖੀ ਹੋਣ ਦੇ ਨਾਤੇ ਉਸ ਨੇ ਉੱਚ ਅਧਿਕਾਰੀਆਂ ਨੂੰ ਕੀਤੀ।ਸ਼ਿਕਾਇਤ ਵਾਪਸ ਲੈਣ ਲਈ ਉਸ ਉੱਤੇ ਦਬਾਅ ਬਣਾਇਆ ਗਿਆ ਤੇ ਗੰਭੀਰ ਨਤੀਜੇ ਭੁਗਤਣ ਦੀਆਂ ਧਮਕੀਆਂ ਦਿੱਤੀਆਂ ਗਈਆਂ।ਅਧਿਆਪਕ ਦੇ ਦੱਸਣ ਅਨੁਸਾਰ ਜਦੋਂ ਉਸ ਨੇ ਸ਼ਿਕਾਇਤ ਵਾਪਸ ਲੈਣ ਤੋਂ ਇਨਕਾਰ ਕੀਤਾ ਤਾਂ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਸ਼ਹਿ ’ਤੇ ਉਸ ਉੱਤੇ ਹਮਲਾ ਕਰਕੇ ਉਸਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ ਗਿਆ ਤੇ ਬਾਅਦ ਵਿੱਚ ਇੱਕ ਫ਼ਰਜ਼ੀ ਸ਼ਿਕਾਇਤ ਦੇ ਅਧਾਰ ’ਤੇ ਉਸਦੀ ਬਦਲੀ ਡੇਰਾ ਬਾਬਾ ਨਾਨਕ (ਗੁਰਦਾਸਪੁਰ) ਦੀ ਕਰ ਦਿੱਤੀ ਗਈ।ਇਸ ਵਿਰੁੱਧ ਹਾਈਕੋਰਟ ਦਾ ਦਰਵਾਜ਼ਾ ਖੜਕਾਉਣ ’ਤੇ ਵਿਭਾਗ ਨੇ ਉਸਦੀ ਗੁਰਦਾਸਪੁਰ ਦੀ ਬਦਲੀ ਰੱਦ ਕਰਕੇ ਨਵੀਂ ਬਦਲੀ ਸਰਕਾਰੀ ਪ੍ਰਾਇਮਰੀ ਸਕੂਲ ਦਾਨੀਪੁਰ (ਪਟਿਆਲਾ) ਦੀ ਕਰ ਦਿੱਤੀ, ਪ੍ਰੰਤੂ ਉਸ ਨੇ ਸਿਆਸੀ ਬਦਲਾਖ਼ੋਰੀ ਤਹਿਤ ਕੀਤੀ ਇਸ ਅਨਿਆਂ ਪੂਰਨ ਬਦਲੀ ’ਤੇ ਜੁਆਇੰਨ ਕਰਨ ਤੋਂ ਇਨਕਾਰ ਕਰ ਦਿੱਤਾ ਤੇ ਆਪਣੇ ਪਹਿਲੇ ਸਕੂਲ ਕਰੀਮਨਗਰ (ਚਿੱਚੜਵਾਲਾ) ਵਾਪਸ ਭੇਜਣ ਦੀ ਮੰਗ ਕੀਤੀ, ਜਿਸ ਨੂੰ ਵਿਭਾਗ ਨੇ ਨਹੀਂ ਮੰਨਿਆ। ਪਿੰਡ ਵਾਲੇ ਵੀ ਉਸ ਦੇ ਹੱਕ ਵਿੱਚ ਡਟੇ ਤੇ ਵਿਭਾਗ ਨੂੰ 150 ਤੋਂ ਵੱਧ ਅਰਜ਼ੀਆਂ ਭੇਜੀਆਂ, ਪ੍ਰੰਤੂ ਵਿਭਾਗ ਨੇ ਉਨ੍ਹਾਂ ਦੀ ਵੀ ਇੱਕ ਨਾ ਸੁਣੀ।ਵਿਭਾਗ ਵੱਲੋਂ ਉਸ ਨੂੰ ਇੱਕ ਦੋਸ਼ ਸੂਚੀ ਜਾਰੀ ਕੀਤੀ ਗਈ ਜਿਸਦਾ 894 ਪੰਨਿਆਂ ਦਾ ਜਵਾਬ ਉਸਨੇ ਆਡੀਓ-ਵੀਡੀਓ ਸਬੂਤਾਂ ਸਮੇਤ ਦਿੱਤਾ, ਜਿਨ੍ਹਾਂ ਨੂੰ ਨਜ਼ਰਅੰਦਾਜ਼ ਕਰਕੇ ਵਿਭਾਗ ਨੇ ਉਸਨੂੰ ਬੀਤੀ 5 ਮਾਰਚ ਨੂੰ ਬਰਖ਼ਾਸਤ ਕਰ ਦਿੱਤਾ।ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ, ਪ੍ਰੈੱਸ ਸਕੱਤਰ ਜਸਬੀਰ ਨਮੋਲ ਤੇ ਵਿੱਤ ਸਕੱਤਰ ਯਾਦਵਿੰਦਰ ਧੂਰੀ ਨੇ ਮੰਗ ਕੀਤੀ ਕਿ ਵਿਭਾਗ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰੇ ਤੇ ਅਧਿਆਪਕ ਦੁਆਰਾ ਡੀ.ਵੀ.ਆਰ. ਚੋਰੀ ਦੀ ਜਾਂਚ ਪੁਲਿਸ ਤੋਂ ਕਰਾਏ ਅਤੇ ਇਸ ਮਾਮਲੇ ਵਿੱਚ ਸਿਆਸੀ ਬਦਲਾਖ਼ੋਰੀ ਦੇ ਪਹਿਲੂ ਦੀ ਵੀ ਬਾਰੀਕੀ ਨਾਲ ਜਾਂਚ ਕਰੇ ਅਤੇ ਧੱਕੇ ਦਾ ਸ਼ਿਕਾਰ ਹੋਏ ਅਧਿਆਪਕ ਨਾਲ ਹੋਰ ਧੱਕਾ ਕਰਨ ਦੀ ਬਜਾਏ ਉਸਦੀ ਬਰਖ਼ਾਸਤਗੀ ਨੂੰ ਰੱਦ ਕਰੇ ਤੇ ਇਸ ਮਾਮਲੇ ਦੇ ਅਸਲੀ ਦੋਸ਼ੀਆਂ ਨੂੰ ਸਜ਼ਾ ਦਿਵਾਏ।

## ਕਾਂਗਰਸ ਵੱਲੋਂ ਬਲਾਕ ਪੰਚਾਇਤ ਦਫ਼ਤਰ ਅੱਗੇ ਰੋਸ ਧਰਨੇ ਅੱਜ : ਲੱਖਾ ਪਾਇਲ, ਰਾਜਾ ਗਿੱਲ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-‘ਆਪ’ ਸਰਕਾਰ ਵਲੋਂ ਬਲਾਕ ਸੰਮਤੀ ਚੋਣਾਂ ਤੋਂ ਬਾਅਦ ਚੇਅਰਮੈਨ ਤੇ ਉਪ ਚੇਅਰਮੈਨ ਦੀਆਂ ਚੋਣਾਂ ਦੌਰਾਨ ਕੀਤੀ ਧੱਕੇਸ਼ਾਹੀ ਖਿਲਾਫ਼ ਕਾਂਗਰਸ ਵਲੋਂ ਬਲਾਕ ਪੰਚਾਇਤ ਦਫ਼ਤਰਾਂ ਅੱਗੇ ਧਰਨੇ ਦਿੱਤੇ ਜਾ ਰਹੇ ਹਨ। ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਤੇ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਕਿਹਾ ਕਿ 2 ਦਿਨ ਪਹਿਲਾਂ ‘ਆਪ’ ਸਰਕਾਰ ਵਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮਿਲ ਕੇ ਮਾਛੀਵਾੜਾ, ਖੰਨਾ, ਪਾਇਲ ਵਿਖੇ ਬਹੁਮਤ ਨਾ ਹੋਣ ਦੇ ਬਾਵਜੂਦ ਚੇਅਰਮੈਨ ਤੇ ਉਪ ਚੇਅਰਮੈਨ ਚੁਣ ਲਏ ਜੋ ਕਿ ਲੋਕਤੰਤਰ ਦਾ ਵੱਡਾ ਕਤਲ ਹੈ। ਉਨ੍ਹਾਂ ਕਿਹਾ ਕਿ ਇਸ ਧੱਕੇਸ਼ਾਹੀ ਖਿਲਾਫ਼ ਅੱਜ 16 ਮਾਰਚ ਨੂੰ ਸਵੇਰੇ 10 ਵਜੇ ਮਾਛੀਵਾੜਾ, ਖੰਨਾ ਤੇ ਪਾਇਲ ਵਿਖੇ ਬਲਾਕ ਪੰਚਾਇਤ ਦਫ਼ਤਰਾਂ ਦੇ ਬਾਹਰ ਕਾਂਗਰਸੀ ਵਰਕਰਾਂ ਵਲੋਂ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਵਿਚ ‘ਆਪ’ ਸਰਕਾਰ ਖਿਲਾਫ਼ ਨਰਾਜ਼ਗੀ ਹੈ ਕਿ ਹਰੇਕ ਚੋਣ ਵਿਚ ਆਪਣੀ ਹਾਰ ਨੂੰ ਦੇਖਦਿਆਂ ਧੱਕੇਸ਼ਾਹੀ ਕਰ ਰਹੀ ਹੈ ਜਿਸ ਦਾ ਲੋਕ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਇਨ੍ਹਾਂ ਨੂੰ ਮੂੰਹ ਤੋੜ ਜਵਾਬ ਦੇਣਗੇ। ਆਗੂਆਂ ਨੇ ਲੋਕਾਂ ਤੇ ਆਗੂਆਂ ਨੂੰ ਅਪੀਲ ਕੀਤੀ ਕਿ ਇਨ੍ਹਾਂ ਧਰਨਿਆਂ ਵਿਚ ਵਧ-ਚੜ੍ਹ ਕੇ ਸ਼ਮੂਲੀਅਤ ਕਰਨ। ਇਸ ਮੌਕੇ ਸਾਬਕਾ ਚੇਅਰਮੈਨ ਸ਼ਕਤੀ ਆਨੰਦ, ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ, ਚੇਤਨ ਕੁਮਾਰ ਆਦਿ ਵੀ ਮੌਜੂਦ ਸਨ।

# ਵਿਧਾਇਕ ਦਹੀਆ ਵੱਲੋਂ ਸਰਬ-ਸੰਮਤੀ ਨਾਲ ਬਣੀ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**



ਹਲਕਾ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਸ੍ਰੀ ਰਜਨੀਸ਼ ਕੁਮਾਰ ਦਹੀਆ ਵੱਲੋਂ ਆਪਣੇ ਹਲਕੇ ਦੇ ਪਿੰਡਾਂ ਵਿਚ ਵਿਕਾਸ ਕਾਰਜਾਂ ਲਈ ਸਰਬਸੰਮਤੀ ਨਾਲ ਬਣੀਆਂ ਪੰਚਾਇਤਾਂ ਨੂੰ 5-5 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਜਾਰੀ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿ ਬਸਤੀ ਭਾਈ ਕੀ ਦੀ ਪੰਚਾਇਤ ਨੂੰ 5 ਲੱਖ ਰੁਪਏ ਦੀ ਗ੍ਰਾਂਟ ਪਿੰਡ ਦਾ ਵਿਕਾਸ ਕਰਵਾਉਣ ਲਈ ਦਿੱਤੀ ਗਈ।

ਇਸ ਮੌਕੇ ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਵਿਕਾਸ ਨੂੰ ਲੈ ਕੇ ਬਹੁਤ ਸੰਜੀਦਾ ਹੈ। ਉਨ੍ਹਾਂ ਕਿਹਾ ਕਿ ਅੱਜ ਬਸਤੀ ਭਾਈ ਕੀ ਦੀ ਪੰਚਾਇਤ ਨੂੰ ਪਿੰਡ ਵਿਚ ਵਿਕਾਸ ਕਾਰਜ ਕਰਵਾਉਣ ਲਈ 5 ਲੱਖ ਰੁਪਏ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ। ?ਵਿਧਾਇਕ ਦਹੀਆ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਨੂੰ ਲੈ ਕੇ ਉਹ ਖੁਦ ਬਹੁਤ ਤੱਤਪਰ ਹਨ ਤੇ ਪਿੰਡਾਂ ਵਿੱਚ ਵਿਕਾਸ ਕਾਰਜ ਕਰਵਾਉਣ ਲਈ ਲੋੜੀਂਦੇ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ?ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਛੱਪੜਾਂ ਦੀ ਸਫ਼ਾਈ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ ਤੇ ਹਲਕੇ ਅੰਦਰ ਪੈਂਦੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਛੱਪੜਾਂ ਦੀ ਸਫ਼ਾਈ ਤੇ ਨਵੀਨੀਕਰਨ ਲਈ ਵੀ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਸੀ ਕਿ ਜੋ ਪੰਚਾਇਤ ਸਰਬ-ਸੰਮਤੀ ਨਾਲ ਸਰਪੰਚ ਚੁਣੇਗੀ, ਉਸ ਨੂੰ 5-5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਗੀ, ਜਿਸ ਨੂੰ ਪੂਰਾ ਕਰਦਿਆਂ ਪਿੰਡਾਂ ਵਿੱਚ 5-5 ਲੱਖ ਰੁਪਏ ਦੇ ਚੈੱਕ ਜਾਰੀ ਕੀਤੇ ਜਾ ਰਹੇ ਹਨ। ਇਸ ਮੌਕੇ ਬਸਤੀ ਭਾਈ ਕੀ ਦੀ ਸਰਪੰਚ ਮਨਜੀਤ ਕੌਰ, ਬਲਜੀਤ ਕੌਰ ਪੰਚ, ਕਮਲਜੀਤ ਕੌਰ ਪੰਚ, ਸਤਪਾਲ ਸਿੰਘ ਪੰਚ, ਮਹਿੰਗਾ ਸਿੰਘ ਪੰਚ, ਸੁਖਜਿੰਦਰ ਸਿੰਘ ਪੰਚ ਤੋਂ ਇਲਾਵਾ ਪਿੰਡ ਦੇ ਹੋਰ ਆਗੂ ਹਾਜ਼ਰ ਸਨ।

# ਡੀ ਬੀ ਯੂ ਵਿਖੇ ਮਹਾਰਾਜਾ ਰਣਜੀਤ ਸਿੰਘ ’ਤੇ ਅੰਤਰਰਾਸ਼ਟਰੀ ਕਾਨਫਰੰਸ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੇ ਸੈਂਟਰ ਫਾਰ ਸਾਊਥ ਏਸ਼ੀਅਨ ਸਟਡੀਜ਼ ਤੇ ਫੈਕਲਟੀ ਆਫ ਸੋਸ਼ਲ ਸਾਇੰਸਿਜ਼ ਐਂਡ ਲੈਂਗੁਏਜਜ਼ ਵੱਲੋਂ ਸਾਂਝੇ ਤੌਰ ’ਤੇ ‘ਮਹਾਰਾਜਾ ਰਣਜੀਤ ਸਿੰਘ ਤੇ ਉਨ੍ਹਾਂ ਦਾ ਸਮਾਂ : ਇੱਕ ਨਵਾਂ ਵਿਸ਼ਲੇਸ਼ਣ’ ਵਿਸ਼ੇ ’ਤੇ ਇੱਕ ਦਿਨ ਦੀ ਅੰਤਰਰਾਸ਼ਟਰੀ ਕਾਨਫਰੰਸ ਕਰਵਾਈ ਗਈ।ਇਸ ਕਾਨਫਰੰਸ ਵਿੱਚ ਭਾਰਤ ਤੇ ਵਿਦੇਸ਼ਾਂ ਤੋਂ ਪ੍ਰਸਿੱਧ ਇਤਿਹਾਸਕਾਰਾਂ, ਅਕਾਦਮਿਕ ਵਿਦਵਾਨਾਂ, ਖੋਜਕਾਰਾਂ ਤੇ ਸਕਾਲਰਾਂ ਨੇ ਹਿੱਸਾ ਲਿਆ।ਇਸ ਸਮਾਗਮ ਵਿੱਚ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ, ਵਾਈਸ ਚਾਂਸਲਰ ਪ੍ਰੋ. ਹਰਸ਼ ਸਦਾਵਰਤੀ, ਪ੍ਰੋ-ਵਾਈਸ ਚਾਂਸਲਰ ਪ੍ਰੋ. ਅਮਰਜੀਤ ਸਿੰਘ, ਵਿਸ਼ੇਸ਼ ਮੁੱਖ ਮਹਿਮਾਨ ਪਦਮਸ਼੍ਰੀ ਪ੍ਰੋ. ਰਘੁਵੇਂਦਰ ਤਨਵਰ, ਮੁੱਖ ਮਹਿਮਾਨ ਸ੍ਰ. ਹਰਪ੍ਰੀਤ ਸਿੰਘ ਸਾਹਨੀ (ਸੀਈਓ, ਪੀਟੀਸੀ ਨਿਊਜ਼) ਤੇ ਕੁੰਜੀਵਤ ਬੁਲਾਰੇ ਪ੍ਰੋ. ਹਰਜਿੰਦਰ ਸਿੰਘ ਦਿਲਗੀਰ ਦੀ ਹਾਜ਼ਰੀ ਨਾਲ ਸਮਾਗਮ ਸਸ਼ੋਭਤ ਹੋਇਆ।ਸੋਸ਼ਲ ਸਾਇੰਸਿਜ਼ ਐਂਡ ਲੈਂਗੁਏਜਜ਼ ਫੈਕਲਟੀ ਦੀ ਇੰਚਾਰਜ ਡਾ. ਰੇਨੂ ਸ਼ਰਮਾ ਨੇ ਮਹਿਮਾਨਾਂ ਤੇ ਭਾਗੀਦਾਰਾਂ ਦਾ ਸਵਾਗਤ ਕੀਤਾ।ਕਾਨਫਰੰਸ ਦੇ ਡਾਇਰੈਕਟਰ ਪ੍ਰੋ. ਰਾਮ ਸਿੰਘ ਗੁਰਨਾ ਨੇ ਮਹਾਰਾਜਾ ਰਣਜੀਤ ਸਿੰਘ ਦੇ ਜੀਵਨ, ਸ਼ਾਸਨ ਤੇ ਇਤਿਹਾਸਕ ਮਹੱਤਤਾ ਨੂੰ ਦੁਬਾਰਾ ਸਮਝਣ ਦੇ ਉਦੇਸ਼ ’ਤੇ ਰੌਸ਼ਨੀ ਪਾਈ।ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਮਹਾਰਾਜਾ ਰਣਜੀਤ ਸਿੰਘ ਦੀ ਦੂਰਦਰਸ਼ੀ ਅਗਵਾਈ, ਨਿਆਂਪ੍ਰਬੰਧ ਸ਼ਾਸਨ ਤੇ ਧਾਰਮਿਕ ਸਾਂਝ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਉਜਾਗਰ ਕੀਤਾ।ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਨੂੰ ਏਕਤਾ, ਸਮਾਵੇਸ਼ਤਾ ਤੇ ਪ੍ਰਗਤੀਸ਼ੀਲ ਪ੍ਰਸ਼ਾਸਨ ਦਾ ਪ੍ਰਤੀਕ ਦੱਸਿਆ।ਪ੍ਰੋ. ਅਮਰਜੀਤ ਸਿੰਘ ਨੇ ਮਹਾਰਾਜਾ ਦੀ ਸੰਤੁਲਿਤ ਅਗਵਾਈ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਫੌਜੀ ਤਾਕਤ ਤੇ ਕੂਟਨੀਤਿਕ ਸਿਆਣਪ ਦਾ ਸੁੰਦਰ ਸੰਯੋਗ ਕੀਤਾ।ਪਦਮਸ਼੍ਰੀ ਪ੍ਰੋ. ਰਘੁਵੇਂਦਰ ਤਨਵਰ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਲੋਕਾਂ ਨਾਲ ਗਹਿਰਾ ਨਾਤਾ ਰੱਖਣ ਵਾਲੇ ਸ਼ਾਸਕ ਸਨ ਤੇ ਉਨ੍ਹਾਂ ਨੇ ਇੱਕ ਐਸਾ ਸਮਾਵੇਸ਼ੀ ਰਾਜ ਬਣਾਇਆ, ਜਿੱਥੇ ਵੱਖ-ਵੱਖ ਕੌਮਾਂ ਦੇ ਲੋਕ ਇਕੱਠੇ ਹੋ ਕੇ ਸੇਵਾ ਕਰਦੇ ਸਨ।ਮੁੱਖ ਮਹਿਮਾਨ ਸ੍ਰ. ਹਰਪ੍ਰੀਤ ਸਿੰਘ ਸਹਨੀ ਨੇ ਮਹਾਰਾਜਾ ਦੀ ਹਿੰਮਤ, ਦ੍ਰਿੜ੍ਹਤਾ ਤੇ ਨਿੱਡਰ ਅਗਵਾਈ ਨੂੰ ਉਭਾਰਿਆ, ਜਿਸ ਨਾਲ ਇੱਕ ਸ਼ਕਤੀਸ਼ਾਲੀ ਸਮਰਾਜ ਦੀ ਸਥਾਪਨਾ ਹੋਈ।ਕੁੰਜੀਵਤ ਭਾਸ਼ਣ ਦੇਣ ਵਾਲੇ ਬੁਲਾਰੇ ਪ੍ਰੋ. ਹਰਜਿੰਦਰ ਸਿੰਘ ਦਿਲਗੀਰ ਨੇ ਮਹਾਰਾਜਾ ਦੇ ਰਾਜਕਾਲ ਦੌਰਾਨ ਹੋਏ ਰਾਜਨੀਤਕ ਵਿਕਾਸ ਤੇ ਬ੍ਰਿਟਿਸ਼ ਪ੍ਰਭਾਵ ਦੇ ਫੈਲਾਅ ਖਿਲਾਫ ਉਨ੍ਹਾਂ ਦੀ ਰਣਨੀਤਕ ਮੁਕਾਬਲੇਬਾਜ਼ੀ ’ਤੇ ਵਿਸਤ੍ਰਿਤ ਵਿਅਖਿਆਨ ਦਿੱਤਾ।ਸਮਾਪਤੀ ਸੈਸ਼ਨ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਇਤਿਹਾਸ ਵਿਭਾਗ ਦੇ ਸਾਬਕਾ ਮੁਖੀ ਪ੍ਰੋ. ਸੁਖਦੇਵ ਸਿੰਘ ਸੋਹਲ ਨੇ ਸਮਾਪਤੀ ਭਾਸ਼ਣ ਦਿੱਤਾ, ਜਦਕਿ ਸੈਸ਼ਨ ਦੀ ਪ੍ਰਧਾਨਗੀ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ ਚੰਡੀਗੜ੍ਹ ਦੇ ਜਨਰਲ ਸਕੱਤਰ ਡਾ. ਖੁਸ਼ਹਾਲ ਸਿੰਘ ਨੇ ਕੀਤੀ।ਉਦਘਾਟਨੀ ਸੈਸ਼ਨ ਲਈ ਧੰਨਵਾਦ ਡਾ. ਸੁਰਜੀਤ ਕੌਰ ਪਥੇਜਾ ਨੇ ਕੀਤਾ ਤੇ ਸਮੂਹਕ ਧੰਨਵਾਦ ਪ੍ਰੋ. ਧਰਮਿੰਦਰ ਸਿੰਘ (ਕੋਆਰਡੀਨੇਟਰ, ਸੈਂਟਰ ਫਾਰ ਪੰਜਾਬੀ ਲੈਂਗਵੇਜ, ਫੋਕਲੋਰ ਐਂਡ ਕਲਚਰ) ਵੱਲੋਂ ਕੀਤਾ ਗਿਆ।ਕਾਨਫਰੰਸ ਦਾ ਸਮਾਪਨ ਅਰਥਪੂਰਨ ਅਕਾਦਮਿਕ ਚਰਚਾਵਾਂ ਤੇ ਇਤਿਹਾਸਕ ਖੋਜ ਨੂੰ ਪ੍ਰੋਤਸਾਹਤ ਕਰਨ ਲਈ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਨਾਲ ਹੋਇਆ।

## ਸਫਾ 1 ਦੇ ਬਾਕੀ...

### ਮਜ਼ਦੂਰ ਜਥੇਬੰਦੀਆਂ ਦੇ...

100 ਦਿਨ ਦੇ ਰੁਜ਼ਗਾਰ ਦੀ ਕਾਨੂੰਨੀ ਗਰੰਟੀ ਸਥਾਪਤ ਕੀਤੀ ਸੀ। ਪਿਛਲੇ ਦਹਾਕੇ ਦੌਰਾਨ ਇਸ ਦੇ ਬੁਨਿਆਦੀ ਚਰਿੱਤਰ ਨੂੰ ਇਸ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਖੜੇ ਕੀਤੇ ਗਏ ਅੜਿੱਕਿਆਂ ਨਾਲ ਕਮਜ਼ੋਰ ਕਰ ਦਿੱਤਾ ਗਿਆ ਹੈ। ਹੁਣ ਮਨਰੇਗਾ ਨੂੰ ਵਿਕਾਸ ਭਾਰਤ ਗਰੰਟੀ ਫਾਰ ਰੁਜ਼ਗਾਰ ਐਂਡ ਆਜੀਵਕਾ ਮਿਸ਼ਨ (ਗ੍ਰਾਮੀਣ) ਐਕਟ 2025 (ਵੀ ਬੀ ਜੀ ਰਾਮ ਜੀ) ਨਾਲ ਬਦਲ ਕੇ ਦੁਨੀਆ ਦਾ ਸਭ ਤੋਂ ਵੱਡਾ ਰੁਜ਼ਗਾਰ ਗਰੰਟੀ ਪ੍ਰੋਗਰਾਮ ਪ੍ਰਭਾਵਹੀਣ ਕਰ ਦਿੱਤਾ ਗਿਆ ਹੈ। ਨਰੇਗਾ ਸੰਘਰਸ਼ ਮੋਰਚਾ ਕਨਵੈਨਸ਼ਨ ਵਿੱਚ ਮੰਗ ਕਰੇਗਾ ਕਿ ਵੀ ਬੀ ਗਰਾਮ (ਜੀ) ਨੂੰ ਵਾਪਸ ਲੈ ਕੇ ਮਨਰੇਗਾ ਨੂੰ ਮਜ਼ਬੂਤ ਰੂਪ ਵਿੱਚ ਬਹਾਲ ਕੀਤਾ ਜਾਵੇ। ਇਸ ਨੂੰ ਮਜ਼ਬੂਤ ਰੂਪ ਵਿੱਚ ਸਾਲ ਦੌਰਾਨ 200 ਦਿਨਾਂ ਦਾ ਕੰਮ ਦੇਣਾ ਯਕੀਨੀ ਬਣਾਇਆ ਜਾਵੇ ਅਤੇ ਦਿਹਾੜੀ 700 ਰੁਪਏ ਕੀਤੀ ਜਾਵੇ। ਭੁਗਤਾਨਾਂ ਅਤੇ ਹਾਜ਼ਰੀ ਪ੍ਰਣਾਲੀ ਵਿੱਚ ਸੁਧਾਰ ਕੀਤਾ ਜਾਵੇ। ਗ੍ਰਾਮ ਸਭਾਵਾਂ ਨੂੰ ਮਨਰੇਗਾ ਦੇ ਕੰਮਾਂ ਵਿੱਚ ਪ੍ਰਮੁੱਖ ਹਿੱਸੇਦਾਰ ਬਣਨ ਲਈ ਸ਼ਕਤੀਆਂ ਪ੍ਰਦਾਨ ਕੀਤੀਆਂ ਜਾਣ।

### ਨੇਤਨਯਾਹੂ ਨੂੰ ਲੱਭ...

ਸ਼ਾਹਿਦ ਡਰੋਨ ਵਰਗੇ ਡਰੋਨ ਚਲਾ ਕੇ ਉਸਨੂੰ ਬਦਨਾਮ ਕਰ ਰਹੇ ਹਨ। ਅਰਾਗਚੀ ਨੇ ਫਰਾਂਸ ਦੇ ਵਿਦੇਸ਼ ਮੰਤਰੀ ਜੀਨ ਨੋਏਲ ਬੈਰੋ ਨਾਲ ਫੋਨ ’ਤੇ ਗੱਲਬਾਤ ਵਿੱਚ ਕਿਹਾ ਕਿ ਖਿੱਤੇ ਤੇ ਹੋਮਰੁਜ਼ ਜਲਡਮਰੂ ਵਿੱਚ ਅਸੁਰੱਖਿਆ ਲਈ ਅਮਰੀਕੀ-ਇਜ਼ਰਾਈਲੀ ਕਾਰਵਾਈਆਂ ਜ਼ਿੰਮੇਵਾਰ ਹਨ। ਰਾਸ਼ਟਰਪਤੀ ਟਰੰਪ ਨੇ ਈਰਾਨ ਦੇ ਮੁੱਖ ਤੇਲ ਬਰਾਮਦਗੀ ਕੇਂਦਰ ‘ਖਾਰਗ ਟਾਪੂ’ ’ਤੇ ਹੋਰ ਹਮਲੇ ਕਰਨ ਦੀ ਧਮਕੀ ਦਿੰਦਿਆਂ ਕਿਹਾ ਕਿ ਅਮਰੀਕੀ ਕਾਰਵਾਈ ਨੇ ਇਸ ਟਾਪੂ ਨੂੰ ਪਹਿਲਾਂ ਹੀ ਲੱਗਭੱਗ ਤਬਾਹ ਕਰ ਦਿੱਤਾ ਹੈ ਅਤੇ ਉਹ ‘ਸਿਰਫ਼ ਮਨੋਰੰਜਨ ਲਈ’ ਇਸ ਨੂੰ ਕੁਝ ਹੋਰ ਵਾਰ ਨਿਸ਼ਾਨਾ ਬਣਾ ਸਕਦੇ ਹਨ। ਐੱਨ ਬੀ ਸੀ ਨਿਊਜ਼ ਨਾਲ ਗੱਲਬਾਤ ਕਰਦਿਆਂ ਟਰੰਪ ਨੇ ਸਪੱਸ਼ਟ ਕੀਤਾ ਕਿ ਭਾਵੇਂ ਈਰਾਨ ਸਮਝੌਤੇ ਲਈ ਤਿਆਰ ਨਜ਼ਰ ਆ ਰਿਹਾ ਹੈ, ਪਰ ਅਜੇ ਤੱਕ ਸ਼ਰਤਾਂ ਅਮਰੀਕਾ ਦੇ ਪੱਖ ਵਿੱਚ ਨਹੀਂ ਹਨ। ਇਸ ਦੇ ਨਾਲ ਹੀ ਉਨ੍ਹਾਂ ਸੋਸ਼ਲ ਮੀਡੀਆ ਰਾਹੀਂ ਸੰਸਾਰ ਦੇ ਉਨ੍ਹਾਂ ਦੇਸ਼ਾਂ ਨੂੰ ਹਰਮੁਜ਼ ਜਲਡਮਰੂ ਦੀ ਸੁਰੱਖਿਆ ਲਈ ਆਪਣੇ ਜੰਗੀ ਬੇੜੇ ਭੇਜਣ ਦੀ ਅਪੀਲ ਕੀਤੀ ਹੈ, ਜਿਨ੍ਹਾਂ ਦੀ ਤੇਲ ਸਪਲਾਈ ਇਸ ਰਸਤੇ ਰਾਹੀਂ ਹੁੰਦੀ ਹੈ।

### ਆਪ ਆਗੂਆਂ ਵੱਲੋਂ ...

ਬਹੁਜਨ ਸਮਾਜ ਨੂੰ ਇੱਕਜੁੱਟ ਕਰਨ ਲਈ ਪਿੰਡ-ਪਿੰਡ ਪੈਦਲ ਅਤੇ ਸਾਈਕਲ ਤੇ ਸਫ਼ਰ ਕੀਤਾ।ਉਨ੍ਹਾਂ ਨੇ ਸਮਾਨਤਾ ਅਤੇ ਨਿਆਂ ਦਾ ਸੰਦੇਸ਼ ਹੇਠਲੇ ਪੱਧਰ ਤੱਕ ਪਹੁੰਚਾਉਣ ਲਈ ਆਪਣਾ ਸਾਰਾ ਜੀਵਨ ਸਮਰਪਿਤ ਕਰ ਦਿੱਤਾ।”

ਆਪ ਆਗੂ ਪਵਨ ਕੁਮਾਰ ਟੀਨੂੰ ਨੇ ਵੀ ਜਲੰਧਰ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਕਾਂਸ਼ੀ ਰਾਮ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਨ੍ਹਾਂ ਨੂੰ ਇਕ ਨਿਡਰ ਆਗੂ ਦੱਸਿਆ ਜਿਨ੍ਹਾਂ ਨੇ ਪੱਛੜੇ ਵਰਗਾਂ ਨੂੰ ਜਥੇਬੰਦ ਕਰਨ ਅਤੇ ਮਜ਼ਬੂਤ ਬਣਾਉਣ ਲਈ ਆਪਣਾ ਜੀਵਨ ਲਗਾ ਦਿੱਤਾ।

### ਡਾ. ਸਰਬਜੀਤ ਸਿੰਘ...

ਸਿੰਘ ਔਲਖ ਗਲੈਕਸੀ ਅਤੇ ਡਾ. ਕੁਲਵਿੰਦਰ ਕੌਰ ਮਿਨਹਾਸ ਨੇ ਦੱਸਿਆ ਕਿ ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਡਾ. ਪਾਲ ਕੌਰ ਸੀਨੀਅਰ ਮੀਤ ਪ੍ਰਧਾਨ, ਡਾ. ਗੁਲਜ਼ਾਰ ਸਿੰਘ ਪੰਧੇਰ ਜਨਰਲ ਸਕੱਤਰ, ਮੀਤ ਪ੍ਰਧਾਨਾਂ ’ਚ ਜਸਪਾਲ ਮਾਨਖੇੜਾ, ਸਹਿਜਪ੍ਰੀਤ ਸਿੰਘ ਮਾਂਗਟ, ਡਾ. ਗੁਰਚਰਨ ਕੌਰ ਕੋਚਰ, ਡਾ. ਅਰਵਿੰਦਰ ਕੌਰ ਕਾਕੜਾ ਅਤੇ ਸ੍ਰੀਮਤੀ ਸੁਰਿੰਦਰ ਨੀਰ, ਪ੍ਰਬੰਧਕੀ ਬੋਰਡ ਵਿਚ ਡਾ. ਹਰੀ ਸਿੰਘ ਜਾਚਕ, ਭੁਪਿੰਦਰ ਸਿੰਘ ਸੰਧੂ, ਸੰਜੀਵਨ ਸਿੰਘ, ਸਿਮਰਜੀਤ ਕੌਰ ਗਿੱਲ, ਤਰਸਪਾਲ ਕੌਰ, ਮਨਜਿੰਦਰ ਸਿੰਘ ਧਨੋਆ, ਪ੍ਰਭਜੋਤ ਸੋਹੀ, ਨਵਤੇਜ ਗੜ੍ਹਦੀਵਾਲਾ, ਡਾ. ਹਰਵਿੰਦਰ ਸਿੰਘ ਸਿਰਸਾ, ਅੰਮੀਆਂ ਕੁੰਵਰ, ਤ੍ਰੈਲੋਚਨ ਲੋਚੀ, ਰਜਿੰਦਰ ਸਿੰਘ ਰਾਜਨ, ਦੀਪ ਜਗਦੀਪ ਸਿੰਘ, ਮੱਖਣ ਮਾਨ, ਰੋਜ਼ੀ ਸਿੰਘ ਬਿਨਾਂ ਮੁਕਾਬਲਾ ਜੇਤੂ ਰਹੇ।

## ਪੈਨਸ਼ਨਰਾਂ ਨੇ ਬਜਟ ਦੀਆਂ ਕਾਪੀਆਂ ਸਾੜੀਆਂ



**ਧੂਰੀ (ਸੁਖਦੇਵ ਧੂਰੀ)**-ਭਗਵੰਤ ਮਾਨ ਸਰਕਾਰ ਵੱਲੋਂ ਲਗਾਤਾਰ ਚੌਥੇ ਸਾਲ ਵੀ ਬੱਜਟ ’ਚ ਮੁਲਜ਼ਮਾਂ ਤੇ ਪੈਨਸ਼ਨਰਾਂ ਨੂੰ ਨਿਰਾਸ਼ ਕੀਤਾ ਹੈ।ਇਸ ਦੇ ਨਾਲ ਹੀ ਬੱਜਟ ਸੈਸ਼ਨ ਦੌਰਾਨ ਸਰਕਾਰ ਵਿਰੁੱਧ ਸੰਘਰਸ਼ ਕਰ ਰਹੇ ਮੁਲਾਜ਼ਮਾਂ ਤੇ ਪੈਨਸ਼ਨਰਾਂ ’ਤੇ ਕੀਤੇ ਤਸ਼ੱਦਦ ਨੇ ਜ਼ਖਮਾਂ ’ਤੇ ਲੂਣ ਛਿੜਕਿਆ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੇ ਦਫ਼ਤਰ ਅੱਗੇ ਬੱਜਟ ਦੀਆਂ ਕਾਪੀਆਂ ਸਾੜਦੇ ਹੋਏ ਵੱਖ ਵੱਖ ਬੁਲਾਰਿਆਂ ਨੇ ਕੀਤਾ।ਐਸੋਸੀਏਸ਼ਨ ਦੇ ਜਨਰਲ ਸਕੱਤਰ ਡਾ ਅਮਰਜੀਤ ਸਿੰਘ ਤੇ ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ ਨੇ ਕਿਹਾ ਕਿ ਸਾਰੀਆਂ ਗਰੰਟੀਆਂ ਪੂਰੀਆਂ ਕਰਨ ਦਾ ਦਾਅਵਾ ਕਰਨ ਵਾਲੀ ਮਾਨ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਣਗੌਲਿਆ ਕਰਕੇ ਜਿਸ ਤਰ੍ਹਾਂ ਦੀ ਫੋਕੀ ਬਿਆਨਬਾਜ਼ੀ ਕੀਤੀ ਜਾ ਰਹੀ ਹੈ, ਉਹ ਕਿਸੇ ਚੁਟਕਲੇ ਵਰਗੀ ਹੀ ਹੈ।ਦਰਸ਼ਨ ਸਿੰਘ ਧਾਂਦਰਾ ਤੇ ਕਰਮਜੀਤ ਸਿੰਘ ਨੇ ਕਿਹਾ ਕਿ ਸਰਕਾਰ ਨੂੰ ਵਾਅਦਾਖਿਲਾਫ਼ੀ ਦਾ ਨਤੀਜਾ ਭੁਗਤਣ ਲਈ ਤਿਆਰ ਰਹਿਣਾ ਚਾਹੀਦਾ ਹੈ, ਕਿਉਂਕਿ ਸਰਕਾਰ ਪ੍ਰਤੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਬੇਹੱਦ ਗੁੱਸਾ ਅਤੇ ਨਿਰਾਸ਼ਾ ਹੈ।ਉਨ੍ਹਾਂ ਸਮੂਹ ਪੈਨਸ਼ਨਰਾਂ ਨੂੰ ਆਉਣ ਵਾਲੇ ਤਿੱਖੇ ਸੰਘਰਸ਼ਾਂ ਲਈ ਤਿਆਰ ਬਰ ਤਿਆਰ ਰਹਿਣ ਦੀ ਅਪੀਲ ਕੀਤੀ।

## ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸਕੂਲ ’ਚ ਸੰਗੀਤ ਵਿਸ਼ੇ ਸੰਬੰਧੀ ਮੀਟਿੰਗ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ’ਚ ਸਰਵਹਿੱਤਕਾਰੀ ਸਿੱਖਿਆ ਸਮਿਤੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਪ੍ਰਿੰਸੀਪਲ ਸੰਜੀਵ ਕੁਮਾਰ ਦੀ ਅਗਵਾਈ ਹੇਠ ਬਠਿੰਡਾ ਵਿਭਾਗ ਪੱਧਰ ’ਤੇ ਸੰਗੀਤ ਵਿਸ਼ੇ ਸੰਬੰਧੀ ਮੀਟਿੰਗ ਤੇ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ।ਪ੍ਰੋਗਰਾਮ ਵਿੱਚ ਪੰਜਾਬ ਪ੍ਰਾਂਤ ਸੰਗੀਤ ਪ੍ਰਮੁੱਖ ਤੇਜਪਾਲ ਪਰਵਾਨਾ ਵਿਸ਼ੇਸ਼ ਤੌਰ ’ਤੇ ਹਾਜ਼ਰੀ ’ਚ ਸ਼ੁਰੂਆਤ ਮਾਂ ਸਰਸਵਤੀ ਦੇ ਚਰਨਾਂ ਵਿੱਚ ਦੀਪ ਪ੍ਰਜਵਲਿਤ ਕਰਕੇ ਤੇ ਵੰਦਨਾ ਨਾਲ ਕੀਤੀ ਗਈ।ਇਸ ਤੋਂ ਬਾਅਦ ਵਿਪਿਨ ਕੁਮਾਰ, ਪੰਜਾਬ ਪ੍ਰਾਂਤ ਯੋਗ ਪ੍ਰਮੁੱਖ ਦੀ ਦੇਖ-ਰੇਖ ਹੇਠ ਮੀਟਿੰਗ ਤੇ ਵਰਕਸ਼ਾਪ ਦਾ ਸੰਚਾਲਨ ਕੀਤਾ ਗਿਆ।ਸਵਾਗਤ ਤੇ ਪਰਿਚਯ ਤੋਂ ਬਾਅਦ ਅਧਿਆਪਕਾਂ ਵੱਲੋਂ ਮਧੁਰ ਧੁਨ ਵਿੱਚ ਵੰਦਨਾ ਦਾ ਅਭਿਆਸ ਵੀ ਕੀਤਾ ਗਿਆ।ਮੀਟਿੰਗ ਦੌਰਾਨ ਸੰਗੀਤ ਦੇ ਵੱਖ-ਵੱਖ ਵਿਸ਼ਿਆਂ ’ਤੇ ਵਿਸਤਾਰ ਨਾਲ ਚਰਚਾ ਕੀਤੀ ਗਈ।ਤੇਜਪਾਲ ਪਰਵਾਨਾ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਦੇ ਜੀਵਨ ਵਿੱਚ ਸੰਗੀਤ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਤੇ ਸਕੂਲਾਂ ਵਿੱਚ ਸੰਗੀਤ ਵਿਸ਼ੇ ਨੂੰ ਅਨੁਸ਼ਾਸਤ ਤੇ ਵਿਵਸਥਿਤ ਢੰਗ ਨਾਲ ਕਰਾਉਣ ’ਤੇ ਜ਼ੋਰ ਦਿੱਤਾ।ਇਸ ਦੇ ਨਾਲ ਆਪਸੀ ਸਹਿਯੋਗ ਤੇ ਸੰਪਰਕ ਬਣਾਈ ਰੱਖਣ ਲਈ ਇੱਕ ਸਮੂਹ ਸੰਪਰਕ ਗਰੁੱਪ ਵੀ ਬਣਾਇਆ ਗਿਆ, ਜਿਸ ਰਾਹੀਂ ਸਾਰੀ ਜਾਣਕਾਰੀ ਸਾਂਝੀ ਕੀਤੀ ਜਾਵੇਗੀ।ਕਾਰਜਕ੍ਰਮ ਦੇ ਅੰਤ ਵਿੱਚ ਵਾਈਸ ਪ੍ਰਿੰਸੀਪਲ ਵਿਕਰਮਜੀਤ ਸਿੰਘ ਵੱਲੋਂ ਤੇਜਪਾਲ ਪਰਵਾਨਾ ਨੂੰ ਵਿਸ਼ੇਸ਼ ਸਨਮਾਨ ਦੇ ਕੇ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।ਸੰਗੀਤ ਮੀਟਿੰਗ ਵਿੱਚ ਰਾਮਪੁਰਾ, ਬਰਨਾਲਾ ਤੇ ਤਪਾ ਦੇ ਸਕੂਲਾਂ ਤੋਂ ਕੁੱਲ 22 ਅਧਿਆਪਕ ਸ਼ਾਮਲ ਹੋਏ।ਕਾਰਜਕ੍ਰਮ ਦਾ ਸਮਾਪਨ ਉਤਸ਼ਾਹਪੂਰਣ ਮਾਹੌਲ ਵਿੱਚ ਹੋਇਆ।

## ਔਰਤਾਂ ਨੇ ਡਕਾਲਾ ’ਚ ਕੱਢੀ ਮਾਵਾਂ-ਧੀਆਂ ਸਤਿਕਾਰ ਮੁਹਿੰਮ ਦੀ ਜਾਗੋ

### ਸਰਕਾਰ ਮਾਵਾਂ ਤੇ ਧੀਆਂ ਦੇ ਸਨਮਾਨ ਤੇ ਸੁਰੱਖਿਆ ਲਈ ਵਚਨਬੱਧ : ਜੌੜਾਮਾਜਰਾ




**ਸਮਾਣਾ (ਇਕਬਾਲ ਸਿੰਘ ਬੱਲ)**-ਵਿਧਾਇਕ ਸ੍ਰ. ਚੇਤਨ ਸਿੰਘ ਜੌੜਾਮਾਜਰਾ ਦੀ ਅਗਵਾਈ ਹੇਠ ਮਹਿਲਾਵਾਂ ਨੂੰ ਜਾਗਰੂਕ ਕਰਨ ਤੇ ਉਨ੍ਹਾਂ ਦੇ ਸਨਮਾਨ ਨੂੰ ਉਭਾਰਨ ਦੇ ਉਦੇਸ਼ ਨਾਲ ਡਕਾਲਾ ਵਿੱਚ ਮਾਵਾਂ-ਧੀਆਂ ਸਤਿਕਾਰ ਮੁਹਿੰਮ ਤਹਿਤ ਇਕ ਵਿਸ਼ੇਸ਼ ਜਾਗੋ ਰੈਲੀ ਕੱਢੀ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਭਾਗ ਲਿਆ ਤੇ ਸਮਾਜ ਵਿੱਚ ਮਹਿਲਾਵਾਂ ਦੀ ਭੂਮਿਕਾ ਤੇ ਉਨ੍ਹਾਂ ਦੇ ਯੋਗਦਾਨ ਨੂੰ ਰੌਸ਼ਨ ਕੀਤਾ ਗਿਆ।ਇਸ ਦੌਰਾਨ ਵਿਧਾਇਕ ਸ੍ਰ. ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਮਾਵਾਂ ਤੇ ਧੀਆਂ ਸਾਡੇ ਸਮਾਜ ਦੀ ਤਾਕਤ ਹਨ ਤੇ ਉਨ੍ਹਾਂ ਦਾ ਸਤਿਕਾਰ ਕਰਨਾ ਹਰ ਇਕ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਮੁਹਿੰਮ ਦਾ ਮਕਸਦ ਮਹਿਲਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਤੇ ਸਮਾਜ ਵਿੱਚ ਉਨ੍ਹਾਂ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਮੁਹਿੰਮਾਂ ਨਾਲ ਸਮਾਜ ਵਿੱਚ ਸਕਾਰਾਤਮਕ ਸੋਚ ਪੈਦਾ ਹੁੰਦੀ ਹੈ ਤੇ ਮਹਿਲਾਵਾਂ ਨੂੰ ਅੱਗੇ ਵੱਧਣ ਲਈ ਪ੍ਰੇਰਨਾ ਮਿਲਦੀ ਹੈ।ਇਸ ਮੌਕੇ ਮਹਿਲਾਵਾਂ ਨੇ ਵੀ ਇਸ ਉਪਰਾਲੇ ਦੀ ਸਰਾਹਣਾ ਕੀਤੀ ਤੇ ਸਮਾਜ ਵਿੱਚ ਮਹਿਲਾਵਾਂ ਦੇ ਸਨਮਾਨ ਤੇ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਕੱਠੇ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਬਲਾਕ ਸੰਮਤੀ ਚੇਅਰਮੈਨ ਪਟਿਆਲਾ ਸਰਬਜੀਤ ਕੌਰ, ਗੁਰਵਿੰਦਰ ਕੌਰ ਸਰਪੰਚ ਡਕਾਲਾ, ਸਤਿੰਦਰ ਕੌਰ ਪੰਚ, ਹਰਪ੍ਰੀਤ ਕੌਰ ਪੰਚ, ਹਰਮਨਦੀਪ ਕੌਰ ਪੰਚ, ਦੀਪ ਕੌਰ, ਅਮਰਦੀਪ, ਮਨਦੀਪ ਕੌਰ ਪੰਚ, ਗੁਰਪ੍ਰੀਤ ਕੌਰ ਪੰਚ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਨਜੀਤ ਕੌਰ, ਸੁਮਨ ਕਰਹਾਲੀ ਆਦਿ ਮੌਜੂਦ ਸਨ।

## ਬਾਬਾ ਦੀਪੀ ਜੀ 24 ਅਪ੍ਰੈਲ ਨੂੰ ਰੱਖਣਗੇ ਦੁਰਗਾ ਮੰਦਰ ਦਾ ਨੀਂਹ ਪੱਥਰ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਦੇ ਕਾਲੇਕੇ ਰੋਡ ’ਤੇ ਸਥਿਤ ਪ੍ਰਾਚੀਨ ਤੇ ਇਤਿਹਾਸਕ ਸ੍ਰੀ ਦੁਰਗਾ ਮੰਦਰ ਦਾ ਪੁਨਰ ਨਿਰਮਾਣ ਜਲਦੀ ਹੀ ਸ਼ੁਰੂ ਹੋਣ ਵਾਲਾ ਹੈ।ਸੰਨ 1962 ਵਿੱਚ ਸਥਾਪਤ ਇਹ ਸਿੱਧ ਪੀਠ ਹੁਣ ਇੱਕ ਸ਼ਾਨਦਾਰ ਤੇ ਆਧੁਨਿਕ ਦਿੱਖ ਪ੍ਰਾਪਤ ਕਰੇਗਾ, ਜਿਸ ਦਾ ਅਧਿਕਾਰਤ ਉਦਘਾਟਨ 24 ਅਪ੍ਰੈਲ 2026 ਨੂੰ ਹੋਵੇਗਾ।ਸ੍ਰੀ ਦੁਰਗਾ ਮੰਦਰ ਪ੍ਰਬੰਧਨ ਕਮੇਟੀ ਤੇ ਜੈ ਮਾਂ ਸੰਤੋਸ਼ੀ ਭਜਨ ਮੰਡਲੀ ਦੁਆਰਾ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ ਪ੍ਰਧਾਨ ਰਮਨ ਮਿੱਤਲ ਰਿੰਪੀ ਦੀ ਅਗਵਾਈ ਵਿੱਚ ਸਵੇਰੇ 7 ਵਜੇ ਪੂਜਾ ਹੋਵੇਗੀ, ਜਿਸ ਤੋਂ ਬਾਅਦ ਸਵੇਰੇ 8 ਵਜੇ ਨੀਂਹ ਪੱਥਰ ਰੱਖਿਆ ਜਾਵੇਗਾ।ਬੱਧਨੀ ਕਲਾਂ ਦੇ ਵਿਸ਼ੇਸ਼ ਤੌਰ ’ਤੇ ਪਹੁੰਚੇ ਬਾਬਾ ਦੀਪੀ ਜੀ ਵੱਲੋਂ ਨੀਂਹ ਪੱਥਰ ਰੱਖਿਆ ਜਾਵੇਗਾ, ਜਦੋਂ ਕਿ ਦੇਸ਼ ਭਰ ਦੇ ਪ੍ਰਸਿੱਧ ਰਿਸ਼ੀ ਤੇ ਵਿਦਵਾਨ ਗ੍ਰੰਥਾਂ ਵਿੱਚ ਦੱਸੇ ਅਨੁਸਾਰ ਇੱਕ ਰਸਮੀ ਹਵਨ (ਅਗਨੀ ਬਲੀ) ਕਰਨਗੇ, ਜਿਸ ਨਾਲ ਉਸਾਰੀ ਦੀ ਸ਼ੁਰੂਆਤ ਹੋਵੇਗੀ।ਮੰਦਰ ਕਮੇਟੀ ਦੇ ਸਰਪ੍ਰਸਤ ਵਿਜੇ ਬਾਂਸਲ, ਸੁਖਦਰਸ਼ਨ ਸਿੰਗਲਾ, ਸੁਭਾਸ਼ ਚੰਦਰ ਗਰਗ ਸੋਮ, ਪ੍ਰਧਾਨ ਰਮਨ ਮਿੱਤਲ, ਜਨਰਲ ਸਕੱਤਰ ਦੀਕਸ਼ਿਤ ਗਰਗ ਤੇ ਖਜ਼ਾਨਚੀ ਦੀਪਕ ਬਾਂਸਲ ਨੇ ਦੱਸਿਆ ਕਿ ਨਵੇਂ ਮੰਦਰ ਦਾ ਖਾਕਾ ਸ਼ਾਨਦਾਰ ਢੰਗ ਨਾਲ ਤਿਆਰ ਕੀਤਾ ਗਿਆ ਹੈ।ਮੰਦਰ ਦੀ ਕੁੱਲ ਉਚਾਈ ਲਗਭਗ 81 ਫੁੱਟ ਹੋਵੇਗੀ, ਜਿਸ ਵਿੱਚ ਸਿਰਫ਼ ਮਹਾਮਾਈ ਦਾ ਮੁੱਖ ਮੰਦਰ 51 ਫੁੱਟ ਉੱਚਾ ਤੇ ਇੱਕ ਸ਼ਾਨਦਾਰ ਸ਼ਿਖਰ ਹੋਵੇਗਾ।ਕਮੇਟੀ ਨੇ ਸਾਰੇ ਨਿਵਾਸੀਆਂ ਨੂੰ ਇਸ ਸ਼ੁਭ ਮੌਕੇ ’ਤੇ ਉਤਸ਼ਾਹ ਨਾਲ ਹਿੱਸਾ ਲੈਣ ਦੀ ਅਪੀਲ ਕੀਤੀ ਹੈ।ਇਸ ਮੌਕੇ ਮੰਦਿਰ ਦੇ ਪੁਜਾਰੀ ਸ਼ੁਭਮ ਸ਼ਾਸਤਰੀ, ਸੀਨੀਅਰ ਮੈਂਬਰ ਅਸ਼ੋਕ ਗਰਗ ਸ਼ੋਕੀ, ਬਾਲਕ੍ਰਿਸ਼ਨ ਗਰਗ, ਲਖਵਿੰਦਰ ਗਰਗ, ਰਜਿੰਦਰ ਬਾਂਸਲ, ਵਿੱਕੀ ਗੋਇਲ, ਰਜਨੀਸ਼ ਗਰਗ, ਅਮਿਤ ਬਾਂਸਲ, ਸੰਦੀਪ ਜਿੰਦਲ, ਕਮਲ ਕੁਮਾਰ, ਅਨੂਪ ਚੰਦ, ਰਾਜੇਸ਼ ਗਰਗ, ਗੌਰਵ ਗਰਗ, ਜਸਵੰਤ ਰਾਏ, ਸਤਿਆਨਾਰਾਯਨ ਦੀਆਂ ਸਮੂਹ ਮਹਿਲਾ ਮੈਂਬਰ ਤੇ ਸੱਤਿਆ ਨਾਰਾਇਣ ਹਾਜ਼ਰ ਸਨ।

## ਐੱਸ ਈ ਵਿੰਗ ਦੇ ਪ੍ਰਧਾਨ ਰਾਜਵਿੰਦਰ ਸਿੰਘ ਦਾ ਸਨਮਾਨ



**ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਰਾਜਵਿੰਦਰ ਸਿੰਘ ਧਰਮਕੋਟ ਨੂੰ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਮਾਲਵਾ-1 ਜ਼ੋਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਪਿੰਡ ਖੋਟੇ ਵਿਖੇ ਸੀਨੀਅਰ ਯੂਥ ਅਕਾਲੀ ਆਗੂ ਹਰਮਨਦੀਪ ਸਿੰਘ ਬਰਾੜ ਦੇ ਗ੍ਰਿਹਿ ਵਿਖੇ ਉਨ੍ਹਾਂ ਦਾ ਪਹੁੰਚਣ ’ਤੇ ਪਿੰਡ ਦੀ ਸਮੁੱਚੀ ਅਕਾਲੀ ਦਲ ਦੀ ਲੀਡਰਸ਼ਿਪ ਵੱਲੋਂ ਉਨ੍ਹਾਂ ਨੂੰ ਵਧਾਈ ਦਿੰਦਿਆਂ ਵਿਸ਼ੇਸ਼ ਤੌਰ ’ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਰਾਜਵਿੰਦਰ ਸਿੰਘ ਧਰਮਕੋਟ ਨੇ ਕਿਹਾ ਕਿ ਪਾਰਟੀ ਹਾਈਕਮਾਂਡ ਵੱਲੋਂ ਜੋ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਪਾਰਟੀ ਹਾਈਕਮਾਂਡ ਨੇ ਜੋ ਮੈਨੂੰ ਇਹ ਜ਼ੁੰਮੇਵਾਰੀ ਸੌਂਪੀ ਹੈ, ਮੈਂ ਉਸ ਨੂੰ ਤਨਦੇਹੀ ਨਾਲ ਨਿਭਾਵਾਂਗਾ।ਇਸ ਮੌਕੇ ਬੋਲਦਿਆਂ ਪ੍ਰਧਾਨ ਹਰਮਨਦੀਪ ਸਿੰਘ ਬਰਾੜ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦਾ ਬੇੜਾ ਗਰਕ ਕਰਕੇ ਰੱਖ ਦਿੱਤਾ ਹੈ।ਪਹਿਲੇ ਸਥਾਨ ’ਤੇ ਆਉਣ ਵਾਲਾ ਸਾਡਾ ਪੰਜਾਬ ਪਛਾੜ ਕੇ ਰੱਖ ਦਿੱਤਾ ਹੈ।ਇਸੇ ਲਈ ਹੁਣ ਪੰਜਾਬ ਦੇ ਸੂਝਵਾਨ ਲੋਕਾਂ ਨੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਮਨ ਬਣਾ ਲਿਆ ਹੈ।ਇਸ ਮੌਕੇ ਉਨ੍ਹਾਂ ਨਾਲ ਹਰਮਨ ਬਰਾੜ ਖੋਟੇ, ਇੰਦਰਜੀਤ ਸਿੰਘ, ਸਮਿੱਤਰ ਸਿੰਘ, ਬਲਦੇਵ ਸਿੰਘ, ਸਰਪੰਚ ਦਰਸ਼ਨ ਸਿੰਘ, ਬਲਾਕ ਸੰਮਤੀ ਮੈਂਬਰ ਸਕੱਤਰ ਸਿੰਘ, ਕਰਮਜੀਤ ਸਿੰਘ ਕਾਕਾ, ਇਕਬਾਲ ਸਿੰਘ ਬੱਗਾ, ਨੰਬਰਦਾਰ ਗੁਰਨੇਕ ਸਿੰਘ, ਗੋਰਾ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਨਵਾਂ ਜ਼ਮਾਨਾ
ਸੋਮਵਾਰ, 16 ਮਾਰਚ 2026

# ਵਾਂਗਚੁੱਕ ਦੀ ਰਿਹਾਈ

*ਵਿਸ਼ਵ ਪ੍ਰਸਿੱਧ ਜਲਵਾਯੂ ਕਾਰਕੁੰਨ ਸੋਨਮ ਵਾਂਗਚੁੱਕ ਨੂੰ ਦੇਸ਼ਧ੍ਰੋਹੀ ਗਰਦਾਨਦੇ ਹੋਏ 26 ਸਤੰਬਰ 2025 ਨੂੰ ਅਚਾਨਕ ਕੌਮੀ ਸੁਰੱਖਿਆ ਐਕਟ (ਐੱਨ ਐੱਸ ਏ) ਤਹਿਤ ਗ੍ਰਿਫ਼ਤਾਰ ਕਰ ਲਿਆ ਅਤੇ ਸਿੱਧੇ ਜੋਧਪੁਰ ਜੇਲ੍ਹ ਭੇਜ ਦਿੱਤਾ। ਲੱਦਾਖ 'ਚ ਮਨਫੀ ਡਿਗਰੀ ਵਿੱਚ ਰਹਿਣ ਵਾਲੇ ਨੂੰ ਗਰਮ ਸ਼ਹਿਰ 'ਚ ਨਰੜ ਦਿੱਤਾ। ਇਸੇ ਦੌਰਾਨ ਗੋਦੀ ਮੀਡੀਆ 'ਤੇ ਇਹ ਧੁਮਾਇਆ ਗਿਆ ਕਿ ਵਾਂਗਚੁੱਕ ਪਾਕਿਸਤਾਨ ਦਾ ਏਜੰਟ ਹੈ। ਅਚਾਨਕ ਹੀ ਭਾਰਤ ਸਰਕਾਰ ਨੇ ਸ਼ਨਿੱਚਰਵਾਰ ਉਨ੍ਹਾ ਨੂੰ ਬੇਦਾਗ ਐਲਾਨਦਿਆਂ ਜੇਲ੍ਹ ਵਿੱਚੋਂ ਬਾਹਰ ਕੱਢ ਦਿੱਤਾ। ਹੋਰਨਾਂ ਤੋਂ ਇਲਾਵਾ ਇੱਕ ਕਾਰਨ ਇਹ ਦੱਸਿਆ ਗਿਆ ਹੈ ਕਿ ਲੱਦਾਖ ਵਿੱਚ ਹੋ ਰਹੇ ਅੰਦੋਲਨਾਂ ਨੂੰ ਸ਼ਾਂਤ ਕਰਨ ਲਈ ਛੱਡਿਆ ਗਿਆ ਹੈ।*

*ਇਹ ਗੱਲ ਸਮਝ ਤੋਂ ਪਰ੍ਹੇ ਹੈ ਕਿ ਉਨ੍ਹਾ ਨੂੰ ਜੈੱਨ ਜ਼ੈੱਡ ਦੇ ਹਿੰਸਕ ਅੰਦੋਲਨ ਲਈ ਦੋਸ਼ੀ ਠਹਿਰਾਇਆ ਗਿਆ ਤੇ ਫਿਰ ਲੱਦਾਖ ਵਿੱਚ ਅਮਨ ਕਾਇਮ ਕਰਨ ਲਈ ਰਿਹਾਅ ਕਰ ਦਿੱਤਾ ਗਿਆ। ਉਨ੍ਹਾ 'ਤੇ ਦੇਸ਼ਧ੍ਰੋਹ ਦਾ ਦੋਸ਼ ਮੜ੍ਹਿਆ ਗਿਆ, ਪਾਕਿਸਤਾਨੀ ਏਜੰਟ ਦੱਸਿਆ ਗਿਆ ਤੇ ਫਿਰ ਸੁਪਰੀਮ ਕੋਰਟ ਵਿੱਚ ਬਿਨਾਂ ਸਬੂਤ ਕਿਰਕਿਰੀ ਕਰਾਉਣ ਤੋਂ ਐਨ ਪਹਿਲਾਂ ਮਾਮਲਾ ਖਤਮ ਕਰ ਦਿੱਤਾ ਗਿਆ।*

*ਵਾਂਗਚੁੱਕ ਦਾ ਕਸੂਰ ਸਿਰਫ ਇਹ ਸੀ ਕਿ ਉਨ੍ਹਾ ਸਰਕਾਰ ਵੱਲੋਂ ਲੱਦਾਖ ਨੂੰ ਪੂਰਨ ਰਾਜ ਦਾ ਦਰਜਾ ਦੇਣ ਤੇ ਛੇਵੀਂ ਅਨੁਸੂਚੀ ਵਿੱਚ ਪਾਉਣ ਦਾ ਵਾਅਦਾ ਨਾ ਨਿਭਾਉਣ ਖਿਲਾਫ ਬਰਫ ਵਿੱਚ ਭੁੱਖ ਹੜਤਾਲ ਰੱਖੀ ਸੀ। ਜਦ ਉਨ੍ਹਾ ਦੇ ਦੋ ਸਾਥੀ ਆਈ ਸੀ ਯੂ ਵਿੱਚ ਭਰਤੀ ਕਰਾਉਣੇ ਪਏ ਤਾਂ ਨੌਜਵਾਨ (ਜੈੱਨ ਜ਼ੈੱਡ) ਭੜਕ ਗਏ ਅਤੇ ਉਨ੍ਹਾਂ ਨੂੰ ਸ਼ਾਂਤ ਕਰਨ ਲਈ ਗਾਂਧੀਵਾਦੀ ਵਾਂਗਚੁੱਕ ਨੇ ਭੁੱਖ ਹੜਤਾਲ ਵੀ ਖਤਮ ਕਰ ਦਿੱਤੀ, ਪਰ ਸਰਕਾਰ ਨੇ ਉਲਟਾ ਉਨ੍ਹਾ 'ਤੇ ਵਿਦਰੋਹ ਭੜਕਾਉਣ ਦਾ ਦੋਸ਼ ਲਾ ਕੇ ਜੇਲ੍ਹ ਵਿੱਚ ਸੁੱਟ ਦਿੱਤਾ।*

*ਇਹ ਅਜਿਹੀ ਪਹਿਲੀ ਘਟਨਾ ਨਹੀਂ ਹੈ। ਸ਼ਰਜੀਲ ਤੇ ਉਮਰ ਖਾਲਿਦ ਵਰਗੇ ਕਈ ਇਮਾਨਦਾਰ ਤੇ ਬੇਦਾਗ ਲੋਕ ਸਰਕਾਰ ਨੇ ਅਜਿਹੇ ਦੋਸ਼ ਲਾ ਕੇ ਜੇਲ੍ਹਾਂ ਵਿੱਚ ਸੁੱਟੇ ਹੋਏ ਹਨ। ਦੂਜੇ ਪਾਸੇ ਇਹੀ ਸਰਕਾਰ ਰਾਮ ਰਹੀਮ ਵਰਗੇ ਬਲਾਤਕਾਰੀਆਂ ਨੂੰ ਚੋਣਾਂ ਤੋਂ ਐਨ ਪਹਿਲਾਂ ਪੈਰੋਲ 'ਤੇ ਜੇਲ੍ਹੋਂ ਬਾਹਰ ਕੱਢਦੀ ਰਹਿੰਦੀ ਹੈ। ਇਹ ਤਮਾਮ ਮਾਮਲੇ ਅਦਾਲਤਾਂ 'ਤੇ ਵੀ ਉਂਗਲੀ ਚੁੱਕਣ ਲਈ ਮਜਬੂਰ ਕਰਦੇ ਹਨ। ਜਦ ਉਹ ਮਾਮਲੇ ਦਾ ਨੋਟਿਸ ਲੈਂਦੀਆਂ ਹਨ ਤਾਂ ਕਿਉਂ ਨਹੀਂ ਦੇਖਦੀਆਂ ਕਿ ਮਾਮਲਾ ਟਿਕਣ ਵਾਲਾ ਹੈ ਵੀ ਕਿ ਨਹੀਂ। ਸ਼ਰਜੀਲ ਤੇ ਖਾਲਿਦ ਖਿਲਾਫ ਅਜੇ ਤੱਕ ਕੋਈ ਪੁਖਤਾ ਸਬੂਤ ਨਹੀਂ ਪੇਸ਼ ਕੀਤਾ ਗਿਆ, ਪਰ ਉਹ ਸਰਕਾਰ ਦੇ ਇਹ ਕਹਿਣ 'ਤੇ ਹੀ ਅੰਦਰ ਹਨ ਕਿ ਇੱਕ ਦਿਨ ਉਹ ਸਬੂਤ ਪੇਸ਼ ਕਰੇਗੀ। ਜਦ ਤੱਕ ਸਰਕਾਰ ਸਬੂਤ ਨਹੀਂ ਪੇਸ਼ ਕਰਦੀ, ਉਦੋਂ ਤੱਕ ਤਾਂ ਅਖੌਤੀ ਦੋਸ਼ੀਆਂ ਨੂੰ ਬਾਹਰ ਰੱਖਣਾ ਚਾਹੀਦਾ ਹੈ। ਵਾਂਗਚੁੱਕ ਮਾਮਲੇ ਨੂੰ ਅਦਾਲਤਾਂ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਉਨ੍ਹਾਂ ਨੂੰ ਸਰਕਾਰ ਦੀ ਖਿਚਾਈ ਕਰਨੀ ਚਾਹੀਦੀ ਹੈ, ਵਰਨਾ ਉਹ ਭਲੇਮਾਣਸਾਂ, ਸਮਾਜਸੇਵੀਆਂ, ਪੱਤਰਕਾਰਾਂ, ਗਾਇਕਾਂ ਤੇ ਕਲਾਕਾਰਾਂ ਆਦਿ ਨਾਲ ਅਜਿਹੀ ਖੇਡ ਖੇਡਦੀ ਰਹੇਗੀ। ਸੁਪਰੀਮ ਕੋਰਟ ਨੂੰ ਸਰਕਾਰ ਤੋਂ ਵਾਂਗਚੁੱਕ ਨੂੰ 170 ਦਿਨ ਜੇਲ੍ਹ ਵਿੱਚ ਰੱਖਣ ਦਾ ਹਿਸਾਬ ਮੰਗਣਾ ਚਾਹੀਦਾ ਹੈ।*

# ਬਰਬਾਦੀ ਦੀ ਇਬਾਰਤ ਲਿਖਦੀ ਜੰਗ


ਗੋਪਾਲ ਸਿੰਘ ਸਿੱਧੂ

ਜੰਗ ਸਿਰਫ਼ ਦੋ ਦੇਸ਼ਾਂ ਦੀ ਲੜਾਈ ਨਹੀਂ ਹੁੰਦੀ, ਇਹ ਮਨੁੱਖਤਾ ਦੇ ਵਿਨਾਸ਼ ਦਾ ਮੁੱਢ ਵੀ ਬੰਨ੍ਹ ਦਿੰਦੀ ਹੈ। ਪਹਿਲੇ ਵਿਸ਼ਵ ਯੁੱਧ ਤੋਂ ਲੈ ਕੇ ਹੁਣ ਅਮਰੀਕਾ-ਇਜ਼ਰਾਈਲ ਤੇ ਈਰਾਨ ਦਰਮਿਆਨ ਚੱਲ ਰਹੀ ਜੰਗ ਤੱਕ ਜਿੰਨੀਆਂ ਵੀ ਜੰਗਾਂ ਹੋਈਆਂ, ਸਭ ਨੇ ਮਨੁੱਖਤਾ ਨੂੰ ਜ਼ਖ਼ਮ ਹੀ ਦਿੱਤੇ ਹਨ। ਜੰਗ ਪਿੱਛੇ ਮਨੋਰਥ ਕੋਈ ਹੋਵੇ, ਪਰ ਨਤੀਜਾ ਤਬਾਹੀ 'ਚ ਨਿਕਲਦਾ ਹੈ। ਆਮ ਇਨਸਾਨ ਜੋ ਮਿਹਨਤ ਕਰਕੇ ਦੋ ਵੇਲੇ ਦੀ ਰੋਟੀ ਕਮਾਉਂਦਾ ਹੈ, ਉਹ ਕਦੇ ਜੰਗ ਨਹੀਂ ਚਾਹੁੰਦਾ ਹੁੰਦਾ। ਉਹ ਨਹੀਂ ਚਾਹੇਗਾ ਕਿ ਉਸ ਦੀ ਸ਼ਾਂਤਮਈ ਜ਼ਿੰਦਗੀ ਬਾਰੂਦ ਦੇ ਢੇਰ 'ਤੇ ਰੱਖ ਦਿੱਤੀ ਜਾਵੇ ਅਤੇ ਉਸ ਦੇ ਖ਼ੂਨ-ਪਸੀਨੇ ਨਾਲ ਬਣਿਆ ਉਸ ਦਾ ਘਰ ਦੁਸ਼ਮਣ ਦੀ ਤੋਪ ਦਾ ਸ਼ਿਕਾਰ ਬਣੇ। ਉਸ ਦੇ ਮਾਸੂਮ ਧੀ-ਪੁੱਤ ਸਕੂਲ ਗਏ ਹੀ ਰਾਖ ਬਣ ਜਾਣ।

ਪਹਿਲਾ ਵਿਸ਼ਵ ਯੁੱਧ (1914-1918), ਦੂਜਾ ਵਿਸ਼ਵ ਯੁੱਧ (1939-1945), ਭਾਰਤ-ਪਾਕਿਸਤਾਨ ਜੰਗਾਂ (1947, 1965, 1971, 1999), ਵੀਅਤਨਾਮ ਜੰਗ (1955-1975), ਈਰਾਨ-ਇਰਾਕ ਜੰਗ (1980-1988), ਖਾੜੀ ਜੰਗ (1990-1991), ਅਫਗਾਨਿਸਤਾਨ ਜੰਗ (2001-2021), ਰੂਸ-ਯੂਕਰੇਨ ਜੰਗ (2022-ਮੌਜੂਦਾ), ਅਮਰੀਕਾ-ਇਜ਼ਰਾਈਲ ਤੇ ਇਰਾਨ ਦਰਮਿਆਨ ਜੰਗ (2023-ਮੌਜੂਦਾ)। ਇਨ੍ਹਾਂ ਜੰਗਾਂ ਨਾਲ ਮਨੁੱਖਤਾ ਦੀ ਭਿਆਨਕ ਤਬਾਹੀ ਹੋਈ। ਜਾਨੀ-ਮਾਲੀ ਨੁਕਸਾਨ ਨੇ ਸਮਾਜਿਕ ਤੇ ਅਰਥ ਵਿਵਸਥਾ ਤਹਿਤ ਨਹਿਸ ਕਰ ਦਿੱਤੀ। ਵਿਸ਼ਵਵਿਆਪੀ ਮਹਿੰਗਾਈ, ਤੇਲ, ਗੈਸ ਤੇ ਖਾਣ-ਪੀਣ ਦੀਆਂ ਚੀਜ਼ਾਂ ਦੀ ਸਪਲਾਈ ਰੁਕ ਜਾਣ ਕਾਰਨ ਭੁੱਖਮਰੀ ਪੈਦਾ ਹੋਈ। ਦੇਸ਼ਾਂ ਦਾ ਪੈਸਾ ਸਿਹਤ, ਸਿੱਖਿਆ ਤੇ ਮਨੁੱਖਤਾ ਦੇ ਭਲੇ ਦੀ ਥਾਂ ਬਾਰੂਦ ਤੇ ਹਥਿਆਰਾਂ 'ਤੇ ਖਰਚ ਹੋਣ ਲੱਗਾ।ਲੱਖਾਂ ਲੋਕ ਬੇਘਰ ਹੋਏ। ਸਦੀਆਂ ਵਿੱਚ ਬਣੇ ਸਕੂਲ, ਕਾਲਜ, ਹਸਪਤਾਲ, ਸਰਕਾਰੀ ਤੇ ਵਿਰਾਸਤੀ ਇਮਾਰਤਾਂ ਢਹਿ ਗਈਆਂ।

ਹੁਣ ਫਿਰ ਦੁਨੀਆ ਬਾਰੂਦ ਦੇ ਢੇਰ 'ਤੇ ਬੈਠੀ ਹੈ। ਅਮਰੀਕਾ ਤੇ ਇਜ਼ਰਾਈਲ ਨੇ ਮਿਲ ਕੇ ਈਰਾਨ ਦੇ ਸਰਵਉੱਚ ਆਗੂ ਆਇਤੁੱਲਾ ਖਾਮਨੇਈ ਨੂੰ ਮਾਰ ਮੁਕਾਇਆ ਹੈ। ਈਰਾਨ ਵਿੱਚ ਰੋਸ ਦਾ ਭਾਂਬੜ ਬਲ ਰਿਹਾ ਹੈ। ਇਸ ਜੰਗ ਵਿੱਚ ਅਮਰੀਕਾ ਮਹਿਜ਼ 15 ਦਿਨਾਂ ਵਿੱਚ 15 ਅਰਬ ਡਾਲਰ ਖਰਚ ਚੁੱਕਾ ਹੈ। ਇਸ ਤਰਤੀਬ ਨਾਲ ਅਮਰੀਕਾ ਰੋਜ਼ਾਨਾ 143 ਕਰੋੜ ਰੁਪਏ ਖਰਚ ਰਿਹਾ ਹੈ। ਇਜ਼ਰਾਈਲ ਨੂੰ 24 ਹਜ਼ਾਰ ਕਰੋੜ ਰੁਪਏ ਪ੍ਰਤੀ ਹਫ਼ਤਾ ਨੁਕਸਾਨ ਹੋ ਰਿਹਾ ਹੈ। ਈਰਾਨ ਦੇ ਤੇਲ ਪਲਾਂਟਾਂ ਅਤੇ ਬੁਨਿਆਦੀ ਢਾਂਚੇ 'ਤੇ ਹਮਲਿਆਂ ਕਾਰਨ ਉਸ ਨੂੰ ਅਰਬਾਂ ਡਾਲਰਾਂ ਦਾ ਸਿੱਧਾ ਨੁਕਸਾਨ ਹੋਇਆ ਹੈ। ਮਾਰਚ 2026 ਤੱਕ ਦੇ ਅੰਦਾਜ਼ਨ ਅੰਕੜਿਆਂ ਅਨੁਸਾਰ ਜੇਕਰ ਅਮਰੀਕਾ, ਇਜ਼ਰਾਈਲ ਅਤੇ ਇਰਾਨ ਤਿੰਨਾਂ ਦੇਸ਼ਾਂ ਦੇ ਜੰਗੀ ਖਰਚੇ ਨੂੰ ਮਿਲਾ ਦੇਈਏ, ਤਾਂ ਇਹ ਅੰਕੜਾ ਲਗਪਗ 172 ਅਰਬ ਡਾਲਰ ਬਣਦਾ ਹੈ। ਅੱਧ ਮਾਰਚ ਤੱਕ ਕਰੀਬ 1900 ਲੋਕ ਮਾਰੇ ਜਾ ਚੁੱਕੇ ਹਨ। ਮੱਧ ਪੂਰਬ ਪਹਿਲਾਂ ਵੀ ਅਜਿਹੇ ਦੌਰ ਵਿੱਚੋਂ ਲੰਘ ਚੁੱਕਾ ਹੈ। 1990 ਵਿੱਚ ਖਾੜੀ ਦੀ ਜੰਗ ਹੋਈ, ਜਿਸ ਨੂੰ 'ਅਪਰੇਸ਼ਨ ਡੈਜ਼ਰਟ ਸਟੋਰਮ' ਵੀ ਕਿਹਾ ਜਾਂਦਾ ਹੈ। ਇਹ ਜੰਗ ਇਰਾਕ ਅਤੇ ਅਮਰੀਕਾ ਦੀ ਅਗਵਾਈ ਵਾਲੇ 35 ਦੇਸ਼ਾਂ ਦੇ ਗਠਜੋੜ ਦਰਮਿਆਨ ਹੋਈ ਸੀ। ਜੰਗ ਪਿੱਛੇ ਆਰਥਿਕ ਤੇ ਸਿਆਸੀ ਕਾਰਨ ਸਨ। ਇਰਾਕ ਦੇ ਰਾਸ਼ਟਰਪਤੀ ਸੱਦਾਮ ਹੁਸੈਨ ਨੇ ਦਾਅਵਾ ਕੀਤਾ ਕਿ ਕੁਵੈਤ ਇਰਾਕ ਦਾ ਹਿੱਸਾ ਹੈ। 2 ਅਗਸਤ 1990 ਨੂੰ ਇਰਾਕੀ ਫੌਜ ਨੇ ਕੁਵੈਤ 'ਤੇ ਹਮਲਾ ਕਰਕੇ ਉਸ 'ਤੇ ਕਬਜ਼ਾ ਕਰ ਲਿਆ। ਇਰਾਕ-ਈਰਾਨ ਜੰਗ (1980-88) ਦੌਰਾਨ ਇਰਾਕ ਨੇ ਕੁਵੈਤ ਤੋਂ ਬਹੁਤ ਸਾਰਾ ਪੈਸਾ ਕਰਜ਼ ਲਿਆ ਸੀ। ਸੱਦਾਮ ਹੁਸੈਨ ਚਾਹੁੰਦਾ ਸੀ ਕਿ ਕੁਵੈਤ ਇਹ ਕਰਜ਼ ਮੁਆਫ਼ ਕਰ ਦੇਵੇ, ਪਰ ਕੁਵੈਤ ਨਹੀਂ ਮੰਨਿਆ। ਇਰਾਕ ਚਾਹੁੰਦਾ ਸੀ ਕਿ ਤੇਲ ਦੀਆਂ ਕੀਮਤਾਂ ਵਧਣ, ਤਾਂ ਜੋ ਉਹ ਆਪਣੀ ਆਰਥਿਕਤਾ ਸੁਧਾਰ ਸਕੇ, ਪਰ ਕੁਵੈਤ ਕੀਮਤਾਂ ਘਟਾ ਰਿਹਾ ਸੀ। ਅੰਤ ਵਿੱਚ ਇਰਾਕੀ ਫੌਜ ਨੂੰ ਕੁਵੈਤ ਛੱਡ ਕੇ ਭੱਜਣਾ ਪਿਆ। ਓਸਾਮਾ ਬਿਨ ਲਾਦੇਨ ਇਸ ਗੱਲੋਂ ਔਖਾ ਸੀ ਕਿ 1990 ਦੀ ਖਾੜੀ ਜੰਗ ਤੋਂ ਬਾਅਦ ਅਮਰੀਕੀ ਫੌਜਾਂ ਮੁਸਲਮਾਨਾਂ ਦੇ ਦੇਸ਼ ਸਾਊਦੀ ਅਰਬ ਵਿੱਚ ਕਿਉਂ ਰੁਕੀਆਂ ਹੋਈਆਂ ਹਨ। ਬਿਨ ਲਾਦੇਨ ਇਰਾਕ ਦਾ ਸਮਰਥਕ ਨਹੀਂ ਸੀ, ਸਗੋਂ ਉਹ ਅਮਰੀਕਾ ਦਾ ਕੱਟੜ ਵਿਰੋਧੀ ਸੀ। ਉਹ ਅਮਰੀਕਾ ਵੱਲੋਂ ਇਜ਼ਰਾਈਲ ਨੂੰ ਦਿੱਤੀ ਜਾਂਦੀ ਫੌਜੀ ਮਦਦ ਤੋਂ ਵੀ ਨਾਰਾਜ਼ ਸੀ। ਖਾੜੀ ਜੰਗ ਤੋਂ ਬਾਅਦ ਅਮਰੀਕਾ ਨੇ ਇਰਾਕ 'ਤੇ ਆਰਥਿਕ ਪਾਬੰਦੀਆਂ ਲਗਾਈਆਂ। ਇਸ ਨਾਲ ਲੱਖਾਂ ਲੋਕਾਂ ਦੀ ਮੌਤ ਹੋਈ, ਜਿਸ ਦਾ ਬਿਨ ਲਾਦੇਨ ਬਦਲਾ ਲੈਣਾ ਚਾਹੁੰਦਾ ਸੀ। ਅਮਰੀਕਾ 'ਤੇ 11 ਸਤੰਬਰ 2001 ਨੂੰ ਭਿਆਨਕ ਹਮਲਾ ਹੋਇਆ। ਹਮਲੇ ਦਾ ਮੁੱਢ 1996 ਵਿੱਚ ਬੰਨ੍ਹਿਆ ਗਿਆ ਸੀ। ਇਸ ਨੂੰ 9/11 ਦਾ ਹਮਲਾ ਵੀ ਕਿਹਾ ਜਾਂਦਾ ਹੈ। 9/11 ਦੇ ਹਮਲੇ ਨੇ 'ਅੱਤਵਾਦ 'ਤੇ ਵਾਰ' ਮੁਹਿੰਮ ਦੀ ਸ਼ੁਰੂਆਤ ਕੀਤੀ। ਮਗਰੋਂ ਅਮਰੀਕਾ ਨੇ ਅਫਗਾਨਿਸਤਾਨ 'ਤੇ ਹਮਲਾ ਕਰਕੇ ਤਾਲਿਬਾਨ ਨੂੰ ਸੱਤਾ ਤੋਂ ਲਾਹ ਦਿੱਤਾ ਤੇ ਮਈ 2011 ਵਿੱਚ ਪਾਕਿਸਤਾਨ ਦੇ ਐਬਟਾਬਾਦ ਵਿੱਚ ਓਸਾਮਾ ਬਿਨ ਲਾਦੇਨ ਨੂੰ ਮਾਰ ਮੁਕਾਇਆ। ਅਮਰੀਕਾ ਨੇ ਜੋ 1990 ਵਿੱਚ ਕੀਤਾ ਉਸ ਦਾ ਬਦਲਾ 2001 ਵਿੱਚ 9/11 ਦੇ ਹਮਲੇ ਨਾਲ ਲਿਆ ਗਿਆ। ਫਿਰ 2011 ਵਿੱਚ ਅਮਰੀਕਾ ਨੇ ਬਿਨ ਲਾਦੇਨ ਨੂੰ ਮਾਰ ਕੇ 9/11 ਦਾ ਬਦਲਾ ਲਿਆ। 21 ਸਾਲਾਂ ਤੱਕ ਜੰਗ ਦਾ ਸੇਕ ਰਿਹਾ। ਖਾਮਨੇਈ ਦੀ 2026 ਵਿੱਚ ਹੋਈ ਮੌਤ ਦਾ ਰੋਸ ਪਤਾ ਨਹੀਂ ਕਿੰਨੇ ਸਾਲਾਂ ਤੱਕ ਸੁਲਗਦਾ ਰਹੇਗਾ।

ਤੇਲ ਦਾ ਮਸਲਾ ਕੋਈ ਛੋਟਾ ਨਹੀਂ ਹੈ। ਇਸ ਕਾਰਨ 1980 ਦੀ ਇਰਾਕ ਤੇ ਈਰਾਨ ਦੀ ਜੰਗ ਸਣੇ ਪਹਿਲਾਂ ਵੀ ਕਈ ਜੰਗਾਂ ਹੋਈਆਂ। ਭਾਵੇਂ ਟਰੰਪ ਈਰਾਨ 'ਤੇ ਪਰਮਾਣੂ ਹਥਿਆਰ ਘੜਨ ਦਾ ਦੋਸ਼ ਲਾਉਂਦੇ ਹਨ, ਪਰ ਮਸਲਾ ਹੁਣ ਵੀ ਤੇਲ ਦਾ ਹੈ। ਇੱਥੇ ਸਭ ਤੋਂ ਅਹਿਮ ਭੂਗੋਲਿਕ ਬਿੰਦੂ 'ਹੋਰਮੁਜ਼ ਜਲਡਮਰੂ' ਹੈ। ਇਹ ਇੱਕ ਕੌਮਾਂਤਰੀ ਜਲ ਮਾਰਗ ਹੈ, ਜੋ ਇਰਾਨ ਤੇ ਓਮਾਨ ਦੇ ਵਿਚਕਾਰ ਹੈ। ਦੁਨੀਆ ਦਾ ਲਗਪਗ 20-25 ਫੀਸਦੀ ਕੱਚਾ ਤੇਲ ਇਸੇ ਤੰਗ ਰਸਤੇ ਵਿੱਚੋਂ ਲੰਘਦਾ ਹੈ। ਈਰਾਨ ਨੇ ਕਈ ਵਾਰ ਚੇਤਾਵਨੀ ਦਿੱਤੀ ਹੈ ਕਿ ਜੇਕਰ ਅਮਰੀਕਾ ਜਾਂ ਇਜ਼ਰਾਈਲ ਨੇ ਉਸ 'ਤੇ ਸਿੱਧਾ ਹਮਲਾ ਕੀਤਾ, ਤਾਂ ਉਹ ਇਸ ਰਸਤੇ ਨੂੰ ਬੰਦ ਕਰ ਦੇਵੇਗਾ। ਜੇਕਰ ਅਜਿਹਾ ਹੁੰਦਾ ਹੈ, ਤਾਂ ਦੁਨੀਆ ਭਰ ਵਿੱਚ ਤੇਲ ਦੀ ਸਪਲਾਈ ਰੁਕ ਜਾਵੇਗੀ ਅਤੇ ਕੀਮਤਾਂ ਅਸਮਾਨੀ ਚੜ੍ਹ ਜਾਣਗੀਆਂ। ਤੇਲ ਮਹਿੰਗਾ ਹੋਣ ਦਾ ਮਤਲਬ ਹੈ ਟਰਾਂਸਪੋਰਟ ਮਹਿੰਗੀ ਹੋਣਾ, ਜਿਸ ਨਾਲ ਖਾਣ-ਪੀਣ ਦੀਆਂ ਚੀਜ਼ਾਂ ਸਮੇਤ ਹਰ ਚੀਜ਼ ਦੀ ਕੀਮਤ ਵਧੇਗੀ। ਵੈਨੇਜ਼ੁਏਲਾ ਕੋਲ ਵੀ ਵੱਡੇ ਤੇਲ ਭੰਡਾਰ ਹਨ। ਅਮਰੀਕਾ ਚਾਹੁੰਦਾ ਹੈ ਕਿ ਵੈਨੇਜ਼ੁਏਲਾ ਵਿੱਚ ਉਸ ਦੀ ਭਾਈਵਾਲ ਸਰਕਾਰ ਹੋਵੇ, ਜੋ ਤੇਲ ਦੀ ਬਰਾਮਦ 'ਤੇ ਅਮਰੀਕੀ ਹਿੱਤਾਂ ਦਾ ਧਿਆਨ ਰੱਖੇ। ਇਸੇ ਕਾਰਨ ਹਾਲ ਹੀ ਵਿੱਚ ਅਮਰੀਕਾ ਨੇ ਵੈਨੇਜ਼ੁਏਲਾ ਦੇ ਰਾਸ਼ਟਰਪਤੀ ਨਿਕੋਲਸ ਮਾਦੁਰੋ ਤੇ ਉਸ ਦੀ ਪਤਨੀ ਨੂੰ ਅਗਵਾ ਕੀਤਾ ਸੀ। ਮਗਰੋਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਬਿਆਨ ਜਾਰੀ ਕੀਤਾ ਕਿ ਭਾਰਤ ਈਰਾਨ ਦੀ ਥਾਂ ਵੈਨੇਜ਼ੁਏਲਾ ਤੋਂ ਤੇਲ ਖਰੀਦੇਗਾ। 6 ਮਾਰਚ 2026 ਨੂੰ ਸੰਯੁਕਤ ਰਾਜ ਦੇ ਖਜ਼ਾਨਾ ਸਕੱਤਰ ਸਕਾਟ ਬੇਸੈਂਟ ਨੇ ਟਵੀਟ ਕਰਕੇ ਭਾਰਤੀ ਰਿਫਾਇਨਰਾਂ ਨੂੰ ਰੂਸ ਤੋਂ ਤੇਲ ਖਰੀਦਣ ਲਈ 30 ਦਿਨ ਦੀ ਛੋਟ ਦਿੱਤੀ। ਉਨ੍ਹਾਂ ਉਮੀਦ ਜਤਾਈ ਕਿ ਭਾਰਤ ਅਮਰੀਕਾ ਤੋਂ ਤੇਲ ਦੀ ਖਰੀਦ ਵਧਾਏਗਾ। ਅਮਰੀਕਾ ਦਾ ਇਹ ਬਿਆਨ ਭਾਰਤ ਲਈ ਫ਼ੁਰਮਾਨ ਵਰਗਾ ਹੈ। ਵਿਰੋਧੀਆਂ ਦਾ ਕਹਿਣਾ ਹੈ ਕਿ ਭਾਰਤ ਦੇਸ਼ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਹੀਂ, ਟਰੰਪ ਚਲਾ ਰਹੇ ਹਨ। ਦਰਅਸਲ ਸਾਰਾ ਖੇਡ ਤੇਲ ਭੰਡਾਰਾਂ ਦਾ ਹੈ। ਅਮਰੀਕਾ ਦੀ ਪਿਛਲੇ ਲੰਮੇ ਅਰਸੇ ਤੋਂ ਇਹ ਨੀਤੀ ਰਹੀ ਹੈ ਕਿ ਉਹ ਮੱਧ ਪੂਰਬ ਦੇ ਤੇਲ ਭੰਡਾਰਾਂ 'ਤੇ ਕਬਜ਼ਾ ਕਰ ਲਵੇ।

ਭਾਰਤ-ਪਾਕਿਸਤਾਨ ਸਣੇ 8 ਜੰਗਾਂ ਨੂੰ ਰੋਕਣ ਦਾ ਦਾਅਵਾ ਕਰਨ ਵਾਲੇ ਅਤੇ ਦੁਨੀਆ ਦਾ ਸਭ ਤੋਂ ਵੱਕਾਰੀ ਸਨਮਾਨ ਨੋਬਲ ਪੁਰਸਕਾਰ ਦੀ ਮੰਗ ਕਰਨ ਵਾਲੇ ਟਰੰਪ ਖੁਦ ਹੀ ਕਈ ਜੰਗਾਂ ਛੇੜ ਬੈਠੇ ਹਨ। ਜੰਗ ਵਿੱਚ ਜੇਕਰ ਇਜ਼ਰਾਈਲ ਤੇ ਅਮਰੀਕਾ ਮਿਲ ਕੇ ਈਰਾਨ ਦੀਆਂ ਤੇਲ ਰਿਫਾਇਨਰੀਆਂ ਨੂੰ ਤਬਾਹ ਕਰਦੇ ਹਨ ਤਾਂ ਈਰਾਨ ਦਾ ਲੱਕ ਟੁੱਟ ਜਾਵੇਗਾ। ਬਦਲੇ ਵਿੱਚ ਈਰਾਨ ਖਾੜੀ ਦੇ ਹੋਰ ਦੇਸ਼ਾਂ (ਜੋ ਅਮਰੀਕਾ ਦੇ ਸਾਥੀ ਹਨ) ਦੇ ਤੇਲ ਪਲਾਂਟਾਂ ਨੂੰ ਨਿਸ਼ਾਨਾ ਬਣਾ ਸਕਦਾ ਹੈ। ਤੇਲ ਇਸ ਜੰਗ ਦੀ 'ਲਾਈਫਲਾਈਨ' ਵੀ ਹੈ ਅਤੇ 'ਟਾਰਗੇਟ' ਵੀ। ਈਰਾਨ ਤੇਲ ਦੀ ਵਰਤੋਂ ਦੁਨੀਆ ਨੂੰ ਦਬਾਉਣ ਲਈ ਕਰ ਰਿਹਾ ਹੈ, ਜਦਕਿ ਅਮਰੀਕਾ ਅਤੇ ਇਜ਼ਰਾਈਲ ਇਸ ਦੀ ਵਰਤੋਂ ਈਰਾਨ ਨੂੰ ਕਮਜ਼ੋਰ ਕਰਨ ਲਈ ਕਰ ਰਹੇ ਹਨ। ਇਹ ਗੱਲ ਬਹੁਤਾ ਹੈਰਾਨ ਨਹੀਂ ਕਰਦੀ ਕਿ ਵਿਸ਼ਵਵਿਆਪੀ ਜੰਗਾਂ ਤੇਲ ਪਿੱਛੇ ਹੋ ਰਹੀਆਂ ਹਨ। ਸਿਆਸੀ, ਸਮਾਜਿਕ ਤੇ ਧਾਰਮਿਕ ਮਤਭੇਦਾਂ ਪਿੱਛੇ ਹੋਣ ਵਾਲੀਆਂ ਲੜਾਈਆਂ ਜ਼ਰੂਰ ਹੈਰਾਨ ਕਰਦੀਆਂ ਹਨ। ਤੇਲ ਨਾਲ ਲੱਗੀ ਅੱਗ ਛੇਤੀ ਬੁਝ ਸਕਦੀ ਹੈ, ਪਰ ਤੇਲ ਪਿੱਛੇ ਲੱਗ ਰਹੀ ਅੱਗ ਜਲਦ ਬੁਝਣ ਵਾਲੀ ਨਹੀਂ। ਹਰ ਜੰਗ ਬਰਬਾਦੀ ਦੀ ਇਬਾਰਤ ਲਿਖਦੀ ਆਈ ਹੈ। ਅਜੋਕੇ ਸਮੇਂ ਦੀ ਜੰਗ ਨਾ ਰੁਕੀ ਤਾਂ ਇਸ ਜੰਗ ਦੀ ਕੁੱਖੋਂ ਵੀ ਸਿਰਫ਼ ਜ਼ਖ਼ਮ ਹੀ ਪੈਦਾ ਹੋਣਗੇ। ਜੰਗ ਇਹ ਤੈਅ ਨਹੀਂ ਕਰਦੀ ਕਿ ਕੌਣ ਸਹੀ ਹੈ, ਜੰਗ ਇਹ ਤੈਅ ਜ਼ਰੂਰ ਕਰ ਦਿੰਦੀ ਹੈ ਕਿ ਕੌਣ ਬਚਿਆ ਹੈ। ਇਸੇ ਕਾਰਨ ਲਿਖਿਆ ਗਿਆ ਹੈ: 'ਰਮਜ਼ਾਂ ਰਲ਼ੀਆਂ ਚੰਗੀਆਂ ਨੇ, ਜੰਗਾਂ ਟਲ਼ੀਆਂ ਚੰਗੀਆਂ ਨੇ ।'

# ਸੰਪਰਕ : 99148-11835

# ਆਓ, ਜ਼ਿੰਦਗੀ ਨੂੰ ਖ਼ੁਸ਼ੀ ਨਾਲ ਜਿਉਣ ਦੀ ਕਲਾ ਸਿੱਖੀਏ

ਜ਼.ਫ਼ਰ ਇਕਬਾਲ ਜ਼.ਫ਼ਰ

ਮੈਨੂੰ ਦੌਲਤ ਕਮਾਉਣ ਦੀ ਇੱਛਾ ਨਹੀਂ ਹੈ, ਪਰ ਮੈਨੂੰ ਜ਼ਿੰਦਗੀ ਦਾ ਆਨੰਦ ਲੈਣ ਦੀ ਇੱਛਾ ਜ਼ਰੂਰ ਹੈ। ਜੇਕਰ ਤੁਸੀਂ ਜਿਊਣ ਦੀ ਕਲਾ ਤੋਂ ਜਾਣੂ ਨਹੀਂ ਹੋ, ਤਾਂ ਤੁਸੀਂ ਜ਼ਿੰਦਗੀ ਨਹੀਂ ਜੀ ਰਹੇ ਹੋ, ਸਗੋਂ ਜ਼ਿੰਦਗੀ ਤੁਹਾਨੂੰ ਜੀ ਰਹੀ ਹੈ। ਹਾਲਾਤ ਦੇ ਸਾਹਮਣੇ ਬੇਵੱਸ ਹੋਣ ਦੀ ਬਜਾਏ, ਇਸਨੂੰ ਆਪਣੀ ਪਕੜ ਵਿੱਚ ਰੱਖਣ ਦੀ ਕਲਾ ਨੂੰ ਅਪਣਾਓ। ਇੱਕ ਉਦਾਹਰਣ ਬਣ ਕੇ ਇਤਿਹਾਸ ਬਣਾਓ, ਇੱਕ ਸਬਕ ਨਹੀਂ। ਸਿਰਫ਼ ਸਿਹਤਮੰਦ ਨਸਾਂ ਦਾ ਯੁੱਗ ਹੀ ਤੁਹਾਡੀ ਵਿੱਤੀ ਤਰੱਕੀ ਨੂੰ ਹਕੀਕਤ ਬਣਾਉਂਦਾ ਹੈ।

ਇਹ ਦੁਨੀਆ ਇੱਕ ਸਫਲ ਵਿਅਕਤੀ ਵਿੱਚ ਵਿਸ਼ਵਾਸ ਕਰਦੀ ਹੈ, ਜਿਸ ਵਿੱਚ ਦੌਲਤ ਅਤੇ ਵਪਾਰਕ ਨਿਵੇਸ਼ ਇੱਕੋ-ਇੱਕ ਸਾਧਨ ਹੈ। ਜੇਕਰ ਸਹੀ ਦਿਸ਼ਾ ਵਿੱਚ ਕੀਤਾ ਜਾਵੇ ਤਾਂ ਪੀੜ੍ਹੀਆਂ ਦੇ ਨਾਲ-ਨਾਲ ਸਮਾਜ ਦੇ ਮਜ਼ਦੂਰ ਵਰਗ ਨੂੰ ਪੋਸ਼ਣ ਦਿੰਦਾ ਹੈ। ਵਿਕਸਤ ਦੇਸ਼ ਆਪਣੇ ਲੋਕਾਂ ਨੂੰ ਆਰਥਿਕ ਵਿਕਾਸ ਲਈ ਸਰੋਤ ਪ੍ਰਦਾਨ ਕਰਦੇ ਹਨ ਅਤੇ ਸਿਖਲਾਈ ਲਈ ਅਜਿਹੇ ਪਲੇਟਫਾਰਮ ਪ੍ਰਦਾਨ ਕਰਦੇ ਹਨ, ਜੋ ਝਿਜਕ ਅਤੇ ਅਵਿਸ਼ਵਾਸ ਦੀ ਬਜਾਏ ਲੋਕਾਂ ਵਿੱਚ ਹਿੰਮਤ ਅਤੇ ਆਤਮ-ਵਿਸ਼ਵਾਸ ਪੈਦਾ ਕਰਦੇ ਹਨ।

ਲੋਕਾਂ ਨੂੰ ਬੌਧਿਕ ਗੁਲਾਮ ਬਣਾਉਣ ਦੀ ਬਜਾਏ ਕੁਦਰਤ ਦੁਆਰਾ ਉਨ੍ਹਾਂ ਦੇ ਅੰਦਰ ਰੱਖੇ ਗਏ ਲੀਡਰਸ਼ਿਪ ਗੁਣਾਂ ਨੂੰ ਬਾਹਰ ਲਿਆਂਦਾ ਜਾਣਾ ਚਾਹੀਦਾ ਹੈ ਅਤੇ ਵਿਕਸਤ ਕੀਤਾ ਜਾਣਾ ਚਾਹੀਦਾ ਹੈ, ਉਨ੍ਹਾਂ ਨੂੰ ਬੋਲਣ ਦੀ ਕਲਾ ਨਾਲ ਜਾਣੂ ਕਰਵਾਇਆ ਜਾਣਾ ਚਾਹੀਦਾ ਹੈ ਅਤੇ ਜੋ ਲੋਕ ਆਪਣੇ ਦਿਮਾਗ ਅਤੇ ਭਾਸ਼ਾ ਨੂੰ ਸਹੀ ਢੰਗ ਨਾਲ ਵਰਤਦੇ ਹਨ, ਉਨ੍ਹਾਂ ਨੂੰ ਦੱਸਿਆ ਜਾਣਾ ਚਾਹੀਦਾ ਹੈ ਕਿ ਲੀਡਰਸ਼ਿਪ ਉਨ੍ਹਾਂ ਲੋਕਾਂ ਦੇ ਪੈਰ ਚੁੰਮਦੀ ਹੈ, ਜੋ ਆਪਣੇ ਉਪਯੋਗੀ ਵਿਚਾਰਾਂ ਨੂੰ ਨਿਡਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਗਟ ਕਰਨਾ ਜਾਣਦੇ ਹਨ।

ਜੇ ਕੱਲ੍ਹ ਅਤੇ ਕੱਲ੍ਹ ਦਾ ਸਾਂਝਾ ਬੋਝ ਚੁੱਕਿਆ ਜਾਵੇ, ਤਾਂ ਅੱਜ ਸਭ ਤੋਂ ਤਾਕਤਵਰ ਵਿਅਕਤੀ ਵੀ ਬਰਬਾਦ ਹੋ ਜਾਵੇਗਾ। ਆਪਣੇ ਅਤੀਤ ਵਾਂਗ, ਤੁਹਾਡਾ ਆਪਣੇ ਭਵਿੱਖ 'ਤੇ ਕੋਈ ਕੰਟਰੋਲ ਨਹੀਂ ਹੈ। ਅੱਜ ਜੋ ਤੁਹਾਡੇ ਕੋਲ ਹੈ, ਉਸ ਦਾ ਪੂਰਾ ਫਾਇਦਾ ਉਠਾਉਣ ਦੀ ਕੋਸ਼ਿਸ਼ ਕਰੋ। ਜੀਵਨ ਦਾ ਉਦੇਸ਼ ਦੂਰ-ਦੁਰਾਡੇ ਦ੍ਰਿਸ਼ਾਂ ਵਿੱਚ ਦੇਖਣਾ ਨਹੀਂ, ਸਗੋਂ ਜੋ ਤੁਹਾਡੇ ਸਾਹਮਣੇ ਹੈ ਉਸ ਨੂੰ ਪੂਰਾ ਕਰਨਾ ਹੈ। ਇਕੱਲਤਾ ਅਤੇ ਵਾਂਝੇਪਣ ਦੇ ਕੈਦੀ ਨੂੰ ਇਮਾਨਦਾਰ ਸਹਾਇਤਾ ਅਤੇ ਸਾਧਨ ਪ੍ਰਦਾਨ ਕਰੋ। ਵਾਧੂ ਅਤੇ ਨੁਕਸਾਨ ਤੋਂ ਪ੍ਰਭਾਵਤ ਵਿਅਕਤੀ ਨੂੰ ਇਸ ਗੱਲੋਂ ਬੇਪਰਵਾਹ ਬਣਾਓ ਕਿ ਜ਼ਿੰਦਗੀ ਕਿਸੇ ਨੂੰ ਕੁਝ ਨਹੀਂ ਦਿੰਦੀ। ਆਪਣੀਆਂ ਕੋਸ਼ਿਸ਼ਾਂ ਅਤੇ ਮਿਹਨਤਾਂ ਆਪਣੀ ਜ਼ਿੰਦਗੀ ਵਿੱਚ ਰੰਗ ਭਰਦੀਆਂ ਹਨ। ਮਨੁੱਖੀ ਸੁਭਾਅ ਨੂੰ ਬਦਲੋ, ਜੋ ਜ਼ਿੰਦਗੀ ਦੇ ਅਨੰਦ ਨੂੰ ਮੁਲਤਵੀ ਕਰ ਦਿੰਦਾ ਹੈ। ਮਨ ਨੂੰ ਮਰੇ ਹੋਏ ਸਿਰੇ ਵਾਂਗ ਆਪਣੇ ਮੋਢੇ 'ਤੇ ਬਿਠਾਉਣ ਵਾਲੇ ਵਿਚਾਰਾਂ ਨੂੰ ਆਪਣੇ ਇਕੱਲੇ ਮੋਢੇ 'ਤੇ ਚੁੱਕੋ ਅਤੇ ਇਸ ਨੂੰ ਚਾਰ ਕਬਰਾਂ ਜਿੰਨੇ ਡੂੰਘੇ ਟੋਏ ਵਿੱਚ ਦੱਬ ਦਿਓ।

ਕਈ ਵਾਰ ਮੁਸੀਬਤ ਵਿੱਚ ਘਿਰੇ ਵਿਅਕਤੀ ਦੀ ਉਦਾਸੀਨਤਾ ਇੱਕ ਇਲਾਜ ਹੋ ਸਕਦੀ ਹੈ। ਮਨੁੱਖੀ ਪ੍ਰੇਰਨਾ ਵਿੱਚ ਬਹੁਤ ਸ਼ਕਤੀ ਹੁੰਦੀ ਹੈ, ਪਰ ਕਈ ਵਾਰ ਜ਼ਾਲਮ ਹਾਲਾਤ ਵੀ ਵਿਅਕਤੀ ਨੂੰ ਜੀਵਨ ਦੇ ਰਾਹ ਪਾ ਸਕਦੇ ਹਨ। ਇੱਕ ਵਿਅਕਤੀ ਨੂੰ ਵਿੱਤੀ ਨੁਕਸਾਨ ਦੁਆਰਾ ਗਰੀਬੀ ਦੇ ਮੌਤ ਦੇ ਬਿਸਤਰੇ 'ਤੇ ਪਾ ਦਿੱਤਾ ਗਿਆ ਸੀ। ਸਰੀਰ ਤੋਂ ਸਿਹਤ ਦਾ ਵਿਛੋੜਾ ਦਿਨੋ-ਦਿਨ ਤੇਜ਼ ਹੋ ਰਿਹਾ ਸੀ। ਡਾਕਟਰ ਨੇ ਆਪਣੇ ਆਪ ਨੂੰ ਮਾਫ਼ ਕਰ ਦਿੱਤਾ ਅਤੇ ਸੰਕੇਤ ਦਿੱਤਾ ਕਿ ਜ਼ਿੰਦਗੀ ਕੁਝ ਦਿਨਾਂ ਲਈ ਮਹਿਮਾਨ ਹੋਵੇਗੀ। ਹੁਣ ਮੌਤ ਦੀ ਉਡੀਕ ਕਰ ਰਿਹਾ ਇਹ ਵਿਅਕਤੀ ਸੋਚਦਾ ਹੈ ਕਿ ਸੰਘਰਸ਼ ਜਾਂ ਚਿੰਤਾ ਵਿੱਚ ਰਹਿਣ ਦਾ ਕੋਈ ਫਾਇਦਾ ਨਹੀਂ। ਉਸ ਨੇ ਚਿੰਤਾ ਕਰਨ ਤੋਂ ਪਰਹੇਜ਼ ਕੀਤਾ, ਆਪਣੇ ਸਰੀਰ ਨੂੰ ਆਰਾਮ ਦਿੱਤਾ ਅਤੇ ਸੌਂ ਗਿਆ। ਉਸ ਦੀ ਆਤਮਾ ਥੱਕ ਗਈ, ਥਕਾਵਟ ਘਟਣ ਲੱਗੀ, ਭੁੱਖ ਵਾਪਸ ਆ ਗਈ ਅਤੇ ਤਾਕਤ ਵਧਣ ਲੱਗੀ। ਕੁਝ ਹਫ਼ਤਿਆਂ ਬਾਅਦ ਉਸ ਨੇ ਬੈਸਾਖੀਆਂ ਦੀ ਮਦਦ ਨਾਲ ਤੁਰਨਾ ਸ਼ੁਰੂ ਕਰ ਦਿੱਤਾ ਅਤੇ ਕੁਝ ਮਹੀਨਿਆਂ ਵਿੱਚ ਉਸ ਦੀ ਸਰੀਰਕ ਤਾਕਤ ਨੇ ਸਖ਼ਤ ਮਿਹਨਤ ਦੇ ਹਥਿਆਰਾਂ ਨਾਲ ਸਰੋਤਾਂ ਦੇ ਪਹਾੜ ਤੋੜ ਕੇ ਆਪਣੀ ਪੁਰਾਣੀ ਸ਼ਾਨ ਨੂੰ ਬਹਾਲ ਕਰ ਦਿੱਤਾ। ਜੇਕਰ ਤੁਸੀਂ ਚਿੰਤਾਵਾਂ ਵਿੱਚ ਰੁੱਝੇ ਰਹਿੰਦੇ ਹੋ, ਤਾਂ ਤੁਸੀਂ ਕਦੇ ਵੀ ਅਸਫਲਤਾ ਨੂੰ ਉਲਟਾ ਨਹੀਂ ਸਕਦੇ। ਚਮਤਕਾਰ ਕਿਸੇ ਪਰੇਸ਼ਾਨ ਵਿਅਕਤੀ ਲਈ ਉੱਪਰੋਂ ਨਹੀਂ ਹੁੰਦੇ, ਪਰ ਚਮਤਕਾਰ ਅੰਦਰੋਂ ਫੁੱਟਦੇ ਹਨ। ਇਹ ਸੱਚ ਹੈ ਕਿ ਚਿੰਤਾ ਦੇ ਸਮੇਂ ਅਸੀਂ ਆਪਣੇ ਮਨਾਂ ਨੂੰ ਕੇਂਦਰਤ ਨਹੀਂ ਰੱਖ ਸਕਦੇ। ਸਾਡਾ ਮਨ ਇੱਥੇ ਅਤੇ ਉੱਥੇ ਠੋਕਰ ਖਾਂਦਾ ਹੈ। ਅਸੀਂ ਇੱਕ ਬਿਹਤਰ ਫੈਸਲੇ ਤੇ ਪਹੁੰਚਣ ਦੀ ਸ਼ਕਤੀ ਗੁਆ ਦਿੰਦੇ ਹਾਂ। ਹਾਲਾਂਕਿ ਪਹਿਲਾਂ ਤੋਂ ਕੀਤੀ ਗਈ ਮਾਨਸਿਕ ਤਿਆਰੀ ਨਾ ਸਿਰਫ਼ ਮਨ ਨੂੰ ਤਬਾਹ ਕਰਨ ਵਾਲੇ ਹਾਦਸਿਆਂ ਦੇ ਪ੍ਰਭਾਵਾਂ ਨੂੰ ਘਟਾਉਂਦੀ ਹੈ, ਸਗੋਂ ਤੁਹਾਡਾ ਧਿਆਨ ਮਾਮਲੇ 'ਤੇ ਵੀ ਕੇਂਦ੍ਰਿਤ ਕਰਦੀ ਹੈ ਅਤੇ ਇਸ ਨੂੰ ਹੱਲ ਵੱਲ ਲੈ ਜਾਂਦੀ ਹੈ। ਜਿਹੜੇ ਲੋਕ ਮਾੜੀਆਂ ਸਥਿਤੀਆਂ ਲਈ ਮਾਨਸਿਕ ਤੌਰ 'ਤੇ ਤਿਆਰ ਨਹੀਂ ਹਨ ਅਤੇ ਜਿਨ੍ਹਾਂ ਨੂੰ ਆਪਣੇ ਆਪ ਵਿੱਚ ਵਿਸ਼ਵਾਸ ਨਹੀਂ ਹੈ, ਉਹ ਨੁਕਸਾਨ ਦੇ ਨਤੀਜੇ ਦੇਖਦੇ ਹਨ ਅਤੇ ਆਪਣੀਆਂ ਕੀਮਤੀ ਜਾਨਾਂ ਚਿੰਤਾਵਾਂ ਅਤੇ ਉਲਝਣਾਂ ਲਈ ਕੁਰਬਾਨ ਕਰ ਦਿੰਦੇ ਹਨ। ਤੁਹਾਨੂੰ ਨਾ ਸਿਰਫ਼ ਤਬਾਹੀ ਦੀ ਦਲਦਲ ਤੋਂ ਬਚਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ, ਸਗੋਂ ਆਪਣੀ ਕਿਸਮਤ ਨੂੰ ਦੁਬਾਰਾ ਬਣਾਉਣ ਦੀ ਕਲਾ ਵੀ ਸਿੱਖਣੀ ਚਾਹੀਦੀ ਹੈ। ਸਾਡੇ ਹਸਪਤਾਲਾਂ ਵਿੱਚ ਜ਼ਿਆਦਾਤਰ ਬਿਸਤਰੇ ਘਬਰਾਹਟ ਵਾਲੇ ਮਰੀਜ਼ਾਂ ਨਾਲ ਭਰੇ ਹੋਏ ਹਨ, ਜਦੋਂ ਕਿ ਜਿਨ੍ਹਾਂ ਆਪਣੀਆਂ ਜਾਨਾਂ ਗੁਆ ਦਿੱਤੀਆਂ ਹਨ। ਪੋਸਟ-ਮਾਰਟਮ ਵਿੱਚ ਇੱਕ ਸ਼ਕਤੀਸ਼ਾਲੀ ਮਾਈਕ੍ਰੋਸਕੋਪ ਨਾਲ ਇੱਕ ਨਿਊਰੋਲੋਜੀਕਲ ਜਾਂਚ ਕੀਤੀ ਜਾਂਦੀ ਹੈ ਅਤੇ ਬਹੁਗਿਣਤੀ ਦੀਆਂ ਨਾੜੀਆਂ ਤੰਦਰੁਸਤ ਅਤੇ ਤੰਦਰੁਸਤ ਹੁੰਦੀਆਂ ਹਨ, ਜਿਵੇਂ ਕਿ ਇੱਕ ਪਹਿਲਵਾਨ ਦੀਆਂ।

ਉਨ੍ਹਾਂ ਦੀਆਂ ਨਿਊਰੋਲੋਜੀਕਲ ਬਿਮਾਰੀਆਂ ਉਨ੍ਹਾਂ ਦੇ ਸਰੀਰਕ ਅੰਗਾਂ ਦੀ ਅਸਫਲਤਾ ਕਾਰਨ ਨਹੀਂ ਹੁੰਦੀਆਂ, ਸਗੋਂ ਨਿਰਾਸ਼ਾ, ਅਸਫਲਤਾ, ਹਾਰ, ਚਿੰਤਾ, ਸੋਗ, ਦੁੱਖ, ਡਰ ਅਤੇ ਡਰ ਦੀਆਂ ਭਾਵਨਾਵਾਂ ਕਾਰਨ ਹੁੰਦੀਆਂ ਹਨ। ਪਲੈਟੋ ਕਹਿੰਦਾ ਹੈ ਕਿ ਡਾਕਟਰਾਂ ਦੀ ਸਭ ਤੋਂ ਵੱਡੀ ਗਲਤੀ ਇਹ ਹੈ ਕਿ ਉਹ ਮਨ ਵੱਲ ਧਿਆਨ ਦਿੱਤੇ ਬਿਨਾਂ ਸਰੀਰ ਦਾ ਇਲਾਜ ਕਰਦੇ ਹਨ, ਪਰ ਸਰੀਰ ਅਤੇ ਮਨ ਨੂੰ ਇੱਕ-ਦੂਜੇ ਤੋਂ ਵੱਖ ਨਹੀਂ ਕੀਤਾ ਜਾ ਸਕਦਾ, ਨਾ ਹੀ ਉਨ੍ਹਾਂ ਦਾ ਵੱਖਰਾ ਇਲਾਜ ਕੀਤਾ ਜਾ ਸਕਦਾ ਹੈ। ਅਧਿਆਤਮਿਕ ਸਿਹਤ ਲਈ ਕੁਦਰਤ ਵਿੱਚ ਪੂਰਾ ਵਿਸ਼ਵਾਸ ਰੱਖੋ, ਪੂਜਾ ਨੂੰ ਇੱਕ ਨਿਯਮਤ ਅਭਿਆਸ ਬਣਾਓ ਅਤੇ ਸਰੀਰਕ ਸਿਹਤ ਲਈ ਡੂੰਘੀ, ਆਰਾਮਦਾਇਕ ਨੀਂਦ ਲਓ। ਚੰਗੇ ਸੰਗੀਤ ਦਾ ਆਨੰਦ ਮਾਣੋ, ਜ਼ਿੰਦਗੀ ਦੇ ਹਾਸੇ-ਮਜ਼ਾਕ ਵਾਲੇ ਪਾਸੇ 'ਤੇ ਨਜ਼ਰ ਰੱਖੋ।

# ਕੁਦਰਤ, ਪਾਣੀ ਤੇ ਅਜੋਕਾ ਮਨੁੱਖ

ਰਜਵਿੰਦਰ ਪਾਲ ਸ਼ਰਮਾ

ਧਰਤੀ ਨੌਂ ਗ੍ਰਹਿਆਂ ਵਿੱਚੋਂ ਇੱਕੋ-ਇੱਕ ਅਜਿਹਾ ਗ੍ਰਹਿ ਹੈ, ਜਿੱਥੇ ਜੀਵਨ ਦੀ ਹੋਂਦ ਸੰਭਵ ਹੈ, ਹਾਲਾਂਕਿ ਵਿਗਿਆਨੀ ਆਪਣੇ ਵੱਲੋਂ ਪੂਰੀ ਵਾਹ ਲਾ ਰਹੇ ਹਨ ਕਿ ਚੰਨ੍ਹ ਅਤੇ ਮੰਗਲ ਗ੍ਰਹਿ 'ਤੇ ਵੀ ਜੀਵਨ ਦੀ ਹੋਂਦ ਲੱਭੀ ਜਾਵੇ ਪਰੰਤੂ ਇਹ ਏਨਾ ਸੌਖਾ ਨਹੀਂ, ਜਿੰਨਾ ਜਾਪਦਾ ਹੈ ਕਿਉਂਕਿ ਕੁਦਰਤ ਨੇ ਧਰਤੀ ਨੂੰ ਹੀ ਇਸ ਕਾਬਿਲ ਬਣਾਇਆ ਹੈ ਕਿ ਉਹ ਆਪਣੇ ਬੱਚਿਆਂ ਦੀਆਂ ਤਮਾਮ ਲੋੜਾਂ ਪੂਰੀਆਂ ਕਰ ਸਕੇ, ਇਹੀ ਕਾਰਨ ਹੈ ਕਿ ਧਰਤੀ ਨੂੰ ਮਾਂ ਦਾ ਦਰਜਾ ਦਿੱਤਾ ਗਿਆ। ਮਨੁੱਖ ਦੀਆਂ ਧਰਤੀ 'ਤੇ ਬੁਨਿਆਦੀ ਲੋੜਾਂ ਸਾਹ ਲੈਣ ਤੋਂ ਬਾਅਦ ਰੋਟੀ, ਕੱਪੜਾ ਅਤੇ ਮਕਾਨ ਹਨ।ਸਭ ਤੋਂ ਜ਼ਰੂਰੀ ਅਤੇ ਮਹੱਤਵਪੂਰਨ ਲੋੜ ਰੋਟੀ ਅਤੇ ਉਸ ਤੋਂ ਪਹਿਲਾਂ ਪਾਣੀ ਹੈ। ਸਾਹ ਲੈਣ ਤੋਂ ਬਾਅਦ ਮਨੁੱਖ ਜ਼ਿਆਦਾ ਸਮੇਂ ਤੱਕ ਪਾਣੀ ਬਿਨਾਂ ਜਿਉਂਦਾ ਨਹੀਂ ਰਹਿ ਸਕਦਾ।ਪਾਣੀ ਕੁਦਰਤ ਦੀ ਅਨਮੋਲ ਦਾਤ ਹੈ, ਜੋ ਧਰਤੀ ਦੇ ਹਰ ਬਾਸ਼ਿੰਦੇ ਨੂੰ ਮੁਫ਼ਤ ਪ੍ਰਦਾਨ ਕੀਤੀ ਗਈ ਹੈ, ਪਰੰਤੂ ਤਕਨਾਲੋਜੀ ਅਤੇ ਵਿਗਿਆਨ ਦੀਆਂ ਕਾਢਾਂ ਦੇ ਨਾਲ-ਨਾਲ ਮਨੁੱਖ ਦੇ ਅੰਨ੍ਹੇ ਲਾਲਚ ਨੇ ਪਾਣੀ ਵੀ ਬੋਤਲਾਂ ਵਿੱਚ ਬੰਦ ਕਰਕੇ ਸ਼ੋਅ ਰੂਮ ਦੇ ਸ਼ੀਸ਼ਿਆਂ ਵਿੱਚ ਚਿਣ ਕੇ ਰਖਵਾ ਦਿੱਤਾ।

ਪਾਣੀ ਦਾ ਵਿਗਿਆਨਕ ਅਧਿਐਨ ਕਰਨ 'ਤੇ ਪਤਾ ਲਗਦਾ ਹੈ ਕਿ ਪਾਣੀ ਹਾਈਡ੍ਰੋਜਨ ਅਤੇ ਆਕਸੀਜਨ ਨਾਮਕ ਗੈਸਾਂ ਤੋਂ ਮਿਲ ਕੇ ਬਣਿਆ ਹੈ, ਜਿਸ ਦਾ ਰਸਾਇਣਕ ਸੰਕੇਤ (82®) ਹੈ, ਭਾਵ ਪਾਣੀ ਹਾਈਡ੍ਰੋਜਨ ਦੇ ਦੋ ਅਤੇ ਆਕਸੀਜਨ ਦੇ ਇੱਕ ਅਣੂ ਤੋਂ ਮਿਲ ਕੇ ਬਣਿਆ ਹੈ।ਪਾਣੀ ਧਰਤੀ ਤੇ ਜੀਵਨ ਦੀ ਹੋਂਦ ਦੀ ਸ਼ੁਰੂਆਤੀ ਕਹਾਣੀ ਨੂੰ ਬਿਆਨ ਕਰਦਾ ਹੈ। ਇਤਿਹਾਸ ਗਵਾਹ ਹੈ ਕਿ ਜਿੰਨੀਆਂ ਵੀ ਸੱਭਿਅਤਾਵਾਂ ਵਿਕਸਿਤ ਹੋਈਆਂ, ਉਹ ਦਰਿਆਵਾਂ ਦੇ ਕੰਢੇ ਵਿਕਸਿਤ ਹੋਈਆਂ, ਕਿਉਂਕਿ ਦਰਿਆਵਾਂ ਅਤੇ ਪਾਣੀ ਦੀ ਹੋਂਦ ਨੇ ਮਨੁੱਖ ਦੀ ਜ਼ਿੰਦਗੀ ਨੂੰ ਇਸ ਕਦਰ ਪ੍ਰਭਾਵਿਤ ਕੀਤਾ ਕਿ ਕੁੱਝ ਖਿੱਤਿਆਂ ਦੇ ਨਾਂਅ ਵੀ ਪਾਣੀ ਦੇ ਨਾਂਅ 'ਤੇ ਆ ਜੁੜੇ ਜਿਵੇਂ ਪੰਜਾਬ ਦਾ ਪੁਰਾਣਾ ਨਾਂਅ ਸਪਤ ਸਿੰਧੂ ਭਾਵ ਸੱਤ ਦਰਿਆਵਾਂ ਦੀ ਧਰਤੀ ਅਤੇ ਮੌਜੂਦਾ ਪੰਜਾਬ ਭਾਵ ਪੰਜ ਦਰਿਆਵਾਂ ਦੀ ਧਰਤੀ, ਇਹ ਗੱਲ ਵੱਖਰੀ ਹੈ ਕਿ ਰਾਜਨੀਤੀ ਅਤੇ ਭੂ ਵੰਡ ਨੇ ਪੰਜ ਦਰਿਆਵਾਂ ਦੀ ਧਰਤੀ ਨੂੰ ਢਾਈ ਦਰਿਆਵਾਂ ਤੱਕ ਸਮੇਟ ਕੇ ਰੱਖ ਦਿੱਤਾ।

ਜੀਵ-ਜੰਤੂਆਂ ਅਤੇ ਪੰਛੀਆਂ ਤੋਂ ਲੈ ਕੇ ਧਰਤੀ ਦੀ ਹਰ ਸ਼ੈਅ ਨੂੰ ਪਾਣੀ ਨੇ ਪ੍ਰਭਾਵਿਤ ਕੀਤਾ, ਜ਼ਿਆਦਾ ਪਾਣੀ ਹੋਇਆ ਤਾਂ ਹੜ੍ਹ ਨੇ ਕਹਿਰ ਢਾਇਆ ਅਤੇ ਜਦੋਂ ਮੀਂਹ ਨਾ ਪਏ ਤਾਂ ਸੋਕਾ ਹੰਢਾਇਆ। ਕਾਇਨਾਤ ਦੇ ਚੱਕਰ ਵਿੱਚ ਨਿੱਤ ਦਿਨ ਆ ਰਹੇ ਬਦਲਾਅ ਨੇ ਮੌਸਮ ਨੂੰ ਪ੍ਰਭਾਵਿਤ ਕੀਤਾ, ਹੁਣ ਮੌਸਮ ਦਾ ਕੋਈ ਭਰੋਸਾ ਨਹੀਂ, ਸਾਰਾ ਸਿਸਟਮ ਹੀ ਹਿੱਲ ਗਿਆ, ਕਦੋਂ ਮੀਂਹ ਆ ਜਾਵੇ, ਕਦੋਂ ਧੁੱਪ ਨਿਕਲੇ, ਕਦੋਂ ਗਰਮੀ ਪਵੇ, ਕਦੋਂ ਧੁੰਦ ਪੈਣ ਲੱਗ ਜਾਵੇ ਸਭ ਡਾਵਾਂਡੋਲ ਅਤੇ ਰੱਬ ਭਰੋਸੇ।ਭਰੋਸਾ ਤਾਂ ਉਸ ਰੱਬ 'ਤੇ ਹੈ ਪਰੰਤੂ ਮਨੁੱਖ ਨੇ ਆਪਣੀਆਂ ਕ੍ਰਿਆਵਾਂ ਨਾਲ ਕੁਦਰਤ ਨੂੰ ਵੰਗਾਰਿਆ।ਜੰਗਲ ਕੱਟ ਕੇ ਮਹਿਲ ਉਸਾਰੇ, ਪੰਜ ਤਾਰਾ ਹੋਟਲ ਬਣਾ ਕੇ ਸਹੂਲਤਾਂ ਦੇਣ ਦੇ ਚੱਕਰ ਵਿੱਚ ਕੁਦਰਤ ਦੇ ਵਿਨਾਸ਼ ਦਾ ਆਰੰਭ ਕੀਤਾ।ਹੁਣ ਜਦੋਂ ਮੀਂਹ ਜ਼ਿਆਦਾ ਪੈਣ ਕਰਕੇ ਆਏ ਸਾਲ ਹੜ੍ਹ ਆਉਂਦੇ ਹਨ ਤਾਂ ਅਸੀਂ ਰੱਬ ਨੂੰ ਕੋਸਦੇ ਹਾਂ, ਹੁਣ ਵਿਚਾਰਾ ਰੱਬ ਕੀ ਕਰੇ। ਦਰਿਆਵਾਂ ਦੇ ਰਾਹਾਂ ਵਿੱਚ ਤਾਂ ਅਸੀਂ ਉਸਾਰੀਆਂ ਕੀਤੀਆਂ, ਆਪਣੇ ਫਾਇਦਿਆਂ ਲਈ ਪਾਣੀਆਂ ਦੇ ਰਾਹ ਬਦਲੇ, ਵਿਸ਼ਾਲ ਦਰਿਆਵਾਂ ਨੂੰ ਡੰਗ ਟਪਾਊ ਨਹਿਰਾਂ ਵਿੱਚ ਵਹਿਣ ਲਈ ਮਜ਼ਬੂਰ ਕੀਤਾ, ਹੁਣ ਅਸੀਂ ਆਪ ਸਿਆਣੇ ਹਾਂ। ਦਰਿਆ ਦਾ ਪਾਣੀ ਨਹਿਰ ਵਿੱਚ ਛੱਡਾਂਗੇ ਤਾਂ ਹੜ੍ਹ ਤਾਂ ਫ਼ਿਰ ਆਉਣਗੇ।ਕੁਦਰਤ ਨਾਲ ਕੀਤੀ ਛੇੜਛਾੜ ਦੇ ਨਤੀਜੇ ਤਾਂ ਭੁਗਤਣੇ ਪੈਣਗੇ, ਅੱਜ ਨਹੀਂ ਤਾਂ ਕੱਲ੍ਹ। ਜੋ ਬੀਜਿਆ, ਹੁਣ ਉਸ ਨੂੰ ਵੱਢਣ ਦਾ ਵੇਲਾ ਆ ਗਿਆ ਹੈ।ਇਸ ਲਈ ਸਮਝਦਾਰੀ ਤੋਂ ਕੰਮ ਲਈਏ, ਕੁਦਰਤ ਵੱਲ ਪਰਤੀਏ ਅਤੇ ਉਸ ਦੀ ਸੁਰੱਖਿਆ ਨੂੰ ਤਰਜੀਹ ਦੇਈਏ।

ਹਰ ਸਾਲ 1993 ਤੋਂ ਸੰਯੁਕਤ ਰਾਸ਼ਟਰ ਦੁਆਰਾ ਪਾਣੀ ਸੰਬੰਧੀ ਜਾਗਰੂਕਤਾ ਵਧਾਉਣ, ਇਸ ਦੀ ਸਾਂਭ ਸੰਭਾਲ ਕਰਨ ਅਤੇ ਦੁਰਵਰਤੋਂ ਘਟਾਉਂਦੇ ਹੋਏ ਲੋੜਵੰਦਾਂ ਤੱਕ ਪਹੁੰਚਾਉਣ ਲਈ 22 ਮਾਰਚ ਨੂੰ ਵਿਸ਼ਵ ਜਲ ਦਿਵਸ ਮਨਾਇਆ ਜਾਂਦਾ ਹੈ। ਮਨੁੱਖ ਨੇ ਏਨੀ ਤਰੱਕੀ ਕਰ ਲਈ ਕਿ ਹੁਣ ਪਾਣੀ ਦਾ ਵੀ ਦਿਨ ਮਨਾਉਣਾ ਪੈ ਰਿਹਾ ਹੈ।ਲੋੜ ਇਸ ਦੀ ਤਾਂ ਪਈ, ਕਿਉਂਕਿ ਪੂਰੀ ਦੁਨੀਆ ਵਿੱਚ ਕਰੋੜਾਂ ਲੋਕ ਅੱਜ ਵੀ ਮੌਜੂਦ ਹਨ, ਜੋ ਸਾਫ਼-ਸੁਥਰੇ ਪੀਣ ਵਾਲੇ ਪਾਣੀ ਤੋਂ ਵਾਂਝੇ ਹਨ। ਇਹਨਾਂ ਬਾਸ਼ਿੰਦਿਆਂ ਤੱਕ ਪਾਣੀ ਦੀ ਬੂੰਦ ਪਹੁੰਚਾਉਣਾ ਹੀ ਵਿਸ਼ਵ ਜਲ ਦਿਵਸ ਨੂੰ ਮਨਾਉਣ ਦਾ ਮਨੋਰਥ ਹੈ।ਇਹ ਮਨੋਰਥ ਤਾਂ ਹੀ ਸਫ਼ਲ ਹੋ ਸਕਦਾ ਹੈ ਜਦੋਂ ਅਸੀਂ ਪਾਣੀ ਦੀ ਦੁਰਵਰਤੋਂ ਨੂੰ ਰੋਕ ਕੇ ਸਮਝਦਾਰੀ ਨਾਲ ਇਸ ਦੀ ਵਰਤੋਂ ਕਰਦੇ ਹੋਏ ਪਾਣੀ ਦੇ ਵਾਂਝਿਆਂ ਤੱਕ ਵੀ ਪਾਣੀ ਦੀ ਬੂੰਦ ਪਹੁੰਚਾਵਾਂਗੇ।ਹੁਣ ਸਮਾਂ ਅਜਿਹਾ ਆ ਰਿਹਾ ਹੈ ਜੇਕਰ ਪਾਣੀ ਦੀ ਬੂੰਦ-ਬੂੰਦ ਨਾ ਵਰਤਾਂਗੇ ਤਾਂ ਫ਼ਿਰ ਬੂੰਦ-ਬੂੰਦ ਲਈ ਤਰਸਾਂਗੇ।ਕਿਹੋ ਜਿਹਾ ਸਮਾਂ ਦੇਖਣਾ ਚਾਹੁੰਦੇ ਹਾਂ, ਇਸ ਦਾ ਫ਼ੈਸਲਾ ਸਾਡੇ ਹੀ ਹੱਥਾਂ ਵਿੱਚ ਹੈ।

# ਸੰਪਰਕ : 70873-67969

# ਨਵਉਦਾਰਵਾਦੀ ਨੀਤੀਆਂ ਨਾਲ ਆਰਥਕ ਨਾਬਰਾਬਰੀ ਵਧੀ


ਨਰਿੰਦਰ ਸਿੰਘ

ਵਿਸ਼ਵ ਭਰ ਵਿੱਚ ਦੇਰ ਤੋਂ ਚੱਲ ਰਹੀਆਂ ਨਵਉਦਾਰਵਾਦੀ ਨੀਤੀਆਂ ਨੇ ਆਰਥਿਕ ਨਾਬਰਾਬਰੀ ਵਧਾਉਣ ਵਿੱਚ ਵਿਸ਼ੇਸ਼ ਹਿੱਸਾ ਪਾਇਆ ਹੈ। ਇਨ੍ਹਾਂ ਨਵਉਦਾਰਵਾਦੀ ਨੀਤੀਆਂ ਨੇ ਇਕ ਅਜਿਹਾ ਸਮਾਜ ਖੜ੍ਹਾ ਕੀਤਾ ਹੈ, ਜਿਸ ਵਿੱਚ ਹਰ ਅਮੀਰ ਅਤੇ ਗਰੀਬ ਦਰਮਿਆਨ ਦੀ ਖਾਈ ਬਹੁਤ ਡੂੰਘੀ ਅਤੇ ਚੌੜੀ ਹੋ ਗਈ ਹੈ। ਦੁਨੀਆ ਭਰ ਵਿੱਚ ਕੌਮੀ ਆਮਦਨ ਵਿੱਚ ਔਸਤ 94 ਫ਼ੀਸਦੀ ਵਾਧੇ ਦੇ ਬਾਵਜੂਦ ਵਿਸ਼ਵ ਦੀ ਅੱਧੀ ਆਬਾਦੀ ਆਮਦਨ ਦੀ ਨਾਬਰਾਬਰੀ ਨਾਲ ਜੂਝ ਰਹੀ ਹੈ।ਵਿਸ਼ਵ ਨਾਬਰਾਬਰੀ ਰਿਪੋਰਟ 2026 ਮੁਤਾਬਕ ਦੁਨੀਆ ਦੀ ਸਭ ਤੋਂ ਅਮੀਰ 10 ਫੀਸਦੀ ਆਬਾਦੀ ਓਨੀ ਕਮਾਈ ਕਰਦੀ ਹੈ, ਜਿੰਨੀ ਬਾਕੀ 90 ਫ਼ੀਸਦੀ ਆਬਾਦੀ ਦੀ ਕੁਲ ਆਮਦਨ ਮਿਲਾ ਕੇ ਵੀ ਨਹੀਂ ਹੁੰਦੀ। ਵਿਸ਼ਵ ਪੱਧਰ 'ਤੇ ਉਪਰਲਾ 10 ਪ੍ਰਤੀਸ਼ਤ ਅਮੀਰ ਤਬਕਾ ਸਮੁੱਚੀ ਦੌਲਤ ਦੇ ਕੋਈ ਤਿੰਨ ਤਿਹਾਈ ਹਿੱਸੇ ਦੀ ਮਾਲਕੀ ਰੱਖਦਾ ਹੈ, ਜਦਕਿ ਆਬਾਦੀ ਦੇ 50 ਪ੍ਰਤੀਸ਼ਤ ਹਿੱਸੇ ਨੂੰ ਸਿਰਫ਼ 2 ਪ੍ਰਤੀਸ਼ਤ ਦੌਲਤ ਹੀ ਮਿਲਦੀ ਹੈ।

ਰਿਪੋਰਟ ਅਨੁਸਾਰ ਵਿਸ਼ਵ ਦੀ ਇਕ ਤਿਹਾਈ ਆਬਾਦੀ ਅਜਿਹੇ ਇਲਾਕਿਆਂ ਵਿੱਚ ਰਹਿੰਦੀ ਹੈ, ਜਿੱਥੇ ਨਾਬਰਾਬਰੀ ਘਟੀ ਹੈ, ਜਦਕਿ ਇਕ ਚੌਥਾਈ ਆਬਾਦੀ ਉਨ੍ਹਾਂ ਇਲਾਕਿਆਂ ਵਿੱਚ ਵਸਦੀ ਹੈ, ਜਿੱਥੇ 1990 ਤੋਂ ਪਿੱਛੋਂ ਆਮਦਨ ਤੇ ਨਾਬਰਾਬਾਰੀ ਵਿੱਚ ਫ਼ਰਕ ਤੇਜ਼ੀ ਨਾਲ ਵਧੇ ਹਨ। ਆਰਥਿਕ ਨਾਬਰਾਬਰੀ ਕਰਕੇ ਵਿਸ਼ਵ ਪੂੰਜੀਵਾਦੀ ਵਿਵਸਥਾ ਸੰਕਟ ਦਾ ਸ਼ਿਕਾਰ ਹੈ। ਅਰਥਿਕ ਨਾਬਰਾਬਰੀ ਸਮਾਜਿਕ ਤੌਰ 'ਤੇ ਹੀ ਨਹੀਂ, ਸਗੋਂ ਵਾਤਾਵਰਨ ਦੀ ਤਬਦੀਲੀ ਪੱਖੋਂ ਵੀ ਮਾੜੇ ਨਤੀਜੇ ਕੱਢ ਰਹੀ ਹੈ। ਅਧਿਐਨ ਵਿੱਚ 151 ਮੁਲਕਾਂ ਦੀ ਤਿੰਨ ਦਹਾਕਿਆਂ ਦੀ ਨਾਬਰਾਬਰੀ ਸੰਬੰਧੀ ਜਾਣਕਾਰੀ ਦਾ ਮੁਲਾਂਕਣ ਕੀਤਾ ਗਿਆ ਹੈ। ਕਈ ਮੁਲਕਾਂ ਵਿੱਚ ਜਿਥੇ ਕੌਮੀ ਪੱਧਰ 'ਤੇ ਬਦਲਾਅ ਮਾਮੂਲੀ ਨਜ਼ਰ ਆਉਂਦੇ ਹਨ, ਉਥੇ ਸਥਾਨਕ ਪੱਧਰ 'ਤੇ ਨਾਬਰਾਬਰੀ ਵਿੱਚ ਵੱਡਾ ਫ਼ਰਕ ਉਜਾਗਰ ਹੋਇਆ ਹੈ। ਫਿਨਲੈਂਡ ਦੀ ਆਲਟੋ ਯੂਨੀਵਰਸਿਟੀ ਦੀ ਖੋਜ ਟੀਮ ਵੱਲੋਂ ਕੀਤਾ ਗਿਆ ਅਧਿਐਨ ਨੇਚਰ ਸਸਟੇਨਬਿਲਟੀ ਜਨਰਲ ਵਿੱਚ ਪ੍ਰਕਾਸ਼ਤ ਹੋਇਆ ਹੈ। ਰਿਪੋਰਟ ਮੁਤਾਬਕ ਵਿਸ਼ਵ ਨਾਬਰਾਬਰੀ ਨਾ ਸਿਰਫ ਮੌਜੂਦ ਹੈ, ਸਗੋਂ ਵਧ ਰਹੀ ਹੈ। ਅੱਧੀ ਆਬਾਦੀ ਕੋਲ ਸਿਰਫ 2 ਫ਼ੀਸਦੀ ਸੰਪਤੀ ਹੈ ਤੇ ਉਹ 8 ਫ਼ੀਸਦੀ ਕਮਾਉਂਦੇ ਹਨ।

ਰਿਪੋਰਟ ਮੁਤਾਬਕ ਦੁਨੀਆ ਦੀ ਗਰੀਬ 50 ਫ਼ੀਸਦੀ ਆਬਾਦੀ ਨਿੱਜੀ ਸੰਪਤੀ ਨਾਲ ਜੁੜੀ ਕਾਰਬਨ ਪੈਦਾ ਕਰਨ ਵਿੱਚ ਸਿਰਫ 3 ਫ਼ੀਸਦੀ ਹਿੱਸਾ ਪਾਉਂਦੀ ਹੈ, ਜਦਕਿ 10 ਫੀਸਦੀ ਅਮੀਰ ਲੋਕ 77 ਫ਼ੀਸਦੀ ਕਾਰਬਨ ਪੈਦਾ ਕਰਨ ਲਈ ਜ਼ਿੰਮੇਵਾਰ ਹਨ।ਰਿਪੋਰਟ ਮੁਤਾਬਕ ਭਾਰਤ ਨਾਬਰਾਬਰੀ ਦਾ ਵਧੇਰੇ ਸ਼ਿਕਾਰ ਹੈ।ਭਾਰਤ ਦੁਨੀਆ ਦੇ ਸਭ ਤੋਂ ਵੱਧ ਨਾਬਰਾਬਰੀ ਵਾਲੇ ਦੇਸ਼ਾਂ ਵਿੱਚੋਂ ਇੱਕ ਹੈ। ਭਾਰਤ ਵਿੱਚ ਸਿਖਰਲੇ 10 ਫੀਸਦੀ ਲੋਕ ਕੁੱਲ ਕੌਮੀ ਆਮਦਨ ਦਾ 58 ਫ਼ੀਸਦੀ ਕਮਾਉਂਦੇ ਹਨ, ਜਦਕਿ ਹੇਠਲੇ 50 ਫ਼ੀਸਦੀ ਸਿਰਫ 15 ਫ਼ੀਸਦੀ ਕਮਾਈ ਕਰਦੇ ਹਨ। ਸੰਪਤੀ ਵਿਚ ਨਾਬਰਾਬਰੀ ਹੋਰ ਵੀ ਵੱਧ ਹੈ। ਸਭ ਤੋਂ ਅਮੀਰ 10 ਫ਼ੀਸਦੀ ਲੋਕਾਂ ਕੋਲ ਕੁੱਲ ਸੰਪਤੀ ਦਾ 65 ਫ਼ੀਸਦੀ ਤੇ ਸਿਖਰਲੇ ਇਕ ਫ਼ੀਸਦੀ ਅਮੀਰਾਂ ਕੋਲ ਲਗਭਗ 40 ਫ਼ੀਸਦੀ ਹੈ।

ਦੇਸ਼ ਦੀ ਮੌਜੂਦਾ ਸਰਕਾਰ ਦੀਆਂ ਨੀਤੀਆਂ ਕਾਰਪੋਰੇਟ ਖੇਤਰ ਦੀ ਮਦਦ ਕਰਨ ਵਾਲੀਆਂ ਹਨ, ਇਸ ਕਰਕੇ ਭਾਰਤ ਵਿੱਚ ਆਰਥਿਕ ਨਾਬਰਾਬਰੀ ਦੀ ਦਸ਼ਾ ਹੋਰ ਵੀ ਮਾੜੀ ਹੋ ਰਹੀ ਹੈ। ਭਾਰਤ ਵਿੱਚ ਜੀਅ ਪ੍ਰਤੀ ਆਮਦਨ ਬਹੁਤ ਘੱਟ ਹੈ ਅਤੇ ਇਸ ਦੀ ਆਬਾਦੀ ਦੂਜੀਆਂ ਸਮੱਸਿਆਵਾਂ ਨਾਲ ਵੀ ਜੂਝ ਰਹੀ ਹੈ, ਜੋ ਸਿੱਧੇ ਤੌਰ 'ਤੇ ਗੁਰਬਤ ਨਾਲ ਜੁੜੀਆਂ ਹੋਈਆਂ ਹਨ।ਹਾਲਾਂਕਿ ਸਰਕਾਰ ਵੱਲੋਂ 25 ਕਰੋੜ ਲੋਕਾਂ ਨੂੰ ਗਰੀਬੀ ਤੋਂ ਬਾਹਰ ਕੱਢਣ ਦੇ ਦਾਅਵੇ ਕੀਤੇ ਜਾ ਰਹੇ ਹਨ। ਮਹਿੰਗਾਈ ਨੇ ਲੋਕਾਂ ਦਾ ਕਚੂੰਮਰ ਕੱਢ ਦਿੱਤਾ ਹੈ। ਪ੍ਰਚੂਨ ਤੇ ਥੋਕ ਮਹਿੰਗਾਈ ਦੀਆਂ ਦਰਾਂ ਲਗਾਤਾਰ ਵਧ ਰਹੀਆਂ ਹਨ। ਦੇਸ਼ ਦੇ ਬਹੁਗਿਣਤੀ ਲੋਕ ਗਰੀਬ ਹਨ, ਜੋ ਮਹਿੰਗਾਈ ਦੀ ਸਭ ਤੋਂ ਵੱਧ ਮਾਰ ਝੱਲ ਰਹੇ ਹਨ।

ਪਿਛਲੇ ਸਾਲਾਂ ਦੌਰਾਨ ਪੈਟਰੋਲੀਅਮ ਪਦਾਰਥਾ, ਖਾਣ ਵਾਲੇ ਤੇਲਾਂ, ਖਾਧ ਪਦਾਰਥਾਂ ਤੇ ਹੋਰ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਵਿੱਚ ਬੇਹਿਸਾਬ ਵਾਧਾ ਹੋਇਆ ਹੈ। ਦਰਅਸਲ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਮੁਨਾਫ਼ਾ ਦੁਆਉਣ ਵਾਲੀਆਂ ਨੀਤੀਆਂ 'ਤੇ ਚੱਲ ਰਹੀ ਹੈ। ਇਸੇ ਕਰਕੇ ਭਾਰਤ ਵਿੱਚ ਲਗਾਤਾਰ ਅਰਬਪਤੀਆਂ ਦੀ ਗਿਣਤੀ ਵਧ ਰਹੀ ਹੈ।ਚਾਹੀਦਾ ਤਾਂ ਇਹ ਹੈ ਕਿ ਸਰਕਾਰ ਲੋਕ ਪੱਖੀ ਨੀਤੀਆਂ ਵਿਚ ਤਬਦੀਲੀ ਕਰਕੇ ਆਮ ਲੋਕਾਂ ਨੂੰ ਰੁਜ਼ਗਾਰ ਮੁਹੱਈਆਂ ਕਰਵਾਏ, ਜਿਸ ਨਾਲ ਲੋਕਾਂ ਦੀ ਆਮਦਨ ਵਧੇ ਤੇ ਆਮ ਲੋਕ ਮਹਿੰਗਾਈ ਤੋਂ ਰਾਹਤ ਮਹਿਸੂਸ ਕਰਨ। ਅਜਿਹਾ ਨਾ ਹੋਣ ਕਾਰਨ ਦੇਸ਼ ਦੀ ਆਬਾਦੀ ਦਾ ਇੱਕ ਵੱਡਾ ਹਿੱਸਾ ਘੋਰ ਗਰੀਬੀ ਵੱਲ ਧੱਕਿਆ ਗਿਆ ਤੇ ਭੁੱਖਮਰੀ ਦੀ ਕਗਾਰ 'ਤੇ ਪਹੁੰਚ ਗਿਆ। ਗਲੋਬਲ ਹੰਗਰ ਰਿਪੋਰਟ ਮੁਤਾਬਕ ਅੱਜ ਅਸੀਂ 125 ਦੇਸ਼ਾਂ ਵਿੱਚੋਂ ਭੁੱਖਮਰੀ ਦੇ 111 ਵੇਂ ਸਥਾਨ 'ਤੇ ਹਾਂ। ਦੇਸ਼ ਦੇ ਕਰੋੜ ਲੋਕ ਭੁੱਖਮਰੀ ਦਾ ਸ਼ਿਕਾਰ ਹਨ। ਹਾਲਾਂਕਿ ਦੇਸ਼ ਦੀ ਕੁੱਲ ਜ਼ਮੀਨ ਦੇ 60 ਫ਼ੀਸਦੀ ਹਿੱਸੇ 'ਤੇ ਖੇਤੀ ਕੀਤੀ ਜਾਂਦੀ ਹੈ। ਭਾਰਤ ਸਰਕਾਰ ਨੇ ਗੈਰ ਸੰਗਠਿਤ ਆਧਾਰ ਆਧਾਰਿਤ ਮਜ਼ਦੂਰਾਂ ਦੀ ' ਈ ਸ਼ਮ ਪੋਰਟਲ' ਰਾਹੀਂ ਵੱਖ-ਵੱਖ ਰਾਜਾਂ ਦਾ ਡਾਟਾ ਇਕੱਠਾ ਕਰਕੇ ਮਜ਼ਦੂਰਾਂ ਨੂੰ ਵੱਖ-ਵੱਖ ਵਿਭਾਗਾਂ ਵੱਲੋਂ ਚਲਾਈਆਂ ਜਾਂਦੀਆਂ ਭਲਾਈ ਸਕੀਮਾਂ ਨਾਲ ਜੋੜਨ ਦਾ ਦਾਅਵਾ ਕੀਤਾ ਹੈ, ਤਾਂ ਜੋ ਸਰਕਾਰੀ ਯੋਜਨਾਵਾਂ ਦਾ ਲਾਭ ਸਿੱਧੇ ਤੌਰ 'ਤੇ ਉਨ੍ਹਾਂ ਤੱਕ ਪਹੁੰਚ ਸਕੇ। ਰਿਪੋਰਟ ਅਨੁਸਾਰ 16 ਜੁਲਾਈ 2025 ਤੱਕ 30.94 ਕਰੋੜ ਗੈਰ ਸੰਗਠਿਤ ਮਜ਼ਦੂਰ ਹੀ ਰਜਿਸਟਰ ਹੋਏ ਹਨ, ਜਿਨ੍ਹਾਂ ਵਿੱਚ ਪੰਜਾਬ ਦੇ 58.50 ਲੱਖ, ਉੱਤਰ ਪ੍ਰਦੇਸ਼ 8.39 ਕਰੋੜ ਤੇ ਬਿਹਾਰ ਵਿੱਚੋਂ 2.99 ਕਰੋੜ ਰਜਿਸਟਰ ਹੋਏ ਹਨ ਅਤੇ ਇਨ੍ਹਾਂ ਵਿੱਚ ਪਰਵਾਸੀ ਮਜ਼ਦੂਰ ਵੀ ਸ਼ਾਮਲ ਹਨ। ਜ਼ਿਆਦਾਤਰ ਮਜ਼ਦੂਰਾਂ ਨੂੰ ਇਸ ਸਿਸਟਮ ਦੀ ਜਾਣਕਾਰੀ ਨਹੀਂ। ਜੋ ਰਜਿਸਟਰ ਵੀ ਹੋਏ ਹਨ, ਉਨ੍ਹਾਂ ਨੂੰ ਯੋਜਨਾਵਾਂ ਦੇ ਲਾਭ ਲੈਣ ਵਿਚ ਮੁਸ਼ਕਲਾਂ ਆ ਰਹੀਆਂ ਹਨ। ਜ਼ਮੀਨੀ ਹਕੀਕਤ ਇਹ ਹੈ ਕਿ ਮਜ਼ਦੂਰ ਦੀ ਜ਼ਿੰਦਗੀ ਅਜੇ ਵੀ ਮੁਸ਼ਕਲਾਂ ਨਾਲ ਘਿਰੀ ਹੋਈ ਹੈ। ਦੇਸ਼ ਅੰਦਰ ਮਜ਼ਦੂਰਾਂ ਦੀ ਵਿੱਤੀ ਹਾਲਤ ਮਾੜੀ ਹੋਣ ਕਾਰਨ ਹਰ ਸਾਲ ਹਜ਼ਾਰਾਂ ਮਜ਼ਦੂਰ ਖ਼ੁਦਕੁਸ਼ੀਆਂ ਕਰ ਰਹੇ ਹਨ। ਹਾਲਾਂਕਿ ਸਰਕਾਰ ਨੇ ਲੋਕਾਂ ਦੇ ਆਰਥਿਕ ਤੇ ਸਮਾਜਿਕ ਕਲਿਆਣ ਲਈ ਬਹੁਤ ਸਾਰੀਆਂ ਯੋਜਨਾਵਾਂ, ਜਿਵੇਂ ਪ੍ਰਧਾਨ ਮੰਤਰੀ ਜਨ ਧਨ ਯੋਜਨਾ, ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾਵਾਂ, ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ, ਪ੍ਰਧਾਨ ਮੰਤਰੀ ਫ਼ਸਲ ਬੀਮਾ ਯੋਜਨਾ, ਮੇਕ ਇਨ ਇੰਡੀਆ, ਹਰ ਸਾਲ ਦੋ ਕਰੋੜ ਲੋਕਾਂ ਨੂੰ ਰੁਜ਼ਗਾਰ ਦੇਣ ਦੀ ਯੋਜਨਾ, ਗਰੀਬ ਲੋਕਾਂ ਨੂੰ ਘਰ ਬਣਾ ਕੇ ਦੇਣ, ਰਸੋਈ ਗੈਸ, ਪਬਲਿਕ ਗੁਸਲਖਾਨੇ ਬਣਾਉਣ ਦੀਆਂ ਯੋਜਨਾਵਾਂ ਸ਼ੁਰੂ ਕੀਤੀਆਂ ਹੋਈਆਂ ਹਨ। ਇਨ੍ਹਾਂ ਸਕੀਮਾਂ ਵਿੱਚੋਂ ਬਹੁਤੀਆਂ ਅੱਧ ਵਿਚਾਲੇ ਦਮ ਤੋੜ ਗਈਆਂ ਹਨ। ਇਨ੍ਹਾਂ ਯੋਜਨਾਵਾਂ ਦਾ ਫ਼ਾਇਦਾ ਲੋੜਵੰਦਾਂ ਦੀ ਬਜਾਏ ਕਾਰਪੋਰੇਟ ਘਰਾਣਿਆ ਨੂੰ ਹੋਇਆ ਹੈ। ਹਾਲਾਂਕਿ ਆਰਥਿਕ ਨੀਤੀਆਂ ਦਾ ਲਾਭ ਹਰੇਕ ਨੂੰ ਬਰਾਬਰ ਮਿਲਣਾ ਚਾਹੀਦਾ ਹੈ।ਅਮੀਰਾਂ 'ਤੇ ਕਰ ਦਾ ਬੋਝ ਘੱਟ ਹੈ, ਜਦਕਿ ਗਰੀਬਾਂ 'ਤੇ ਵੱਧ ਹੈ। ਇਸੇ ਕਾਰਨ ਸਰਕਾਰਾਂ ਕੋਲ ਸਿੱਖਿਆ, ਸਿਹਤ ਤੇ ਜਲਵਾਯੂ ਸੁਧਾਰ ਲਈ ਲੋੜੀਂਦੇ ਸਾਧਨ ਨਹੀਂ ਬਚਦੇ। ਜੇ ਦੁਨੀਆਂ ਦੇ ਇਕ ਲੱਖ ਤੋਂ ਘੱਟ ਅਰਬਪਤੀਆਂ ਅਤੇ ਬੇਹੱਦ ਅਮੀਰਾਂ ਤੇ 3 ਫ਼ੀਸਦੀ ਸੰਪਤੀ ਕਰ ਲਾ ਦਿੱਤਾ ਜਾਵੇ ਤਾਂ ਹਰ ਸਾਲ 750 ਅਰਬ ਡਾਲਰ ਜੁਟਾਏ ਜਾ ਸਕਦੇ ਹਨ , ਜੋ ਦਰਮਿਆਨੀ ਆਮਦਨ ਵਾਲੇ ਦੇਸ਼ਾਂ ਦੇ ਕੁੱਲ ਸਿੱਖਿਆ ਬਜਟ ਦੇ ਬਰਾਬਰ ਹੋਵੇਗਾ। ਆਰਥਿਕ ਨਾਬਰਾਬਰੀ ਬਾਰੇ ਇਸ ਰਿਪੋਰਟ ਨੇ ਸੁਚੇਤ ਕੀਤਾ ਹੈ ਕਿ ਬਰਾਬਰੀ ਲਿਆਉਣ ਨਾਲ ਹੀ ਅਸੀਂ ਆਪਣੇ ਭਵਿੱਖ ਨੂੰ ਸੁਰੱਖਿਅਤ ਰੱਖ ਸਕਾਂਗੇ।

# ਸੰਪਰਕ : 98146-62260

# ਭਾਰਤੀ ਏਅਰਟੈੱਲ ਫਾਊਂਡੇਸ਼ਨ ਨੇ ਸਰਕਾਰੀ ਸਕੂਲਾਂ ਨੂੰ ਦਿੱਤੇ 18 ਕੰਪਿਊਟਰ ਤੇ 3 ਟੈਲੀਸਕੋਪ

## ਵਿਗਿਆਨ ਵਿਸ਼ੇ ਨੂੰ ਰੌਚਕ ਬਣਾਉਣ ਲਈ ਅਜਿਹੇ ਉਪਰਾਲੇ ਬੇਹੱਦ ਲਾਹੇਵੰਦ : ਡਾ. ਸਤਿੰਦਰ ਸਿੰਘ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਵਿੱਚ ਇਨੋਵੇਸ਼ਨ, ਟੈਕਨਾਲੋਜੀ ਤੇ ਵਿਗਿਆਨ ਪ੍ਰਤੀ ਰੁਚੀ ਵਧਾਉਣ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਦੇ ਤਹਿਤ ਭਾਰਤੀ ਏਅਰਟੈੱਲ ਫਾਊਂਡੇਸ਼ਨ ਵੱਲੋਂ ਕੁਆਲਿਟੀ ਸਪੋਰਟ ਪ੍ਰੋਗਰਾਮ ਅਧੀਨ 18 ਸਰਕਾਰੀ ਸਕੂਲਾਂ ਨੂੰ ਮਹੱਤਵਪੂਰਨ ਸਹਿਯੋਗ ਪ੍ਰਦਾਨ ਕੀਤਾ ਜਾ ਰਿਹਾ ਹੈ। ਇਹ ਉਪਰਾਲਾ ਜ਼ਿਲ੍ਹਾ ਸਿੱਖਿਆ ਅਫ਼ਸਰ ਮੁਨੀਲਾ ਅਰੋੜਾ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਦੀ ਅਗਵਾਈ ਹੇਠ ਅੱਗੇ ਵਧਾਇਆ ਜਾ ਰਿਹਾ ਹੈ। ਸਾਦੇ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਡਾ. ਸਤਿੰਦਰ ਸਿੰਘ ਦੀ ਅਗਵਾਈ ਹੇਠ ਭਾਰਤੀ ਏਅਰਟੈੱਲ ਫਾਊਂਡੇਸ਼ਨ ਵੱਲੋਂ ਐਸਟਰੋਨੋਮੀ ਕਲੱਬ ਦੇ ਤਹਿਤ ਵਿਦਿਆਰਥੀਆਂ ਵਿੱਚ ਪੁਲਾੜ ਵਿਗਿਆਨ ਪ੍ਰਤੀ ਦਿਲਚਸਪੀ ਵਧਾਉਣ ਲਈ 3 ਸਰਕਾਰੀ ਸਕੂਲਾਂ ਨੂੰ ਟੈਲੀਸਕੋਪ ਮੁਹੱਈਆ ਕਰਵਾਏ ਗਏ। ਇਸ ਤੋਂ ਇਲਾਵਾ ਆਈ ਟੀ ਇਨੋਵੇਸ਼ਨ ਕਲੱਬ ਦੇ ਤਹਿਤ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ ਤੇ ਨਵੀਆਂ ਖੋਜਾਂ ਨੂੰ ਉਤਸ਼ਾਹਤ ਕਰਨ ਲਈ ਕੁਆਲਿਟੀ ਸਪੋਰਟ ਪ੍ਰੋਗਰਾਮ ਅਧੀਨ 18 ਸਕੂਲਾਂ ਨੂੰ ਕੰਪਿਊਟਰ ਵੀ ਦਿੱਤੇ ਗਏ। ਇਸ ਮੌਕੇ ਫਾਊਂਡੇਸ਼ਨ ਵੱਲੋਂ ਦੀਪਕ ਕੁਮਾਰ ਤੇ ਇਸ਼ਵਨੀਤ ਸਿੰਘ ਵੀ ਹਾਜ਼ਰ ਰਹੇ। ਇਸ ਮੌਕੇ ਡਾ. ਸਤਿੰਦਰ ਸਿੰਘ ਨੇ ਭਾਰਤੀ ਏਅਰਟੈੱਲ ਫਾਊਂਡੇਸ਼ਨ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ ਤੇ ਫਾਊਂਡੇਸ਼ਨ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਉਪਕਰਨ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਪ੍ਰਯੋਗਾਤਮਕ ਸਿੱਖਿਆ ਨਾਲ ਜੋੜਨ ਵਿਚ ਮੱਦਦਗਾਰ ਸਾਬਿਤ ਹੋਣਗੇ। ਉਨ੍ਹਾਂ ਪਿਛਲੇ ਤਿਮਾਹੀ ਦੌਰਾਨ ਕੁਆਲਿਟੀ ਸਪੋਰਟ ਪ੍ਰੋਗਰਾਮ ਅਧੀਨ ਆਉਂਦੇ ਸਕੂਲਾਂ ਵੱਲੋਂ ਰਾਸ਼ਟਰੀ ਪੱਧਰ 'ਤੇ ਹੋਏ ਵੱਖ-ਵੱਖ ਮੁਕਾਬਲਿਆਂ ਵਿੱਚ ਭਾਗ ਲੈਣ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਸਾਰਥਕ ਉਪਰਾਲੇ ਨਾ ਸਿਰਫ਼ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਤੇ ਵਿਗਿਆਨ ਨਾਲ ਜੋੜਦੇ ਹਨ, ਸਗੋਂ ਪੂਰੇ ਜ਼ਿਲ੍ਹੇ ਦੇ ਹੋਰ ਸਕੂਲਾਂ ਲਈ ਵੀ ਪ੍ਰੇਰਣਾ ਤੇ ਮਾਰਗਦਰਸ਼ਨ ਦਾ ਸਰੋਤ ਬਣਦੇ ਹਨ। ਉਨ੍ਹਾਂ ਵਪਾਰਕ ਤੇ ਸਮਾਜਿਕ ਸੰਸਥਾਵਾਂ ਨੂੰ ਸਮਾਜਿਕ ਜ਼ਿੰਮੇਵਾਰੀ ਸਮਝਦਿਆਂ ਸਰਕਾਰੀ ਸਕੂਲਾਂ ਦੇ ਵਿਕਾਸ ਲਈ ਅੱਗੇ ਆਉਣ ਦੀ ਅਪੀਲ ਕੀਤੀ। ਇਸ ਮੌਕੇ ਪਵਨ ਮਦਾਨ ਐੱਮਆਈਐੱਸ ਕੋਆਰਡੀਨੇਟਰ, ਦਿਨੇਸ਼ ਕੁਮਾਰ ਡੀਆਰਸੀ, ਸੁਖਚੈਨ ਸਿੰਘ ਸਟੈਨੋ ਤੇ ਸਬੰਧਤ ਸਕੂਲਾਂ ਦੇ ਮੁਖੀ ਤੇ ਅਧਿਆਪਕ ਹਾਜ਼ਰ ਸਨ।

# ਕਿਸਾਨ-ਮਜ਼ਦੂਰ ਮੋਰਚਾ ਪੰਜਾਬ ਵੱਲੋਂ ਲੌਢੂਵਾਲ ਟੋਲ ਪਲਾਜ਼ੇ 'ਤੇ ਮੁਜ਼ਾਹਰਾ



**ਲੁਧਿਆਣਾ (ਸਤੀਸ਼ ਸਚਦੇਵਾ)**

ਕਿਸਾਨ-ਮਜ਼ਦੂਰ ਮੋਰਚਾ ਪੰਜਾਬ (ਭਾਰਤ) ਦੇ ਸੂਬਾਈ ਸੱਦੇ 'ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ਵਿਰੁੱਧ ਲੌਢੂਵਾਲ ਟੋਲ ਪਲਾਜ਼ਾ 'ਤੇ ਪੁਤਲਾ ਫੂਕਿਆ ਤੇ ਰੋਸ ਮੁਜ਼ਾਹਰਾ ਕੀਤਾ।ਕਿਸਾਨ ਮਜ਼ਦੂਰ ਮੋਰਚਾ ਪੰਜਾਬ (ਭਾਰਤ) ਦੇ ਸੂਬਾਈ ਸੱਦੇ ਤੋਂ ਅੱਜ ਲੌਢੂਵਾਲ ਟੋਲ ਪਲਾਜ਼ਾ 'ਤੇ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਤੇ ਦਸਮੇਸ਼ ਕਿਸਾਨ-ਮਜ਼ਦੂਰ ਯੂਨੀਅਨ (ਰਜਿ:) ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ਵਿਰੁੱਧ ਉਸ ਦਾ ਆਦਮ ਕੱਦ ਪੁਤਲਾ ਫੂਕਿਆ ਗਿਆ ਅਤੇ ਰੋਹ ਭਰਪੂਰ ਰੈਲੀ ਤੇ ਮੁਜ਼ਾਹਰਾ ਕੀਤਾ ਗਿਆ।ਅੱਜ ਦਾ ਪੁਤਲਾ ਫੂਕ ਐਕਸ਼ਨ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਅੰਦਰ ਕੀਤਾ ਗਿਆ, ਜੋਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਦਿੱਲੀ ਮੋਰਚੇ ਵੇਲੇ ਮੰਨੀਆਂ ਮੰਗਾਂ ਫਸਲਾਂ ਦੀ ਐੱਮਐੱਸਪੀ ਦੀ ਗਰੰਟੀ ਵਾਲਾ ਕਾਨੂੰਨ ਬਣਾਉਣਾ, ਦੇਸ਼ ਦੇ ਸਾਰੇ ਕਿਸਾਨਾਂ, ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਮੁਆਫ਼ ਖ਼ਤਮ ਕਰਨਾ, ਬਿਜਲੀ ਐਕਟ ਸੋਧ ਬਿੱਲ ਸੰਸਦ ਵਿੱਚ ਨਾਂ ਲਿਆਉਣ, ਦਿੱਲੀ ਮੋਰਚੇ ਵੇਲੇ ਸ਼ੰਭੂ ਤੇ ਖਨੌਰੀ ਬਾਰਡਰ 'ਤੇ 13 ਮਹੀਨੇ ਚੱਲੇ ਮੋਰਚਿਆਂ ਤੋਂ 7.5 ਕਰੋੜ ਰੁਪਈਏ ਦੇ ਲੁੱਟੇ ਤੇ ਬਰਬਾਦ ਕੀਤੇ ਸਾਜ਼ੋ-ਸਾਮਾਨ ਦਾ ਮੁਆਵਜ਼ਾ ਅਦਾ ਕਰਨ ਸਬੰਧੀ ਅਹਿਮ ਮੰਗਾਂ ਸਮੇਤ ਕੁੱਲ 13 ਮੰਗਾਂ ਦੀ ਪੂਰਤੀ ਨਾ ਕਰਨ ਪ੍ਰਤੀ ਕਿਸਾਨਾਂ ਦੇ ਰੋਸ ਤੇ ਗੁੱਸੇ ਦਾ ਪ੍ਰਗਟਾਵਾ ਕਰਨ 'ਤੇ ਕੇਂਦਰਤ ਕੀਤਾ ਗਿਆ ਸੀ।ਅੱਜ ਦੀ ਰੈਲੀ ਨੂੰ ਸੂਬਾ ਪ੍ਰਧਾਨ ਦਿਲਬਾਗ ਸਿੰਘ ਗਿੱਲ, ਮੰਗਤ ਸਿੰਘ, ਭੋਲਾ ਸਿੰਘ, ਗੁਰਮੁੱਖ ਸਿੰਘ ਤੇ ਸੁਖਦੇਵ ਸਿੰਘ (ਸਾਰੇ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ) ਤੇ ਜ਼ਿਲ੍ਹਾ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ, ਜ਼ਿਲ੍ਹਾ ਸਕੱਤਰ ਜਸਦੇਵ ਸਿੰਘ ਲਲਤੋਂ, ਅਮਰੀਕ ਸਿੰਘ ਤਲਵੰਡੀ, ਰਣਜੀਤ ਸਿੰਘ ਗੁੜੇ, ਜਸਵੰਤ ਸਿੰਘ ਮਾਨ (ਸਾਰੇ ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਰਜਿ:) ਨੇ ਉਚੇਚੇ ਤੌਰ 'ਤੇ ਸੰਬੋਧਨ ਕੀਤਾ।

# ਹਥਿਆਰਾਂ ਨਾਲ ਹਮਲਾ ਕਰਨ ਦੇ ਦੋਸ਼ 'ਚ ਦੋ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਵਿਖੇ ਇਕ ਵਿਅਕਤੀ 'ਤੇ ਹਥਿਆਰਾਂ ਨਾਲ ਹਮਲਾ ਕਰਨ ਦੇ ਦੋਸ਼ ਵਿੱਚ ਥਾਣਾ ਮਮਦੋਟ ਪੁਲਸ ਨੇ ਦੋ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਰਾਜੀਵ ਚੋਪੜਾ ਪੁੱਤਰ ਜਗਦੀਸ਼ ਲਾਲ ਚੋਪੜਾ ਵਾਸੀ ਪ੍ਰੇਮ ਨਗਰ ਮਮਦੋਟ ਨੇ ਦੱਸਿਆ ਕਿ ਬੀਤੀ 11 ਮਾਰਚ 2206 ਵਕਤ ਕਰੀਬ 10.30 ਵਜੇ ਰਾਤ ਨੂੰ ਉਹ ਆਪਣੇ ਘਰ ਤੋਂ ਬਾਹਰੋਂ ਦੁਕਾਨ ਤੋਂ ਆਇਸ ਕ੍ਰੀਮ ਲੈ ਕੇ ਪੈਦਲ ਹੀ ਆਪਣੇ ਘਰ ਜਾ ਰਿਹਾ ਸੀ ਤਾਂ 2 ਨੌਜਵਾਨ ਖਾਈ ਸਾਇਡ ਤੋਂ ਬੁਲਟ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ। ਰਾਜੀਵ ਚੋਪੜਾ ਨੇ ਦੱਸਿਆ ਕਿ ਦੋਸ਼ੀਆਨ ਪਿੰਦਰ ਪੁੱਗਲ ਪੁੱਤਰ ਪ੍ਰੇਮ ਪੁੱਗਲ ਤੇ ਰੌਕੀ ਪੁੱਗਲ ਪੁੱਤਰ ਪ੍ਰੇਮ ਪੁੱਗਲ ਵਾਸੀਆਨ ਨੇੜੇ ਪੋਥੀ ਮਾਲਾ ਗੁਰੂ ਹਰਸਹਾਏ ਨੇ ਉੱਚੀ ਲਲਕਾਰਾ ਮਾਰਿਆ ਕਿ ਰੌਕੀ ਮਾਰ ਗੋਲੀ, ਰਾਜੀਵ ਚੋਪੜਾ ਅੱਜ ਬਚ ਕੇ ਨਹੀਂ ਜਾਣ ਦੇਣਾ ਤਾਂ ਰੌਕੀ ਮੋਟਰਸਾਈਕਲ ਤੋਂ ਉੱਤਰ ਕੇ ਉਸ ਪਾਸ ਆਇਆ, ਜਿਸ ਨੇ ਆਪਣੇ ਦਸਤੀ ਰਿਵਾਲਵਰ ਨਾਲ ਮੈਨੂੰ ਮਾਰ ਦੇਣ ਦੀ ਨੀਅਤ ਨਾਲ ਉਸ ਵੱਲ ਫਾਇਰ ਕੀਤਾ, ਜੋ ਫਾਇਰ ਉਸ ਦੇ ਸੱਜੇ ਪੱਟ 'ਤੇ ਲੱਗਾ ਅਤੇ ਨਾਲ ਹੀ ਦੂਜਾ ਫਾਇਰ ਉਸ ਵੱਲ ਕੀਤਾ ਜੋ ਉਸ ਦੇ ਪੱਟ 'ਤੇ ਹੀ ਲੱਗਾ। ਰਾਜੀਵ ਚੋਪੜਾ ਨੇ ਦੱਸਿਆ ਕਿ ਇਸ ਦੌਰਾਨ ਉਹ ਥੱਲੇ ਡਿੱਗ ਪਿਆ ਤੇ ਡਿੱਗੇ ਪਏ ਦੇ ਪਿੰਦਰ ਨੇ ਮੋਟਰਸਾਈਕਲ ਤੋਂ ਉੱਤਰ ਕੇ ਗਰਦਨ ਦੇ ਪਿੱਛੇ ਪਾਸੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵਰਕਰਾਂ ਵੱਲੋਂ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ

## *19 ਦੀ ਮੀਟਿੰਗ ਦਾ ਲਿਖਤੀ ਲੈਟਰ ਮਿਲਣ 'ਤੇ ਧਰਨਾ ਸਮਾਪਤ*



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵੱਲੋਂ ਮਾਨਯੋਗ ਸਿਹਤ ਮੰਤਰੀ ਬਲਬੀਰ ਸਿੰਘ ਦੀ ਪਟਿਆਲਾ ਕੋਠੀ ਦਾ ਘਿਰਾਓ ਕੀਤਾ ਗਿਆ। ਧਰਨੇ ਨੂੰ ਸੰਬੋਧਤ ਕਰਦਿਆਂ ਤਿੱਖੇ ਸੁਰਾਂ 'ਚ ਸਰਕਾਰ ਦੀ ਨਿੰਦਾ ਕਰਦਿਆਂ ਕਿਹਾ ਕਿ ਅਨੇਕਾਂ ਮੀਟਿੰਗਾਂ ਕਰਨ ਉਪਰੰਤ ਮਪਹਵ ਮੇਲ ਦੀਆਂ 270 ਦੀ ਭਰਤੀ ਸਰਕਾਰ ਵੱਲੋਂ ਦਿੱਤੀ ਗਈ ਸੀ, 30 ਨਵੰਬਰ ਨੂੰ ਪੇਪਰ ਲੈਣ ਉਪਰੰਤ 20-21-22-23 ਜਨਵਰੀ ਨੂੰ ਕੌਂਸਲਿੰਗ ਹੋ ਚੁੱਕੀ ਆ, ਪਰ ਉਸ ਤੋਂ ਬਾਅਦ ਅਨੇਕਾਂ ਮੀਟਿੰਗਾਂ ਕਰਨ ਦੇ ਬਾਵਜੂਦ ਸਰਕਾਰ ਤੇ ਡਿਪਾਰਟਮੈਂਟ ਵੱਲੋਂ ਸਾਨੂੰ ਜਾਇਨ ਕਰਨ ਬਾਰੇ ਕੋਈ ਸਾਰਥਿਕ ਕਦਮ ਨਹੀਂ ਚੁੱਕਿਆ ਗਿਆ, ਜਿਸ ਕਾਰਨ ਅੱਜ ਮਜਬੂਰੀ ਵੱਸ ਧਰਨੇ ਦੇ ਰੂਪ ਵਿੱਚ ਆਪਣਾ ਰੋਸ ਉਜਾਗਰ ਕੀਤਾ ਗਿਆ ਹੈ। ਮਾਨਯੋਗ ਤਹਿਸੀਲਦਾਰ ਸਾਹਿਬ ਵੱਲੋਂ ਮੀਟਿੰਗ ਦਾ ਲਿਖਤੀ ਭਰੋਸਾ ਦਿੱਤਾ ਗਿਆ ਤੇ ਮੰਤਰੀ ਸਾਹਿਬ ਦੇ ਦਫ਼ਤਰੀ ਅਮਲੇ ਵੱਲੋਂ ਮੰਗਾਂ ਨੂੰ ਲੈ ਕੇ ਹੱਲ ਕਰਨ ਦਾ ਪੂਰਨ ਵਿਸ਼ਵਾਸ ਦਿਵਾਇਆ ਗਿਆ, ਜਿਸ ਉਪਰੰਤ ਧਰਨੇ ਨੂੰ ਸਮਾਪਤ ਕਰਨ ਦਾ ਐਲਾਨ ਕੀਤਾ ਗਿਆ। ਸੂਬਾ ਪ੍ਰਧਾਨ ਵੱਲੋਂ ਦੱਸਿਆ ਗਿਆ ਕਿ ਜੇਕਰ ਮੀਟਿੰਗ ਵਿੱਚ ਕੋਈ ਸਾਰਥਿਕ ਹੱਲ ਨਾ ਨਿਕਲਿਆ ਤਾਂ ਯੂਨੀਅਨ ਵੱਲੋਂ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਸੂਬਾ ਪ੍ਰਧਾਨ ਹਰਵਿੰਦਰ ਪਟਿਆਲਾ, ਸਵਿੰਦਰ ਫਰੀਦਕੋਟ, ਨਵਦੀਪ ਰੋਮਾਣਾ, ਲਖਵਿੰਦਰ ਸਿੰਘ ਜੋਗਾ, ਰਾਜ ਸੰਗਤੀਵਾਲਾ, ਮੇਜਰ ਪਾਤੜਾਂ, ਨੀਰਜ਼ ਫਿਰੋਜ਼ਪੁਰ, ਰਵਿੰਦਰ ਅਜਨਾਲਾ, ਸਹਿਬ ਸਿੰਘ, ਨਵਗਗਨ ਸਿੰਘ, ਸੁਰਿੰਦਰ ਫਿਰੋਜ਼ਪੁਰ, ਮਨਪ੍ਰੀਤ ਭੁੱਚੋ, ਗੁਰਪਿਆਰ ਮਾਨਸਾ, ਹਰਮਨਪ੍ਰੀਤ ਸਿੰਘ ਆਦਿ ਮੌਜੂਦ ਸਨ।

## ਕਾਤਰਾਂ

### ਸੀ ਪੀ ਆਈ ਦੇ ਸਰਗਰਮ ਆਗੂ ਕਾ: ਬਲਵੰਤ ਸਿੰਘ ਨਹੀਂ ਰਹੇ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਭਾਰਤੀ ਕਮਿਊਨਿਸਟ ਪਾਰਟੀ ਦੀ ਸੰਤ ਨਗਰ ਇਕਾਈ ਦੇ ਸਕੱਤਰ ਤੇ ਜ਼ਿਲ੍ਹਾ ਕਮੇਟੀ ਦੇ ਮੈਂਬਰ ਬਲਵੰਤ ਸਿੰਘ (55) ਦੀ ਸੜਕ ਹਾਦਸੇ ਵਿੱਚ ਮੌਤ ਹੋਣ ਨਾਲ ਖੱਬੇ ਪੱਖੀ ਕਾਰਕੁਨਾਂ ਵਿੱਚ ਸੋਗ ਦੀ ਲਹਿਰ ਹੈ। ਹਾਦਸੇ ਸਮੇਂ ਕਾਮਰੇਡ ਬਲਵੰਤ ਸਿੰਘ ਆਪਣੀ ਪਤਨੀ ਸਮੇਤ ਇੱਕ ਵਿਆਹ ਸਮਾਰੋਹ ਤੋਂ ਘਰ ਵਾਪਸ ਆ ਰਹੇ ਸਨ। ਸੀ ਪੀ ਆਈ ਦੇ ਸੀਨੀਅਰ ਆਗੂ ਸਵਰਨ ਸਿੰਘ ਵਿਰਕ ਤੇ ਉਨ੍ਹਾਂ ਦੇ ਸਾਥੀਆਂ ਨੇ ਕਿਹਾ ਕਿ ਕਾ: ਬਲਵੰਤ ਸਿੰਘ ਸਿਰਸਾ ਜ਼ਿਲ੍ਹੇ ਵਿੱਚ ਪਾਰਟੀ ਦੀ ਸਥਾਪਨਾ ਤੋਂ ਹੀ ਭਾਰਤੀ ਕਮਿਊਨਿਸਟ ਪਾਰਟੀ ਨਾਲ ਜੁੜੇ ਹੋਏ ਸਨ। ਉਨ੍ਹਾਂ ਕਿਹਾ ਕਿ ਸਾਡੇ ਸਾਥੀ ਦੇ ਸਦੀਵੀ ਵਿਛੋੜੇ ਨਾਲ ਖੱਬੀ ਲਹਿਰ ਦਾ ਇੱਕ ਜੁਝਾਰੂ ਵਰਕਰ ਖੁਸ ਗਿਆ ਹੈ। ਕਾ: ਬਲਵੰਤ ਸਿੰਘ ਦੇ ਅੰਤਿਮ ਸੰਸਕਾਰ ਦੌਰਾਨ ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਕਮੇਟੀ ਵੱਲੋਂ ਬਲਵੰਤ ਸਿੰਘ ਦੇ ਸਰੀਰ 'ਤੇ ਪਾਰਟੀ ਦਾ ਝੰਡਾ ਪਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ। ਉਨ੍ਹਾਂ ਦਾ ਅੰਤਿਮ ਸੰਸਕਾਰ ਸੰਤ ਨਗਰ ਪਿੰਡ ਦੇ ਸ਼ਮਸ਼ਾਨਘਾਟ ਵਿੱਚ ਇਲਾਕੇ ਦੇ ਪਤਵੰਤਿਆਂ ਤੇ ਪਾਰਟੀ ਵਰਕਰਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਕਾ: ਬਲਵੰਤ ਸਿੰਘ ਦਾ ਸ਼ਰਧਾਂਜਲੀ ਸਮਾਗਮ 20 ਮਾਰਚ ਨੂੰ ਪਿੰਡ ਸੰਤ ਨਗਰ ਵਿੱਚ ਰੱਖਿਆ ਗਿਆ ਹੈ।

### ਅੱਜ ਬਿਜਲੀ ਬੰਦ ਰਹੇਗੀ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-66ਕੇਵੀ ਲਾਈਨ 'ਤੇ ਕੰਮ ਕਰਨ ਲਈ ਸ਼ੱਟ-ਡਾਊਨ ਹੋਣ ਕਾਰਨ 16 ਮਾਰਚ 2026 ਨੂੰ 66 ਕੇਵੀ ਗਰਿੱਡ ਪੱਤੋ ਹੀਰਾ ਸਿੰਘ ਤੋਂ ਚਲਦੇ ਸਾਰੇ ਅਰਬਨ, ਯੂ.ਪੀ.ਐੱਸ. ਤੇ ਮੋਟਰਾਂ ਵਾਲੇ ਫੀਡਰ ਸਵੇਰੇ 09:00 ਵਜੇ ਤੋਂ ਸ਼ਾਮ 06:00 ਵਜੇ ਤੱਕ ਬੰਦ ਰਹਿਣਗੇ। ਜਿਸ ਕਾਰਨ ਉਕਤ ਫੀਡਰ ਨਾਲ ਸੰਬੰਧਤ ਏਰੀਏ ਵਿੱਚ ਬਿਜਲੀ ਸਪਲਾਈ ਬੰਦ ਰਹੇਗੀ।

### ਘੰਟਾਘਰ ਦਾ ਨਿਰਮਾਣ ਮੁਕੰਮਲ ਹੋਣ 'ਚ ਹੋ ਰਹੀ ਦੇਰੀ ਕਾਰਨ ਲੋਕਾਂ ਪ੍ਰੇਸ਼ਾਨ



**ਧੂਰੀ (ਮਨੋਹਰ ਸਿੰਘ ਸੱਗੂ)**-ਸਥਾਨਕ ਸ਼ਹਿਰ 'ਚ ਚਲਦੇ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ 'ਚ ਹੋ ਰਹੀ ਦੇਰੀ ਲੋਕਾਂ ਲਈ ਮੁਸ਼ਕਲਾਂ ਦਾ ਸਬੱਬ ਸਾਬਿਤ ਹੋ ਰਹੀ ਹੈ।ਦੱਸਣਯੋਗ ਹੈ ਕਿ ਪਿਛਲੇ ਕਾਫੀ ਸਮੇਂ ਤੋਂ ਸ਼ਹਿਰ ਦੇ ਕ੍ਰਾਂਤੀ ਚੌਂਕ 'ਚ ਨਿਰਮਾਣ ਅਧੀਨ ਕਲਾਕ ਟਾਵਰ ਦੇ ਮੁਕੰਮਲ ਹੋਣ 'ਚ ਹੋ ਰਹੀ ਦੇਰੀ ਕਾਰਨ ਜਿੱਥੇ ਲੋਕ ਪ੍ਰੇਸ਼ਾਨ ਹੋ ਰਹੇ ਹਨ, ਉਥੇ ਕੰਮ ਦੇ ਚਲਦਿਆਂ ਚੌਂਕ 'ਚ ਹੋਇਆ ਚਿਕੱੜ ਆਉਣ ਜਾਣ ਵਾਲਿਆਂ ਲਈ ਸਿਰਦਰਦੀ ਬਣਿਆ ਹੋਇਆ ਹੈ।ਕਲਾਕ ਟਾਵਰ ਦੇ ਨਿਰਮਾਣ 'ਚ ਹੋ ਰਹੀ ਦੇਰੀ ਕਾਰਨ ਪ੍ਰੇਸ਼ਾਨ ਲੋਕਾਂ ਦੀ ਪ੍ਰਸ਼ਾਸਨਕ ਅਧਿਕਾਰੀਆਂ ਤੋਂ ਮੰਗ ਹੈ ਕਿ ਕਲਾਕ ਟਾਵਰ ਦਾ ਨਿਰਮਾਣ ਕਾਰਜ ਜਲਦੀ ਮੁਕੰਮਲ ਕਰਵਾਇਆ ਜਾਵੇ।

# ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਕੌਮੀ ਇਨਸਾਫ ਮੋਰਚੇ ਦੇ ਸੱਦੇ ਤਹਿਤ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਕੈਦੀਆਂ ਤੇ ਮੋਦੀ ਸਰਕਾਰ ਵੱਲੋਂ ਜੇਲ੍ਹੀਂ ਡੱਕੇ ਸਿਆਸੀ ਬੰਦੀਆਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ (ਸਿਆਸੀ ਰੈਲੀ) ਮੌਕੇ ਮੋਗਾ- ਫਿਰੋਜ਼ਪੁਰ ਰੋਡ 'ਤੇ ਸਥਿਤ ਪਿੰਡ ਜੋਗੇਵਾਲਾ ਵਿਖੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ। ਇਸ ਵਿਰੋਧ ਪ੍ਰਦਰਸ਼ਨ ਵਿੱਚ ਕਿਰਤੀ ਕਿਸਾਨ ਯੂਨੀਅਨ ਵੱਲੋਂ ਭਰਮੀ ਸ਼ਮੂਲੀਅਤ ਕੀਤੀ ਗਈ। ਇਹ ਸ਼ਮੂਲੀਅਤ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਦੀ ਆਗਵਾਈ ਹੇਠ ਕੀਤੀ ਗਈ।ਇਸ ਵਿਰੋਧ ਪ੍ਰਦਰਸ਼ਨ ਦੌਰਾਨ ਸੂਬਾਈ ਆਗੂ ਤੇ ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇ ਖੁਰਦ ਤੇ ਜ਼ਿਲ੍ਹਾ ਖਜ਼ਾਨਚੀ ਕੁਲਜੀਤ ਸਿੰਘ ਪੰਡੋਰੀ ਅਰਾਈਆਂ ਨੇ ਦੱਸਿਆ ਕਿ ਪਿੱਛਲੇ ਲੰਬੇ ਸਮੇਂ ਤੋਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਕੈਦੀ ਤੇ ਸਿਆਸੀ ਕੈਦੀ ਕੇਂਦਰ ਦੀ ਭਾਜਪਾ ਸਰਕਾਰ ਦੇ ਇਸ਼ਾਰੇ 'ਤੇ ਜੇਲ੍ਹਾਂ ਵਿੱਚ ਡੱਕੇ ਹਨ, ਜਦ ਕਿ ਭਾਰਤੀ ਸੰਵਿਧਾਨ ਤਹਿਤ ਹਰ ਇੱਕ ਕੈਦੀ ਨੂੰ ਸਜ਼ਾ ਪੂਰੀ ਹੋਣ ਦੌਰਾਨ ਜੇਲ੍ਹ ਵਿੱਚੋਂ ਰਿਹਾਈ ਦੀ ਮਨਜ਼ੂਰੀ ਦਿੰਦਾ ਹੈ।ਭਾਜਪਾ ਸਰਕਾਰ ਸੰਵਿਧਾਨ ਦਾ ਵੀ ਪੂਰਨ ਤੌਰ 'ਤੇ ਘਾਣ ਕਰ ਰਹੀ ਹੈ।ਸੱਤਾ ਦੇ ਨਸ਼ੇ ਵਿੱਚ ਚੂਰ ਕੇਂਦਰ ਦੀ ਭਾਜਪਾ ਸਰਕਾਰ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਸਦ ਵਿੱਚ ਕਹਿੰਦੇ ਹਨ ਕਿ ਜਿੰਨਾਂ ਸਮਾਂ ਸਿੱਖ ਕੈਦੀ ਤੇ ਸਿਆਸੀ ਕੈਦੀ ਮੁਆਫੀ ਨਹੀਂ ਮੰਗਦੇ, ਉਨਾ ਸਮਾਂ ਉਨ੍ਹਾਂ ਨੂੰ ਰਿਹਾਅ ਨਹੀਂ ਕੀਤਾ ਜਾਵੇਗਾ।ਇਹ ਬਿਆਨ ਸੰਵਿਧਾਨ ਦੇ ਮੰਦਰ ਵਿੱਚ ਖੜ੍ਹ ਕੇ ਦੇਣਾ ਸੰਵਿਧਾਨ ਦੀਆਂ ਧੱਜੀਆਂ ਉਡਾਉਂਦਾ ਹੈ।ਇਸ ਲਈ ਅੱਜ ਕੌਮੀ ਇਨਸਾਫ ਮੋਰਚੇ ਦੇ ਸੱਦੇ 'ਤੇ ਭਾਜਪਾ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੰਜਾਬ ਫੇਰੀ ਦੌਰਾਨ ਕਾਲੇ ਝੰਡੇ ਦਿਖਾ ਕਿ ਤਿੱਖਾ ਵਿਰੋਧ ਕੀਤਾ ਗਿਆ।ਇਸ ਵਿਰੋਧ ਪ੍ਰਦਰਸ਼ਨ ਵਿੱਚ ਕਿਰਤੀ ਕਿਸਾਨ ਯੂਨੀਅਨ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਇਸ ਦੌਰਾਨ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ ਬਲਾਕ ਪ੍ਰਧਾਨ, ਕੁਲਦੀਪ ਸਿੰਘ ਖੁਖਰਾਣਾ, ਤਾਰ ਸਿੰਘ ਖੁਖਰਾਣਾ, ਚਮਕੌਰ ਸਿੰਘ, ਲਖਵੀਰ ਸਿੰਘ ਰੋਡੇ, ਨਿਰਮਲ ਸਿੰਘ ਨੱਥੂਵਾਲ, ਗੁਰਤੇਜ ਸਿੰਘ, ਮਲਕੀਤ ਸਿੰਘ, ਰਾਜਾ ਸਿੰਘ ਛੋਟਾਘਰ, ਨਾਹਰ ਸਿੰਘ ਮੰਗੇਵਾਲਾ, ਗੁਰਪ੍ਰੀਤ ਸਿੰਘ, ਨੈਬ ਸਿੰਘ ਗੁਰਵਿੰਦਰ ਸਿੰਘ, ਬਲਵਿੰਦਰ ਸਿੰਘ ਖੁਖਰਾਣਾ, ਬਲਵੀਰ ਸਿੰਘ, ਕੇਵਲ ਸਿੰਘ ਝੰਡੇਆਣਾ, ਲਖਵੀਰ ਸਿੰਘ ਡਗਰੂ, ਅਵਤਾਰਾ ਸਿੰਘ ਡਗਰੂ, ਰੂਪ ਸਿੰਘ ਝੰਡੇਆਣਾ ਆਦਿ ਸ਼ਾਮਲ ਹੋਏ।

# ਲਿਬਰੇਸ਼ਨ ਵੱਲੋਂ ਬਲਾਕ ਸੰਮਤੀ ਚੇਅਰਮੈਨ ਦੀ ਚੋਣ 'ਚ ਧੱਕੇਸ਼ਾਹੀ ਦੀ ਨਿੰਦਾ

**ਮਾਨਸਾ (ਆਤਮਾ ਸਿੰਘ ਪਮਾਰ)**

ਸੀਪੀਆਈ (ਐਮ ਐਲ) ਲਿਬਰੇਸ਼ਨ ਦਾ ਕਹਿਣਾ ਹੈ ਕਿ ਬੀਜੇਪੀ ਤਾਂ ਲੋਕਤੰਤਰ ਨੂੰ ਪੈਰਾਂ ਹੇਠ ਦਰੜਨ ਲਈ ਪਹਿਲਾਂ ਹੀ ਬਦਨਾਮ ਹੈ, ਹੁਣ ਬਦਲਾਅ ਦੇ ਨਾਹਰੇ ਤਹਿਤ ਸਰਕਾਰ ਬਣਾਉਣ ਵਾਲੀ ਆਮ ਆਦਮੀ ਪਾਰਟੀ ਵੀ ਉਸ ਦੀ ਪੈੜ 'ਚ ਪੈੜ ਰੱਖ ਰਹੀ ਹੈ।

ਲਿਬਰੇਸ਼ਨ ਦੇ ਕੇਂਦਰੀ ਕੰਟਰੋਲ ਕਮਿਸ਼ਨ ਦੇ ਮੈਂਬਰ ਆਗੂ ਕਾਮਰੇਡ ਨਛੱਤਰ ਸਿੰਘ ਖੀਵਾ ਤੇ ਜ਼ਿਲ੍ਹਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਨੰਦਗੜ੍ਹ ਵੱਲੋਂ ਜਾਰੀ ਬਿਆਨ 'ਚ ਦੱਸਿਆ ਗਿਆ ਹੈ ਕਿ ਮਾਨਸਾ ਵਿਖੇ ਬਲਾਕ ਸੰਮਤੀ ਦੇ ਚੇਅਰਮੈਨ ਤੇ ਹੋਰ ਅਹੁਦੇਦਾਰਾਂ ਦੀ ਚੋਣ ਸਥਾਨਕ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਵਿਖੇ ਰੱਖੀ ਗਈ ਸੀ, ਜਿੱਥੇ ਸਾਰੇ ਬਲਾਕ 'ਚੋਂ ਚੁਣੇ ਹੋਏ ਸਾਰੇ ਮੈਂਬਰ ਸਮੇਂ ਸਿਰ ਪਹੁੰਚ ਗਏ, ਪ੍ਰੰਤੂ ਆਮ ਆਦਮੀ ਪਾਰਟੀ ਦੇ ਆਗੂਆਂ ਤੇ ਚੁਣੇ ਹੋਏ ਮੈਂਬਰਾਂ ਨੇ ਹਲਕਾ ਵਿਧਾਇਕ 'ਤੇ ਪੁਲਸ ਦੀ ਹਾਜ਼ਰੀ 'ਚ ਵਿਰੋਧੀ ਪਾਰਟੀਆਂ ਦੇ ਸਾਰੇ ਚੁਣੇ ਹੋਏ ਮੈਂਬਰਾਂ, ਜਿਨ੍ਹਾਂ 'ਚ ਬਲਾਕ 'ਚੋਂ ਚੁਣੀਆਂ ਹੋਈਆਂ ਬੀਬੀਆਂ ਵੀ ਸਨ, ਨੂੰ ਸਾਜ਼ਿਸ਼ ਤਹਿਤ ਇੱਕ ਕਮਰੇ 'ਚ ਬੰਦ ਕਰਕੇ ਬਾਹਰੋਂ ਜਿੰਦਾ ਲਗਾ ਦਿੱਤਾ ਤੇ ਉਨ੍ਹਾਂ ਦੀ ਗੈਰ-ਹਾਜ਼ਰੀ 'ਚ ਹੀ ਚੋਣ ਕਰ ਦਿੱਤੀ ਗਈ, ਜਿਸ ਦੌਰਾਨ ਆਮ ਆਦਮੀ ਪਾਰਟੀ ਦੇ ਮੈਂਬਰਾਂ ਨੂੰ ਚੇਅਰਮੈਨ ਤੇ ਹੋਰ ਅਹੁਦੇ ਵੀ ਸੌਂਪ ਦਿੱਤੇ ਗਏ।ਸੀਪੀਆਈ (ਐੱਮ ਐੱਲ) ਲਿਬਰੇਸ਼ਨ ਨੇ ਇਸ ਤਰ੍ਹਾਂ ਦੀ ਧੱਕੇਸ਼ਾਹੀ ਤੇ ਲੋਕਤੰਤਰ ਦੇ ਦਿਨ ਦਿਹਾੜੇ ਕੀਤੇ ਕਤਲ ਦੀ ਸਖ਼ਤ ਨਿੰਦਾ ਕੀਤੀ ਹੈ।

# ਨੌਜਵਾਨ ਸ਼ਹੀਦ ਭਗਤ ਸਿੰਘ ਦੇ ਵਿਚਾਰਾਂ ਤੋਂ ਪ੍ਰੇਰਣਾ ਲੈਣ : ਮਾਸਟਰ ਬੂਟਾ ਸਿੰਘ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਲੋਕ ਚੇਤਨਾ ਕਲਾ ਤੇ ਸਾਹਿਤ ਮੰਚ ਸਿਰਸਾ ਅਤੇ ਹਰਿਆਣਾ ਸਕੂਲ ਅਧਿਆਪਕ ਸੰਘ ਦੇ ਸਾਂਝੇ ਪ੍ਰਬੰਧ ਹੇਠ ਪਿੰਡ ਸਾਹੂਵਾਲਾ (ਸੈਕਿੰਡ) ਵਿਖੇ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੂਲ ਉਦੇਸ਼ ਮਹਾਨ ਇਨਕਲਾਬੀਆਂ ਦੇ ਵਿਚਾਰਾਂ ਨੂੰ ਯਾਦ ਕਰਨਾ ਤੇ ਸਮਾਜ ਨੂੰ ਦਰਪੇਸ਼ ਸਮਾਜਿਕ, ਰਾਜਨੀਤਕ, ਆਰਥਿਕ ਤੇ ਧਾਰਮਿਕ ਚੁਣੌਤੀਆਂ 'ਤੇ ਗੰਭੀਰਤਾ ਨਾਲ ਜਨਤਕ ਜਾਗਰੂਕਤਾ ਪੈਦਾ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਸ਼ਰਧਾਂਜਲੀ ਭੇਟ ਕਰਕੇ ਹੋਈ। ਇਸ ਸਮਾਗਮ ਵਿੱਚ ਬੋਲਦਿਆਂ ਕਾ: ਰਾਜ ਕੁਮਾਰ ਸ਼ੇਖੂਪੁਰੀਆ ਨੇ ਕਿਹਾ ਕਿ ਬਿਜਲੀ ਬਿੱਲ, ਵਧਦੀਆਂ ਬੀਜ ਕੀਮਤਾਂ, ਕਿਰਤ ਕਾਨੂੰਨਾਂ ਵਿੱਚ ਬਦਲਾਅ, ਸਿੱਖਿਆ ਤੇ ਸਿਹਤ, ਕਿਸਾਨਾਂ ਤੇ ਮਜ਼ਦੂਰਾਂ ਨੂੰ ਦਰਪੇਸ਼ ਮੁਸ਼ਕਲਾਂ ਅੱਜ ਦੇਸ਼ ਦੀਆਂ ਗੰਭੀਰ ਚਿੰਤਾਵਾਂ ਹਨ।

ਉਨ੍ਹਾਂ ਕਿਹਾ ਕਿ ਸਮਾਜ ਦੇ ਸਾਰੇ ਵਰਗਾਂ ਨੂੰ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਲਈ ਇੱਕਜੁੱਟ ਹੋਣ ਤੇ ਆਪਣੀ ਆਵਾਜ਼ ਬੁਲੰਦ ਕਰਨ ਦੀ ਲੋੜ ਹੈ। ਹਰਿਆਣਾ ਸਕੂਲ ਅਧਿਆਪਕ ਸੰਘ ਦੇ ਸੀਨੀਅਰ ਆਗੂ ਮਾ: ਬੂਟਾ ਸਿੰਘ ਨੇ ਕਿਹਾ ਕਿ ਭਗਤ ਸਿੰਘ ਨੇ ਨਾ ਸਿਰਫ਼ ਬ੍ਰਿਟਿਸ਼ ਸ਼ਾਸਨ ਵਿਰੁੱਧ ਲੜਾਈ ਲੜੀ ਸਗੋਂ ਇੱਕ ਅਜਿਹੇ ਸਮਾਜ ਦਾ ਸੁਪਨਾ ਵੀ ਦੇਖਿਆ, ਜਿਸ ਵਿੱਚ ਸਮਾਨਤਾ, ਨਿਆਂ ਤੇ ਸਿੱਖਿਆ ਦਾ ਅਧਿਕਾਰ ਸਾਰਿਆਂ ਲਈ ਬਰਾਬਰ ਹੋਵੇ। ਉਨ੍ਹਾਂ ਕਿਹਾ ਕਿ ਅੱਜ ਦੇ ਨੌਜਵਾਨਾਂ ਨੂੰ ਭਗਤ ਸਿੰਘ ਦੇ ਵਿਚਾਰਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਸਾਬਕਾ ਸਰਪੰਚ ਸ਼੍ਰੀਮਤੀ ਅਨੀਤਾ ਰਾਓ ਨੇ ਨੌਜਵਾਨਾਂ ਨੂੰ ਸਿੱਖਿਆ, ਖੇਡਾਂ ਤੇ ਸਮਾਜਿਕ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਤ ਕੀਤਾ। ਸਰਵ ਕਰਮਚਾਰੀ ਸੰਘ ਦੇ ਪ੍ਰਧਾਨ ਮਦਨ ਲਾਲ ਖੋਥ ਨੇ ਕਿਹਾ ਕਿ ਅੱਜ ਕਰਮਚਾਰੀ, ਕਿਸਾਨ, ਮਜ਼ਦੂਰ, ਵਿਦਿਆਰਥੀ, ਕਾਰੋਬਾਰੀ ਤੇ ਮਜ਼ਦੂਰ ਵਰਗ ਸਰਕਾਰ ਹੱਥੋਂ ਪੀੜੇ ਜਾ ਰਹੇ ਹਨ। ਪ੍ਰੋਗਰਾਮ ਦੌਰਾਨ ਸਿੱਖਿਆ ਤੇ ਖੇਡਾਂ ਸਮੇਤ ਹੋਰ ਗਤੀਵਿਧੀਆਂ 'ਚ ਉੱਤਮ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਡਫਲੀ ਕਲਾਕਾਰ ਮਾ: ਕੁਲਦੀਪ ਸਿੰਘ, ਸਰਪੰਚ ਪ੍ਰਤੀਨਿਧੀ ਭੁਪਿੰਦਰ ਰਾਓ, ਸੋਹਣ ਸਿੰਘ ਰੰਧਾਵਾ, ਲਲਿਤ ਸੋਲੰਕੀ, ਅਸ਼ੋਕ ਪਟਵਾਰੀ, ਰਮੇਸ਼ ਸੈਣੀ, ਮਾ: ਦਵਿੰਦਰ ਕੁਮਾਰ, ਵਿਕਾਸ ਸ਼ਰਮਾ, ਮੁਕੇਸ਼ ਕੁਮਾਰ, ਸੋਨਪਾਲ, ਮਹਾਂਬੀਰ ਬੈਨੀਵਾਲ, ਰਮੇਸ਼ ਸਵਾਮੀ, ਨਰੇਸ਼ ਸੈਣੀ ਸਮੇਤ ਕਈ ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰਾਂ ਤੇ ਮਾਤਾਵਾਂ-ਭੈਣਾਂ ਨੇ ਵੀ ਸ਼ਮੂਲੀਅਤ ਕੀਤੀ।

# ਸਾਮਰਾਜ ਵਿਰੋਧੀ ਦਿਵਸ ਬਰਨਾਲਾ ਵਿਖੇ 23 ਨੂੰ : ਘੁਡਾਣੀ, ਨੂਰਪੁਰਾ



**ਦੋਰਾਹਾ (ਹਰਮਿੰਦਰ ਸੇਠ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ 23 ਮਾਰਚ ਦੇ ਸ਼ਹੀਦਾਂ ਨੂੰ ਸਮਰਪਤ ਤੇ ਸਾਮਰਾਜ ਵਿਰੋਧੀ ਦਿਵਸ ਮਨਾਉਣ ਲਈ 23 ਮਾਰਚ ਨੂੰ ਬਰਨਾਲੇ ਵਿਖੇ ਭਾਰੀ ਰੈਲੀ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ, ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਨੇ ਦੱਸਿਆ ਕਿ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸੁਫਨੇ ਜੋ ਪੂਰੇ ਨਹੀਂ ਹੋਏ, ਉਨ੍ਹਾਂ ਨੂੰ ਪੂਰੇ ਕਰਨ ਲਈ ਅੱਜ ਦੇ ਸਾਮਰਾਜਾਂ ਖਿਲਾਫ ਸਾਨੂੰ ਸਾਰੇ ਤਬਕਿਆਂ ਨੂੰ ਇਕੱਠੇ ਹੋ ਕੇ ਸੰਘਰਸ਼ ਕਰਨ ਦੀ ਲੋੜ ਹੈ। ਵੱਖ ਵੱਖ ਸਮਿਆਂ 'ਚ ਵੱਖ ਵੱਖ ਰੂਪਾਂ 'ਚ ਕਦੇ ਮੁਗਲ ਸਾਮਰਾਜ, ਕਦੇ ਬਰਤਾਨੀਆ, ਕਦੇ ਅਮਰੀਕਾ ਵਰਗੇ ਸਾਮਰਾਜ ਸਾਡੇ ਕਿਸਾਨਾਂ, ਕਿਰਤੀਆਂ, ਮਿਹਨਤਕਸ਼ ਲੋਕਾਂ ਦੀ ਲੁੱਟ ਕਰਦੇ ਆ ਰਹੇ ਹਨ, ਜਿਸ ਤਹਿਤ ਇਹ ਲੋਕਾਂ ਨੂੰ ਲੁੱਟਣ ਲਈ ਆਪਣੇ ਪੱਖੀ ਸਰਕਾਰਾਂ ਲਿਆਉਣ ਲਈ ਜੋ ਉਨ੍ਹਾਂ ਦੇ ਹੱਥ ਠੋਕੇ ਬਣਦੇ ਹਨ ਜਾਂ ਬਣਾਉਂਦੇ ਹਨ, ਫਿਰ ਇਹ ਸਾਮਰਾਜੀ ਜਿੱਥੇ ਨਵੇਂ ਨਵੇਂ ਬਿੱਲ ਲਿਆ ਕੇ ਸਾਡੀ ਲੁੱਟ ਕਰਦੇ ਹਨ। ਇਸ ਲਈ ਸਾਨੂੰ ਸਾਮਰਾਜੀ ਨੀਤੀਆਂ ਖਿਲਾਫ ਜਿਵੇਂ ਭਗਤ ਸਿੰਘ ਨੇ ਕਿਹਾ ਸੀ ਕਿ ਜਿੰਨਾ ਚਿਰ ਮਨੁੱਖ ਦੀ ਮਨੁੱਖ ਤੋਂ ਲੁੱਟ ਖਤਮ ਨਹੀਂ ਹੁੰਦੀ, ਉਨਾ ਚਿਰ ਜੰਗ ਜਾਰੀ ਰਹੇਗੀ।

# ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਮਹਿਲਾ ਸਸ਼ਕਤੀਕਰਨ ਸੰਬੰਧੀ ਗਤੀਵਿਧੀਆਂ ਕਰਵਾਈਆਂ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ ਵੱਲੋਂ ਮਹਿਲਾ ਸਸ਼ਕਤੀਕਰਨ ਵਿਸ਼ੇ 'ਤੇ ਕੇਂਦਰਤ ਵੱਖ-ਵੱਖ ਸਾਰਥਕ ਗਤੀਵਿਧੀਆਂ ਦਾ ਆਯੋਜਨ ਕਰਕੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ।ਪ੍ਰੋਗਰਾਮ ਵਿਭਾਗ ਮੁਖੀ ਡਾ. ਹਰਨੀਤ ਬਿਲਿੰਗ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ, ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਔਰਤਾਂ ਦੀ ਸਿਹਤ, ਲਿੰਗ ਸਮਾਨਤਾ ਤੇ ਸਮਾਜ ਦੇ ਨਿਰਮਾਣ ਵਿੱਚ ਔਰਤਾਂ ਦੀ ਅਹਿਮ ਭੂਮਿਕਾ ਪ੍ਰਤੀ ਜਾਗਰੂਕ ਕਰਨਾ ਸੀ।ਵਿਭਾਗ ਦੇ ਫ਼ਿਜ਼ੀਕਲ ਫਿਟਨੈੱਸ ਐਂਡ ਵੈਲਨੈੱਸ ਕਲੱਬ ਤੇ ਸੈਂਟਰ ਫਾਰ ਆਰਟ ਐਂਡ ਯੋਗਾ ਐਜੂਕੇਸ਼ਨ ਦੇ ਸਹਿਯੋਗ ਨਾਲ ਸੰਤੁਲਨ, ਤਾਕਤ ਅਤੇ ਸ਼ਾਂਤੀ ਯੋਗ ਰਾਹੀਂ ਔਰਤਾਂ ਦੀ ਤੰਦਰੁਸਤੀ ਵਿਸ਼ੇ ਹੇਠ ਯੋਗਾ ਤੇ ਵੈਲਨੈੱਸ ਸੈਸ਼ਨ ਦਾ ਆਯੋਜਨ ਕੀਤਾ ਗਿਆ।ਸੈਸ਼ਨ ਦਾ ਸੰਚਾਲਨ ਅਸਿਸਟੈਂਟ ਪ੍ਰੋਫੈਸਰ ਪਰਮੇਸ਼ਰ ਸਿੰਘ ਤੇ ਗੁਰਵਿੰਦਰ ਕੌਰ ਵੱਲੋਂ ਕੀਤਾ ਗਿਆ।ਉਨ੍ਹਾਂ ਵਿਦਿਆਰਥੀਆਂ ਨੂੰ ਵੱਖ-ਵੱਖ ਯੋਗ ਆਸਨਾਂ, ਪ੍ਰਾਣਾਯਾਮ ਤੇ ਆਰਾਮ ਦੀਆਂ ਤਕਨੀਕਾਂ ਰਾਹੀਂ ਸਰੀਰਕ ਤੰਦਰੁਸਤੀ, ਮਾਨਸਿਕ ਸੁਖ-ਸ਼ਾਂਤੀ ਅਤੇ ਤਣਾਅ ਪ੍ਰਬੰਧਨ ਬਾਰੇ ਮਾਰਗਦਰਸ਼ਨ ਦਿੱਤਾ।ਬੀ.ਏ.-ਬੀ.ਐੱਡ. ਪ੍ਰੋਗਰਾਮ ਦੇ ਵਿਦਿਆਰਥੀਆਂ ਨੇ ਇਸ ਵਿੱਚ ਉਤਸ਼ਾਹ ਨਾਲ ਭਾਗ ਲਿਆ ਤੇ ਸਿਹਤਮੰਦ ਅਤੇ ਸੰਤੁਲਤ ਜੀਵਨ-ਸ਼ੈਲੀ ਵਿੱਚ ਯੋਗ ਦੀ ਮਹੱਤਤਾ ਨੂੰ ਸਮਝਿਆ।




ਵੱਖ-ਵੱਖ ਬੈਚਾਂ ਦੇ ਵਿਦਿਆਰਥੀਆਂ ਵੱਲੋਂ ਵੀ ਕਈ ਵਿਚਾਰ-ਉਤੇਜਕ ਗਤੀਵਿਧੀਆਂ ਆਯੋਜਤ ਕੀਤੀਆਂ ਗਈਆਂ।ਬ੍ਰੇਕ ਦ ਸਟੀਰੀਓਟਾਇਪਸ ਨਾਮਕ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੂੰ ਸਮਾਜ ਵਿੱਚ ਔਰਤਾਂ ਨਾਲ ਜੁੜੀਆਂ ਰੂੜ੍ਹੀਵਾਦੀ ਧਾਰਨਾਵਾਂ 'ਤੇ ਵਿਚਾਰ ਕਰਨ ਅਤੇ ਉਨ੍ਹਾਂ ਨੂੰ ਪ੍ਰਤੀਕਾਤਮਕ ਤੌਰ 'ਤੇ ਰੱਦ ਕਰਨ ਲਈ ਪ੍ਰੇਰਿਤ ਕੀਤਾ ਗਿਆ।ਇਸ ਦੇ ਨਾਲ ਹੀ ਬੈਚ 2025 ਦੇ ਵਿਦਿਆਰਥੀਆਂ ਨੇ ਹਰਮਨਪ੍ਰੀਤ ਕੌਰ ਦੇ ਤਾਲਮੇਲ ਹੇਠ ਨਾਰੀ ਨੂੰ ਸਿੱਖਿਆ ਦਿਓ, ਸੰਸਾਰ ਨੂੰ ਸਸ਼ਕਤ ਬਣਾਓ ਵਿਸ਼ੇ 'ਤੇ ਇੱਕ ਪ੍ਰਭਾਵਸ਼ਾਲੀ ਮਾਈਮ ਪ੍ਰਦਰਸ਼ਨ ਪੇਸ਼ ਕੀਤਾ।ਇਸ ਪ੍ਰਸਤੁਤੀ ਰਾਹੀਂ ਵਿਦਿਆਰਥੀਆਂ ਨੇ ਸਿੱਖਿਆ ਦੀ ਘਾਟ ਕਾਰਨ ਮਹਿਲਾਵਾਂ ਨੂੰ ਆਉਣ ਵਾਲੀਆਂ ਮੁਸ਼ਕਲਾਂ ਤੇ ਸਿੱਖਿਆ ਦੇ ਜੀਵਨ 'ਤੇ ਪੈਣ ਵਾਲੇ ਸਕਾਰਾਤਮਕ ਪ੍ਰਭਾਵ ਨੂੰ ਦਰਸਾਇਆ।ਮਾਈਮ ਰਾਹੀਂ ਇਹ ਸੰਦੇਸ਼ ਦਿੱਤਾ ਗਿਆ ਕਿ ਮਹਿਲਾਵਾਂ ਦੀ ਸਿੱਖਿਆ ਵਿਅਕਤੀਆਂ ਨੂੰ ਸਸ਼ਕਤ ਬਣਾਉਂਦੀ ਹੈ, ਪਰਵਾਰਾਂ ਨੂੰ ਮਜ਼ਬੂਤ ਕਰਦੀ ਹੈ ਅਤੇ ਸਮਾਜਕ ਤਰੱਕੀ ਦਾ ਰਾਹ ਖੋਲ੍ਹਦੀ ਹੈ।

ਮਹਿਲਾ ਸਸ਼ਕਤੀਕਰਨ ਤੇ ਲਿੰਗ ਸਮਾਨਤਾ ਬਾਰੇ ਜਾਗਰੂਕਤਾ ਵਧਾਉਣ ਲਈ ਬੈਚ 2024 ਦੇ ਵਿਦਿਆਰਥੀਆਂ ਲਈ ਭਾਸ਼ਣ ਪ੍ਰਤੀਯੋਗਿਤਾ ਵੀ ਕਰਾਈ ਗਈ।ਵਿਦਿਆਰਥੀਆਂ ਨੇ ਔਰਤਾਂ ਦੀਆਂ ਪ੍ਰਾਪਤੀਆਂ ਅਤੇ ਜੀਵਨ ਦੇ ਹਰ ਖੇਤਰ ਵਿੱਚ ਸਮਾਨ ਮੌਕਿਆਂ ਦੀ ਲੋੜ ਬਾਰੇ ਪ੍ਰੇਰਨਾਦਾਇਕ ਭਾਸ਼ਣ ਪੇਸ਼ ਕੀਤੇ।ਮੁਕਾਬਲੇ ਵਿੱਚ ਜਸਪ੍ਰੀਤ ਕੌਰ ਨੇ ਪਹਿਲਾ ਸਥਾਨ, ਸੁਮਨਜੀਤ ਕੌਰ ਨੇ ਦੂਜਾ ਸਥਾਨ ਤੇ ਮਨਜੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ।ਪ੍ਰਤੀਭਾਗੀਆਂ ਨੇ ਆਪਣੇ ਵਿਚਾਰਸ਼ੀਲ ਦ੍ਰਿਸ਼ਟੀਕੋਣ ਤੇ ਆਤਮਵਿਸ਼ਵਾਸ ਭਰੀ ਪੇਸ਼ਕਾਰੀ ਨਾਲ ਦਰਸ਼ਕਾਂ ਨੂੰ ਪ੍ਰਭਾਵਤ ਕੀਤਾ।

ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੂਨੀਵਰਸਿਟੀਆਂ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਨਾਗਰਿਕ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ, ਜੋ ਲਿੰਗ ਸਮਾਨਤਾ ਅਤੇ ਸੰਪੂਰਨ ਤੰਦਰੁਸਤੀ ਦੇ ਮੁੱਲਾਂ ਨੂੰ ਅੱਗੇ ਵਧਾਉਂਦੇ ਹਨ।

# ਡਾ. ਅਰੋੜਾ ਨੇ ਧਰਮਸ਼ਾਲਾ ਦਾ ਨੀਂਹ ਪੱਥਰ ਰੱਖਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਲਾਲ ਸਿੰਘ ਰੋਡ 'ਤੇ ਗੁਰਦੁਆਰਾ ਅਕਾਲਸਰ ਸਾਹਿਬ ਨੇੜੇ ਰਹਿਣ ਵਾਲੇ ਨਿਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਸ਼ਨੀਵਾਰ ਨੂੰ ਪੂਰੀ ਹੋ ਗਈ, ਕਿਉਂਕਿ ਇਲਾਕੇ ਵਿੱਚ ਇੱਕ ਆਧੁਨਿਕ ਧਰਮਸ਼ਾਲਾ (ਕਮਿਊਨਿਟੀ ਹਾਲ) ਦੇ ਨਿਰਮਾਣ ਕਾਰਜ ਦਾ ਰਸਮੀ ਉਦਘਾਟਨ ਕੀਤਾ ਗਿਆ।ਇਸ ਵਿਸ਼ੇਸ਼ ਪ੍ਰੋਜੈਕਟ ਦਾ ਨੀਂਹ ਪੱਥਰ ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਨਗਰ ਨਿਗਮ ਦੇ ਮੇਅਰ ਪ੍ਰਵੀਨ ਸ਼ਰਮਾ ਨੇ ਸਾਂਝੇ ਤੌਰ 'ਤੇ ਰੱਖਿਆ।ਇਸ ਪ੍ਰੋਜੈਕਟ 'ਤੇ ਕੁੱਲ 24.80 ਲੱਖ ਰੁਪਏ ਖਰਚ ਕੀਤੇ ਜਾਣਗੇ, ਜਿਸ ਨਾਲ ਸਥਾਨਕ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਸੁਧਾਰ ਆਉਣ ਦੀ ਉਮੀਦ ਹੈ।ਇਸ ਮੌਕੇ ਵਾਰਡ ਇੰਚਾਰਜ ਮਿਲਾਪ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ, ਜਿਨ੍ਹਾਂ ਨਾਲ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ ਇਸ ਖ਼ੁਸ਼ੀ ਦੇ ਪਲ ਨੂੰ ਦੇਖਣ ਲਈ ਇਕੱਠੇ ਹੋਏ ਸਨ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਇਸ ਧਰਮਸ਼ਾਲਾ ਦੀ ਮੰਗ ਸਥਾਨਕ ਲੋਕਾਂ ਵੱਲੋਂ ਕਾਫ਼ੀ ਸਮੇਂ ਤੋਂ ਉਠਾਈ ਜਾ ਰਹੀ ਸੀ, ਕਿਉਂਕਿ ਇਸ ਖੇਤਰ ਵਿੱਚ ਜਨਤਕ ਸਮਾਗਮਾਂ ਜਾਂ ਸਮਾਜਿਕ ਇਕੱਠਾਂ ਦੇ ਆਯੋਜਨ ਲਈ ਇੱਕ ਢੁਕਵੇਂ, ਸਾਂਝੇ ਸਥਾਨ ਦੀ ਸਪੱਸ਼ਟ ਘਾਟ ਸੀ। ਮੇਅਰ ਪ੍ਰਵੀਨ ਸ਼ਰਮਾ ਨੇ ਟਿੱਪਣੀ ਕੀਤੀ ਕਿ ਇਹ ਧਰਮਸ਼ਾਲਾ- ?24.80 ਲੱਖ ਦੇ ਬਜਟ ਨਾਲ ਬਣਾਈ ਜਾ ਰਹੀ ਹੈ, ਸਿਰਫ਼ ਇੱਕ ਇਮਾਰਤ ਤੋਂ ਵੱਧ ਹੋਵੇਗੀ; ਇੱਕ ਵਾਰ ਬਣ ਜਾਣ ਤੋਂ ਬਾਅਦ, ਸਥਾਨਕ ਨਿਵਾਸੀਆਂ ਨੂੰ ਆਪਣੇ ਨਿੱਜੀ ਪਰਿਵਾਰਕ ਸਮਾਗਮਾਂ, ਬੱਚਿਆਂ ਦੇ ਜਨਮ ਦਿਨ ਦੀਆਂ ਪਾਰਟੀਆਂ, ਛੋਟੇ ਸਮਾਰੋਹਾਂ ਤੇ ਖਾਸ ਕਰਕੇ ਧਾਰਮਿਕ ਇਕੱਠਾਂ ਦਾ ਆਯੋਜਨ ਕਰਨ ਲਈ ਦੂਰ ਯਾਤਰਾ ਨਹੀਂ ਕਰਨੀ ਪਵੇਗੀ।

# ਹਰਚੰਦ ਸਿੰਘ ਬਰਸਟ ਦੇ ਦਫ਼ਤਰ ਵਿਖੇ ਸੁਖਮਨੀ ਸਾਹਿਬ ਦਾ ਪਾਠ ਕਰਾਇਆ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਦੇ ਹਲਕਾ ਸਮਾਣਾ ਸਥਿਤ ਦਫ਼ਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ।ਇਸ ਦੌਰਾਨ ਰਾਗੀ ਜੱਥੇ ਵੱਲੋਂ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਸ੍ਰ. ਬਰਸਟ ਨੇ ਸਰਬੱਤ ਦੇ ਭਲੇ ਤੇ ਚੜ੍ਹਦੀ ਕਲਾ ਲਈ ਅਰਦਾਸ ਕੀਤੀ।ਇਸ ਦੌਰਾਨ ਸ੍ਰ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਚਹੁੰਪੱਖੀ ਵਿਕਾਸ ਲਈ ਮਿਸਾਲੀ ਕਾਰਜ ਕੀਤੇ ਜਾ ਰਹੇ ਹਨ।ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨੂੰ ਕੀਤੇ ਵਾਅਦੇ 4 ਸਾਲਾਂ ਵਿੱਚ ਪੂਰੇ ਕਰਕੇ ਦਿਖਾਏ ਹਨ, ਜੋ ਆਪ ਸਰਕਾਰ ਦੀ ਸੂਬੇ ਦੇ ਚਹੁੰਪੱਖੀ ਵਿਕਾਸ ਤੇ ਲੋਕਾਂ ਦੀ ਭਲਾਈ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਹਿਲਾਵਾਂ ਨੂੰ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਤੋਹਫ਼ਾ ਦਿੱਤਾ ਗਿਆ ਹੈ, ਜਿਸ ਦੇ ਤਹਿਤ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਮਿਲਣਗੇ, ਜਿਸ ਨਾਲ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਵੀ ਮਜ਼ਬੂਤੀ ਮਿਲੇਗੀ।ਚੇਅਰਮੈਨ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ ਅਤੇ ਲੋਕਾਂ ਨੂੰ ਚੰਗੀਆਂ ਸਹੂਲਤਾਂ ਦਿੱਤੀਆਂ ਗਈਆਂ ਹਨ।ਸੂਬੇ ਵਿੱਚ ਲੋਕਾਂ ਨੂੰ ਘਰਾਂ ਦੇ ਨੇੜੇ ਚੰਗੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਜਿੱਥੇ ਆਮ ਆਦਮੀ ਕਲੀਨਿਕ ਬਣਾਏ ਗਏ ਹਨ, ਉੱਥੇ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬੇ ਦੇ 65 ਲੱਖ ਪਰਿਵਾਰਾਂ ਲਈ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਤੇ ਕੈਸ਼ਲੈੱਸ ਇਲਾਜ ਦੀ ਸਹੂਲਤ ਹੈ।ਪੰਜਾਬ ਸਰਕਾਰ ਨੇ 4 ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਵਿੱਚ ਪ੍ਰਸ਼ਾਸਨਕ ਸੁਧਾਰਾਂ ਤੋਂ ਲੈ ਕੇ ਭ੍ਰਿਸ਼ਟਾਚਾਰ ਨੂੰ ਨੱਥ ਪਾਈ ਹੈ।ਬਿਨਾਂ ਕਿਸੇ ਰਿਸ਼ਵਤ ਜਾਂ ਸਿਫਾਰਸ਼ ਤੋਂ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ।600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ।ਸੂਬੇ ਵਿੱਚ ਖੇਡ ਸੱਭਿਆਚਾਰ ਵਿਕਸਤ ਕਰਨ ਲਈ ਵੱਖ-ਵੱਖ ਖੇਡ ਮੁਕਾਬਲੇ ਕਰਵਾਉਣ ਦੇ ਨਾਲ-ਨਾਲ ਖੇਡ ਮੈਦਾਨ ਬਣਾਏ ਜਾ ਰਹੇ ਹਨ।ਖੇਤਾਂ ਤੱਕ ਨਹਿਰਾਂ ਦਾ ਪਾਣੀ ਪਹੁੰਚਾਉਣਾ, ਸਕੂਲ ਆਫ਼ ਐਮੀਨੈਂਸ, ਸੜਕ ਸੁਰੱਖਿਆ ਫੋਰਸ, ਮਹਿਲਾਵਾਂ ਨੂੰ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਸਮੇਤ ਪੰਜਾਬ ਵਿੱਚ ਨਵੀਂ ਇੰਡਸਟਰੀ ਲਗਾਉਣ ਲਈ ਪੰਜਾਬ ਸਰਕਾਰ ਵੱਲੋਂ ਸਾਰਥਿਕ ਕਦਮ ਚੁੱਕੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕਾ ਸਮਾਣਾ ਦੇ ਵਿਕਾਸ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਬਲਜਿੰਦਰ ਸਿੰਘ ਢਿੱਲੋਂ ਚੇਅਰਮੈਨ ਪੰਜਾਬ ਐਗਰੋ ਫੂਡ ਗ੍ਰੇਨ ਕਾਰਪੋਰੇਸ਼ਨ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਹਰਿੰਦਰ ਸਿੰਘ ਧਬਲਾਨ, ਜਸਵੀਰ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸ਼ਾਮ ਲਾਲ ਦੱਤ, ਕੁਲਦੀਪ ਵਿਰਕ ਹਲਕਾ ਪ੍ਰਧਾਨ, ਰਾਣਾ ਵਿਰਕ ਬਲਾਕ ਸਮੰਤੀ ਮੈਂਬਰ, ਬਲਵਿੰਦਰ ਸਿੰਘ ਬਲਾਕ ਸਮੰਤੀ ਮੈਂਬਰ, ਦਰਬਾਰਾ ਸਿੰਘ ਤੁੱਲੇਵਾਲ ਬਲਾਕ ਸਮੰਤੀ ਮੈਂਬਰ, ਪਰਮਜੀਤ ਕੌਰ ਬਲਾਕ ਸਮੰਤੀ ਮੈਂਬਰ ਸੂਲਰ, ਹਜਾਰੀ ਲਾਲ ਜੌਹਰੀ, ਸਤਪਾਲ ਜੌਹਰੀ, ਡਾ. ਕੇ ਕੇ ਜੌਹਰੀ, ਭੁਪਿੰਦਰ ਸਿੰਘ ਸਰਪੰਚ ਖੇੜੀ ਗੰਡੀਆਂ ਸਮੇਤ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

# ਬੰਬੀਹਾ ਗੈਂਗ ਦਾ ਗੁਰਗਾ 2 ਸਾਥੀਆਂ ਸਮੇਤ ਕਾਬੂ, ਨਜਾਇਜ਼ ਅਸਲਾ ਤੇ ਹੈਰੋਇਨ ਬਰਾਮਦ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਜ਼ਿਲ੍ਹਾ ਫਰੀਦਕੋਟ ਪੁਲਸ ਨੇ ਅਪਰਾਧਿਕ ਅਨਸਰਾਂ ਤੇ ਨਸ਼ਾ ਤਸਕਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਇੱਕ ਵੱਡੀ ਸਫਲਤਾ ਹਾਸਲ ਕੀਤੀ ਹੈ।ਐੱਸ.ਐੱਸ.ਪੀ. ਡਾ. ਪ੍ਰਗਿਆ ਜੈਨ ਦੀ ਅਗਵਾਈ ਹੇਠ ਸੀ.ਆਈ.ਏ. ਸਟਾਫ਼ ਫਰੀਦਕੋਟ ਨੇ ਬੰਬੀਹਾ ਗੈਂਗ ਨਾਲ ਸਬੰਧਤ ਇੱਕ ਗੁਰਗੇ ਨੂੰ ਉਸ ਦੇ ਦੋ ਸਾਥੀਆਂ ਸਮੇਤ ਗ੍ਰਿਫਤਾਰ ਕੀਤਾ ਹੈ।ਪੁਲਸ ਨੇ ਮੁਲਜ਼ਮਾਂ ਕੋਲੋਂ ਇੱਕ ਦੇਸੀ ਪਿਸਤੌਲ .30 ਬੋਰ (ਸਮੇਤ ਮੈਗਜ਼ੀਨ), ਦੋ ਜ਼ਿੰਦਾ ਰੌਂਦ ਤੇ 21 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਜਾਣਕਾਰੀ ਅਨੁਸਾਰ ਐੱਸ.ਪੀ. (ਇਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਗੋਰਾਇਆ ਤੇ ਡੀ.ਐੱਸ.ਪੀ. ਅਵਤਾਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਇੰਸਪੈਕਟਰ ਅਮਰਿੰਦਰ ਸਿੰਘ ਦੀ ਨਿਗਰਾਨੀ ਹੇਠ ਪੁਲਸ ਪਾਰਟੀ ਚੈਕਿੰਗ ਕਰ ਰਹੀ ਸੀ ਤਾਂ ਨੈਸ਼ਨਲ ਹਾਈਵੇਅ-54 'ਤੇ ਸਿੱਖਾਂਵਾਲਾ ਰੋਡ (ਕੋਟਕਪੂਰਾ) ਕੋਲ ਬੱਸ ਸਟਾਪ 'ਤੇ ਬੈਠੇ ਤਿੰਨ ਨੌਜਵਾਨਾਂ ਨੂੰ ਸ਼ੱਕ ਦੇ ਆਧਾਰ 'ਤੇ ਜਦੋਂ ਰੋਕਿਆ ਗਿਆ, ਤਾਂ ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ ਨਜਾਇਜ਼ ਅਸਲਾ ਤੇ ਨਸ਼ੀਲਾ ਪਦਾਰਥ ਬਰਾਮਦ ਹੋਇਆ।ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਸੁਰਿੰਦਰਪਾਲ ਸਿੰਘ ਉਰਫ ਬਿੱਲਾ, ਜੋਧਾ ਸਿੰਘ ਤੇ ਅਮੋਲਕ ਸਿੰਘ ਉਰਫ ਮੋਲੀ ਵਜੋਂ ਹੋਈ ਹੈ, ਜੋ ਕੋਟਕਪੂਰਾ ਦੇ ਰਿਹਾਇਸ਼ੀ ਹਨ। ਮੁਲਜ਼ਮਾਂ ਖ਼ਿਲਾਫ਼ ਥਾਣਾ ਸਿਟੀ ਕੋਟਕਪੂਰਾ ਵਿਖੇ ਐੱਨ.ਡੀ.ਪੀ.ਐੱਸ. ਐਕਟ ਤੇ ਅਸਲਾ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।ਪੁਲਸ ਹੁਣ ਇਸ ਗੱਲ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ।

# ਬੱਲੋਵਾਲ ਸੌਖੜੀ ਦੇ ਕਿਸਾਨ ਮੇਲੇ 'ਚ ਹੁੰਮ ਹੁਮਾ ਕੇ ਪੁੱਜੇ ਕਿਸਾਨ



**ਬੱਲੋਵਾਲ ਸੌਖੜੀ (ਰੈਕਟਰ ਕਥੂਰੀਆ)**

ਪੀ.ਏ.ਯੂ. ਦੇ ਕਿਸਾਨ ਮੇਲਿਆਂ ਦੇ ਸਿਲਸਿਲੇ 'ਚ ਡਾ. ਦੇਵ ਰਾਜ ਭੂੰਬਲਾ ਖੇਤਰੀ ਖੋਜ ਕੇਂਦਰ ਬੱਲੋਵਾਲ ਸੌਖੜੀ ਵਿਖੇ ਕਿਸਾਨ ਮੇਲਾ ਲਾਇਆ ਗਿਆ। ਮੇਲੇ ਦੇ ਮੁੱਖ ਮਹਿਮਾਨ ਸ਼੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ, ਸਨ ਜਦਕਿ ਮੇਲੇ ਦੀ ਪ੍ਰਧਾਨਗੀ ਪੀ.ਏ.ਯੂ ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ।ਇਸ ਤੋਂ ਇਲਾਵਾ ਪੀਏਯੂ ਪ੍ਰਬੰਧਕੀ ਬੋਰਡ ਦੇ ਮੈਂਬਰ ਡਾ ਅਸ਼ੋਕ ਕੁਮਾਰ, ਪੀਏਯੂ ਦੇ ਨਿਰਦੇਸ਼ਕ ਖੋਜ ਡਾ ਅਜਮੇਰ ਸਿੰਘ ਢੱਟ, ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ, ਨਿਰਦੇਸ਼ਕ ਵਿਦਿਆਰਥੀ ਭਲਾਈ ਡਾਕਟਰ ਨਿਰਮਲ ਜੌੜਾ, ਵਧੀਕ ਨਿਰਦੇਸ਼ਕ ਪਸਾਰ ਸਿੱਖਿਆ ਡਾ. ਪ੍ਰਭਜੋਧ ਸਿੰਘ ਸੰਧੂ ਤੇ ਯੂਨੀਵਰਸਿਟੀ ਉੱਚ ਅਧਿਕਾਰੀ ਵੀ ਮੰਚ 'ਤੇ ਮੌਜੂਦ ਸਨ।

ਮਾਲਵਿੰਦਰ ਸਿੰਘ ਕੰਗ ਨੇ ਖੇਤੀਬਾੜੀ ਕਾਲਜ ਬੱਲੋਵਾਲ ਸੌਖੜੀ ਵਿਖੇ ਨਿਰਮਿਤ ਕੀਤੇ ਗਏ ਨਵੇਂ ਹੋਸਟਲ ਦਾ ਉਦਘਾਟਨ ਕੀਤਾ।ਮੇਲੇ ਦੇ ਉਦਘਾਟਨੀ ਸਮਾਰੋਹ ਵਿੱਚ ਮਾਲਵਿੰਦਰ ਸਿੰਘ ਕੰਗ ਨੇ ਆਪਣੇ ਮੁੱਖ ਭਾਸ਼ਣ ਦੌਰਾਨ ਇਸ ਇਲਾਕੇ ਲਈ ਯੂਨੀਵਰਸਿਟੀ ਵਲੋਂ ਕੀਤੇ ਗਏ ਵਿਸ਼ੇਸ਼ ਖੇਤੀ ਖੋਜ ਕੰਮਾਂ ਦੀ ਸ਼ਲਾਘਾ ਕੀਤੀ।ਮੌਜੂਦਾ ਹਾਲਾਤ ਦੇ ਮੱਦੇਨਜ਼ਰ ਉਨ੍ਹਾਂ ਪੰਜਾਬੀ ਕਿਸਾਨਾਂ ਨੂੰ ਸਿਰ ਜੋੜ ਕੇ ਵਿਚਾਰਾਂ ਕਰਨ ਤੇ ਚੁਣੌਤੀਆਂ ਦਾ ਸਾਹਮਣਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਅਨਾਜ ਦੇ ਸੰਕਟ ਵੇਲੇ ਪੰਜਾਬ ਨੇ ਦੇਸ਼ ਦੀ ਅਗਵਾਈ ਕੀਤੀ।ਇਸ ਦਾ ਮੁੱਲ ਪੰਜਾਬੀ ਕੁਦਰਤੀ ਸਰੋਤਾਂ ਨੂੰ ਤਾਰਨਾ ਪਿਆ ਹੈ।ਉਨ੍ਹਾਂ ਨੇ ਖੇਤੀ ਵਿਭਿੰਨਤਾ ਲਈ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਵਿੱਚ ਹੋਰ ਸੰਜੀਦਗੀ ਲਿਆਉਣ ਦੀ ਲੋੜ ਤੇ ਜ਼ੋਰ ਦਿੱਤਾ।ਇਸ ਲਈ ਝੋਨੇ ਕਣਕ ਦੇ ਬਦਲ ਵਿਚ ਹੋਰ ਫ਼ਸਲਾਂ ਦੇ ਸਮਰਥਨ ਮੁੱਲ ਦੀ ਮੰਗ ਦੇ ਨਾਲ ਨਾਲ ਉਨ੍ਹਾਂ ਨੇ ਕਿਸਾਨਾਂ ਨੂੰ ਵੀ ਪੀ.ਏ.ਯੂ ਦੀਆਂ ਸਿਫ਼ਾਰਸ਼ਾਂ ਅਨੁਸਾਰ ਖੇਤੀ ਵਿਭਿੰਨਤਾ ਅਪਣਾਉਣ ਲਈ ਪ੍ਰੇਰਿਤ ਕੀਤਾ।

ਕੁਦਰਤੀ ਸਰੋਤਾਂ ਦੀ ਸੰਭਾਲ ਬਾਰੇ ਗੱਲ ਕਰਦਿਆਂ ਸੰਸਦ ਮੈਂਬਰ ਨੇ ਆਉਂਦੀਆਂ ਪੀੜ੍ਹੀਆਂ ਦੇ ਭਵਿੱਖ ਲਈ ਫਿਕਰਮੰਦੀ ਨੂੰ ਗਹਿਰੀ ਤੇ ਗੰਭੀਰ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ।ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਇਸ ਮੌਕੇ ਪ੍ਰਧਾਨਗੀ ਭਾਸ਼ਣ ਵਿਚ ਕਿਹਾ ਕਿ ਇਹ ਮੇਲੇ ਕਿਸਾਨਾਂ ਦੀਆਂ ਮੁਸ਼ਕਲਾਂ ਜਾਨਣ, ਉਨ੍ਹਾਂ ਦੇ ਅਨੁਭਵਾਂ ਤੋਂ ਸਿੱਖਣ ਤੇ ਉਨ੍ਹਾਂ ਨੂੰ ਸਹੀ ਮਾਰਗ ਦੱਸਣ ਦਾ ਮੌਕਾ ਦਿੰਦੇ ਹਨ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਨੇ ਪੰਜਾਬ ਦੀਆਂ ਭੂਗੋਲਿਕ ਹਾਲਤਾਂ ਦੀ ਵੱਖਰਤਾ ਦੇ ਮੱਦੇਨਜ਼ਰ ਇਨ੍ਹਾਂ ਕਿਸਾਨ ਮੇਲਿਆਂ ਦੀ ਵਿਉਂਤਬੰਦੀ ਕੀਤੀ ਹੈ ਤਾਂ ਜੁ ਪੰਜਾਬ ਦੇ ਖੇਤੀ ਦਾ ਸਮੁੱਚੇ ਤੌਰ ਤੇ ਵਿਕਾਸ ਸੰਭਵ ਹੋ ਸਕੇ।

ਡਾ ਗੋਸਲ ਨੇ ਪੀ ਏ ਯੂ ਵਲੋਂ ਖੇਤੀ ਕਾਰੋਬਾਰ ਲਈ ਦਿੱਤੀਆਂ ਜਾਣ ਵਾਲੀਆਂ ਸਿਖਲਾਈਆਂ ਦਾ ਜ਼ਿਕਰ ਕਰਦਿਆਂ ਕਿਸਾਨਾਂ ਨੂੰ ਸਿਰਫ ਉਤਪਾਦਨ ਦੀ ਥਾਂ ਆਪਣੀ ਖੇਤੀ ਨੂੰ ਕਾਰੋਬਾਰੀ ਬਣਾਉਣ ਲਈ ਅਪੀਲ ਵੀ ਕੀਤੀ।ਨਿਰਦੇਸ਼ਕ ਵਿਦਿਆਰਥੀ ਭਲਾਈ ਡਾ ਨਿਰਮਲ ਜੌੜਾ ਨੇ ਖੇਤੀਬਾੜੀ ਕਾਲਜ ਬੱਲੋਵਾਲ ਸੌਖੜੀ ਵਿਖੇ ਬਣਾਏ ਨਵੇਂ ਹੋਸਟਲ ਲਈ ਦਿਖਾਈ ਸਰਗਰਮੀ ਤੇ ਇਮਦਾਦ ਲਈ ਮਾਲਵਿੰਦਰ ਸਿੰਘ ਕੰਗ ਤੇ ਸਮੂਹ ਸਰਕਾਰ ਦਾ ਧੰਨਵਾਦ ਕੀਤਾ।ਪੀ.ਏ.ਯੂ. ਦੇ ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਸਾਉਣੀ ਦੀਆਂ ਫਸਲਾਂ ਬਾਰੇ ਯੂਨੀਵਰਸਿਟੀ ਦੀਆਂ ਸਿਫਾਰਸ਼ਾਂ ਸਾਂਝੀਆਂ ਕੀਤੀਆਂ।ਧੰਨਵਾਦੀ ਸ਼ਬਦ ਖੇਤੀਬਾੜੀ ਕਾਲਜ ਬੱਲੋਵਾਲ ਸੌਖੜੀ ਦੇ ਡੀਨ ਡਾ ਮਨਮੋਹਨਜੀਤ ਸਿੰਘ ਨੇ ਕਹੇ।

# ਸਰਕਾਰੀ ਕਾਲਜ (ਲੜਕੀਆਂ) ਵਿਖੇ ਕੌਮੀ ਸੈਮੀਨਾਰ ਕਰਵਾਇਆ



**ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)**-ਸਰਕਾਰੀ ਕਾਲਜ (ਲੜਕੀਆਂ) ਜਲਾਲਾਬਾਦ ਵਿਖੇ 'ਵੰਡ ਤੋਂ ਬਾਅਦ ਦੀਆਂ ਜ਼ਿੰਦਗੀਆਂ (ਪੂਰਬੀ) ਪੰਜਾਬ ਤੋਂ ਸਰਹੱਦੀ ਦ੍ਰਿਸ਼ਟੀਕੋਣ' ਵਿਸ਼ੇ 'ਤੇ ਡੀਨ ਕਾਲਜ ਡਿਵੈਲਪਮੈਂਟ ਕਾਊਂਸਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਸਪੌਂਸਰ ਨੈਸ਼ਨਲ ਸੈਮੀਨਾਰ ਕਾਲਜ ਪ੍ਰਿੰਸੀਪਲ ਡਾ. ਜਯੋਤਸਨਾ ਦੀ ਰਹਿਨੁਮਾਈ ਹੇਠ ਕਰਵਾਈ ਗਿਆ। ਸੈਮੀਨਾਰ ਦੇ ਇਨੌਗਰਲ ਸੈਸ਼ਨ ਦੌਰਾਨ ਪ੍ਰਿੰਸੀਪਲ ਡਾ. ਜਯੋਤਸਨਾ ਵੱਲੋਂ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਇਸ ਸੈਮੀਨਾਰ ਵਿੱਚ ਉੱਤਰ ਭਾਰਤ ਦੀਆਂ ਵੱਖ ਵੱਖ ਯੂਨੀਵਰਸਿਟੀਆਂ ਤੇ ਪੰਜਾਬ ਦੇ ਵੱਖ-ਵੱਖ ਕਾਲਜਾਂ ਤੋਂ ਵਿਦਵਾਨਾਂ ਨੇ ਸ਼ਿਰਕਤ ਕੀਤੀ। ਸੈਮੀਨਾਰ ਦਾ ਕੁੰਜੀਵਤ ਭਾਸ਼ਣ ਪ੍ਰੋ. ਰੌਣਕੀ ਰਾਮ ਪ੍ਰੋ ਇਮੈਰੇਟਸ ਇੰਸਟੀਚਿਊਟ ਆਫ ਡਿਵੈਲਪਮੈਂਟ ਐਂਡ ਕੰਮਿਊਨੀਕੇਸ਼ਨ ਚੰਡੀਗੜ੍ਹ ਨੇ ਦਿੱਤਾ। ਉਨ੍ਹਾਂ ਪੰਜਾਬ ਦੀ ਵੰਡ ਤੋਂ ਪਹਿਲਾਂ ਦੇ ਸਮੇਂ ਦੇ ਇਤਿਹਾਸ ਉੱਪਰ ਚਾਨਣ ਪਾਉਂਦੇ ਹੋਏ ਵਰਤਮਾਨ ਸਮੇਂ ਪੰਜਾਬ ਬਾਰਡਰ 'ਤੇ ਰਹਿਣ ਵਾਲੇ ਵਸਨੀਕਾਂ ਨੂੰ ਆ ਰਹੀਆਂ ਦਰਪੇਸ਼ ਸਮੱਸਿਆਵਾਂ ਉੱਪਰ ਚਾਨਣ ਪਾਇਆ।

ਸਮੁੱਚੇ ਸੈਮੀਨਾਰ ਨੂੰ ਤਿੰਨ ਟੈਕਨੀਕਲ ਸੈਸ਼ਨਾਂ ਵਿੱਚ ਚਲਾਇਆ ਗਿਆ। ਪਹਿਲੇ ਸੈਸ਼ਨ 'ਚ ਡਾ. ਚੱਕਰਵਰਤੀ ਮਹਾਜਨ ਦਿੱਲੀ ਯੂਨੀਵਰਸਿਟੀ, ਪ੍ਰੋ. ਬਾਵਾ ਸਿੰਘ ਸੈਂਟਰਲ ਯੂਨੀਵਰਸਿਟੀ ਬਠਿੰਡਾ, ਡਾ. ਨਿਰਮਲ ਸਿੰਘ ਦੁਆਬਾ ਕਾਲਜ ਜਲੰਧਰ, ਪਰਮਜੀਤ ਸਿੰਘ ਢਾਬਾਂ ਐਡਵੋਕੇਟ ਤੇ ਸਮਾਜ ਸੇਵਕ ਨੇ ਵਿਦਿਆਰਥਣਾਂ ਤੇ ਡੈਲੀਗੇਟਸ ਨੂੰ ਸੰਬੋਧਨ ਕੀਤਾ। ਦੂਸਰੇ ਟੈਕਨੀਕਲ ਸੈਸ਼ਨ, ਜੋ ਬਾਅਦ ਦੁਪਹਿਰ ਸ਼ੁਰੂ ਹੋਇਆ, ਦੌਰਾਨ ਡਾ. ਦਵਿੰਦਰ ਕੌਰ ਖਾਲਸਾ ਕਾਲਜ ਅੰਮ੍ਰਿਤਸਰ, ਡਾ. ਸੁਰਿੰਦਰ ਸਿੰਘ ਪੰਜਾਬ ਯੂਨੀਵਰਸਿਟੀ ਰਿਜਨਲ ਸੈਂਟਰ ਕਾਉਣੀ, ਡਾ. ਰਾਜਵਿੰਦਰ ਕੌਰ ਸਰਕਾਰੀ ਕਾਲਜ ਦਾਨੇਵਾਲਾ, ਡਾ. ਮਨਦੀਪ ਕੌਰ, ਸਰਕਾਰੀ ਕਾਲਜ ਕੋਟਕਪੂਰਾ ਨੇ ਆਪਣੇ ਬਾਰਡਰ ਤੇ ਵੰਡ ਨਾਲ ਸੰਬੰਧਤ ਵੱਖ-ਵੱਖ ਪਹਿਲੂਆਂ ਉੱਪਰ ਵਿਚਾਰ ਚਰਚਾ ਕੀਤੀ। ਸੈਮੀਨਾਰ ਦੌਰਾਨ ਜਲਾਲਾਬਾਦ ਪੱਤਰਕਾਰ ਭਾਈਚਾਰੇ ਵਿੱਚੋਂ ਹਰਪ੍ਰੀਤ ਸਿੰਘ ਮਹਿਮੀ, ਕੁਲਦੀਪ ਬਰਾੜ, ਸੋਨਾ ਸਿੰਘ ਧੁਨਕੀਆਂ ਤੇ ਸਤਨਾਮ ਸਿੰਘ ਫਲੀਆਂਵਾਲਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਸੈਮੀਨਾਰ ਦੇ ਸਮਾਪਤੀ ਸਮਾਰੋਹ ਦੌਰਾਨ ਸੈਮੀਨਾਰ ਕਨਵੀਨਰ ਡਾ. ਰਾਜੀਵ ਕੁਮਾਰ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਭਵਿੱਖ ਵਿੱਚ ਇਹੋ ਜਿਹੇ ਮਹੱਤਵਪੂਰਨ ਵਿਸ਼ਿਆਂ ਉੱਪਰ ਕਾਲਜ ਵਿੱਚ ਸੈਮੀਨਾਰ ਕਰਵਾਉਣ ਦਾ ਯਕੀਨ ਪ੍ਰਗਟਾਇਆ। ਕਾਲਜ ਸੈਮੀਨਾਰ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਸੈਮੀਨਾਰ ਪ੍ਰਬੰਧਕੀ ਕਮੇਟੀ ਮੈਂਬਰ ਡਾ. ਪਰਮਿੰਦਰ ਕੌਰ, ਪ੍ਰੋ. ਏਕਤਾ, ਪ੍ਰੋ. ਪਰਮਜੀਤ ਕੌਰ, ਪ੍ਰੋ. ਰਾਘਵ, ਮਿਸ ਸ਼ਿਲਪਾ ਰਾਣੀ, ਪ੍ਰੋ. ਪ੍ਰਭਲੀਨ ਕੌਰ, ਪ੍ਰੋ. ਅਮਨਦੀਪ ਕੌਰ, ਪ੍ਰੋ. ਸਤਨਾਮ ਸਿੰਘ, ਗੁਰਚਰਨ ਸਿੰਘ, ਅਜੈ ਗਰੋਵਰ ਆਦਿ ਨੇ ਵਿਸ਼ੇਸ਼ ਯੋਗਦਾਨ ਪਾਇਆ। ਸੈਮੀਨਾਰ ਦੀ ਸਮਾਪਤੀ ਕਾਲਜ ਪ੍ਰਿੰਸੀਪਲ ਵੱਲੋਂ ਮਹਿਮਾਨਾਂ ਦਾ ਵਿਸ਼ੇਸ਼ ਸਨਮਾਨ ਤੇ ਧੰਨਵਾਦ ਨਾਲ ਕੀਤੀ ਗਈ।

## ਮਿੱਡ ਡੇ ਮੀਲ ਤੇ ਸਫ਼ਾਈ ਵਰਕਰ ਯੂਨੀਅਨ ਆਜ਼ਾਦ ਵੱਲੋਂ ਧਰਨਾ ਤੇ ਰੋਸ ਪ੍ਰਦਰਸ਼ਨ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਆਪਣੇ ਆਖ਼ਰੀ ਬਜਟ 'ਚ ਸਕੂਲਾਂ ਵਿੱਚ ਕੰਮ ਕਰਦੀਆਂ ਕੁੱਕ ਬੀਬੀਆਂ ਦੀ ਤਨਖਾਹ ਵਧਾਉਣ ਦੇ ਕੀਤੇ ਵਾਅਦੇ ਨੂੰ ਪੂਰਾ ਨਾ ਕਰਨ ਖ਼ਿਲਾਫ਼ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਵੀ ਕੀਤਾ ਗਿਆ।ਇਸ ਸਮੇਂ ਉਨ੍ਹਾਂ ਮੁੱਖ ਮੰਤਰੀ ਮਾਨ ਨੂੰ ਨੂੰ ਕੀਤਾ ਵਾਅਦਾ ਯਾਦ ਦਿਵਾਉਣ ਲਈ ਇੱਕ ਮੰਗ ਪੱਤਰ ਵੀ ਭੇਜਿਆ ਗਿਆ।ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਮਿੱਡ ਡੇ ਮੀਲ ਤੇ ਸਫਾਈ ਵਰਕਰ ਯੂਨੀਅਨ ਆਜ਼ਾਦ ਦੇ ਸੂਬਾਈ ਪ੍ਰਧਾਨ ਸੁਖਵਿੰਦਰ ਸਿੰਘ ਬੋਹਾ, ਜ਼ਿਲ੍ਹਾ ਪ੍ਰਧਾਨ ਮਨਜੀਤ ਕੌਰ ਰਿਉਂਦ ਨੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਹੁਣ ਮੁਲਾਜ਼ਮਾਂ ਤੇ ਸਕੀਮ ਅਧਾਰਤ ਵਰਕਰਾਂ ਨਾਲ ਕੀਤੇ ਵਾਅਦਿਆਂ ਤੋਂ ਵੀ ਪੂਰੀ ਤਰ੍ਹਾਂ ਭੱਜ ਚੁੱਕੀ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਵੱਲੋਂ ਤਨਖ਼ਾਹ ਵਧਾਉਣਾ ਤਾਂ ਦੂਰ ਦੀ ਗੱਲ ਉਲਟਾ ਕੁੱਕ ਬੀਬੀਆਂ ਨੂੰ ਸਕੂਲਾਂ 'ਚੋਂ ਫਾਰਗ ਕਰਨਾ ਵੀ ਸ਼ੁਰੂ ਕਰ ਦਿੱਤਾ ਹੈ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ 1000 ਰੁਪਏ ਦੇਣ ਦਾ ਐਲਾਨ ਵੀ ਔਰਤਾਂ ਨਾਲ ਧੋਖਾ ਹੈ।ਬਿਜਲੀ ਬਿੱਲ ਮੁਆਫ਼ ਕਰਨ ਦਾ ਦਾਅਵਾ ਕਰਨ ਵਾਲੀ ਸਰਕਾਰ ਦੇ ਰਾਜ 'ਚ ਗਰੀਬ ਲੋਕ ਕਰਜੇ ਲੈ ਕੇ ਬਿਲ ਭਰਨ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਮਸ਼ਹੂਰੀਆਂ ਲਈ ਕਰੋੜਾਂ ਰੁਪਏ ਬਰਬਾਦ ਕੀਤੇ ਜਾ ਰਹੇ ਹਨ ਹਨ, ਪ੍ਰੰਤੂ ਕੁੱਕ ਬੀਬੀਆਂ ਤੇ ਸਫਾਈ ਸੇਵਕਾਂ ਦੀ ਤਨਖਾਹ ਵਧਾਉਣ ਲਈ ਖਜ਼ਾਨਾ ਖਾਲੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਗਰੀਬ ਲੋਕ ਮਜਬੂਰੀ ਵੱਸ ਪ੍ਰਾਈਵੇਟ ਕਰਜ਼ਿਆਂ ਦੇ ਜਾਲ਼ 'ਚ ਫਸ ਰਹੇ ਹਨ, ਪਰ ਸਰਕਾਰਾਂ ਗਰੀਬਾਂ ਦੀ ਥਾਂ ਅਮੀਰਾਂ ਦੇ ਕਰਜ਼ੇ ਮੁਆਫ਼ ਕਰ ਰਹੀਆਂ ਹਨ।ਇਸ ਮੌਕੇ ਉਨ੍ਹਾਂ ਐਲਾਨ ਕੀਤਾ ਕਿ ਸਰਕਾਰ ਦੀ ਵਾਅਦਾ ਖਿਲਾਫੀ ਵਿਰੁੱਧ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਜਰਨੈਲ ਸਿੰਘ ਮਾਨਸਾ, ਗੋਰਾ ਸਿੰਘ ਕਲੀਪੁਰ, ਮਿੱਡ ਡੇ ਯੂਨੀਅਨ ਦੇ ਰੋਸ਼ਨੀ ਦੇਵੀ, ਕਰਮਜੀਤ ਕੌਰ ਦਲੇਲ ਵਾਲਾ, ਗੁਰਮੀਤ ਕੌਰ ਝੰਡੂਕੇ, ਨਸੀਬ ਕੌਰ ਪੇਰੋ, ਪਰਮਜੀਤ ਕੌਰ ਰਾਏਪੁਰ, ਕ੍ਰਿਸ਼ਨਾ ਦੇਵੀ ਨੇ ਵੀ ਧਰਨੇ ਨੂੰ ਸੰਬੋਧਨ ਕੀਤਾ।

## ਨੈਸ਼ਨਲ ਲੋਕ ਅਦਾਲਤ 'ਚ 9343 ਕੇਸਾਂ ਦਾ ਨਿਪਟਾਰਾ ਤੇ 6 ਕਰੋੜ ਤੋਂ ਵੱਧ ਦੇ ਅਵਾਰਡ ਪਾਸ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਵਿਜੇ ਕੁਮਾਰ ਵਧੀਕ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਫਤਹਿਗੜ੍ਹ ਸਾਹਿਬ ਦੀ ਅਗਵਾਈ ਹੇਠ ਸ੍ਰੀ ਅਸ਼ੋਕ ਕੁਮਾਰ ਚੌਹਾਨ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਕਚਹਿਰੀਆਂ, ਅਮਲੋਹ ਤੇ ਖਮਾਣੋਂ ਦੀਆਂ ਸਬ ਡਵੀਜ਼ਨ ਪੱਧਰ ਦੀਆਂ ਕਚਹਿਰੀਆਂ ਵਿੱਚ ਸਾਲ ਦੀ ਪਹਿਲੀ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਨੈਸ਼ਨਲ ਲੋਕ ਅਦਾਲਤ ਦੇ 12 ਬੈਂਚਾਂ ਵੱਲੋਂ 12800 ਕੇਸਾਂ ਦੀ ਸੁਣਵਾਈ ਹੋਈ, ਜਿਨ੍ਹਾਂ ਵਿੱਚੋਂ 9343 ਕੇਸਾਂ ਦਾ ਨਿਪਟਾਰਾ ਦੋਵਾਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਕੀਤਾ ਗਿਆ ਤੇ ਵਿੱਤੀ ਮਾਮਲਿਆਂ ਦੇ ਕੇਸਾਂ ਵਿੱਚ 6 ਕਰੋੜ ਰੁਪਏ ਤੋਂ ਵੱਧ ਦੀ ਰਕਮ ਦੇ ਅਵਾਰਡ ਪਾਸ ਕੀਤੇ ਗਏ। ਇਸ ਮੌਕੇ ਵਧੀਕ ਜ਼ਿਲ੍ਹਾ ਤੇ ਸ਼ੈਸ਼ਨ ਜੱਜ ਸ੍ਰੀ ਵਿਜੇ ਕੁਮਾਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਲੋਕ ਅਦਾਲਤਾਂ ਰਾਹੀਂ ਕੇਸਾਂ ਦਾ ਨਿਪਟਾਰਾ ਹੋਣ ਨਾਲ ਆਮ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲਦੀ ਹੈ, ਕਿਉਂਕਿ ਇਨ੍ਹਾਂ ਲੋਕ ਅਦਾਲਤਾਂ ਵਿੱਚ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਕੇਸਾਂ ਦਾ ਨਿਪਟਾਰਾ ਕੀਤਾ ਜਾਂਦਾ ਹੈ, ਜਿਸ ਨਾਲ ਆਮ ਲੋਕਾਂ ਨੂੰ ਜਲਦੀ ਤੇ ਸਸਤਾ ਨਿਆਂ ਵੀ ਮਿਲਦਾ ਹੈ।ਇਹ ਨੈਸ਼ਨਲ ਲੋਕ ਅਦਾਲਤ ਸਾਲ ਦੀ ਪਹਿਲੀ ਨੈਸ਼ਨਲ ਲੋਕ ਅਦਾਲਤ ਹੈ, ਜਿਸ ਵਿੱਚ ਲੋਕਾਂ ਨੇ ਵਧੇਰੇ ਉਤਸ਼ਾਹ ਦਿਖਾਉਂਦਿਆਂ ਵੱਧ ਚੜ੍ਹ ਕੇ ਹਿੱਸਾ ਲਿਆ। ਸ੍ਰੀ ਅਸ਼ੋਕ ਕੁਮਾਰ ਸੀ.ਜੇ.ਐੱਮ. ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਕਿਹਾ ਕਿ ਜਿੱਥੇ ਇਨ੍ਹਾਂ ਲੋਕ ਅਦਾਲਤਾਂ ਵਿੱਚ ਵੱਡੀ ਗਿਣਤੀ ਵਿੱਚ ਅਜਿਹੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ, ਜਿਹੜੇ ਪਹਿਲਾਂ ਕਿਸੇ ਵੀ ਅਦਾਲਤ ਵਿੱਚ ਨਹੀਂ ਲਗਾਏ ਗਏ ਸਨ ਤੇ ਇਸ ਤੋਂ ਇਲਾਵਾ ਲੰਮੇ ਸਮੇਂ ਤੋਂ ਅਦਾਲਤਾਂ ਵਿੱਚ ਲੰਬਿਤ ਕੇਸਾਂ ਦਾ ਵੀ ਵੱਡੀ ਗਿਣਤੀ ਵਿੱਚ ਨਿਪਟਾਰਾ ਕੀਤਾ ਗਿਆ।ਇਸ ਲੋਕ ਅਦਾਲਤ ਦੀ ਸਫਲਤਾ ਵਿੱਚ ਨਿਆਂ ਅਧਿਕਾਰੀਆਂ, ਵਕੀਲ ਸਾਹਿਬਾਨ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਵਡਮੁੱਲਾ ਯੋਗਦਾਨ ਦਿੱਤਾ।

## ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਵਿਚਾਰ ਚਰਚਾ ਪ੍ਰੋਗਰਾਮ 21 ਨੂੰ

**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਨਿਊ ਸੀਨੀਅਰ ਸਿਟੀਜਨ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੇ ਜਨਰਲ ਸਕੱਤਰ ਸਰਬਜੀਤ ਸਿੰਘ ਰਾਜੋਮਾਜਰਾ ਨੇ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ 21 ਮਾਰਚ ਨੂੰ ਸਵੇਰੇ 10.30 ਵਜੇ ਬਾਰੂਮੱਲ ਧਰਮਸ਼ਾਲਾ ਧੂਰੀ ਵਿਖੇ 'ਵਿਚਾਰ ਚਰਚਾ' ਪ੍ਰੋਗਰਾਮ ਕਰਵਾਇਆ ਜਾਵੇਗਾ।ਇਸ ਮੌਕੇ ਆਜ਼ਾਦੀ ਸੰਘਰਸ਼ ਦੇ ਸ਼ਹੀਦਾਂ ਦੀ ਸ਼ਹਾਦਤ ਦੇ ਸੰਦਰਭ 'ਚ ਸੰਸਾਰ ਵਿਆਪੀ ਅਜੋਕੇ ਹਾਲਾਤਾਂ 'ਤੇ ਵਿਚਾਰ ਚਰਚਾ ਹੋਵੇਗੀ ਤੇ ਉੱਘੇ ਪੱਤਰਕਾਰ, ਆਲੋਚਕ ਤੇ ਸਮਾਜਿਕ ਚਿੰਤਕ ਹਮੀਰ ਸਿੰਘ ਪ੍ਰੋਗਰਾਮ 'ਚ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਨਗੇ।

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਸਰਕਾਰ ਖਿਲਾਫ ਕਰੇਗੀ ਮੁਜ਼ਾਹਰੇ : ਚਹਿਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਹੈੱਡ ਆਫਿਸ ਯੂਨਿਟ ਪਟਿਆਲਾ ਦੀ ਮਹੀਨਾਵਾਰ ਮੀਟਿੰਗ ਅਣਖੀ ਭਵਨ ਫੈਕਟਰੀ ਏਰੀਆ ਪਟਿਆਲਾ ਵਿਖੇ ਸ੍ਰ: ਭਿੰਦਰ ਸਿੰਘ ਚਹਿਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸ੍ਰ: ਗਿਆਨ ਸਿੰਘ ਸਾਬਕਾ ਸੀ.ਐੱਚ.ਡੀ. ਤੇ ਸੂਬਾ ਆਗੂ ਸ੍ਰ: ਕੇਵਲ ਸਿੰਘ ਦੀ ਧਰਮ ਪਤਨੀ ਸ਼੍ਰੀਮਤੀ ਸੁਰਿੰਦਰ ਕੌਰ ਦੇ ਸਵਰਗਵਾਸ ਹੋਣ ਕਾਰਨ ਜਥੇਬੰਦੀ ਵੱਲੋਂ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਅਰਪਣ ਕੀਤੀ ਗਈ।ਜਨਰਲ ਸਕੱਤਰ ਦੁਆਰਾ ਸੂਬਾ ਕਮੇਟੀ ਵੱਲੋਂ ਦਿੱਤੇ ਅਦੇਸ਼ਾਂ ਅਨੁਸਾਰ ਪਾਵਰਕਾਮ ਵੱਲੋਂ ਜਾਇਦਾਦਾਂ ਵੇਚਣ ਦੇ ਵਿਰੋਧ ਵਿੱਚ ਤੇ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਬੱਜਟ ਸੈਸ਼ਨ ਦੌਰਾਨ ਵਿਧਾਨ ਸਭਾ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਦੀ ਜਾਣਕਾਰੀ ਦਿੱਤੀ ਗਈ।ਮੀਟਿੰਗ ਵਿੱਚ ਅਪ੍ਰੈਲ 2026 ਦੇ ਦੂਜੇ ਸ਼ਨੀਵਾਰ ਨੂੰ ਸੀਨੀਅਰ ਪੈਨਸ਼ਨਰਾਂ ਨੂੰ ਸਨਮਾਨਤ ਕਰਨ ਲਈ ਸਮਾਗਮ ਕਰਨ ਦਾ ਫੈਸਲਾ ਕੀਤਾ ਗਿਆ।ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਦੀ ਪੂਰਤੀ ਲਈ ਸਰਕਾਰ ਵੱਲੋਂ ਸੈਸ਼ਨ ਦੌਰਾਨ ਅਪਣਾਈ ਚੁੱਪ ਦੀ ਬੁਲਾਰਿਆਂ ਵੱਲੋਂ ਨਿਖੇਧੀ ਕੀਤੀ ਗਈ।ਵਿਰੋਧੀ ਧਿਰ ਦੇ ਨੇਤਾ ਸ੍ਰ: ਪ੍ਰਤਾਪ ਸਿੰਘ ਬਾਜਵਾ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਦਾ ਮੁੱਦਾ ਉਠਾਉਣ 'ਤੇ ਮੁੱਖ ਮੰਤਰੀ ਵੱਲੋਂ ਕੀਤੀ ਗਈ ਨਿਰਾਸ਼ਾਜਨਕ ਤੇ ਵਿਅੰਗਮਈ ਟਿੱਪਣੀ ਤੇ ਵਿੱਤ ਮੰਤਰੀ ਵੱਲੋਂ ਵਿਧਾਨ ਸਭਾ ਨੂੰ ਭਲਵਾਨੀ ਅਖਾੜੇ ਵਿੱਚ ਬਦਲਣ ਦਾ ਨਿੰਦਾ ਮਤਾ ਪਾਸ ਕੀਤਾ ਗਿਆ।ਸ: ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਜਾਣਕਾਰੀ ਦਿੱਤੀ ਕਿ ਇਸ ਸਟੇਟ ਪੱਧਰ ਦੇ ਆਗੂਆਂ ਵੱਲੋਂ ਇੱਕਸੁਰ ਨਾਲ ਸੰਘਰਸ਼ ਵਿੱਢਣ ਸਹਿਮਤੀ ਬਣ ਚੁੱਕੀ ਹੈ ਤੇ ਆਉਣ ਵਾਲੇ ਸੰਘਰਸ਼ ਲਈ ਲਾਮਬੰਦ ਹੋਣ ਲਈ ਤਿਆਰ ਰਹਿਣ ਦੀ ਜਾਣਕਾਰੀ ਦਿੱਤੀ।ਉਨ੍ਹਾ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਨੂੰ ਅਪੀਲ ਕਰਦਿਆਂ ਆਖਿਆ ਕਿ ਪੈਨਸ਼ਨਰਾਂ ਦੀਆਂ ਮੰਗਾਂ ਜਿਵੇਂ 1.1.2016 ਤੋਂ ਪਹਿਲਾਂ ਰਿਟਾਇਰ ਪੈਨਸ਼ਨਰਾਂ ਨੂੰ 2.59 ਪੈਨਸ਼ਨ ਸੁਧਾਈ ਫੈਕਟਰ, ਡੀ ਏ ਦੇ ਬਕਾਏ ਤੇ ਰਹਿੰਦੀਆਂ ਕਿਸ਼ਤਾਂ, ਜਜ਼ੀਆ ਟੈਕਸ ਦੀ ਕਟੌਤੀ ਬੰਦ ਕਰਨਾ, ਕੈਸ਼ਲੈੱਸ ਮੈਡੀਕਲ ਸਹੂਲਤ ਤੇ ਮੰਗ ਚਾਰਟਰ ਅਨੁਸਾਰ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।ਮੀਟਿੰਗ ਵਿੱਚ ਇੰਜ. ਸੰਤੋਖ ਸਿੰਘ ਬੋਪਾਰਾਏ, ਅਮਰਜੀਤ ਸਿੰਘ ਖਜ਼ਾਨਚੀ, ਭੁਪਿੰਦਰ ਸਿੰਘ ਵਧੀਕ ਸਕੱਤਰ, ਹਰਬੰਸ ਸਿੰਘ ਟਿਵਾਣਾ, ਇੰਜ. ਅਮਰਜੀਤ ਸਿੰਘ, ਇੰਜ: ਕਰਤਾਰ ਸਿੰਘ, ਇੰਜ. ਸਤਪਾਲ ਸ਼ਰਮਾ, ਮਲਕੀਅਤ ਸਿੰਘ ਸਰਪ੍ਰਸਤ, ਗੌਰੀ ਸ਼ੰਕਰ ਤੇ ਬਹੁਤਾਤ ਗਿਣਤੀ ਮੈਂਬਰ ਹਾਜ਼ਰ ਸਨ।

## ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ : ਬਲਜਿੰਦਰ ਕੌਰ ਮਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੀਆਂ ਹਦਾਇਤਾਂ ਮੁਤਾਬਕ ਤੇ ਸ੍ਰੀ ਕਰੁਨੇਸ਼ ਕੁਮਾਰ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਿਸ. ਬਲਜਿੰਦਰ ਕੌਰ ਮਾਨ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ ਦੁਆਰਾ ਸੈਸ਼ਨਜ਼ ਡਵੀਜ਼ਨ, ਬਠਿੰਡਾ ਅਧੀਨ ਸਮੂਹ ਨਿਆਇਕ ਅਦਾਲਤਾਂ ਬਠਿੰਡਾ ਤੇ ਸਬ-ਡਵੀਜ਼ਨ, ਤਲਵੰਡੀ ਤੇ ਫੂਲ ਵੱਲੋਂ ਕੇਸਾਂ ਦੇ ਨਿਪਟਾਰੇ ਲਈ ਸ਼ਨੀਵਾਰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ।ਇਸ ਨੈਸ਼ਨਲ ਲੋਕ ਅਦਾਲਤ ਲਈ ਬਠਿੰਡਾ, ਤਲਵੰਡੀ ਤੇ ਫੂਲ ਵਿਖੇ ਦੇ ਨਿਆਇਕ ਅਧਿਕਾਰੀਆਂ ਦੇ ਕੁੱਲ 21 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ।ਇਸ ਨੈਸ਼ਨਲ ਲੋਕ ਅਦਾਲਤ ਵਿੱਚ ਫੌਜਦਾਰੀ, ਚੈੱਕ ਬਾਊਂਸ, ਬੈਂਕਾਂ ਦੇ ਕੇਸ, ਐਕਸੀਡੈਂਟ ਕਲੇਮ ਕੇਸ ਅਤੇ ਪਰਿਵਾਰਕ ਝਗੜੇ ਆਦਿ ਕਿਸਮਾਂ ਦੇ ਕੇਸ ਲਗਾਏ ਜਾਂਦੇ ਹਨ।ਇਸ ਤੋਂ ਇਲਾਵਾ ਇਸ ਨੈਸ਼ਨਲ ਲੋਕ ਅਦਾਲਤ ਵਿੱਚ ਪ੍ਰੀ-ਲੀਟੀਗੇਟਿਵ ਕੇਸ ਜਿਵੇਂ ਕਿ ਬੈਂਕ ਰਿਕਵਰੀ ਕੇਸ, ਜਲ ਸਪਲਾਈ, ਲੇਬਰ ਆਦਿ ਕੇਸ ਵੀ ਲਗਾਏ ਜਾਂਦੇ ਹਨ।ਇਸ ਲੋਕ ਅਦਾਲਤ ਵਿੱਚ ਰਾਜ਼ੀਨਾਮਾ ਹੋਣ ਯੋਗ ਕੇਸਾਂ ਦੇ ਨਿਪਟਾਰੇ ਲਈ 25801 ਕੇਸ ਸੁਣਵਾਈ ਲਈ ਰੱਖੇ ਗਏ, ਜਿਨ੍ਹਾਂ ਵਿੱਚੋਂ 23421 ਕੁੱਲ ਕੇਸਾਂ ਦਾ ਨਿਪਟਾਰਾ ਦੋਹਾਂ ਧਿਰਾਂ ਦੀ ਆਪਸੀ ਸਹਿਮਤੀ ਰਾਹੀਂ ਕਰਵਾਇਆ ਗਿਆ ਅਤੇ 65,52,34,925/- ਰੁਪਏ ਦੀ ਰਕਮ ਦੇ ਅਵਾਰਡ ਪਾਸ ਕੀਤੇ ਗਏ।ਇਸ ਸਬੰਧੀ ਮਿਸ. ਬਲਜਿੰਦਰ ਕੌਰ ਮਾਨ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਨੇ ਦੱਸਿਆ ਕਿ ਲੋਕ ਅਦਾਲਤ ਦਾ ਮੁੱਖ ਮਨੋਰਥ ਦੋਵੇਂ ਧਿਰਾਂ ਦੀ ਆਪਸੀ ਰਜ਼ਾਮੰਦੀ ਨਾਲ ਝਗੜਿਆਂ ਦਾ ਨਿਪਟਾਰਾ ਕਰਵਾਉਣਾ ਹੈ ਤਾਂ ਜੋ ਧਿਰਾਂ ਦੇ ਕੀਮਤੀ ਸਮੇਂ ਤੇ ਧਨ ਦੀ ਬਚਤ ਹੋ ਸਕੇ ਅਤੇ ਆਪਸੀ ਦੁਸ਼ਮਣੀ ਘਟਾਈ ਜਾ ਸਕੇ।ਉਨ੍ਹਾਂ ਦੱਸਿਆ ਕਿ ਲੋਕ ਅਦਾਲਤ ਰਾਹੀਂ ਫੈਸਲਾ ਹੋਏ ਕੇਸਾਂ ਵਿੱਚ ਲਗਾਈ ਗਈ ਕੋਰਟ ਫੀਸ ਵੀ ਵਾਪਸ ਕੀਤੀ ਜਾਂਦੀ ਹੈ।

## ਫੂਡ ਸਪਲਾਈ ਵਿਭਾਗ ਵੱਲੋਂ ਰੈਸਟੋਰੈਂਟ ਤੇ ਹਲਵਾਈ ਦੀਆਂ ਦੁਕਾਨਾਂ 'ਤੇ ਰੇਡ

### ਡੇਢ ਦਰਜਨ ਦੇ ਕਰੀਬ ਘਰੇਲੂ ਗੈਸ ਦੇ ਸਿਲੰਡਰ ਬਰਾਮਦ



**ਨਾਭਾ (ਵਰਿੰਦਰ ਵਰਮਾ)**-ਦੇਸ਼ ਵਿੱਚ ਘਰੇਲੂ ਗੈਸ ਐੱਲਪੀਜੀ ਦੀ ਦਿੱਕਤ ਤੋਂ ਬਾਅਦ ਪ੍ਰਸ਼ਾਸਨ ਵੱਲੋਂ ਹੁਣ ਸਖਤੀ ਵਿਖਾਈ ਜਾ ਰਹੀ ਹੈ। ਨਾਭਾ ਵਿਖੇ ਇੱਕ ਦਿਨ ਪਹਿਲਾਂ ਫੂਡ ਸਪਲਾਈ ਵਿਭਾਗ ਨੇ ਵੱਖ-ਵੱਖ ਗੈਸ ਏਜੰਸੀਆਂ 'ਤੇ ਰੇਡ ਕੀਤੀ ਸੀ ਤੇ ਸ਼ਨੀਵਾਰ ਨੂੰ ਸਰਗਰਮ ਹੁੰਦੇ ਹੋਏ ਫੂਡ ਸਪਲਾਈ ਵਿਭਾਗ ਨੇ ਸ਼ਹਿਰ ਦੇ ਵੱਖ-ਵੱਖ ਰੈਸਟੋਰੈਂਟ ਤੇ ਹਲਵਾਈ ਦੀਆਂ ਦੁਕਾਨਾਂ ਉੱਪਰ ਅਚਾਨਕ ਰੇਡ ਕੀਤੀ, ਜਿੱਥੇ ਤਕਰੀਬਨ ਡੇਢ ਦਰਜਨ ਸਿਲੰਡਰ ਘਰੇਲੂ ਗੈਸ ਦੇ ਬਰਾਮਦ ਕੀਤੇ ਗਏ, ਜਿਨ੍ਹਾਂ ਦੀ ਵਰਤੋਂ ਕਮਰਸ਼ੀਅਲ ਵਜੋਂ ਕੀਤੀ ਜਾ ਰਹੀ ਸੀ।ਨਾਭਾ ਦੇ ਏਐੱਫਐੱਸਓ ਪੰਕਜ ਠਾਕੁਰ ਦੀ ਅਗਵਾਈ ਹੇਠ ਇਸ ਰੇਡ ਟੀਮ ਨੇ ਬਾਜ਼ਾਰ ਵਿੱਚ ਦਰਜਨ ਦੇ ਕਰੀਬ ਦੁਕਾਨਾਂ ਦੇ ਉੱਪਰ ਰੇਡ ਕੀਤੀ ਗਈ, ਜਿਸ ਤੋਂ 17 ਘਰੇਲੂ ਗੈਸ ਸਿਲੰਡਰ ਬਰਾਮਦ ਕੀਤੇ ਗਏ ਹਨ, ਜਿਨ੍ਹਾਂ ਨੂੰ ਜਬਤ ਕਰਕੇ ਵਿਭਾਗ ਨੇ ਆਪਣੀ ਕਾਰਵਾਈ ਆਰੰਭੀ ਹੈ।ਇਸ ਟੀਮ ਦੀ ਅਗਵਾਈ ਕਰ ਰਹੇ ਫੂਡ ਸਪਲਾਈ ਵਿਭਾਗ ਦੇ ਅਧਿਕਾਰੀ ਪੰਕਜ ਠਾਕੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਪੱਸ਼ਟ ਕੀਤਾ ਕਿ ਮਾਨਯੋਗ ਡਿਪਟੀ ਕਮਿਸ਼ਨਰ ਪਟਿਆਲਾ ਤੇ ਡੀਐੱਫਐੱਸਸੀ ਪਟਿਆਲਾ ਰਵਿੰਦਰਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਤੇ ਲਗਾਤਾਰ ਫੂਡ ਸਪਲਾਈ ਵਿਭਾਗ ਵੱਲੋਂ ਇਸ ਤਰ੍ਹਾਂ ਦੀਆਂ ਰੇਡ ਕੀਤੀਆਂ ਜਾ ਰਹੀਆਂ ਹਨ।ਇਕ ਦਿਨ ਪਹਿਲਾਂ ਜਿਸ ਤਰ੍ਹਾਂ ਗੈਸ ਏਜੰਸੀਆਂ ਉੱਪਰ ਰੇਡ ਕੀਤੀ ਸੀ, ਉਸੇ ਤਰ੍ਹਾਂ ਅੱਜ ਵੱਖ-ਵੱਖ ਰੈਸਟੋਰੈਂਟ ਤੇ ਹਲਵਾਈ ਦੀਆਂ ਦੁਕਾਨਾਂ ਉੱਪਰ ਰੇਡ ਕਰਕੇ 17 ਘਰੇਲੂ ਗੈਸ ਸਿਲੰਡਰ ਇਨ੍ਹਾਂ ਦੁਕਾਨਾਂ ਤੋਂ ਬਰਾਮਦ ਕੀਤੇ ਗਏ ਹਨ, ਜਿਸ ਸਬੰਧੀ ਉਨ੍ਹਾਂ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ ਹੈ।ਉਨ੍ਹਾਂ ਨੇ ਹੋਰ ਲੋਕਾਂ ਨੂੰ ਸਖਤ ਚੇਤਾਵਨੀ ਦਿੱਤੀ ਕਿ ਜੇਕਰ ਕੋਈ ਘਰੇਲੂ ਗੈਸ ਸਿਲੰਡਰ ਨੂੰ ਵਪਾਰਕ ਵਜੋਂ ਵਰਤੇਗਾ ਤਾਂ ਉਸ ਖਿਲਾਫ ਇਸੇ ਤਰ੍ਹਾਂ ਕਾਰਵਾਈ ਕੀਤੀ ਜਾਵੇਗੀ। ਇਸ ਟੀਮ ਵਿੱਚ ਇੰਸਪੈਕਟਰ ਜਸਦੀਪ ਸਿੱਧੂ, ਇੰਸਪੈਕਟਰ ਲਲਿਤ ਸ਼ਰਮਾ, ਇੰਸਪੈਕਟਰ ਰਜਨੀਸ਼ ਦੁਗਲ, ਜਗਤਾਰ ਸਿੰਘ ਆਦਿ ਸ਼ਾਮਲ ਸਨ।

## ਮਹਾਪ੍ਰਗਯ ਸਕੂਲ ਦਾ ਪ੍ਰੀਖਿਆ ਨਤੀਜਾ ਰਿਹਾ ਸ਼ਾਨਦਾਰ



**ਜਗਰਾਉਂ (ਅਮਿਤ ਖੰਨਾ)**-ਮਹਾਪ੍ਰਗਯ ਸਕੂਲ ਵਿੱਚ ਫਾਈਨਲ ਰਿਜ਼ਲਟ ਪੀਟੀਐੱਮ ਦਾ ਆਯੋਜਨ ਬੜੇ ਉਤਸ਼ਾਹ ਤੇ ਗੰਭੀਰ ਮਾਹੌਲ ਵਿੱਚ ਕੀਤਾ ਗਿਆ।ਇਸ ਮੌਕੇ ਸਕੂਲ ਦੇ ਡਾਇਰੈਕਟਰ ਵਿਸ਼ਾਲ ਜੈਨ ਨੇ ਸਾਰੇ ਵਿਦਿਆਰਥੀਆਂ, ਅਧਿਆਪਕਾਂ ਤੇ ਮਾਪਿਆਂ ਨੂੰ ਇਸ ਸ਼ਾਨਦਾਰ ਨਤੀਜੇ ਲਈ ਦਿਲੋਂ ਵਧਾਈ ਦਿੱਤੀ ਤੇ ਬੱਚਿਆਂ ਨੂੰ ਅੱਗੇ ਵੀ ਇਸੇ ਤਰ੍ਹਾਂ ਮਿਹਨਤ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ।ਰਿਜ਼ਲਟ ਪੀਟੀਐੱਮ ਦੌਰਾਨ ਵਿਦਿਆਰਥੀਆਂ ਦੀ ਰਚਨਾਤਮਕ ਪ੍ਰਤਿਭਾ ਨੂੰ ਵੀ ਪ੍ਰਦਰਸ਼ਤ ਕੀਤਾ ਗਿਆ।ਵਿਗਿਆਨ, ਗਣਿਤ, ਸਮਾਜਿਕ ਅਧਿਐਨ ਤੇ ਕਲਾ ਵਿਸ਼ਿਆਂ ਦੇ ਵਿਦਿਆਰਥੀਆਂ ਵੱਲੋਂ ਬਣਾਏ ਗਏ ਆਕਰਸ਼ਕ ਮਾਡਲਾਂ ਤੇ ਸੁੰਦਰ ਕਲਾਕ੍ਰਿਤੀਆਂ ਦੀ ਪ੍ਰਦਰਸ਼ਨੀ ਲਗਾਈ ਗਈ, ਜਿਸ ਨੂੰ ਦੇਖ ਕੇ ਮਾਪੇ ਬਹੁਤ ਪ੍ਰਭਾਵਿਤ ਹੋਏ ਤੇ ਬੱਚਿਆਂ ਦੀ ਪ੍ਰਤਿਭਾ ਦੀ ਖੂਬ ਸਰਾਹਨਾ ਕੀਤੀ।ਸਕੂਲ ਪ੍ਰਬੰਧਕਾਂ ਨੇ ਇਸ ਸ਼ਾਨਦਾਰ ਨਤੀਜੇ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ, ਅਧਿਆਪਕਾਂ ਦੀ ਲਗਨ ਤੇ ਮਾਪਿਆਂ ਦੇ ਸਹਿਯੋਗ ਨੂੰ ਦਿੱਤਾ।ਇਹ ਆਯੋਜਨ ਨਾ ਸਿਰਫ਼ ਉਤਕ੍ਰਿਸ਼ਟ ਨਤੀਜੇ ਦਾ ਜਸ਼ਨ ਸੀ, ਸਗੋਂ ਵਿਦਿਆਰਥੀਆਂ ਦੀ ਰਚਨਾਤਮਕਤਾ ਤੇ ਪ੍ਰਤਿਭਾ ਨੂੰ ਉਤਸ਼ਾਹਤ ਕਰਨ ਦਾ ਵੀ ਇੱਕ ਸਰਾਹੁਣਯੋਗ ਯਤਨ ਸੀ।

## ਗੈਸ ਬਾਰੇ ਗ਼ਲਤ ਪ੍ਰਚਾਰ ਕਾਰਨ ਲੋਕਾਂ 'ਚ ਹਫ਼ੜਾ-ਦਫ਼ੜੀ : ਕੂਨਰ

**ਸਮਰਾਲਾ (ਸੁਰਜੀਤ ਸਿੰਘ)**-ਮਾਛੀਵਾੜਾ ਗੈਸ ਏਜੰਸੀ ਦੇ ਮਾਲਕ ਤਜਿੰਦਰ ਸਿੰਘ ਕੂਨਰ ਨੇ ਦੱਸਿਆ ਕਿ ਨਾ ਤਾਂ ਰਸੋਈ ਗੈਸ ਦੀ ਘਾਟ ਹੈ ਅਤੇ ਨਾ ਕੋਈ ਕਾਲਾ ਬਾਜ਼ਾਰੀ ਹੋ ਰਹੀ ਹੈ, ਪਬਲਿਕ ਵਿੱਚ ਸਾਰੀ ਹਫ਼ੜਾ ਦਫ਼ੜੀ ਗੈਰ-ਜ਼ਿੰਮੇਵਾਰ ਸੰਚਾਰ ਸਾਧਨਾਂ ਵੱਲੋਂ ਗਲਤ ਸੂਚਨਾ ਕਾਰਨ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਸਿਰਫ ਵਪਾਰਕ ਕੰਮਾਂ ਲਈ ਵਰਤੀ ਜਾਂਦੀ ਗੈਸ ਦੀ ਕਿੱਲਤ ਹੈ।ਉਨ੍ਹਾਂ ਦੱਸਿਆ ਕਿ ਲੋਕਾਂ ਨੇ ਘਬਰਾਹਟ ਵਿੱਚ ਆ ਕੇ ਖਰੀਦਦਾਰੀ ਕਰਨ ਲਈ ਧੜਾਧੜ ਆਨਲਾਈਨ ਬੁਕਿੰਗ ਕਰਵਾਉਣੀ ਸ਼ੁਰੂ ਕਰ ਦਿੱਤੀ ਹੈ, ਜਿਸ ਕਾਰਨ ਸਿਸਟਮ ਓਵਰ ਲੋਡ ਹੋ ਗਿਆ ਤੇ ਬੁਕਿੰਗ ਵਿੱਚ ਰੁਕਾਵਟ ਆਈ।ਤਜਿੰਦਰ ਕੂਨਰ ਨੇ ਦੱਸਿਆ ਕਿ ਗੈਸ ਦੀ ਤਸੱਲੀਬਖ਼ਸ਼ ਸਪਲਾਈ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਹੁਣ ਤਾਂ ਵੈਸੇ ਵੀ ਗਰਮੀ ਕਾਰਨ ਗੈਸ ਦੀ ਘੱਟ ਖਪਤ ਹੁੰਦੀ ਹੈ।ਖਪਤਕਾਰਾਂ ਨੂੰ ਬੁੱਕ ਹੋਇਆ ਸਿਲੰਡਰ ਆਪਣੀ ਵਾਰੀ 'ਤੇ ਅਸਾਨੀ ਨਾਲ ਮਿਲ ਹੀ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਮਾਛੀਵਾੜਾ ਵਿੱਚ ਦੋ ਗੈਸ ਏਜੰਸੀਆਂ ਹਨ, ਜਿਨ੍ਹਾਂ ਕੋਲ ਕਰੀਬ ਤੀਹ ਹਜ਼ਾਰ ਗੈਸ ਕੁਨੈਕਸ਼ਨ ਹਨ।ਇਸੇ ਤਰ੍ਹਾਂ ਸਮਰਾਲਾ ਵਿੱਚ ਵੀ ਗੈਸ ਏਜੰਸੀ ਕੋਲ ਲੋਕ ਘਬਰਾਹਟ ਵਿੱਚ ਆ ਕੇ ਬੁਕਿੰਗ ਕਰਵਾ ਰਹੇ ਹਨ।ਉਨ੍ਹਾਂ ਦੱਸਿਆ ਕਿ ਜਿਨ੍ਹਾਂ ਖਪਤਕਾਰਾਂ ਨੂੰ ਗੈਸ ਦੀ ਲੋੜ ਨਹੀਂ ਹੈ, ਉਹ ਵੀ ਬੁਕਿੰਗ ਕਰਵਾ ਰਹੇ ਹਨ, ਜਿਸ ਕਾਰਨ ਕਰੀਬ ਦੋ ਹਜ਼ਾਰ ਖਪਤਕਾਰਾਂ ਦਾ ਬੈਕਲੋਗ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਸਮਰਾਲਾ ਵਿੱਚ ਵੀ ਗੈਸ ਸਪਲਾਈ ਸੁਚੱਜੇ ਢੰਗ ਨਾਲ ਚਲ ਰਹੀ ਹੈ।ਇਸ ਦੌਰਾਨ ਤਰਲੋਚਨ ਸਿੰਘ ਡੀ ਐੱਸ ਪੀ ਸਮਰਾਲਾ ਨੇ ਸਾਰੀਆਂ ਗੈਸ ਏਜੰਸੀ ਦੇ ਮਾਲਕਾਂ ਨਾਲ ਮੀਟਿੰਗ ਕਰਕੇ ਹਦਾਇਤਾਂ ਜਾਰੀ ਕੀਤੀਆਂ ਕਿ ਖਪਤਕਾਰਾਂ ਨੂੰ ਰਸੋਈ ਗੈਸ ਸਬੰਧੀ ਕੋਈ ਪ੍ਰੇਸ਼ਾਨੀ ਨਾ ਹੋਣ ਦਿੱਤੀ ਜਾਵੇ।ਉਨ੍ਹਾਂ ਇਹ ਵੀ ਤਾੜਨਾ ਕੀਤੀ ਕਿ ਗੈਸ ਦੀ ਕਾਲਾ ਬਾਜ਼ਾਰੀ ਹਰਗਿਜ਼ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਹਿਮਾਂਸ਼ੂ ਜੈਨ ਡੀ ਸੀ ਲੁਧਿਆਣਾ ਨੇ ਇੱਕ ਵੀਡੀਓ ਸੰਦੇਸ਼ ਜਾਰੀ ਕਰਕੇ ਜ਼ਿਲ੍ਹੇ ਦੀ ਜਨਤਾ ਨੂੰ ਰਸੋਈ ਗੈਸ ਸਬੰਧੀ ਤਸੱਲੀ ਦਿੱਤੀ ਹੈ ਕਿ ਉਹ ਅਫਵਾਹਾਂ 'ਤੇ ਯਕੀਨ ਨਾ ਕਰਨ।

ਉਨ੍ਹਾਂ ਕਿਹਾ ਕਿ ਰਸੋਈ ਗੈਸ ਦੀ ਕੋਈ ਘਾਟ ਨਹੀਂ ਹੈ।ਆਪਣੇ ਸੰਦੇਸ਼ ਵਿੱਚ ਜਿੱਥੇ ਡੀ ਸੀ ਨੇ ਲੋਕਾਂ ਨੂੰ ਸਬਰ ਸੰਤੋਖ ਰੱਖਣ ਦੀ ਸਲਾਹ ਦਿੱਤੀ ਹੈ, ਉਥੇ ਕਾਲਾ ਬਾਜ਼ਾਰੀ ਕਰਨ ਵਾਲੇ ਤੇ ਮੀਡੀਆ ਰਾਹੀਂ ਗ਼ਲਤ ਸੂਚਨਾ ਪ੍ਰਸਾਰਨ ਕਰਨ ਵਾਲਿਆਂ ਵਿਰੁੱਧ ਵੀ ਸਖ਼ਤ ਕਾਰਵਾਈ ਦੀ ਚੇਤਾਵਨੀ ਦਿੱਤੀ ਹੈ।ਉਨ੍ਹਾਂ ਜ਼ਿਲ੍ਹਾ ਲੁਧਿਆਣਾ ਦੇ ਗੈਸ ਏਜੰਸੀ ਡੀਲਰਾਂ, ਖ਼ੁਰਾਕ ਵਿਭਾਗ, ਪੈਟਰੋਲ ਪੰਪ ਡੀਲਰਾਂ, ਸਬੰਧਤ ਵਿਭਾਗਾਂ ਤੇ ਮੁਹਤਬਰ ਸ਼ਖ਼ਸੀਅਤਾਂ ਨਾਲ ਮੀਟਿੰਗ ਕਰਕੇ ਕਿਹਾ ਕਿ ਰਸੋਈ ਗੈਸ ਬਾਰੇ ਘਬਰਾਹਟ ਦੀ ਕੋਈ ਜ਼ਰੂਰਤ ਨਹੀਂ।ਡੀ ਸੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਘਬਰਾਹਟ ਵਿੱਚ ਆ ਕੇ ਲੋੜ ਨਾਲੋਂ ਵੱਧ ਖਰੀਦਦਾਰੀ ਨਾ ਕਰਨ।ਇਸ ਮਾਮਲੇ ਨਾਲ ਤਸੱਲੀਬਖ਼ਸ਼ ਢੰਗ ਨਾਲ ਨਜਿੱਠਣ ਲਈ ਏਡੀਸੀ ਜਨਰਲ ਪੂਨਮ ਸਿੰਘ ਦੀ ਅਗਵਾਈ ਵਿੱਚ ਉੱਚ ਪੱਧਰੀ ਕਮੇਟੀ ਬਣਾਈ ਹੈ, ਜੋ ਗੈਸ ਸਪਲਾਈ ਪ੍ਰਬੰਧਾਂ ਤੇ ਨਿਗਾਹ ਰੱਖੇਗੀ।ਇਸ ਦੌਰਾਨ ਪੈਟਰੋਲ ਪੰਪਾਂ 'ਤੇ ਕੋਈ ਪ੍ਰੇਸ਼ਾਨੀ ਨਹੀਂ।ਪੈਟਰੋਲ ਆਮ ਵਾਂਗ ਮਿਲ ਰਿਹਾ ਹੈ।

## ਅਧਿਆਪਕਾਂ ਨੂੰ ਤਨਖਾਹਾਂ ਨਾ ਮਿਲਣ ਦੇ ਰੋਸ ਵਜੋਂ ਵਿਧਾਇਕ ਦੀ ਰਿਹਾਇਸ਼ ਦੇ ਘਿਰਾਓ ਦਾ ਐਲਾਨ

**ਮਾਨਸਾ (ਆਤਮਾ ਸਿੰਘ ਪਮਾਰ)**-ਮਾਰਚ ਦਾ ਅੱਧਾ ਮਹੀਨਾ ਬੀਤਣ ਦੇ ਬਾਵਜੂਦ ਸੂਬੇ ਭਰ 'ਚ ਵੱਡੀ ਗਿਣਤੀ 'ਚ ਅਧਿਆਪਕਾਂ ਨੂੰ ਤਨਖਾਹਾਂ ਨਹੀਂ ਮਿਲੀਆਂ ਹਨ, ਜਿਸ ਕਾਰਨ ਅਧਿਆਪਕ ਵਰਗ 'ਚ ਗੁੱਸੇ ਦੀ ਲਹਿਰ ਹੈ। ਜ਼ਿਲ੍ਹੇ ਦੇ ਅਧਿਆਪਕ ਆਗੂ ਹੰਸਾ ਸਿੰਘ ਡੇਲੂਆਣਾ, ਨਰਿੰਦਰ ਸਿੰਘ ਮਾਖਾ, ਕਰਮਜੀਤ ਤਾਮਕੋਟ ਤੇ ਦਰਸ਼ਨ ਅਲੀਸ਼ੇਰ ਨੇ ਦੱਸਿਆ ਕਿ ਜ਼ਿਲ੍ਹੇ 'ਚ ਵੱਡੀ ਗਿਣਤੀ ਅਧਿਆਪਕਾਂ ਨੂੰ ਬਜ਼ਟ ਨਾ ਹੋਣ ਕਾਰਨ ਤਨਖਾਹਾਂ ਨਹੀਂ ਮਿਲੀਆਂ, ਜਿਸ ਤੋਂ ਅੱਕ ਕੇ ਪਿਛਲੇ ਦਿਨੀ ਅਧਿਆਪਕ ਜਥੇਬੰਦੀਆਂ ਵੱਲੋਂ ਜ਼ਿਲ੍ਹਾ ਸਿੱਖਿਆ ਦਫਤਰ ਅੱਗੇ ਨਾਅਰੇਬਾਜ਼ੀ ਵੀ ਕੀ ਸੀ। ਮਸਲਾ ਹੱਲ ਨਾ ਹੁੰਦਾ ਦੇਖ ਕੇ 16 ਮਾਰਚ ਨੂੰ ਮਾਨਸਾ ਜ਼ਿਲ੍ਹੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਨੇ ਮਾਨਸਾ ਦੇ ਵਿਧਾਇਕ ਡਾ.ਵਿਜੇ ਸਿੰਗਲਾ ਦੀ ਰਿਹਾਇਸ਼ ਦੇ ਘਿਰਾਓ ਦਾ ਫ਼ੈਸਲਾ ਕੀਤਾ ਹੈ। ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਆਪਣੀਆਂ ਮਸ਼ਹੂਰੀਆਂ ਤੇ ਅਰਬਾਂ ਰੁਪਏ ਖਰਚ ਰਹੀ ਹੈ। ਧਾਰਮਿਕ ਮੇਲਿਆਂ, ਰੈਲੀਆਂ ਦੇ ਨਾਂਅ ਪੈਸਾ ਪਾਣੀ ਵਾਂਗ ਵਹਾਇਆ ਜਾ ਰਿਹਾ ਹੈ, ਪਰ ਮੁਲਾਜ਼ਮਾਂ ਦੀਆਂ ਤਨਖਾਹਾਂ ਦੇਣ ਲਈ ਬਜ਼ਟ ਪੂਰਾ ਨਹੀਂ ਹੋ ਰਿਹਾ । ਅਧਿਆਪਕ ਆਗੂਆਂ ਲਖਵਿੰਦਰ ਮਾਨ, ਹਰਜਿੰਦਰ ਅਨੂਪਗੜ੍ਹ, ਸੁਖਵੀਰ ਸਿੰਘ, ਰਾਜਵਿੰਦਰ ਬੈਹਣੀਵਾਲ ਤੇ ਬੇਅੰਤ ਨੇ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਮੰਗਾਂ ਜਿਵੇਂ ਕਿ ਪੁਰਾਣੀ ਪੈਨਸ਼ਨ, ਡੀ ਏ, ਪੇਂਡੂ ਭੱਤਾ, ਕੱਚੇ ਅਧਿਆਪਕ ਪੱਕੇ ਕਰਨੇ, ਪੰਜਾਬ ਸਕੇਲ ਬਹਾਲ ਕਰਨ ਵਰਗੇ ਮਸਲਿਆਂ 'ਤੇ ਧਿਆਨ ਨਹੀਂ ਦਿੱਤਾ ਜਾ ਰਿਹਾ, ਇਸ ਕਰਕੇ ਮੁਲਾਜ਼ਮ ਸਰਕਾਰ ਤੋਂ ਪੂਰੀ ਤਰ੍ਹਾਂ ਨਾਰਾਜ਼ ਹਨ।ਅਧਿਆਪਕ ਆਗੂਆਂ ਨੇ ਕਿਹਾ ਕਿ ਵਿਧਾਇਕ ਦੇ ਘਰ ਦਾ ਘਿਰਾਓ ਕੀਤਾ ਜਾਵੇਗਾ।ਆਗੂਆਂ ਨੇ ਅਧਿਆਪਕਾਂ ਨੂੰ 16 ਮਾਰਚ ਨੂੰ ਵੱਡੀ ਗਿਣਤੀ 'ਚ ਮਿੱਥੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਦੀ ਅਪੀਲ ਵੀ ਕੀਤੀ।

## ਮਾਨਸਾ ਦੇ ਸਰਸ ਮੇਲੇ ਦੀ ਸ਼ਾਮ ਨਿਧਾ ਖਾਂ ਦੀ ਸੁਰੀਲੀ ਗਾਇਕੀ ਦੇ ਨਾਮ

### 'ਪਾਣੀ ਤੇ ਸੁਨੇਹੇ' ਗੀਤ ਨੇ ਸਰੋਤਿਆਂ ਨੂੰ ਕੀਤਾ ਮੰਤਰ-ਮੁਗਧ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਦੀ ਅਨਾਜ ਮੰਡੀ ਵਿਖੇ ਸਜੇ 'ਸਰਸ ਮੇਲੇ' ਦੀ ਪਹਿਲੀ ਸੱਭਿਆਚਾਰਕ ਸ਼ਾਮ ਉਸ ਵੇਲੇ ਸੰਗੀਤਮਈ ਹੋ ਗਈ, ਜਦੋਂ ਲੋਕ ਗੀਤਾਂ ਦੀ ਰਾਜ ਪੱਧਰੀ ਗੋਲਡ ਮੈਡਲਿਸਟ ਤੇ ਉਭਰਦੀ ਗਾਇਕਾ ਨਿਧਾ ਖਾਂ ਨੇ ਆਪਣੀ ਸੁਰੀਲੀ ਆਵਾਜ਼ ਦਾ ਜਾਦੂ ਬਿਖੇਰਿਆ।ਨਿਧਾ ਖਾਂ ਨੇ ਆਪਣੇ ਹਾਲ ਹੀ ਵਿੱਚ ਰਿਲੀਜ਼ ਹੋਏ ਗੀਤ 'ਪਾਣੀ ਤੇ ਸੁਨੇਹੇ' ਰਾਹੀਂ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ।ਜ਼ਿਕਰਯੋਗ ਹੈ ਕਿ 06 ਮਾਰਚ ਨੂੰ ਰਿਲੀਜ਼ ਹੋਏ ਇਸ ਖੂਬਸੂਰਤ ਗੀਤ ਨੂੰ ਮਾਨਸਾ ਦੇ ਹੀ ਨੌਜਵਾਨ ਗੀਤਕਾਰ ਸੁਖਵਿੰਦਰ ਰਾਜ ਨੇ ਕਲਮਬੱਧ ਕੀਤਾ ਹੈ, ਜਿਸ ਨੂੰ ਐੱਸ. ਡੀ. ਕੰਨਿਆ ਮਹਾਂ ਵਿਦਿਆਲਿਆ ਦੀ ਸੰਗੀਤ ਅਧਿਆਪਕਾ ਡਾ. ਪਰਮਿੰਦਰ ਕੌਰ ਨੇ ਮਹੀਨ ਭਾਵਨਾਵਾਂ ਨਾਲ ਕੰਪੋਜ਼ ਕੀਤਾ ਹੈ।ਇਸ ਪ੍ਰੋਜੈਕਟ ਨੂੰ ਸਿਰੇ ਚਾੜ੍ਹਨ ਵਿੱਚ ਸੰਗੀਤ ਪ੍ਰੇਮੀ ਵਿਸ਼ਵਦੀਪ ਬਰਾੜ ਨੇ ਇੱਕ ਅਹਿਮ ਕੜੀ ਵਜੋਂ ਨਿਵੇਕਲੀ ਭੂਮਿਕਾ ਨਿਭਾਈ ਹੈ।ਇਸ ਮੌਕੇ ਡਾ. ਪਰਮਿੰਦਰ ਕੌਰ ਨੇ ਮਾਣ ਨਾਲ ਦੱਸਿਆ ਕਿ ਨਿਧਾ ਖਾਂ ਐੱਸ. ਡੀ. ਕੰਨਿਆ ਮਹਾਵਿਦਿਆਲਾ ਦੀ ਇੱਕ ਹੋਣਹਾਰ ਵਿਦਿਆਰਥਣ ਹੈ, ਜਿਸ ਨੇ ਸ਼ਾਸਤਰੀ ਸੰਗੀਤ ਤੇ ਲੋਕ ਗਾਇਕੀ ਵਿੱਚ ਵਿਸ਼ੇਸ਼ ਮੁਹਾਰਤ ਹਾਸਲ ਕੀਤੀ ਹੈ।ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਜ਼ੋਨਲ ਤੇ ਇੰਟਰ-ਜ਼ੋਨਲ ਯੂਥ ਫੈਸਟੀਵਲਾਂ ਵਿੱਚ ਗ਼ਜ਼ਲ, ਲੋਕ ਗੀਤ, ਗਰੁੱਪ ਸ਼ਬਦ ਤੇ ਪੱਛਮੀ ਸਾਜ਼ਾਂ ਵਰਗੀਆਂ ਵੰਨਗੀਆਂ ਵਿੱਚ ਕਈ ਸੋਨ ਤਮਗੇ ਜਿੱਤਣ ਵਾਲੀ ਨਿਧਾ ਖਾਂ ਅੱਜ ਪੰਜਾਬ ਦੇ ਸੰਗੀਤਕ ਨਕਸ਼ੇ 'ਤੇ ਆਪਣੀ ਵੱਖਰੀ ਪਛਾਣ ਬਣਾ ਰਹੀ ਹੈ।ਸਰਸ ਮੇਲੇ ਦੇ ਮੰਚ ਤੋਂ ਨਿਧਾ ਖਾਂ ਦੀ ਪੇਸ਼ਕਾਰੀ ਨੇ ਇਹ ਸਾਬਿਤ ਕਰ ਦਿੱਤਾ ਕਿ ਮਾਨਸਾ ਦੀ ਧਰਤੀ ਜਿੱਥੇ ਕਲਾ ਤੇ ਸਾਹਿਤ ਦੀ ਉਪਜਾਊ ਧਰਤੀ ਹੈ, ਉੱਥੇ ਹੀ ਇੱਥੋਂ ਦੇ ਨੌਜਵਾਨ ਕਲਾਕਾਰ, ਆਪਣੀ ਸਖ਼ਤ ਮਿਹਨਤ ਸਦਕਾ ਵਿਰਸੇ ਦੀ ਸੰਭਾਲ ਲਈ ਤਤਪਰ ਹਨ।ਮੇਲੇ ਵਿੱਚ ਮੌਜੂਦ ਦਰਸ਼ਕਾਂ ਨੇ ਇਸ ਪੇਸ਼ਕਾਰੀ ਦਾ ਭਰਪੂਰ ਆਨੰਦ ਮਾਣਿਆ।

## ਨੈਸ਼ਨਲ ਲੋਕ ਅਦਾਲਤ 'ਚ 29684 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ੍ਰੀ ਅਵਤਾਰ ਸਿੰਘ ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਦੀ ਯੋਗ ਅਗਵਾਈ ਹੇਠ ਹਰ ਕਿਸਮ ਦੇ ਕੇਸਾਂ (ਨਾਨ ਕੰਪਾਊਂਡੇਬਲ ਕ੍ਰਿਮੀਨਲ ਕੇਸਾਂ ਨੂੰ ਛੱਡ ਕੇ) ਸਬੰਧੀ ਨੈਸ਼ਨਲ ਲੋਕ ਅਦਾਲਤ ਜ਼ਿਲ੍ਹਾ ਪਟਿਆਲਾ ਵਿਖੇ ਲਗਾਈ ਗਈ।ਇਸ ਮੌਕੇ ਜ਼ਿਲ੍ਹਾ ਪਟਿਆਲਾ ਵਿੱਚ 37 ਬੈਂਚਾਂ (19 ਪਟਿਆਲਾ ਵਿੱਚ, 6 ਰਾਜਪੁਰਾ ਵਿੱਚ, 5 ਨਾਭਾ ਵਿੱਚ ਤੇ 5 ਸਮਾਣਾ ਵਿੱਚ) ਦਾ ਗਠਨ ਕੀਤਾ ਗਿਆ।ਇੰਤਕਾਲ ਤੇ ਵੰਡ ਆਦਿ ਨਾਲ ਸਬੰਧਤ ਵੱਧ ਤੋਂ ਵੱਧ ਕੇਸਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪਟਿਆਲਾ ਦੀ ਮਾਲ ਅਦਾਲਤ ਵਿੱਚ ਵੀ ਇੱਕ ਬੈਂਚ ਦਾ ਗਠਨ ਕੀਤਾ ਗਿਆ ਸੀ।ਇਸ ਤੋਂ ਇਲਾਵਾ ਵਿਆਹੁਤਾ ਝਗੜਿਆਂ ਦੇ ਕੇਸ ਦਰਜ ਹੋਣ ਤੋਂ ਪਹਿਲਾਂ ਆਪਸੀ ਸਮਝੌਤੇ ਰਾਹੀਂ ਕੇਸਾਂ ਦਾ ਨਿਪਟਾਰਾ ਕਰਨ ਲਈ ਵੂਮੈਨ ਸੈੱਲ, ਪਟਿਆਲਾ ਵਿਖੇ ਇੱਕ ਬੈਂਚ ਦਾ ਗਠਨ ਕੀਤਾ ਗਿਆ।ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਵੱਖ-ਵੱਖ ਸ਼੍ਰੇਣੀਆਂ ਅਧੀਨ 40064 ਕੇਸਾਂ ਦੀ ਸੁਣਵਾਈ ਕੀਤੀ ਗਈ ਤੇ ਕੁੱਲ 29684 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਅਤੇ 42,16,60,109/- ਰੁਪਏ ਦੇ ਅਵਾਰਡ ਪਾਸ ਕੀਤੇ ਗਏ।ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਸ੍ਰੀ ਅਵਤਾਰ ਸਿੰਘ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਤੇ ਮੈਡਮ ਮੈਡਮ ਮਾਨੀ ਅਰੋੜਾ ਇੰਚਾਰਜ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਤੇ ਮੈਡਮ ਏਕਤਾ ਸਹੋਤਾ ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਦੇ ਨਾਲ ਇਸ ਨੈਸ਼ਨਲ ਲੋਕ ਅਦਾਲਤ ਦੇ ਬੈਂਚਾਂ ਦਾ ਦੌਰਾ ਕੀਤਾ ਤੇ ਧਿਰਾਂ ਨੂੰ ਆਪੋ-ਆਪਣੇ ਝਗੜਿਆਂ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਨੈਸ਼ਨਲ ਲੋਕ ਅਦਾਲਤ ਦੀ ਮੁੱਖ ਵਿਸ਼ੇਸ਼ਤਾ ਪਰਿਵਾਰਕ ਅਦਾਲਤਾਂ ਵਿੱਚ ਪੈਂਡਿੰਗ 323 ਪਰਿਵਾਰਕ ਝਗੜਿਆਂ ਅਤੇ ਚੈੱਕ ਬਾਊਂਸ ਮਾਮਲਿਆਂ ਦੀ ਆਪਸੀ ਸਹਿਮਤੀ ਨਾਲ ਨਿਪਟਾਰਾ ਸੀ ਤੇ 261 ਚੈੱਕ ਬਾਊਂਸ ਕੇਸਾਂ ਵਿੱਚ ਕੁੱਲ ਰਕਮ 9,07,24,907/- ਦੇ ਅਵਾਰਡ ਪਾਸ ਕੀਤੇ ਗਏ।

## ਰਾਜਾ ਵੜਿੰਗ ਦਾ ਪੰਜਾਬ 'ਚ ਭਾਜਪਾ ਦੀ 'ਅੱਗ-ਪਾਣੀ ਦੀ ਸਿਆਸਤ' 'ਤੇ ਤਿੱਖਾ ਹਮਲਾ



**ਲੁਧਿਆਣਾ (ਰੈਕਟਰ ਕਥੂਰੀਆ)**

ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਭਾਜਪਾ 'ਤੇ ਤਿੱਖਾ ਹਮਲਾ ਬੋਲਦਿਆਂ ਉਸਦੀ ਕਾਰਗੁਜ਼ਾਰੀ 'ਤੇ ਕੜੀ ਟਿੱਪਣੀ ਕੀਤੀ ਹੈ।ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਦਾ ਹਵਾਲਾ ਦਿੰਦਿਆਂ ਵੜਿੰਗ ਨੇ ਕਿਹਾ ਕਿ ਦਿੱਲੀ ਤੋਂ ਆਉਣ ਵਾਲੇ ਭਾਜਪਾ ਆਗੂ ਪੰਜਾਬ ਵਿੱਚ ਸਿਰਫ਼ ਕਾਂਗਰਸ ਨੂੰ ਗਾਲ੍ਹਾਂ ਕੱਢਣ ਦੇ ਏਜੰਡੇ ਨਾਲ ਆਉਂਦੇ ਹਨ।ਉਨ੍ਹਾਂ ਲਾਲ ਕ੍ਰਿਸ਼ਨ ਅਡਵਾਨੀ ਦੀ ਕਿਤਾਬ 'ਮਾਈ ਕੰਟਰੀ ਮਾਈ ਲਾਈਫ਼' ਦਾ ਜ਼ਿਕਰ ਕਰਦਿਆਂ ਕਿਸਾਨਾਂ ਦੇ ਮੁੱਦੇ, 1984 ਦੇ ਪੀੜਤਾਂ ਨੂੰ ਇਨਸਾਫ਼ ਤੇ ਨਸ਼ਿਆਂ ਦੇ ਮਸਲੇ 'ਤੇ ਸਰਕਾਰ ਦੀ ਨਾਕਾਮੀ ਉਜਾਗਰ ਕੀਤਾ ਅਤੇ ਭਾਜਪਾ 'ਤੇ ਜ਼ਖ਼ਮਾਂ, ਧਰਮ ਤੇ ਜਾਤ ਨਾਲ ਰਾਜਨੀਤੀ ਕਰਨ ਦੇ ਦੋਸ਼ ਲਾਏ।

ਵੜਿੰਗ ਨੇ ਭਾਜਪਾ ਨੂੰ ਕਿਹਾ ਕਿ ਸਾਡੇ ਜ਼ਖ਼ਮਾਂ ਨੂੰ ਨਾ ਖੁਰਚੋ।ਉਨ੍ਹਾਂ ਜ਼ਿਕਰ ਕੀਤਾ ਕਿ 'ਮਾਈ ਕੰਟਰੀ ਮਾਈ ਲਾਈਫ਼' ਲਾਲ ਕ੍ਰਿਸ਼ਨ ਅਡਵਾਨੀ ਦੀ ਕਿਤਾਬ ਹੈ।ਉਸ ਕਿਤਾਬ ਵਿੱਚ ਲਿਖਿਆ ਗਿਆ ਹੈ ਕਿ ਅਸੀਂ ਉਸ ਸਮੇਂ ਦੀ ਸਰਕਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲਾ ਕਰਨ ਲਈ ਮਜਬੂਰ ਕੀਤਾ ਸੀ।ਇਹ ਕਿਤਾਬ ਅੱਜ ਵੀ ਬਾਜ਼ਾਰ ਵਿੱਚ ਮਿਲਦੀ ਹੈ।ਉਹ ਭਾਜਪਾ ਆਗੂਆਂ ਨੂੰ ਕਹਿਣਾ ਚਾਹੁੰਦੇ ਹਨ ਕਿ ਉਹ ਇਸ ਨੂੰ ਪੜ੍ਹ ਕੇ ਇਸ ਬਾਰੇ ਸਪੱਸ਼ਟੀਕਰਨ ਦੇਣ।

ਉਨ੍ਹਾਂ ਕਿਹਾ ਕਿ ਸ਼ਾਇਦ ਅਸੀਂ 1984 ਨੂੰ ਆਪਣੇ ਅੱਖਾਂ ਨਾਲ ਨਹੀਂ ਦੇਖਿਆ, ਕਿਉਂਕਿ ਉਸ ਵੇਲੇ ਅਸੀਂ ਬੱਚੇ ਸੀ, ਪਰ ਅਸੀਂ ਉਹੋ ਜਿਹੀ ਸਥਿਤੀ ਦੇਖੀ ਹੈ, ਜੋ ਤੁਸੀਂ ਕਿਸਾਨਾਂ ਲਈ ਸਰਹੱਦਾਂ 'ਤੇ ਬਣਾਈ ਸੀ।ਉੱਥੇ 700 ਤੋਂ ਵੱਧ ਕਿਸਾਨ ਮਾਰੇ ਗਏ ਜਾਂ ਜ਼ਖ਼ਮੀ ਹੋਏ।ਉਨ੍ਹਾਂ ਦੇ ਸਿਰ ਵਿੱਚ ਗੋਲੀਆਂ ਮਾਰਨ ਤੋਂ ਬਾਅਦ ਵੀ ਤੁਸੀਂ ਐਫ.ਆਈ.ਆਰ ਦਰਜ ਕਰਨ ਨਹੀਂ ਦਿੱਤੀ।ਸੂਬਾ ਕਾਂਗਰਸ ਪ੍ਰਧਾਨ ਨੇ ਭਾਜਪਾ 'ਤੇ ਤਨਜ਼ ਕਰਦਿਆਂ ਕਿਹਾ ਕਿ ਤੁਸੀਂ ਕਹਿੰਦੇ ਹੋ ਕਿ 1984 ਲਈ ਇਨਸਾਫ਼ ਦਿਵਾਓਗੇ।ਤੁਸੀਂ 12 ਸਾਲ ਤੋਂ ਸੱਤਾ 'ਚ ਹੋ, ਫਿਰ ਦਿਓ ਇਨਸਾਫ਼। ਇਨ੍ਹਾਂ ਨੂੰ ਮੁਆਵਜ਼ਾ ਕਾਫ਼ੀ ਪਹਿਲਾਂ ਮਿਲਣਾ ਚਾਹੀਦਾ ਸੀ, ਪਰ ਅਜੇ ਤੱਕ ਨਹੀਂ ਦਿੱਤਾ ਗਿਆ। ਜੇਕਰ ਦੇਸ਼ ਦਾ ਪ੍ਰਧਾਨ ਮੰਤਰੀ ਮੁਆਵਜ਼ਾ ਨਹੀਂ ਦੇਵੇਗਾ ਤਾਂ ਫਿਰ ਕੌਣ ਦੇਵੇਗਾ?

ਇਸੇ ਤਰ੍ਹਾਂ ਧਰਮ ਪਰਿਵਰਤਨ ਦੇ ਮਸਲੇ 'ਤੇ ਭਾਜਪਾ ਨੂੰ ਘੇਰਦਿਆਂ ਵੜਿੰਗ ਨੇ ਕਿਹਾ ਕਿ ਪਾਰਟੀ ਕਹਿੰਦੀ ਹੈ ਕਿ ਜੇਕਰ ਉਸਦੀ ਸਰਕਾਰ ਆਈ ਤਾਂ ਇਹ ਮਸਲਾ ਹੱਲ ਕੀਤਾ ਜਾਵੇਗਾ।ਪਰ 12 ਸਾਲਾਂ ਤੋਂ ਜੇਕਰ ਦੇਸ਼ ਦੇ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਧਰਮ ਪਰਿਵਰਤਨ ਰੋਕਣ ਵਿੱਚ ਅਸਫ਼ਲ ਰਹੇ ਹਨ ਤਾਂ ਫਿਰ ਕਦੋਂ ਕਾਰਵਾਈ ਕਰੋਗੇ?

ਵੜਿੰਗ ਨੇ ਨਸ਼ਿਆਂ ਦੇ ਵਧ ਰਹੇ ਸੰਕਟ 'ਤੇ ਗੱਲ ਕਰਦਿਆਂ ਕਿਹਾ ਕਿ ਜਿੱਥੇ ਸੂਬੇ ਦੇ ਮੁੱਖ ਮੰਤਰੀ ਦੀ ਜ਼ਿੰਮੇਵਾਰੀ ਹੈ, ਉੱਥੇ ਹੀ ਵੱਡੀ ਜ਼ਿੰਮੇਵਾਰੀ ਭਾਜਪਾ 'ਤੇ ਵੀ ਆਉਂਦੀ ਹੈ।ਉਨ੍ਹਾਂ ਕਿਹਾ ਕਿ ਭਾਜਪਾ ਕਹਿੰਦੀ ਹੈ ਕਿ ਨਸ਼ੇ ਖਤਮ ਕਰ ਦੇਵੇਗੀ, ਪਰ ਹਕੀਕਤ ਇਹ ਹੈ ਕਿ ਨਸ਼ੇ ਪੰਜਾਬ ਦੀ ਸਰਹੱਦਾਂ ਰਾਹੀਂ ਬਿਨਾਂ ਰੋਕਟੋਕ ਆ ਰਹੇ ਹਨ।ਉਨ੍ਹਾਂ ਕਿਹਾ ਕਿ ਤਰਨਤਾਰਨ ਤੋਂ ਲੈ ਕੇ ਫ਼ਾਜ਼ਿਲਕਾ ਤੱਕ ਡਰੋਨ ਰਾਹੀਂ ਹਥਿਆਰ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਹੋ ਰਹੀ ਹੈ ਤੇ ਕੇਂਦਰ ਸਰਕਾਰ ਦੇ ਅਧੀਨ ਕੰਮ ਕਰ ਰਹੀ ਬੀ ਐੱਸ ਐਫ ਇਸਨੂੰ ਰੋਕਣ ਵਿੱਚ ਨਾਕਾਮ ਰਹੀ ਹੈ।

## ਕਾਂਗਰਸ ਦੀ ਸਰਕਾਰ ਆਉਣ 'ਤੇ ਰਿਕਸ਼ਾ ਚਾਲਕਾਂ ਦੀਆਂ ਮੰਗਾਂ ਪੂਰੀਆਂ ਕਰਾਂਗੇ : ਗੌਰਵ ਸੰਧੂ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਤੋਂ ਸੀਨੀਅਰ ਕਾਂਗਰਸੀ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਨੂੰ ਆਟੋ ਰਿਕਸ਼ਾ ਯੂਨੀਅਨ ਸਨੌਰ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਯੂਨੀਅਨ ਦੇ ਆਗੂਆਂ ਤੇ ਮੈਂਬਰਾਂ ਵੱਲੋਂ ਸਿਰੋਪਾ ਭੇਟ ਕਰਕੇ ਗੌਰਵ ਸੰਧੂ ਦਾ ਤਹਿ ਦਿਲੋਂ ਸਵਾਗਤ ਕੀਤਾ ਗਿਆ।ਯੂਨੀਅਨ ਦੇ ਪ੍ਰਤੀਨਿਧੀਆਂ ਨੇ ਸਨੌਰ ਸ਼ਹਿਰ 'ਚ ਆਟੋ ਰਿਕਸ਼ਾ ਚਾਲਕਾਂ ਨੂੰ ਦਰਪੇਸ਼ ਆ ਰਹੀਆਂ ਵੱਖ-ਵੱਖ ਸਮੱਸਿਆਵਾਂ ਬਾਰੇ ਗੌਰਵ ਸੰਧੂ ਨਾਲ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।ਯੂਨੀਅਨ ਮੈਂਬਰਾਂ ਨੇ ਦੱਸਿਆ ਕਿ ਸ਼ਹਿਰ ਵਿੱਚ ਆਟੋ ਰਿਕਸ਼ਾ ਸਟੈਂਡ ਦੀ ਢੰਗ ਦੀ ਵਿਵਸਥਾ ਨਾ ਹੋਣ ਕਾਰਨ ਚਾਲਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਇਸ ਤੋਂ ਇਲਾਵਾ ਟ੍ਰੈਫਿਕ ਪ੍ਰਬੰਧ ਤੇ ਹੋਰ ਸਥਾਨਕ ਮੁੱਦਿਆਂ ਬਾਰੇ ਵੀ ਚਰਚਾ ਕੀਤੀ ਗਈ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਯੂਨੀਅਨ ਦੇ ਮੈਂਬਰਾਂ ਦੀਆਂ ਗੱਲਾਂ ਨੂੰ ਧਿਆਨ ਨਾਲ ਸੁਣਦਿਆਂ ਕਿਹਾ ਕਿ ਆਟੋ ਰਿਕਸ਼ਾ ਚਾਲਕ ਸ਼ਹਿਰ ਦੀ ਆਵਾਜਾਈ ਪ੍ਰਣਾਲੀ ਦਾ ਮਹੱਤਵਪੂਰਨ ਹਿੱਸਾ ਹਨ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਾਉਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਦਿਵਾਇਆ ਕਿ ਆਟੋ ਰਿਕਸ਼ਾ ਚਾਲਕਾਂ ਵੱਲੋਂ ਉਠਾਏ ਗਏ ਮੁੱਦਿਆਂ ਨੂੰ ਸੰਬੰਧਤ ਵਿਭਾਗਾਂ ਤੱਕ ਪੁਚਾ ਕੇ ਜਲਦੀ ਤੋਂ ਜਲਦੀ ਹੱਲ ਕਰਾਉਣ ਲਈ ਯਤਨ ਕੀਤੇ ਜਾਣਗੇ।ਉਨ੍ਹਾਂ ਕਿਹਾ ਕਿ ਆਮ ਲੋਕਾਂ ਤੇ ਮਜ਼ਦੂਰ ਵਰਗ ਦੀਆਂ ਸਮੱਸਿਆਵਾਂ ਨੂੰ ਹੱਲ ਕਰਾਉਣਾ ਹੀ ਉਨ੍ਹਾਂ ਦੀ ਪਹਿਲ ਰਹੀ ਹੈ ਅਤੇ ਭਵਿੱਖ 'ਚ ਵੀ ਲੋਕਾਂ ਦੇ ਹਿੱਤਾਂ ਲਈ ਉਹ ਹਮੇਸ਼ਾ ਤਤਪਰ ਰਹਿਣਗੇ।ਇਸ ਮੌਕੇ ਆਟੋ ਰਿਕਸ਼ਾ ਯੂਨੀਅਨ ਸਨੌਰ ਦੇ ਕਈ ਮੈਂਬਰ, ਮਾਣਯੋਗ ਵਿਅਕਤੀ ਤੇ ਹੋਰ ਪਾਰਟੀ ਵਰਕਰ ਵੀ ਮੌਜੂਦ ਸਨ।

## ਚੇਤਨਾ ਪ੍ਰੀਖਿਆ 'ਚ ਪਹਿਲੇ ਸਥਾਨ ਪ੍ਰਾਪਤ ਵਾਲੇ ਬੱਚਿਆਂ ਦਾ ਸਨਮਾਨ 22 ਨੂੰ



**ਸੰਗਰੂਰ (ਪ੍ਰਵੀਨ ਸਿੰਘ)**-ਤਰਕਸ਼ੀਲ ਸੁਸਾਇਟੀ ਪੰਜਾਬ ਇਕਾਈ ਸੰਗਰੂਰ ਦੀ ਮੀਟਿੰਗ ਜ਼ੋਨ ਮੁਖੀ ਮਾਸਟਰ ਪਰਮਵੇਦ ਤੇ ਇਕਾਈ ਮੁਖੀ ਸੁਰਿੰਦਰ ਪਾਲ ਉਪਲੀ ਦੀ ਨਿਗਰਾਨੀ 'ਚ ਸੰਗਰੂਰ ਵਿਖੇ ਹੋਈ।ਇਕਾਈ ਆਗੂ ਕ੍ਰਿਸ਼ਨ ਸਿੰਘ ਤੇ ਗੁਰਦੀਪ ਸਿੰਘ ਲਹਿਰਾ ਨੇ ਦੱਸਿਆ ਕਿ ਮੀਟਿੰਗ ਵਿੱਚ 7ਵੀਂ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ 'ਚ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਸਮਾਗਮ ਕਰਨ ਬਾਰੇ ਫ਼ੈਸਲਾ ਲਿਆ ਗਿਆ।ਫ਼ੈਸਲਾ ਕੀਤਾ ਕਿ ਛੇਵੀਂ ਤੋਂ ਬਾਰ੍ਹਵੀਂ ਜਮਾਤਾਂ ਦੇ ਹਰ ਜਮਾਤ 'ਚੋਂ ਪਹਿਲੇ 7 ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ, ਵਿਗਿਆਨਕ ਸੋਚ ਵਾਲੀਆਂ ਪੁਸਤਕਾਂ, ਪੜ੍ਹਨ ਸਮੱਗਰੀ ਤੇ ਤਰਕਸ਼ੀਲ ਕੈਲੰਡਰ ਨਾਲ ਸਨਮਾਨਤ ਕੀਤਾ ਜਾਵੇਗਾ। ਪ੍ਰੀਖਿਆ 'ਚ ਸਹਿਯੋਗ ਕਰਨ ਵਾਲੇ ਸਕੂਲ ਮੁਖੀਆਂ,ਅਧਿਆਪਕਾਂ, ਤੇ ਪਤਵੰਤੇ ਸੱਜਣਾਂ ਨੂੰ ਸਨਮਾਨਤ ਕੀਤਾ ਜਾਵੇਗਾ।ਇਹ ਸਨਮਾਨ ਸਮਾਗਮ ਆਦਰਸ਼ (ਮਾਡਲ) ਸੀਨੀਅਰ ਸੈਕੰਡਰੀ ਸਕੂਲ ਵਿਖੇ 22 ਮਾਰਚ ਨੂੰ ਸਵੇਰੇ 10 ਵਜੇ ਕੀਤਾ ਜਾਵੇਗਾ।ਮੀਟਿੰਗ 'ਚ ਸੂਬਾ ਵਰਕਿੰਗ ਕਮੇਟੀ ਤੇ ਜ਼ੋਨ ਮੀਟਿੰਗ ਦੀ ਰਿਪੋਰਟਿੰਗ ਕੀਤੀ ਗਈ ਤੇ ਤਰਕਸ਼ੀਲ ਮੈਗਜ਼ੀਨ ਦੇ ਪਾਠਕ ਵਧਾਉਣ ਲਈ ਵੀ ਚਰਚਾ ਕੀਤੀ ਗਈ।ਸਨਮਾਨ ਸਮਾਗਮ 'ਚ ਜਾਦੂ ਸ਼ੋਅ ਤੇ ਗੀਤ ਸੰਗੀਤ ਵੀ ਪੇਸ਼ ਕੀਤਾ ਜਾਵੇਗਾ ਤੇ ਵਿਦਿਆਰਥੀਆਂ ਤੋਂ ਪ੍ਰੀਖਿਆ ਸਬੰਧੀ ਵਿਚਾਰ ਲਏ ਜਾਣਗੇ ਤੇ ਇਸ ਸਮਾਗਮ ਸਿੱਖਿਆਦਾਇਕ ਹੋਵੇਗਾ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਸਟਾਰਟ-ਅੱਪ ਮੇਲਾ ਧੂਮ-ਧਾਮ ਨਾਲ ਕਰਵਾਇਆ



**ਦੋਰਾਹਾ (ਹਰਮਿੰਦਰ ਸੇਠ)**

ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਕਾਮਰਸ ਤੇ ਬਿਜ਼ਨੈੱਸ ਐਡਮਿਨਿਸਟਰੇਸ਼ਨ ਵਿਭਾਗ ਵੱਲੋਂ ਆਰਟਸ, ਸਾਇੰਸ ਤੇ ਕੰਪਿਊਟਰ ਵਿਭਾਗ ਦੇ ਸਹਿਯੋਗ ਨਾਲ ਉੱਦਮੀ ਹੁਨਰ ਵਿਕਾਸ ਪ੍ਰੋਗਰਾਮ 'ਸਟਾਰਟ-ਅੱਪ ਮੇਲਾ-2026' ਧੂਮ-ਧਾਮ ਨਾਲ ਕਰਵਾਇਆ ਗਿਆ।ਸਮਾਗਮ ਦਾ ਆਗਾਜ਼ ਕਰਦਿਆਂ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਟਾਰਟਅ-ਅੱਪ ਮੇਲੇ ਦਾ ਰਸਮੀਂ ਤੌਰ 'ਤੇ ਉਦਘਾਟਨ ਕੀਤਾ।ਇਸ ਮੌਕੇ ਕਾਲਜ ਪ੍ਰਬੰਧਕੀ ਕਮੇਟੀ ਦੇ ਮੈਂਬਰ ਸਾਹਿਬਾਨ ਸ਼੍ਰੀ ਸ਼ਿਵ ਕੁਮਾਰ ਸੋਨੀ ਤੇ ਉਨ੍ਹਾਂ ਧਰਮ ਪਤਨੀ, ਹਰਜੀਵਨਪਾਲ ਸਿੰਘ ਗਿੱਲ, ਨਵਨੀਤ ਸਿੰਘ ਮਾਂਗਟ, ਇੰਦਰ ਸਿੰਘ, ਰਵਿੰਦਰ ਸਿੰਘ ਮਲਹਾਂਸ, ਜੋਗਿੰਦਰ ਸਿੰਘ ਓਬਰਾਏ, ਉਦੈ ਸ਼ਰਮਾ ਤੇ ਅਭੈ ਬੈਕਟਰ ਨੇ ਉਚੇਚੇ ਤੌਰ 'ਤੇ ਸ਼ਿਰਕਤ ਕਰਦਿਆਂ ਸਮੂਹ ਸਟਾਫ਼ ਤੇ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ।ਇਸ ਮੌਕੇ ਪਹੁੰਚੇ ਮਹਿਮਾਨਾਂ ਨੇ ਵਿਦਿਆਰਥੀਆਂ ਦੀ ਸਿਰਜਣਾਤਮਕ ਸੋਚ ਦੀ ਭਰਪੂਰ ਸ਼ਲਾਘਾ ਕਰਦਿਆਂ ਅਜਿਹੇ ਪ੍ਰੋਗਰਾਮਾਂ ਨੂੰ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਜ਼ਰੂਰੀ ਦੱਸਿਆ।ਇਸ ਮੇਲੇ ਦੇ ਕਨਵੀਨਰ ਪ੍ਰੋ. ਰਣਜੀਤ ਕੌਰ, ਪ੍ਰਬੰਧਕੀ ਸਕੱਤਰ ਪ੍ਰੋ. ਅਮਨਦੀਪ ਚੀਮਾ ਤੇ ਸਹਾਇਕ ਪ੍ਰਬੰਧਕੀ ਸਕੱਤਰ ਪ੍ਰੋ. ਅਮਨਦੀਪ ਅਰੋੜਾ ਦੀ ਯੋਗ ਅਗਵਾਈ ਹੇਠ ਕਾਲਜ ਦੇ ਵਿਦਿਆਰਥੀਆਂ ਵੱਲੋਂ ਖਾਣ-ਪੀਣ, ਫੈਸ਼ਨ, ਮਨੋਰੰਜਨ ਤੇ ਕਲਾਤਮਿਕ ਵਸਤਾਂ ਦੇ ਕਈ ਦਿਲਕਸ਼ ਸਟਾਲ ਲਗਾਏ ਗਏ। ਇਸ ਤੋਂ ਇਲਾਵਾ ਵੱਖ ਵੱਖ ਖੇਡਾਂ ਕਰਵਾਈਆਂ ਗਈਆਂ, ਜਿਨ੍ਹਾਂ ਦਾ ਵਿਦਿਆਰਥੀਆਂ ਤੇ ਸਟਾਫ਼ ਨੇ ਭਰਪੂਰ ਆਨੰਦ ਮਾਣਿਆ।ਕਲਾ ਤੇ ਹੱਥਕਲਾ ਦੇ ਸਟਾਲਾਂ ਵਿੱਚ ਵਿਦਿਆਰਥੀਆਂ ਨੇ ਆਪਣੀ ਹੁਨਰਮੰਦੀ ਦਾ ਪ੍ਰਦਰਸ਼ਨ ਕਰਦਿਆਂ ਹੱਥ ਨਾਲ ਬਣੇ ਸਾਬਣ, ਮੋਮਬੱਤੀਆਂ, ਕ੍ਰੋਸ਼ੇ ਆਈਟਮਾਂ, ਕਾਗਜ਼ੀ ਫੁੱਲ, ਪੇਂਟ ਕੀਤਾ ਸਜਾਵਟੀ ਸਾਮਾਨ, ਗਹਿਣੇ, ਸੂਟ, ਨੇਲ ਆਰਟ, ਮਹਿੰਦੀ ਤੇ ਈਕੋ-ਫ਼ਰੈਂਡਲੀ ਉਤਪਾਦ ਪ੍ਰਦਰਸ਼ਤ ਕੀਤੇ। ਇਸ ਮੰਚ ਨੇ ਵਿਦਿਆਰਥੀਆਂ ਨੂੰ ਆਪਣੀ ਕਾਬਲੀਅਤ, ਟੀਮ ਵਰਕ ਤੇ ਉੱਦਮੀ ਜਜ਼ਬੇ ਨੂੰ ਦਰਸਾਉਣ ਦਾ ਸ਼ਾਨਦਾਰ ਮੌਕਾ ਪ੍ਰਦਾਨ ਕੀਤਾ।ਇਸ ਮੌਕੇ ਗੁਰੂ ਨਾਨਕ ਮਾਡਲ ਸੀਨੀਆਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ, ਸਰਸਵਤੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਡੀ. ਐੱਸ. ਗੁਸਾਈਂ, ਪ੍ਰੋ. ਐੱਮ. ਐੱਸ. ਭੰਡਾਰੀ, ਗੁਰੂ ਨਾਨਕ ਮਾਡਲ ਸੀਨੀਆਰ ਸੈਕੰਡਰੀ ਸਕੂਲ ਦਾ ਸਮੂਹ ਸਟਾਫ਼ ਤੇ ਕਾਲਜ ਦੇ ਪੁਰਾਣੇ ਵਿਦਿਆਰਥੀ ਉਚੇਚੇ ਤੌਰ 'ਤੇ ਹਾਜ਼ਰ ਸਨ।ਇਸ ਸਟਾਰਟ-ਅੱਪ ਮੇਲੇ ਦੇ ਸਫ਼ਲਤਾਪੂਰਵਕ ਆਯੋਜਨ ਲਈ ਕਾਲਜ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ।

## ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ 'ਚ ਕਿੰਡਰਗਾਰਟਨ ਕਲਮੀਨੇਸ਼ਨ ਸਮਾਰੋਹ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੁਰੂ ਨਾਨਕ ਫਾਊਂਡੇਸ਼ਨ ਪਬਲਿਕ ਸਕੂਲ 'ਚ 13 ਮਾਰਚ 2026 ਨੂੰ ਨਰਸਰੀ, ਐਲ.ਕੇ.ਜੀ. ਤੇ ਯੂ ਕੇ ਜੀ ਦੇ ਵਿਦਿਆਰਥੀਆਂ ਲਈ ਕਿੰਡਰਗਾਰਟਨ ਕਲਮੀਨੇਸ਼ਨ ਸਮਾਰੋਹ ਕਰਾਇਆ ਗਿਆ, ਜਿਸ ਵਿੱਚ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਅਕਾਦਮਿਕ ਸੈਸ਼ਨ 2025-26 ਦੌਰਾਨ ਹੋਈ ਸਿੱਖਣ ਯਾਤਰਾ ਦੇ ਦਰਸ਼ਨ ਕਰਾਏ ਗਏ।ਨੰਨੇ ਵਿਦਿਆਰਥੀਆਂ ਨੇ ਗੀਤਾਂ, ਕਹਾਣੀ ਸੁਣਾਉਣ, ਪੜ੍ਹਨ ਤੇ ਗਿਣਤੀ ਨਾਲ ਸੰਬੰਧਤ ਗਤੀਵਿਧੀਆਂ ਰਾਹੀਂ ਆਪਣੇ ਪਾਠਕ੍ਰਮ ਦੀ ਪ੍ਰਸਤੁਤੀ ਕੀਤੀ ਤੇ ਆਪਣੇ ਪੋਰਟ ਫੋਲੀਓ ਤੇ ਵਰਕਸ਼ੀਟਾਂ ਮਾਪਿਆਂ ਨਾਲ ਸਾਂਝੀਆਂ ਕੀਤੀਆਂ।ਇਹ ਪਾਠਕ੍ਰਮ ਅਮਰੀਕਾ ਤੋਂ ਮਿਸ ਵੀਨਾ ਪਰਾਂਕੁਸ਼ ਦਾਸ ਦੀ ਰਹਿਨੁਮਾਈ ਹੇਠ ਚਲਾਇਆ ਜਾ ਰਿਹਾ ਹੈ।ਸਕੂਲ ਦੀ ਪ੍ਰਿੰਸੀਪਲ ਮਿਸਿਜ਼ ਜਸਜੀਤ ਸੋਹੀ ਤੇ ਡ੍ਰੀਮਿੰਗ ਚਾਈਲਡ, ਦਿੱਲੀ ਤੋਂ ਮਿਸ ਮੋਨਿਕਾ ਵੀ ਮੌਜੂਦ ਰਹੇ।ਮਾਪਿਆਂ ਨੇ ਸਕੂਲ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਦੋਰਾਹਾ ਬਲਾਕ ਸੰਮਤੀ ਦੇ ਚੇਅਰਮੈਨ ਤੇ ਉਪ ਚੇਅਰਮੈਨ ਦੀ ਚੋਣ

## ਕਿਰਨਪ੍ਰੀਤ ਕੌਰ ਚੇਅਰਮੈਨ ਤੇ ਜਰਨੈਲ ਸਿੰਘ ਉਪ ਚੇਅਰਮੈਨ ਬਣੇ



**ਦੋਰਾਹਾ, (ਪੱਤਰ ਪ੍ਰੇਰਕ)** ਬਲਾਕ ਸੰਮਤੀ ਦੇ ਚੇਅਰਮੈਨ ਤੇ ਉਪ ਚੇਅਰਮੈਨ ਦੀ ਚੋਣ ਸੰਬੰਧੀ ਚੁਣੇ ਗਏ ਬਲਾਕ ਸੰਮਤੀ ਮੈਂਬਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਸੰਮਤੀ ਦੇ ਦਫਤਰ 'ਚ ਬੁਲਾਈ ਗਈ।ਹਾਜ਼ਰ ਮੈਂਬਰਾਂ ਨੇ ਦੋਰਾਹਾ ਬਲਾਕ ਸੰਮਤੀ ਦੇ ਚੇਅਰਮੈਨ ਅਤੇ ਉਪ ਚੇਅਰਮੈਨ ਦੀ ਚੋਣ ਦੌਰਾਨ ਕਿਰਨਪ੍ਰੀਤ ਕੌਰ ਪਤਨੀ ਕੁਲਜਿੰਦਰ ਸਿੰਘ ਵਾਸੀ ਘਮੋਟ ਨੂੰ ਸਰਬਸੰਮਤੀ ਨਾਲ ਚੇਅਰਮੈਨ ਚੁਣ ਲਿਆ ਗਿਆ, ਜਦਕਿ ਜਰਨੈਲ ਸਿੰਘ ਨੂੰ ਉਪ ਚੇਅਰਮੈਨ ਵਜੋਂ ਚੁਣਿਆ ਗਿਆ।ਜ਼ਿਕਰਯੋਗ ਹੈ ਕਿ ਦੋਰਾਹਾ ਬਲਾਕ ਸਮਤੀ ਦੇ 17 ਜ਼ੋਨਾਂ 'ਚੋਂ ਕਾਂਗਰਸ ਪਾਰਟੀ ਦੇ 6, ਸ਼੍ਰੋਮਣੀ ਅਕਾਲੀ ਦਲ ਦੇ 3 ਤੇ ਆਮ ਆਦਮੀ ਪਾਰਟੀ ਦੇ 7 ਮੈਂਬਰ ਕਰਮਜੀਤ ਸਿੰਘ ਰਾਜਗੜ੍ਹ, ਮਨਜੀਤ ਸਿੰਘ ਜਰਗ, ਜਰਨੈਲ ਸਿੰਘ ਮਕਸੂਦੜਾ, ਸਰਬਜੀਤ ਕੌਰ ਕਟਾਰੀ, ਜਗਦੀਪ ਕੌਰ ਮਲੀਪੁਰ, ਲਖਵੀਰ ਸਿੰਘ ਔਜਲਾ ਤੇ ਕਿਰਨ ਦੀਪ ਕੌਰ ਘਮੋਟ ਮੈਂਬਰ ਚੁਣੇ ਗਏ ਸਨ।

ਪਾਇਲ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਨਵ-ਚੁਣੇ ਚੇਅਰਮੈਨ ਤੇ ਉਪ ਚੇਅਰਮੈਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਲਾਕ ਸੰਮਤੀ ਪਿੰਡਾਂ ਦੇ ਵਿਕਾਸ ਤੇ ਲੋਕਾਂ ਦੀਆਂ ਮੁੱਢਲੀਆਂ ਸਮੱਸਿਆਵਾਂ ਦੇ ਹੱਲ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ।ਉਨ੍ਹਾਂ ਆਸ ਜਤਾਈ ਕਿ ਨਵੀਂ ਟੀਮ ਇਲਾਕੇ ਦੇ ਵਿਕਾਸ ਲਈ ਮਿਲਜੁਲ ਕੇ ਕੰਮ ਕਰੇਗੀ।ਇਸ ਦੌਰਾਨ ਆਮ ਆਦਮੀ ਪਾਰਟੀ ਦੇ ਬਲਾਕ ਸੰਮਤੀ ਮੈਂਬਰ ਵੀ ਮੌਜੂਦ ਰਹੇ ਅਤੇ ਉਨ੍ਹਾਂ ਵੱਲੋਂ ਨਵ-ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਗਈ।ਕਿਰਨਪ੍ਰੀਤ ਕੌਰ ਤੇ ਜਰਨੈਲ ਸਿੰਘ ਨੇ ਸਭ ਮੈਂਬਰਾਂ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਇਲਾਕੇ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

# 'ਆਪ' ਨੇ ਬਲਾਕ ਸੰਮਤੀ ਦੇ ਚੇਅਰਮੈਨ ਦੀ ਚੋਣ 'ਚ ਲੋਕਤੰਤਰ ਦਾ ਘਾਣ ਕੀਤਾ : ਲੱਖਾ



ਦੋਰਾਹਾ (ਪੱਤਰ ਪ੍ਰੇਰਕ) ਬਲਾਕ ਸੰਮਤੀ ਦੇ ਚੇਅਰਮੈਨ ਤੇ ਉਪ ਚੇਅਰਮੈਨ ਦੀ ਚੋਣ ਪ੍ਰਕਿਰਿਆ 'ਤੇ ਤਿੱਖਾ ਪ੍ਰਤੀਕਰਮ ਪ੍ਰਗਟ ਕਰਦਿਆਂ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਹਲਕਾ ਪਾਇਲ ਤੋਂ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਨੇ ਕਿਹਾ ਕਿ 'ਆਪ' ਸਰਕਾਰ ਨੇ ਇਸ ਚੋਣ ਵਿੱਚ ਲੋਕਤੰਤਰ ਦਾ ਸ਼ਰੇਆਮ ਘਾਣ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਬਲਾਕ ਸੰਮਤੀ ਦੇ 17 ਜ਼ੋਨਾਂ 'ਚੋਂ ਆਪ ਦੇ ਸਿਰਫ ਸੱਤ ਮੈਂਬਰ ਚੋਣ ਜਿੱਤੇ ਸਨ, ਜਦ ਕਿ ਕਾਂਗਰਸ ਪਾਰਟੀ ਦੇ 6, ਅਕਾਲੀ ਦਲ ਦੇ 3 ਅਤੇ ਇੱਕ ਆਜ਼ਾਦ ਉਮੀਦਵਾਰ ਚੋਣ ਜਿੱਤੇ ਸਨ।ਉਨ੍ਹਾਂ ਕਿਹਾ ਕਿ ਮੀਟਿੰਗ ਵਿੱਚ ਚੋਣ ਸਬੰਧੀ ਕੋਰਮ ਪੂਰਾ ਨਹੀਂ ਸੀ। ਪਰ ਇਸ ਦੇ ਬਾਵਜੂਦ ਚੇਅਰਮੈਨ ਤੇ ਉਪ ਚੇਅਰਮੈਨ ਦੀ ਚੋਣ ਕਰ ਦਿੱਤੀ ਗਈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਇਸ ਚੋਣ ਦਾ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ ਤੇ ਕਾਨੂੰਨੀ ਮਾਹਰਾਂ ਦੀ ਰਾਇ ਲੈ ਕੇ ਉੱਚ ਅਦਾਲਤ ਵਿੱਚ ਪਹੁੰਚ ਕੀਤੀ ਜਾਵੇਗੀ।ਬੋਆਣੀ ਜ਼ੋਨ ਤੋਂ ਕਾਂਗਰਸ ਪਾਰਟੀ ਦੇ ਚੋਣ ਜਿੱਤੇ ਮੈਂਬਰ ਤੇ ਸਾਬਕਾ ਸਰਪੰਚ ਗਗਨਦੀਪ ਸਿੰਘ ਲੰਢਾ ਨੇ ਆਖਿਆ ਕਿ ਪ੍ਰਸ਼ਾਸਨ ਵੱਲੋਂ ਵਿਰੋਧੀ ਧਿਰ ਦੇ ਕਾਂਗਰਸ ਤੇ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਮੀਟਿੰਗ ਸਬੰਧੀ ਸਹੀ ਜਾਣਕਾਰੀ ਨਹੀਂ ਦਿੱਤੀ ਗਈ ਤੇ ਮੀਟਿੰਗ ਤੋਂ ਕੁਝ ਸਮਾਂ ਪਹਿਲਾਂ ਹੀ ਚੋਣ ਸਬੰਧੀ ਦੱਸਿਆ ਗਿਆ।ਉਨ੍ਹਾਂ ਕਿਹਾ ਕਿ ਕਈ ਮੈਂਬਰਾਂ ਨੂੰ ਤਾਂ ਮੀਟਿੰਗ ਦਾ ਏਜੰਡਾ ਵੀ ਨਹੀਂ ਭੇਜਿਆ ਗਿਆ।

# ਉਪ-ਮੰਡਲ ਪੱਧਰੀ ਕੌਮੀ ਲੋਕ ਅਦਾਲਤ 'ਚ ਸੈਂਕੜੇ ਕੇਸਾਂ ਦਾ ਮੌਕੇ 'ਤੇ ਨਿਪਟਾਰਾ

## ਲੱਖਾਂ ਰੁਪਏ ਦੇ ਅਵਾਰਡ ਕੀਤੇ ਪਾਸ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਮਾਣਾ ਦੀਆਂ ਨਿਆਇਕ ਅਦਾਲਤਾਂ ਵਿਖੇ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ ਚੇਅਰਮੈਨ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਸ੍ਰੀ ਅਵਤਾਰ ਸਿੰਘ ਦੀ ਅਗਵਾਈ ਹੇਠ ਸ੍ਰੀ ਮਨਦੀਪ ਸਿੰਘ ਵਧੀਕ ਸਿਵਲ ਜੱਜ ਸੀਨੀਅਰ ਡਵੀਜ਼ਨ ਸਮਾਣਾ, ਕਮ-ਚੇਅਰਮੈਨ ਉਪ-ਮੰਡਲ ਕਾਨੂੰਨੀ ਸੇਵਾਵਾ ਕਮੇਟੀ ਸਮਾਣਾ ਦੀ ਪ੍ਰਧਾਨਗੀ ਹੇਠ ਇਸ ਸਾਲ ਦੀ ਪਹਿਲੀ ਕੌਮੀ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ। ਉਪ-ਮੰਡਲ ਪੱਧਰ 'ਤੇ ਪੰਜ ਕੌਮੀ ਲੋਕ ਅਦਾਲਤਾਂ ਦਾ ਆਯੋਜਨ ਕੀਤਾ ਗਿਆ, ਜਿਨ੍ਹਾਂ ਵਿੱਚ ਇੱਕ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਸ੍ਰੀ ਮਨਦੀਪ ਸਿੰਘ, ਵਧੀਕ ਸਿਵਲ ਜੱਜ ਸੀਨੀਅਰ ਡਵੀਜ਼ਨ, ਦੂਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਜੱਜ ਡਾ. ਰਾਜਵਿੰਦਰ ਕੌਰ, ਤੀਜੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਮੈਡਮ ਜਸਲੀਨ ਕੌਰ ਥਵੇਜਾ, ਚੌਥੀ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਮੈਡਮ ਮੋਹਿਨੀ ਗੋਇਲ, ਪੰਜਵੀਂ ਕੌਮੀ ਲੋਕ ਅਦਾਲਤ ਦੀ ਪ੍ਰਧਾਨਗੀ ਮੈਡਮ ਡਿੰਪਲ ਗਰਗ ਨੇ ਕੀਤੀ। ਇਸ ਕੌਮੀ ਲੋਕ ਅਦਾਲਤ ਵਿੱਚ ਦੀਵਾਨੀ ਤੇ ਸਮਝੌਤਾਯੋਗ ਫੌਜ਼ਦਾਰੀ, ਟ੍ਰੈਫਿਕ ਚਲਾਨ, ਬੈਂਕਾਂ ਦੇ ਕੇਸ ਆਦਿ ਕੇਸ ਸੁਣਵਾਈ ਲਈ ਪੇਸ਼ ਹੋਏ, ਜਿਨ੍ਹਾਂ ਵਿੱਚ ਜ਼ਿਆਦਾਤਾਰ ਕੇਸਾਂ ਦੇ ਆਪਸੀ ਸਮਝੌਤੇ ਕਰਵਾ ਕੇ ਕੇਸ ਫੈਸਲਾ ਕਰਵਾ ਦਿੱਤੇ ਗਏ।ਇਸ ਮੌਕੇ ਲੋਕ ਅਦਾਲਤ ਕਮੇਟੀ ਮੈਂਬਰ ਸ਼ਿਵ ਕੁਮਾਰ ਘੋਗਾ, ਸਕਪੂਰ ਚੰਦ ਬਾਂਸਲ, ਪਵਨ ਬਾਂਸਲ, ਡਾ. ਸ਼ਾਮ ਲਾਲ, ਸੰਜੇ ਸਿੰਗਲਾ, ਐਡਵੋਕੇਟਸ ਪ੍ਰਿਥਪਾਲ ਸਿੰਘ, ਰਮਨੀਤ ਸਿੰਘ, ਮੈਡਮ ਰੋਜ਼ੀ ਅਰੜਾ, ਮਿਸ ਨਿਰਲੇਪ ਕੌਰ. ਮਿਸ ਪ੍ਰਜਾ ਸਿੰਗਲਾ ਤੇ ਰੀਡਰ ਮੇਜਰ ਸਿੰਘ, ਰਜਿੰਦਰ ਸਿੰਘ, ਰਾਹੁਲ ਢੀਂਗਰਾ, ਕਿਰਨ ਕੁਮਾਰ, ਸਰਵੇਸ਼ ਕੁਮਾਰ, ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਡਮ ਮੇਨਿਕਾ ਪਹੂਜਾ, ਐਡਵੋਕੇਟ ਵਿਪਨ ਕੁਮਾਰ ਬਾਂਸਲ ਤੇ ਗੁਰਵਿੰਦਰ ਸਿੰਘ ਗੋਲਣ ਤੋਂ ਇਲਾਵਾ ਸਮਾਣਾ ਬਾਰ ਦੇ ਵਕੀਲ ਸਹਿਬਾਨ, ਵੱਖ-ਵੱਖ ਬੈਂਕਾਂ ਦੇ ਕਰਮਚਾਰੀ ਤੇ ਕੇਸਾਂ ਦੀ ਸੁਣਵਾਈ ਵਾਲੇ ਲੋਕ ਹਾਜ਼ਰ ਸਨ। ਇਸ ਮੌਕੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ, ਮੀਤ ਪ੍ਰਧਾਨ ਸੰਦੀਪ ਜਿੰਦਲ ਨੇ ਕੌਮੀ ਲੋਕ ਅਦਾਲਤਾਂ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਕੌਮੀ ਲੋਕ ਅਦਾਲਤਾਂ ਵਿੱਚ ਦੋਨਾਂ ਧਿਰਾਂ ਨੂੰ ਸਮਝਾ ਕੇ ਕੇਸਾਂ ਵਿੱਚ ਹੁੰਦੇ ਨੁਕਸਾਨ 'ਤੇ ਜਾਣੂ ਕਰਵਾ ਕੇ ਆਪਸੀ ਸਹਿਮਤੀ ਨਾਲ ਸਮਝੌਤੇ ਕਰਵਾਏ ਜਾਂਦੇ ਹਨ ਤੇ ਰਿਕਵਰੀ ਕੇਸਾਂ ਵਿੱਚ ਲਗਾਈ ਗਈ ਕੋਰਟ ਫੀਸ ਸਾਇਲ ਨੂੰ ਪੂਰੀ ਵਾਪਸ ਮਿਲ ਜਾਂਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਚਲਦੇ ਕੇਸਾਂ ਦੇ ਫੈਸਲੇ ਕੌਮੀ ਲੋਕ ਅਦਾਲਤਾ ਰਾਹੀਂ ਕਰਵਾਉਣ।

# ਦਯਾਨੰਦ ਪਬਲਿਕ ਸਕੂਲ ਵੱਲੋਂ ਆਈ ਏ ਐਸ ਸਿਮਰਨਦੀਪ ਕੌਰ ਸਨਮਾਨਤ



**ਨਾਭਾ (ਵਰਿੰਦਰ ਵਰਮਾ)** ਦਯਾਨੰਦ ਪਬਲਿਕ ਸਕੂਲ, ਪਾਂਡੂਸ਼ਰ ਵਿਖੇ ਇੱਕ ਸ਼ਾਨਦਾਰ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿੱਥੇ ਸਕੂਲ ਦੀ ਸਾਬਕਾ ਵਿਦਿਆਰਥਣ, ਆਈਏਐਸ ਸਿਮਰਨਦੀਪ ਕੌਰ ਨੂੰ ਸਨਮਾਨਤ ਕੀਤਾ ਗਿਆ। ਉਸ ਨੇ ਹਾਲ ਹੀ ਵਿੱਚ ਯੂਪੀਐਸਸੀ ਸਿਵਲ ਸੇਵਾਵਾਂ ਪ੍ਰੀਖਿਆ ਵਿੱਚ ਦੇਸ਼ ਭਰ ਵਿੱਚ 15ਵਾਂ ਰੈਂਕ ਪ੍ਰਾਪਤ ਕੀਤਾ ਹੈ।ਸਮਾਰੋਹ ਦੀ ਸ਼ੁਰੂਆਤ ਦੀਪ ਜਗਾਉਣ ਨਾਲ ਹੋਈ।ਚੇਅਰਮੈਨ ਤੇ ਪ੍ਰਿੰਸੀਪਲ ਨੇ ਸਾਬਕਾ ਵਿਦਿਆਰਥਣ, ਸਿਮਰਨਦੀਪ ਕੌਰ ਨੂੰ ਵਧਾਈ ਦਿੱਤੀ ਤੇ ਉਸ ਦੀ ਲਗਨ ਅਤੇ ਮਿਹਨਤ ਦੀ ਪ੍ਰਸੰਸਾ ਕੀਤੀ।ਉਨ੍ਹਾਂ ਨੇ ਕਿਹਾ ਕਿ ਹਲਕਾ ਨਾਭਾ ਦੀ ਧੀ ਨੇ ਮਾਤਾ-ਪਿਤਾ ਤੇ ਦੇਸ਼ ਦਾ ਨਾਂਅ ਰੌਸ਼ਨ ਕੀਤਾ ਹੈ। ਇਹ ਦਯਾਨੰਦ ਸਕੂਲ ਦੀ ਸਾਬਕਾ ਵਿਦਿਆਰਥਣ ਹੈ। ਇਸ ਬੇਟੀ ਨੇ ਆਪਣੇ ਮਾਤਾ-ਪਿਤਾ, ਹਲਕਾ, ਪੰਜਾਬ ਤੇ ਦੇਸ਼ ਦਾ ਨਾਂਅ ਚਮਕਾਇਆ ਹੈ।ਉਨ੍ਹਾਂ ਕਿਹਾ ਕਿ ਅਜਿਹਾ ਹੀ ਕੁਝ ਨਾਭਾ ਦੀ ਰਹਿਣ ਵਾਲੀ ਸਿਮਰਨਦੀਪ ਕੌਰ ਨੇ ਘੱਟ ਉਮਰ ਵਿਚ ਇਹ ਪ੍ਰੀਖਿਆ ਪਾਸ ਕਰਕੇ ਇਹ ਸਾਬਤ ਕਰ ਦਿੱਤਾ ਕਿ ਕੁੜੀਆਂ ਕਿਸੇ ਨਾਲੋਂ ਘੱਟ ਨਹੀਂ ਹਨ।ਸਨਮਾਨਤ ਹੋਣ ਉਪਰੰਤ ਸਿਮਰਨਦੀਪ ਕੌਰ ਨੇ ਦ੍ਰਿੜਤਾ, ਅਨੁਸ਼ਾਸਨ ਅਤੇ ਸਿੱਖਿਆ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਸਪੱਸ਼ਟ ਟੀਚੇ ਨਿਰਧਾਰਤ ਕਰਨ ਤੇ ਉਨ੍ਹਾਂ ਨੂੰ ਪ੍ਰਾਪਤ ਕਰਨ ਲਈ ਪੂਰੀ ਇਮਾਨਦਾਰੀ ਨਾਲ ਸਖ਼ਤ ਮਿਹਨਤ ਕਰਨ ਲਈ ਉਤਸ਼ਾਹਤ ਕੀਤਾ। ਆਈਏਐਸ ਸਿਮਰਨਦੀਪ ਨੇ ਕਿਹਾ ਕਿ ਉਨ੍ਹਾਂ ਨੂੰ ਆਈਏਐਸ ਬਣਨ ਦੀ ਪ੍ਰੇਰਨਾ ਦਯਾਨੰਦ ਪਬਲਿਕ ਸਕੂਲ ਵਿੱਚ 12ਵੀਂ ਜਮਾਤ ਵਿੱਚ ਪੜ੍ਹਦਿਆਂ ਮਿਲੀ।ਸਿਮਰਨਦੀਪ ਕੌਰ ਨੇ ਕਿਹਾ ਕਿ ਜੇਕਰ ਮਨ 'ਚ ਕੁਝ ਕਰਨ ਦਾ ਸੱਚਾ ਜਜ਼ਬਾ ਤੇ ਲਗਨ ਹੋਵੇ ਤਾਂ ਦੁਨੀਆ ਦੀ ਕੋਈ ਵੀ ਮੁਸ਼ਕਲ ਤੁਹਾਨੂੰ ਮੰਜ਼ਲ ਤੱਕ ਪਹੁੰਚਣ ਤੋਂ ਨਹੀਂ ਰੋਕ ਸਕਦੀ।

# ਗੈਸ ਸਿਲੰਡਰ ਨਾ ਮਿਲਣ 'ਤੇ ਕਾਲਾਬਜ਼ਾਰੀ ਕਾਰਨ ਲੋਕਾਂ 'ਚ ਮੱਚੀ ਹਾਹਾਕਾਰ : ਰਾਜਿੰਦਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਸਾਬਕਾ ਵਿਧਾਇਕ ਰਾਜਿੰਦਰ ਸਿੰਘ ਕਿਹਾ ਕਿ ਖਾੜੀ ਦੇਸ਼ਾਂ ਵਿੱਚ ਚੱਲ ਰਹੇ ਯੁੱਧ ਕਾਰਨ ਕੁਦਰਤੀ ਸਰੋਤਾਂ ਦੀ ਕਮੀ ਪੇਸ਼ ਹੋਣ ਨੂੰ ਲੈ ਕੇ ਕੇਂਦਰ ਸਰਕਾਰ ਦੇ ਗੈਸ ਸਪਲਾਈ ਸਬੰਧੀ ਕੋਈ ਪ੍ਰੇਸ਼ਾਨੀ ਤੇ ਕਿੱਲਤ ਨਾ ਹੋਣ ਨੂੰ ਲੈ ਕੇ ਦਿੱਤੇ ਜਾ ਰਹੇ ਬਿਆਨ ਗੁੰਮਰਾਹਕੁੰਨ ਸਾਬਤ ਹੋ ਰਹੇ ਹਨ, ਕਿਉਂਕਿ ਪੰਜਾਬ ਭਰ ਵਿੱਚ ਗੈਸ ਸਿਲੰਡਰ ਨਾ ਮਿਲਣ ਕਾਰਨ ਲੋਕਾਂ 'ਚ ਹਾਹਾਕਾਰ ਮਚੀ ਹੋਈ ਹੈ ਤੇ ਗੈਸ ਸਿਲੰਡਰਾਂ ਦੀ ਕਾਲਾਬਜ਼ਾਰੀ ਸਿਖਰਾਂ ਉੱਤੇ ਹੈ।

ਰਜਿੰਦਰ ਸਿੰਘ ਨੇ ਕਿਹਾ ਕਿ ਗੈਸ ਏਜੰਸੀਆਂ ਤੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਗ਼ਰੀਬ ਖਪਤਕਾਰਾਂ ਨਾਲ ਧੱਕੇਸ਼ਾਹੀ ਤੇ ਲੁੱਟ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਗੈਸ ਸਿਲੰਡਰਾਂ ਦੀ ਆ ਰਹੀ ਵੱਡੇ ਪੱਧਰ 'ਤੇ ਕਿੱਲਤ ਕਾਰਨ ਲੋਕਾਂ ਨੂੰ ਗੈਸ ਏਜੰਸੀਆਂ ਤੋਂ ਸਿਲੰਡਰ ਲੈਣ ਲਈ ਲੰਬੀਆਂ ਲੰਬੀਆਂ ਲਾਈਨਾਂ 'ਚ ਲੱਗਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਤੇ ਜੋ ਲੋਕ ਤੜਕਸਾਰ ਤੋਂ ਹੀ ਲਾਈਨਾਂ 'ਚ ਲੱਗ ਕੇ ਗੈਸ ਸਲੰਡਰ ਲੈਣ ਦੀ ਉਡੀਕ ਕਰਦੇ ਹਨ। ਆਖਰਕਾਰ ਉਨ੍ਹਾਂ ਨੂੰ ਇਹ ਜਵਾਬ ਦੇ ਦਿੱਤਾ ਜਾਂਦਾ ਹੈ ਕਿ ਗੈਸ ਸਿਲੰਡਰ ਖਤਮ ਹੋ ਗਏ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਵੱਧ ਖਪਤਕਾਰਾਂ ਦੀ ਹੋਰ ਕੀ ਪ੍ਰੇਸ਼ਾਨੀ ਹੋ ਸਕਦੀ ਹੈ।ਰਾਜਿੰਦਰ ਸਿੰਘ ਨੇ ਕਿਹਾ ਕਿ ਗੈਸ ਸਿਲੰਡਰਾਂ ਦੀ ਆ ਰਹੀ ਪ੍ਰੇਸ਼ਾਨੀ ਕਾਰਨ ਲਾਈਨ 'ਚ ਲੱਗੇ ਇੱਕ ਬਜ਼ੁਰਗ ਨੂੰ ਤਾਂ ਆਪਣੀ ਜਾਨ ਤੋਂ ਹੱਥ ਗਵਾਉਣੇ ਪੈ ਗਏ, ਕਿਉਂਕਿ ਉਹ ਕੜਕਦੀ ਧੁੱਪ 'ਚ ਗੈਸ ਸਿਲੰਡਰ ਲੈਣ ਲਈ ਲੰਬੀ ਲਾਈਨ ਵਿੱਚ ਲੱਗ ਕੇ ਆਪਣੀ ਵਾਰੀ ਦਾ ਇੰਤਜ਼ਾਰ ਕਰ ਰਿਹਾ ਸੀ ਤੇ ਉਸ ਨੂੰ ਹਾਰਟ ਅਟੈਕ ਆਉਣ ਕਾਰਨ ਆਪਣੀ ਜਾਨ ਗਵਾਉਣੀ ਪਈ। ਉਨ੍ਹਾਂ ਕਿਹਾ ਕਿ ਭਾਵੇਂ ਕੌਮੀ ਖਪਤਕਾਰ ਦਿਵਸ ਸਰਕਾਰਾਂ ਵੱਲੋਂ ਮਨਾਇਆ ਜਾ ਰਿਹਾ ਹੈ, ਪ੍ਰੰਤੂ ਗ਼ਰੀਬ ਖਪਤਕਾਰ ਦੀ ਹੋ ਰਹੀ ਅੰਨ੍ਹੀ ਲੁੱਟ ਕਾਰਨ ਖਪਤਕਾਰ ਵਿਅਰਥ ਹੋ ਰਹੇ ਹੋ ਕੇ ਰਹਿ ਗਿਆ ਹੈ।ਉਨ੍ਹਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਸਰਕਾਰਾਂ ਦਾ ਕਿਸ ਪਾਸੇ ਵੱਲ ਧਿਆਨ ਕਿਉਂ ਨਹੀਂ ਜਾ ਰਿਹਾ ਕਿ ਗੈਸ ਸਿਲੰਡਰਾਂ ਦੀ ਕਾਲਾਬਜ਼ਾਰੀ 'ਤੇ ਕੰਟਰੋਲ ਕਿਉਂ ਨਹੀਂ ਕੀਤਾ ਜਾ ਰਿਹਾ।

# ਨੈਸ਼ਨਲ ਲੋਕ ਅਦਾਲਤ 'ਚ ਕੇਸਾਂ ਦੇ ਨਿਪਟਾਰੇ 'ਚ ਉਤਸ਼ਾਹ ਦਿਖਾਇਆ : ਜ਼ਿਲ੍ਹਾ ਤੇ ਸੈਸ਼ਨ ਜੱਜ




**ਲੁਧਿਆਣਾ ਮਾਰਚ (ਰੈਕਟਰ ਕਥੂਰੀਆ)** ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਕਚਹਿਰੀਆਂ ਤੇ ਉਪ ਮੰਡਲ ਪੱਧਰ 'ਤੇ ਜਗਰਾਓਂ, ਖੰਨਾ, ਸਮਰਾਲਾ ਅਤੇ ਪਾਇਲ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ, ਜਿੱਥੇ ਲੋਕਾਂ ਨੇ ਮਾਮਲਿਆਂ ਦੇ ਨਿਪਟਾਰੇ ਲਈ ਬਹੁਤ ਉਤਸ਼ਾਹ ਦਿਖਾਇਆ।

ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ, ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਮੈਡਮ ਹਰਪ੍ਰੀਤ ਕੌਰ ਰੰਧਾਵਾ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਦੀ ਪ੍ਰਧਾਨਗੀ ਅਤੇ ਡਾ. ਅਮਨਦੀਪ, ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਦੀ ਦੇਖ-ਰੇਖ ਹੇਠ 14 ਮਾਰਚ ਨੂੰ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਤੇ ਉਪ ਮੰਡਲ ਪੱਧਰ 'ਤੇ ਜਗਰਾਓਂ, ਖੰਨਾ, ਸਮਰਾਲਾ ਤੇ ਪਾਇਲ ਵਿਖੇ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਗਿਆ।ਅੱਜ ਦੀ ਰਾਸ਼ਟਰੀ ਲੋਕ ਅਦਾਲਤ ਦੌਰਾਨ ਕੁੱਲ 104805 ਕੇਸਾਂ ਦਾ ਨਿਪਟਾਰਾ ਕੀਤਾ ਗਿਆ ਅਤੇ ਲਗਭਗ 86,60,76724/- ਰੁਪਏ ਦੇ ਪੁਰਸਕਾਰ ਪਾਸ ਕੀਤੇ ਗਏ।ਇਸ ਮੌਕੇ ਜਸਟਿਸ ਕੀਰਤੀ ਸਿੰਘ, ਮਾਨਯੋਗ ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਇੰਸਪੈਕਟਿੰਗ ਜੱਜ, ਸੈਸ਼ਨਜ਼ ਡਵੀਜ਼ਨ, ਲੁਧਿਆਣਾ ਵੱਲੋਂ ਅੱਜ ਜ਼ਿਲ੍ਹਾ ਕਚਹਿਰੀਆਂ, ਲੁਧਿਆਣਾ ਦਾ ਸਲਾਨਾ ਨਿਰੀਖਣ ਵੀ ਕੀਤਾ ਗਿਆ। ਇਸ ਮੌਕੇ ਮੈਡਮ ਹਰਪ੍ਰੀਤ ਕੌਰ ਰੰਧਾਵਾ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ, ਸ੍ਰੀ ਹਿਮਾਂਸ਼ੂ ਜੈਨ, ਡਿਪਟੀ ਕਮਿਸ਼ਨਰ, ਸ੍ਰੀ ਸਵਪਨ ਸ਼ਰਮਾ, ਕਮਿਸ਼ਨਰ ਆਫ ਪੁਲਿਸ, ਲੁਧਿਆਣਾ, ਸਮੂਹ ਜੁਡੀਸ਼ੀਅਲ ਅਫਸਰ ਸਾਹਿਬਾਨ, ਜ਼ਿਲ੍ਹਾ ਬਾਰ ਐਸੋਸ਼ੀਏਸ਼ਨ ਦੇ ਪ੍ਰਧਾਨ ਸ੍ਰੀ ਵਿਪਿਨ ਸੱਗੜ ਅਤੇ ਮੈਂਬਰ ਵੀ ਮੌਜੂਦ ਸਨ।

# ਵਿਸ਼ਾਲ ਖ਼ੂਨਦਾਨ ਕੈਂਪ 23 ਨੂੰ : ਗੁਰਜੀਤ ਸਿੰਘ ਢਿੱਲੋਂ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈਲਫ਼ੇਅਰ ਸੁਸਾਇਟੀ (ਰਜਿ:) ਪੰਜਾਬ ਵੱਲੋਂ ਖ਼ੂਨਦਾਨ ਕੈਂਪ 23 ਮਾਰਚ ਨੂੰ ਲਾਇਆ ਜਾ ਰਿਹਾ ਹੈ।ਪ੍ਰਧਾਨ ਗੁਰਜੀਤ ਸਿੰਘ ਢਿੱਲੋਂ ਨੇ ਦੱਸਿਆ ਇਸ ਖ਼ੂਨਦਾਨ ਕੈਂਪ ਵਿੱਚ ਵਿਸ਼ੇਸ਼ ਸਹਿਯੋਗੀ ਸਾਂਝ ਬਲੱਡ ਕਲੱਬ, ਭਾਈ ਘੱਨਈਆ ਯੂਥ ਕਲੱਬ, ਆਲ ਇੰਡੀਆ ਕਿਸਾਨ ਯੂਨੀਅਨ ਏਕਤਾ ਫਤਿਹ, ਭਾਰਤੀ ਕਿਸਾਨ ਯੂਨੀਅਨ ਮਝੈਲ, ਕਲਮਾਂ ਦੇ ਰੰਗ ਸਾਹਿਤ ਸਭਾ ਫ਼ਰੀਦਕੋਟ, ਹੈਲਪ ਫਾਰ ਨੀ.ਡੀ ਆਦਿ ਹਨ। ਸੁਸਾਇਟੀ ਪ੍ਰਧਾਨ ਗੁਰਜੀਤ ਸਿੰਘ ਹੈਰੀ ਢਿੱਲੋਂ ਤੇ ਚੇਅਰਮੈਨ ਪ੍ਰੋ. ਬੀਰ ਇੰਦਰ ਸਰਾਂ, ਪ੍ਰਧਾਨ ਸ਼ਿਵਨਾਥ ਦਰਦੀ ਨੇ ਦੱਸਿਆ ਕਿ ਇਹ ਕੈਂਪ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੀ ਸ਼ਹਾਦਤ ਨੂੰ ਸਮਰਪਤ ਹਰ ਸਾਲ ਲਾਇਆ ਜਾਂਦਾ, ਜੋ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫ਼ਰੀਦਕੋਟ ਦੇ ਬਲੱਡ ਬੈਂਕ ਵਿਭਾਗ ਵਿੱਚ ਸਵੇਰੇ 9.30 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਲਾਇਆ ਜਾ ਰਿਹਾ ਹੈ। ਸ਼ਰਨਜੀਤ ਸਿੰਘ ਸਰਾਂ ਸੂਬਾ ਪ੍ਰਧਾਨ, ਰਾਜਨ ਦੁਆ ਤੇ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਸੰਸਥਾਵਾਂ ਵੱਲੋਂ ਸਮੇਂ ਸਮੇਂ ਤੇ ਲੋੜਵੰਦਾਂ ਨੂੰ ਖ਼ੂਨਦਾਨ ਕਰਾਇਆ ਜਾਂਦਾ ਹੈ।ਅਪੀਲ ਕੀਤੀ ਕਿ ਦਿਨੋ-ਦਿਨ ਵਧ ਰਹੇ ਮਰੀਜ਼ਾਂ ਨੂੰ ਦੇਖਦੇ ਕਿਹਾ ਕੇ ਆਪਾਂ ਵੱਧ ਤੋਂ ਵੱਧ ਖ਼ੂਨਦਾਨ ਕਰੀਏ। ਕੈਂਪ 'ਚ ਹਰੇਕ ਖ਼ੂਨਦਾਨੀ ਨੂੰ ਸਰਟੀਫ਼ਿਕੇਟ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਜਾਵੇਗਾ ਤੇ ਪੱਤਰਕਾਰ ਵੀਰਾਂ ਨੂੰ ਸੁਸਾਇਟੀ ਵੱਲੋਂ ਵਿਸ਼ੇਸ਼ ਸਨਮਾਨਤ ਕੀਤਾ ਜਾਵੇਗਾ ਤੇ ਅੰਤ ਵਿੱਚ ਹੈਰੀ ਢਿੱਲੋਂ ਨੇ ਸਾਰੀ ਟੀਮ ਤੇ ਡੋਨਰਜ, ਮੀਡੀਆ ਸਾਥੀਆਂ ਤੇ ਸਾਰੇ ਜੋ ਵੀ ਸਹਿਜੋਗੀ ਸਭ ਦਾ ਧੰਨਵਾਦ ਕੀਤਾ, ਜੋ ਹਮੇਸ਼ਾ ਸਾਥ ਦਿੰਦੇ ਜਿਨ੍ਹਾਂ ਕਰਕੇ ਪ੍ਰੋਗਰਾਮ ਸਫ਼ਲ ਹੁੰਦਾ ਤੇ ਲੋੜਵੰਦ ਲੋਕਾਂ ਦੀ ਸੇਵਾ ਹੁੰਦੀ ਹੈ।

# ਵਿਵੇਕਾਨੰਦ ਸਕੂਲ ਵੱਲੋਂ ਯੋਗ ਵਿਦਿਆਰਥੀਆਂ ਲਈ 1.25 ਕਰੋੜ ਦੀ ਸਕਾਲਰਸ਼ਿਪ ਯੋਜਨਾ ਦੀ ਸ਼ੁਰੂਆਤ



ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਵਿਵੇਕਾਨੰਦ ਵਰਲਡ ਸਕੂਲ ਵੱਲੋਂ ਯੋਗ ਵਿਦਿਆਰਥੀਆਂ ਲਈ 1.25 ਕਰੋੜ ਦੀ ਸਕਾਲਰਸ਼ਿਪ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ। ਜਾਣਕਾਰੀ ਦਿੰਦਿਆਂ ਸਕੂਲ ਦੇ ਡਾਇਰੈਕਟਰ ਡਾ. ਐੱਸ ਐੱਨ ਰੁਦਰਾ ਨੇ ਕਿਹਾ ਕਿ ਸਰਲ ਤੇ ਗੁਣਵੱਤਾਪੂਰਨ ਸਿੱਖਿਆ ਨੂੰ ਪ੍ਰੋਤਸਾਹਿਤ ਕਰਨ ਦੇ ਉਦੇਸ਼ ਨਾਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਵਿਵੇਕਾਨੰਦ ਵਰਲਡ ਸਕੂਲ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਹੋਣਹਾਰ ਵਿਦਿਆਰਥੀਆਂ ਦੀ ਸਹਾਇਤਾ ਲਈ 1.25 ਕਰੋੜ ਦੀ ਸਕਾਲਰਸ਼ਿਪ ਯੋਜਨਾ ਦਾ ਐਲਾਨ ਕੀਤਾ ਗਿਆ ਹੈ। ਇਸ ਸਕਾਲਰਸ਼ਿਪ ਯੋਜਨਾ ਦਾ ਅਧਿਕਾਰਿਕ ਪੋਸਟਰ ਅੱਜ ਜਾਰੀ ਕੀਤਾ ਗਿਆ, ਜਿਸ ਨਾਲ ਇਸ ਮਹੱਤਵਪੂਰਨ ਸਿੱਖਿਆਤਮਕ ਪਹਲ ਦੀ ਸ਼ੁਰੂਆਤ ਹੋਈ। ਡਾ. ਰੁਦਰਾ ਨੇ ਇਹ ਵੀ ਕਿਹਾ ਕਿ ਸਕੂਲ ਦਾ ਉਦੇਸ਼ ਨੌਜਵਾਨ ਪ੍ਰਤਿਭਾਵਾਂ ਨੂੰ ਉਭਾਰਨਾ ਹੈ ਤੇ ਇਹ ਯਕੀਨੀ ਬਣਾਉਣਾ ਹੈ ਕਿ ਆਰਥਿਕ ਰੁਕਾਵਟਾਂ ਕਿਸੇ ਵੀ ਹੋਣਹਾਰ ਵਿਦਿਆਰਥੀ ਦੀ ਸਿੱਖਿਆ ਦੇ ਰਸਤੇ ਵਿੱਚ ਨਾ ਆਉਣ। ਇਸ ਸਕਾਲਰਸ਼ਿਪ ਪ੍ਰੋਗਰਾਮ ਨੂੰ ਜੈਨੇਸਿਸ ਇੰਸਟੀਚਿਊਟ ਆਫ ਡੈਂਟਲ ਸਾਇੰਸ ਐਂਡ ਰਿਸਰਚ, ਭਗਵਤੀ ਲੈਕਟੋ ਪ੍ਰਾਈਵੇਟ ਲਿਮਿਟਡ, ਰਕਸ਼ਾ ਫਾਊਂਡੇਸ਼ਨ, ਦਇਆ ਫਾਊਂਡੇਸ਼ਨ ਤੇ ਐੱਮ. ਐੱਲ. ਭਾਸਕਰ ਐਜੂਕੇਸ਼ਨਲ ਸੋਸਾਇਟੀ ਵੱਲੋਂ ਸਹਿਯੋਗ ਪ੍ਰਾਪਤ ਹੈ। ਇਸ ਮੈਰਿਟ ਅਧਾਰਤ ਸਕਾਲਰਸ਼ਿਪ ਯੋਜਨਾ ਤਹਿਤ ਕਲਾਸ 1 ਤੋਂ ਕਲਾਸ 11 ਤੱਕ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਅਕਾਦਮਿਕ ਪ੍ਰਦਰਸ਼ਨ ਦੇ ਆਧਾਰ 'ਤੇ 25 ਪ੍ਰਤੀਸ਼ਤ ਤੋਂ 100 ਪ੍ਰਤੀਸ਼ਤ ਤੱਕ ਟਿਊਸ਼ਨ ਫੀਸ ਵਿੱਚ ਛੂਟ ਦਿੱਤੀ ਜਾਵੇਗੀ। ਇੱਛੁਕ ਵਿਦਿਆਰਥੀ ਅਰਜ਼ੀ ਫਾਰਮ ਸਕੂਲ ਦਫ਼ਤਰ ਤੋਂ ਪ੍ਰਾਪਤ ਕਰ ਸਕਦੇ ਹਨ। ਇਸ ਸਕਾਲਰਸ਼ਿਪ ਯੋਜਨਾ ਦੀ ਸ਼ੁਰੂਆਤ ਡਾ. ਐੱਸ ਐੱਨ ਰੁਦਰਾ, ਡਾਇਰੈਕਟਰ ਵੀ ਡਬਲਯ ਐੱਸ, ਸੰਜੇ ਚੁੱਘ, ਪ੍ਰਿੰਸੀਪਲ ਵਿਵੇਕਾਨੰਦ ਵਰਲਡ ਸਕੂਲ, ਸ਼ਿਪਰਾ ਨਰੂਲਾ, ਵਾਈਸ ਪ੍ਰਧਾਨ ਅਕੈਡਮਿਕਸ ਤੇ ਸਕੂਲ ਦੇ ਹੋਰ ਅਧਿਆਪਕ ਸਟਾਫ਼ ਦੀ ਮੌਜੂਦਗੀ ਵਿੱਚ ਕੀਤੀ ਗਈ।

# ਆਪਣੇ ਵਿਰਸੇ ਤੇ ਜਨਮ ਭੂਮੀ ਤੋਂ ਦੂਰ ਹੋ ਕੇ ਮਨੁੱਖ ਰਹਿੰਦਾ ਹੈ ਅਸ਼ਾਂਤ



**ਸਮਰਾਲਾ, (ਸੁਰਜੀਤ ਸਿੰਘ)** ਪੰਜਾਬੀ ਯੂਨੀਵਰਸਿਟੀ ਦੇ ਹਿੰਦੀ ਵਿਭਾਗ ਵਿਖੇ ਹੋਏ ਇੱਕ ਖੋਜ ਕਾਰਜ ਰਾਹੀਂ ਸਾਹਮਣੇ ਆਇਆ ਕਿ ਕਿਸ ਤਰ੍ਹਾਂ ਮਨੁੱਖ ਆਪਣੇ ਵਿਰਸੇ ਦੀਆਂ ਜੜ੍ਹਾਂ ਤੇ ਜਨਮ ਭੂਮੀ ਤੋਂ ਦੂਰ ਹੋ ਕੇ ਅਕਸਰ ਮਾਨਸਿਕ ਤੌਰ 'ਤੇ ਅਸ਼ਾਂਤ ਰਹਿੰਦਾ ਹੈ।ਖੋਜਾਰਥੀ ਡਾ. ਸੋਹਨ ਕੁਮਾਰ ਵੱਲੋਂ ਨਿਗਰਾਨ ਡਾ. ਨੀਤੂ ਕੌਸ਼ਲ ਦੀ ਅਗਵਾਈ ਵਿੱਚ ਹੋਏ ਇਸ ਖੋਜ ਕਾਰਜ ਰਾਹੀਂ ਪ੍ਰਵਾਸੀ ਜੀਵਨ ਦੇ ਗੁੰਝਲਦਾਰ ਸਰੋਕਾਰਾਂ ਨੂੰ ਸਮਝਣ ਦਾ ਯਤਨ ਕੀਤਾ ਗਿਆ ਹੈ।

ਖੋਜਾਰਥੀ ਡਾ. ਸੋਹਨ ਕੁਮਾਰ ਨੇ ਦੱਸਿਆ ਕਿ 'ਪ੍ਰਵਾਸੀ ਹਿੰਦੀ ਕਵਿਤਾ ਦੇ ਸਭਿਆਚਾਰਕ ਸਰੋਕਾਰ' ਵਿਸ਼ੇ ਉੱਪਰ ਹੋਏ ਇਸ ਖੋਜ ਕਾਰਜ ਰਾਹੀਂ ਪ੍ਰਵਾਸੀ ਹਿੰਦੀ ਕਵਿਤਾ ਦੇ ਵੱਖ-ਵੱਖ ਸੱਭਿਆਚਾਰਕ ਪਹਿਲੂਆਂ ਦਾ ਗਹਿਨ ਵਿਸ਼ਲੇਸ਼ਣ ਕਰਦਿਆਂ ਇਹ ਤੱਥ ਉੱਭਰ ਕੇ ਸਾਹਮਣੇ ਆਇਆ ਹੈ ਕਿ ਆਪਣੇ ਸਭਿਆਚਾਰ, ਜੜ੍ਹਾਂ ਤੇ ਜਨਮ ਭੂਮੀ ਤੋਂ ਦੂਰ ਹੋ ਕੇ ਮਨੁੱਖ ਅਕਸਰ ਮਾਨਸਿਕ ਤੌਰ 'ਤੇ ਅਸ਼ਾਂਤ ਰਹਿੰਦਾ ਹੈ।ਉਨ੍ਹਾਂ ਦੱਸਿਆ ਕਿ ਕਵਿਤਾਵਾਂ ਦੇ ਵਿਸ਼ਾਗਤ ਅਧਿਐਨ ਰਾਹੀਂ ਇਹ ਸਾਹਮਣੇ ਆਇਆ ਕਿ ਭਾਵੇਂ ਪ੍ਰਵਾਸੀ ਮਨੁੱਖ ਆਰਥਿਕ ਤੇ ਸਮਾਜਿਕ ਤੌਰ 'ਤੇ ਵਿਦੇਸ਼ਾਂ ਵਿੱਚ ਬਹੁਤ ਤਰੱਕੀ ਕਰ ਲੈਂਦਾ ਹੈ, ਪਰ ਉਸ ਦੇ ਮਨ ਵਿੱਚ ਆਪਣੀ ਮਿੱਟੀ ਦੀ ਮਹਿਕ ਤੇ ਜਨਮ ਭੂਮੀ ਦੀਆਂ ਯਾਦਾਂ ਹਮੇਸ਼ਾ ਤਾਜ਼ਾ ਰਹਿੰਦੀਆਂ ਹਨ।ਡਾ. ਨੀਤੂ ਕੌਸ਼ਲ ਨੇ ਦੱਸਿਆ ਕਿ ਖੋਜਾਰਥੀ ਨੇ ਆਪਣੀ ਖੋਜ ਵਿੱਚ ਪ੍ਰਵਾਸੀ ਜੀਵਨ ਦੇ ਉਸ ਕੌੜੇ ਸੱਚ ਨੂੰ ਬੜੀ ਬਰੀਕੀ ਨਾਲ ਪੇਸ਼ ਕੀਤਾ ਹੈ, ਜਿਸ ਵਿੱਚ ਵਿਦੇਸ਼ੀ ਧਰਤੀ 'ਤੇ ਆਪਣੀ ਹੋਂਦ ਤੇ ਪਛਾਣ ਬਣਾਉਣ ਲਈ ਇੱਕ ਵਿਅਕਤੀ ਨੂੰ ਅਨੇਕਾਂ ਸੰਘਰਸ਼ਾਂ ਵਿੱਚੋਂ ਲੰਘਣਾ ਪੈਂਦਾ ਹੈ।ਉਨ੍ਹਾਂ ਦੱਸਿਆ ਕਿ ਇਸ ਕਾਰਜ ਵਿੱਚ ਰੰਗ-ਭੇਦ, ਨਸਲਵਾਦ, ਸਮਾਜਿਕ ਵਿਛੋੜਾ, ਨਿਰਾਸ਼ਾ ਅਤੇ ਇਕੱਲੇਪਣ ਵਰਗੀਆਂ ਚੁਣੌਤੀਆਂ ਨੂੰ ਪ੍ਰਮੁੱਖਤਾ ਨਾਲ ਉਭਾਰਿਆ ਗਿਆ ਹੈ, ਜੋ ਅਕਸਰ ਪ੍ਰਵਾਸੀ ਜੀਵਨ ਦੀ ਹੋਣੀ ਬਣ ਜਾਂਦੀਆਂ ਹਨ।

## COURT NOTICE

(U/o 5 Rule 20 CPC)
In the Court of
Sh. Jagmohan Singh Sanghe
Principal Judge, Family Court, Jalandhar

GW/266/2025
CNR No. PBJL01-020385-2025
Next Date:- 23-04-2026

Taniya D/o Sudhir Kumar Behal
Address:243/8 Fatehpura Near Sodal Road Jalandhar
Vs.
Honey Mittal S/o Pawan Kumar Mittal
Address:134/21-C Milap Nagar Model Town, Hoshiarpur

Petition Under Guardian and Wards Act

Publication Issued To:
Honey Mittal
Father: :- Pawan Kumar Mittal
134/21-C Milap Nagar Model Town Hoshiarpur

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 23-04-2026 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge, Family Court
Jalandhar
Dated, this day of 13-03-2026

## COURT NOTICE

In the Court of
Ms. Chandan
Judicial Magistrate - Ist Class
Ludhiana

CASE NO. COMA/9387/2024
CNR No. :- PBLD03-032053-2024
Next Date :-13-04-2026

Tata Capital Ltd
Vs.
Jatin Sharma

Detail of offence:-
Notice To:
Jatin Sharma C/o Anita Sharma R/o Village Jalandhar. Mob.No. 88723-80355

In above titled case, the accused could not be served. It is ordered that accused should appear in person or through counsel on 13-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate - Ist Class
Ludhiana
Dated, this day of 09-03-2026

## COURT NOTICE

In the Court of Ms. Chandan
Judicial Magistrate - Ist Class
Ludhiana

CASE NO. COMA/9417/2024
CNR No.:- PBLD03-032068-2024
Next Date:-13-04-2026

Tata Capital Ltd
Vs.
Laxman Thapa

Detail of offence:-
NoticeTo:
Lachman Thapa C/o Jai Kala Devi S/o Jang Bahadur Thapa R/o H. No. D 88, Sergical Complex Jalandhar. Mob.No. 82840-90704

In above titled case, the accused could not be served. It is ordered that accused should appear in person or through counsel on 13-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate - Ist Class
Ludhiana
Dated, this day of 09-03-2026

## COURT NOTICE

(U/o 5 Rule 20 CPC)
In the Court of Ms. Shruti
Judicial Magistrate - Ist Class
Ludhiana

CNR No. :- PBLD03-064044-2023
Next Date:-02-04-2026

Kotak Mahindra Bank
Vs.
Sandeep Singh

Detail of offence:-
Notice To:
Sandeep Singh
:- S/o Harpal Singh, Prop. For Guru Nanak Roadlines, Vill. Sailkiana Dayalpur, Jalandhar-144419, Punjab.

In above titled case, the accused could not be served. It is ordered that accused should appear in person or through counsel on 02-04-2026 at 10.00 a.m.

For details logon to https://highcourtchd.gov.in/?mod=district_notice&district=Ludhiana.

Judicial Magistrate - 1st Class
Ludhiana
Dated, this day of 27-02-2026

## COURT NOTICE

In the Court of
Ms. Jyoti Kumari
Judicial Magistrate - Ist Class
Ludhiana

CNR No.:- PBLD03-071651-2022
Next Date:-03-04-2026

M/S Shri Ram Transport
Vs.
Ranjeet Singh

Detail of offence:-
Notice To:
Ranjeet Singh
S/o Hans Singh, R/o P.O.-Fatehgarh Niwan, Bhari Fatehgarh Niwan, Ludhiana-141411

In above titled case, the accused could not be served. It is ordered that accused should appear in person or through counsel on 03-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate - Ist Class
Ludhiana
Dated, this day of 05-03-2026

## COURT NOTICE

In The Court of
Ms. Chandan
Judicial Magistrate - Ist Class
Ludhiana

CASE NO. COMA/9421/2024
CNR No.:- PBLD03-032061-2024
Next Date:-13-04-2026

Tata Capital Ltd
Vs.
AJAY KUMAR

Detail of offence :-
Notice To:
Ajay Kumar C/o Sudharshana Rani, R/o House Number 300 Kala Singha Road New Geeta Colony Basti Sheikh Jalandhar-I, Jalandhar-144002, Punjab. Mob.No. 95016-87876

In above titled case, the accused could not be served. It is ordered that accused should appear in person or through counsel on 13-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate - Ist Class
Ludhiana
Dated, this day of 09-03-2026

## COURT NOTICE

In the Court of
Ms. Chandan
Judicial Magistrate - Ist Class
Ludhiana

CASE NO. COMA/9392/2024
CNR No.:- PBLD03-032024-2024
Next Date:-13-04-2026

Tata Capital Ltd
Vs.
Balvir Balvir Singh

Detail of Offence:-
Notice To:
Balvir Balvir Singh C/o Raj Kaur R/O Khalra, Tarn Taran. Mob.No. 98554-86193

In above titled case, the accused could not be served. It is ordered that accused should appear in person or through counsel on 13-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate- Ist Class
Ludhiana
Dated, this day of 09-03-2026

## COURT NOTICE

In the Court of
Ms. Chandan
Judicial Magistrate - Ist Class
Ludhiana

CASE NO. COMA/9382/2024
CNR No. :- PBLD03-032065-2024
Next Date:-13-04-2026

Tata Capital Ltd
Vs.
Gurinderbir Singh

Detail of offence:-
Notice To :-
Gurinderbir Singh C/o Harinder Kaur C/o Harwinder Singh R/o Chogawan Road Ward No. 14, Ajnala Amritsar Punjab. Mob.No. 98559-13845

In above titled case, the accused could not be served. It is ordered that accused should appear in person or through counsel on 13-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate - Ist Class
Ludhiana
Dated, this day of 09-03-2026

## COURT NOTICE

(U/o 5 Rule 20 CPC)
In the Court of
Ms. Chandan
Judicial Magistrate - Ist Class
Ludhiana

CASE NO. COMA/9344/2024
CNR No.:- PBLD03-032067-2024
Next Date:-13-04-2026

Tata Capital Ltd
Vs.
Mohit Bhalla

Detail of offence:-
NoticeTo:
Mohit Bhalla C/o Sushma Bhalla, R/o H.No. E C 22 Kaji Mohalla Jalandhar. Mob. No. 98889-33955

In above titled case, the accused could not be served. It is ordered that accused should appear in person or through counsel on 13-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate - Ist Class
Ludhiana
Dated, this day of 09-03-2026

## COURT NOTICE

In the Court of Ms. Chandan
Judicial Magistrate - Ist Class
Ludhiana

CASE NO. COMA/9394/2024
CNR No.:- PBLD03-032051-2024
Next Date:-13-04-2026

Tata Capital Ltd
Vs.
Laxman Thapa

Detail of offence:-
Notice To:
Laxman Thapa @ Lachman Thapa C/o Jai Kala Devi S/o Jang Bahadur R/o H. No. D-88, Sergical Complex Jalandhar. Mob.No. 82840-90704

In above titled case, the accused could not be served. It is ordered that accused should appear in person or through counsel on 13-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate Ist Class
Class Ludhiana
Dated, this day of 09-03-2026

## COURT NOTICE

In the Court of Ms. Chandan
Judicial Magistrate - Ist Class
Ludhiana

CASE No. COMA/9370/2024
CNR No.:- PBLD03-032042-2024
Next Date:-13-04-2026

Tata Capital Ltd
Vs.
Suraj Taxali

Detail of offence:-
Notice To:
Suraj Taxali C/o Neelam Rani R/o H.No. 78, Adresh Nagar Jalandhar. Mob. No. 98555-84101

In above titled case, the accused could not be served. It is ordered that accused should appear in person or through counsel on 13-04-2026 at 10.00 a.m.

For details logon to https://highcourtchd.gov.in/?mod=district_notice&district=Ludhiana

Judicial Magistrate - Ist Class
Ludhiana
Dated, this day of 09-03-2026

# ਕਲਾਸੀਫਾਈਡ ਇਸ਼ਤਿਹਾਰ

## Change of Name

I, hitherto known as Harjinder S/o Jagir Singh residing at VPO. Malsian, Patti Laksian, Tehsil Shahkot, District Jalandhar, Punjab-144701 have changed my name and shall hereafter be known as Jinder Singh.

I, Amandeep Kaur w/o Balvir Singh r/o Vill. Kaluwal Kotla, Po. Miani, Teh. Dasuya, Distt. Hoshiarpur have changed my name to Kaur Amandeep. All Please Note.

I, Dhiraj s/o Tajinder Kumar r/o H.No. 127, Vivek Vihar, Jalandhar have added my surname Dhiraj to Dhiraj Kumar (Kumar as Surname) All Please Note.

I, Samridhi w/o Gurvinder Singh Bharath r/o 1685, Nagra Road, Old Jawala Nagar, Maqsudan, Jalandhar have changed my name as Samridhi Kaur Bharath. All Please Note.

I, Surinder Kaur W/o Karam Singh of Vill. Raiwal Bet, Tehsil Shahkot, Distt. Jalandhar, Have Changed My Name Surinder Kaur to Shinder Kaur Concerned May Note.

I Seema Devi W/O Rakesh Kumar R/O Near Shiv Mandir,Guru Nanak Pura Mohalla, Goraya, Tehsil Phillaur District Jalandhar-144409, have changed the name of my Minor daughter Jiya aged 17 years and shall hereafter be known as Jiya Chaudhary.

I Seema Devi W/O Rakesh Kumar R/O Near Shiv Mandir,Guru Nanak Pura Mohalla, Goraya, Tehsil Phillaur District Jalandhar-144409, have changed the name of my Minor daughter Preet aged 12 years and shall hereafter be known as Preet Chaudhary.

I, Harmanvir Kaur, D/O Kirpal Singh Now Wife Of Ravinder Singh Chhoker, Resident Of Vpo Gondpur, Distt Hoshiarpur, Punjab, India, Pin 146105, And Recently Residing At 8739 Milton Drive, Surrey Bc V3s 5g9 Canada, Do Hereby Change My Name From Harmanvir Kaur To Harmanvir Kaur Chhoker With Immediate Effect.

## Change of Name

I, Monika Shimar W/o Prem Lal R/o V. Hussainpur, Po. Kalyanpur, Distt. Jalandhar, Punjab have changed my name from Monika Shimar to Given name as Monika and Shimar as Surname. All please note.

I, Kamaljeet Kour W/O Sh. Manjeet Singh R/O Ward no. 24, Ramnagar Colony Baran, Distt. Baran, Rajasthan, India have changed my name from Kamaljeet Kour to Kamaljeet Kaur. All note.

I, Harvrinder Singh S/O Sh. Gurdip Singh R/O VPO Todarpur, Tehsil Garhshankar, Distt. Hoshiarpur, Punjab, India have changed my name from Harvrinder Singh to Harvarinder Singh. All concerned please note.

I, Jaspreet Kour W/O Harvarinder Singh R/O VPO Todarpur, Tehsil Garhshankar, Distt. Hoshiarpur, Punjab, India have changed my name from Jaspreet Kour to Jaspreet Kaur. All concerned please note.

## ਆਮ ਸੂਚਨਾ

ਮੇਹਰ ਖਾਨਪੁੱਤਰ ਨਾਨਕ ਖਾਨ ਮੁਨਕਐਪੀ17/0881 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਭੋਲਾ ਸਿੰਘ ਪੁੱਤਰ ਸੰਤੋਖ ਸਿੰਘਮੂਨਕ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ 10 ਦਿਨਾ ਵਿੱਚ ਕਰ ਸਕਦਾ ਹੈ।ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਮੂਨਕ।

## PUBLIC NOTICE

I, Narinder Kaur w/o Satnam Singh r/o village Daburji, P.O. Udho Nangal Tehsil Baba bakala, District Amritsar, Punjab. In some documents my name written as Narinder Kaur and in other documents written as Surjit Kaur. but my correct name is Narinder Kaur. concerned to be noted.

## ਬੇਦਖਲੀ ਨੋਟਿਸ

ਮੈਂ, ਸੁਨੀਤਾ ਕੁਮਾਰੀ ਪਤਨੀ ਰਾਜ ਕੁਮਾਰ , ਵਾਸੀ ਮਕਾਨ ਨੰਬਰ 1096, ਨੇੜੇ ਮਾਡਲ ਹਾਊਸ, ਰਾਜਪੂਤ ਨਗਰ, ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਜੇਸ਼ ਕੁਮਾਰ ਅਤੇ ਉਸਦੀ ਪਤਨੀ ਸਾਕਸ਼ੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਅਸੀਂ, ਅਸ਼ਵਨੀ ਕੁਮਾਰ ਪੁੱਤਰ ਕਸਤੂਰੀ ਲਾਲ ਅਤੇ ਮੋਨਿਕਾ ਪਤਨੀ ਅਸ਼ਵਨੀ ਕੁਮਾਰ ਵਾਸੀਆਨ ਮਕਾਨ ਨੰ. 157/4, ਨੇੜੇ ਮੱਧੂਬਨ ਸਕੂਲ, ਨਿਊ ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਕਰਨ ਉਮਰ 22 ਸਾਲ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ. ਗੁਰਜੀਤ ਕੌਰ ਪਤਨੀ ਸਵ. ਹੀਰਾ ਸਿੰਘ, ਵਾਸੀ ਮਕਾਨ ਨੰਬਰ ਬੀ -1/326, ਗਲੀ ਨੰਬਰ 1, ਜਿੰਦਾ ਰੋਡ, ਮਕਸੂਦਾਂ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸਤਨਾਮ ਸਿੰਘ ਅਤੇ ਉਸਦੀ ਪਤਨੀ ਸਿਮਰਨਜੀਤ ਕੌਰ ਜੋ ਕਿ ਮੇਰੇ ਕਹਿਣੇ ਤੇ ਬਾਹਰ ਹਨ। ਜਿਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਕੋਈ ਵੀ ਇਹਨਾਂ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ ਤਾਂ ਉਹ ਇਸ ਦੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ ਗੁਰਪ੍ਰੀਤ ਕੌਰ ਮਹਿਮੀ ਪਤਨੀ ਕੁੜ ਸਿੰਘ ਮਹਿਮੀ ਵਾਸੀ ਮੰਡਾਲੀ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ, ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਪਵਨ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਅਕਸਰ ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ ਅਤੇ ਆਪਣੀਆਂ ਮਨਮਰਜ਼ੀਆਂ ਕਰਦਾ ਹੈ।ਇਸ ਲਈ ਮੈਂ ਆਪਣੇ ਲੜਕੇ ਪਵਨ ਕੁਮਾਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਜੇਕਰ ਕੋਈ ਵੀ ਵਿਅਕਤੀ, ਰਿਸ਼ਤੇਦਾਰ ਜਾਂ ਸਾਕ-ਸੰਬੰਧੀ ਮੇਰੇ ਲੜਕੇ ਪਵਨ ਕੁਮਾਰ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਕਰੇਗਾ ਤਾਂ ਉਸ ਲਈ ਉਹ ਖੁਦ ਜ਼ਿੰਮੇਵਾਰ ਹੋਵੇਗਾ। ਇਸ ਸੰਬੰਧੀ ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਵੀ ਜ਼ਿੰਮੇਵਾਰੀ ਨਹੀਂ ਹੋਵੇਗੀ।

## ਨਾਂਅ ਦੀ ਬਦਲੀ

ਮੈਂ, ਭੁਪਿੰਦਰ ਸਿੰਘ ਪੁੱਤਰ ਸ੍ਰੀ ਸੁਰਜਨ ਸਿੰਘ, ਵਾਸੀ ਪਿੰਡ ਘੜਕਾ, ਤਹਿਸੀਲ/ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਮੇਰਾ ਅਸਲ ਨਾਂਅ ਭੁਪਿੰਦਰ ਸਿੰਘ ਹੈ, ਜੋ ਕਿ ਮਾਲ ਰਿਕਾਰਡ ਵਿਚ ਮੇਰਾ ਨਾਂਅ ਭਿੰਦਰ ਸਿੰਘ ਗਲਤ ਦਰਜ ਹੈ। ਮਾਲ ਰਿਕਾਰਡ ਵਿਚ ਮੇਰਾ ਸਹੀ ਨਾਂਅ ਭੁਪਿੰਦਰ ਸਿੰਘ ਦਰਜ ਕੀਤਾ ਜਾਵੇ। ਸੰਬੰਧਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਰਾਸ਼ਟਰੀ ਲੋਕ ਅਦਾਲਤ 'ਚ 26,069 ਦਾ ਮੌਕੇ 'ਤੇ ਨਿਪਟਾਰਾ

**ਹੁਸ਼ਿਆਰਪੁਰ, (ਓ ਪੀ ਰਾਣਾ)**- ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵਲੋਂ ਸ਼ਨੀਵਾਰ ਨੂੰ ਜ਼ਿਲ੍ਹੇ ਵਿਚ ਸਾਲ ਦੀ ਪਹਿਲੀ



ਰਾਸ਼ਟਰੀ ਲੋਕ ਅਦਾਲਤ ਲਗਾਈ ਗਈ। ਇਹ ਲੋਕ ਅਦਾਲਤ ਜ਼ਿਲ੍ਹਾ ਤੇ ਸੈਸ਼ਨਜ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜਿੰਦਰ ਅਗਰਵਾਲ ਦੀ ਪ੍ਰਧਾਨਗੀ ਹੇਠ ਲਗਾਈ ਗਈ। ਇਸ ਲੋਕ ਅਦਾਲਤ ਵਿਚ ਐੱਨ ਆਈ ਐਕਟ ਦੀ ਧਾਰਾ 138 ਨਾਲ ਸਬੰਧਤ ਮਾਮਲੇ (ਲੰਬਿਤ ਤੇ ਪ੍ਰੀ-ਲਿਟੀਗੇਸ਼ਨ ਬੈਂਕ ਰਿਕਵਰੀ ਕੇਸ), ਕਿਰਤ ਵਿਵਾਦ, ਮੋਟਰ ਦੁਰਘਟਨਾ ਦੇ ਦਾਅਵੇ ਮਾਮਲੇ, ਬਿਜਲੀ-ਪਾਣੀ ਦੇ ਬਿਲਾਂ ਨਾਲ ਜੁੜੇ ਮਾਮਲੇ (ਗੈਰ-ਕੰਪਾਊਂਡੇਬਲ ਮਾਮਲਿਆਂ ਨੂੰ ਛੱਡ ਕੇ), ਵਿਆਹ ਸਬੰਧੀ ਝਗੜੇ, ਟ੍ਰੈਫਿਕ ਚਾਲਾਨ, ਮਾਲੀਆ ਮਾਮਲੇ ਅਤੇ ਹੋਰ ਸਿਵਲ ਤੇ ਘੱਟ ਗੰਭੀਰ ਅਪਰਾਧਿਕ ਮਾਮਲਿਆਂ ਸਮੇਤ ਘਰੇਲੂ ਝਗੜਿਆਂ ਦੀ ਸੁਣਵਾਈ ਲਈ ਰੱਖੇ ਗਏ। ਜਾਣਕਾਰੀ ਦਿੰਦੇ ਹੋਏ ਸੀ.ਜੇ.ਐਮ.-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਨੇ ਦੱਸਿਆ ਕਿ ਲੋਕ ਅਦਾਲਤ ਦੀ ਸਫਲਤਾ ਲਈ ਜ਼ਿਲ੍ਹੇ ਵਿਚ ਕੁੱਲ 19 ਬੈਂਚਾਂ ਦਾ ਗਠਨ ਕੀਤਾ ਗਿਆ। ਇਨ੍ਹਾਂ ਵਿਚ ਹੁਸ਼ਿਆਰਪੁਰ ਅਦਾਲਤੀ ਕੰਪਲੈਕਸ ਵਿਚ 9 ਬੈਂਚ, ਸਬ-ਡਵੀਜ਼ਨ ਦਸੂਹਾ ਵਿਚ 2 ਬੈਂਚ, ਮੁਕੇਰੀਆਂ ਵਿਚ 1 ਬੈਂਚ, ਗੜ੍ਹਸ਼ੰਕਰ ਵਿਚ 2 ਬੈਂਚ ਅਤੇ ਮਾਲ ਅਦਾਲਤਾਂ ਦੇ 5 ਬੈਂਚ ਸ਼ਾਮਲ ਸਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਹੁਸ਼ਿਆਰਪੁਰ ਦੀ ਲੋਕ ਅਦਾਲਤ ਵਿਚ ਕੁੱਲ 29,451 ਮਾਮਲਿਆਂ ਦੀ ਸੁਣਵਾਈ ਕੀਤੀ ਗਈ ਜਿਨ੍ਹਾਂ ਵਿਚ 26,069 ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰ ਦਿੱਤਾ ਗਿਆ। ਇਸ ਦੇ ਨਾਲ ਹੀ ਧਿਰਾਂ ਦੇ ਹੱਲ ਵਿਚ ਕੁੱਲ 13,84,84,145 ਰੁਪਏ ਦੇ ਅਵਾਰਡ ਪਾਸ ਕੀਤੇ ਗਏ। ਇਸ ਮੌਕੇ ਜ਼ਿਲ੍ਹਾ ਤੇ ਸੈਸ਼ਨਜ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜਿੰਦਰ ਅਗਰਵਾਲ ਅਤੇ ਸੀ.ਜੇ.ਐਮ.-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੀਰਜ ਗੋਇਲ ਨੇ ਵੱਖ-ਵੱਖ ਲੋਕ ਅਦਾਲਤ ਬੈਂਚਾਂ ਦਾ ਦੌਰਾ ਕੀਤਾ। ਇਸ ਲੋਕ ਅਦਾਲਤ ਨੂੰ ਸਫ਼ਲ ਬਣਾਉਣ ਵਿਚ ਬਾਰ ਐਸੋਸੀਏਸ਼ਨ ਹੁਸ਼ਿਆਰਪੁਰ ਨੇ ਵੀ ਪੂਰਾ ਸਹਿਯੋਗ ਦਿੱਤਾ। ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਦੱਸਿਆ ਕਿ ਲੋਕ ਅਦਾਲਤ ਵਿਚ ਲੰਬੇ ਸਮੇਂ ਤੋਂ ਲੰਬਿਤ ਅਤੇ ਕਈ ਗੁੰਝਲਦਾਰ ਮਾਮਲਿਆਂ ਦਾ ਵੀ ਨਿਪਟਾਰਾ ਕੀਤਾ ਜਾਂਦਾ ਹੈ।

# ਆਰ ਬੀ ਯੂ ਵਿਖੇ ਜੈਂਡਰ ਸਮਾਵੇਸ਼ ਤੇ ਸਟਾਰਟਅੱਪ 'ਤੇ ਲੈਕਚਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਸਕੂਲ ਆਫ਼ ਐਗਰੀਕਲਚਰਲ ਸਾਇੰਸਿਜ਼ (ਯੂ.ਐੱਸ.ਏ.ਐੱਸ.) ਦੁਆਰਾ ਯੂਨੀਵਰਸਿਟੀ ਦੇ ਐੱਨ ਐੱਸ ਐੱਸ ਵਿਭਾਗ ਦੇ ਸਹਿਯੋਗ ਨਾਲ ਸਟਾਰਟਅੱਪਸ, ਇਨੋਵੇਸ਼ਨ ਅਤੇ ਤਕਨਾਲੋਜੀ ਵਿੱਚ ਲਿੰਗ ਲਾਭਅੰਸ਼ ਨੂੰ ਅਨਲੌਕ ਕਰਨਾ ਵਿਸ਼ੇ 'ਤੇ ਇੱਕ ਜਾਣਕਾਰੀ ਭਰਪੂਰ ਤੇ ਪ੍ਰੇਰਨਾਦਾਇਕ ਮਹਿਮਾਨ ਭਾਸ਼ਣ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਉੱਦਮਤਾ, ਨਵੀਨਤਾ ਅਤੇ ਸਟਾਰਟਅੱਪ ਈਕੋਸਿਸਟਮ, ਖਾਸ ਕਰਕੇ ਖੇਤੀਬਾੜੀ ਤੇ ਤਕਨਾਲੋਜੀ ਦੇ ਖੇਤਰਾਂ ਵਿੱਚ ਉੱਭਰ ਰਹੇ ਮੌਕਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ। ਇਸ ਸਮਾਗਮ ਨੇ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਇਹ ਪਤਾ ਲਗਾਉਣ ਲਈ ਇਕੱਠਾ ਕੀਤਾ ਤਾਂ ਜੋ ਉਹ ਖੋਜ ਸਕਣ ਕਿ ਨਵੀਂਨਤਾ ਅਤੇ ਲਿੰਗ ਸਮਾਵੇਸ਼ ਕਿਵੇਂ ਟਿਕਾਊ ਵਿਕਾਸ ਅਤੇ ਆਰਥਿਕ ਵਾਧੇ ਵਿੱਚ ਯੋਗਦਾਨ ਪਾ ਸਕਦੇ ਹਨ। ਪ੍ਰੋਗਰਾਮ ਦੀ ਸ਼ੁਰੂਆਤ ਯੂਨੀਵਰਸਿਟੀ ਸਕੂਲ ਆਫ਼ ਐਗਰੀਕਲਚਰਲ ਸਾਇੰਸਿਜ਼ ਦੀ ਡੀਨ ਡਾ. (ਪ੍ਰੋ.) ਅਮਿਤਾ ਮਹਾਜਨ ਦੁਆਰਾ ਮੁੱਖ ਬੁਲਾਰੇ,



ਨੇਹਾ ਅਰੋੜਾ, ਮੁੱਖ ਸੰਚਾਲਨ ਅਧਿਕਾਰੀ, ਉੱਤਰੀ ਜ਼ੋਨ ਐਸ ਐਂਡ ਟੀ ਕਲੱਸਟਰ ਦਾ ਨਿੱਘਾ ਸਵਾਗਤ ਕਰਨ ਨਾਲ ਹੋਈ। ਡਾ. ਅਮਿਤਾ ਮਹਾਜਨ ਨੇ ਨੌਜਵਾਨ ਵਿਦਿਆਰਥੀਆਂ ਵਿੱਚ ਨਵੀਨਤਾ ਅਤੇ ਸਟਾਰਟਅੱਪ ਸੱਭਿਆਚਾਰ ਦੇ ਵਧ ਰਹੇ ਮਹੱਤਵ ਤੇ ਚਾਨਣਾ ਪਾਇਆ। ਉਹਨਾਂ ਰਚਨਾਤਮਕ ਅਤੇ ਵਿਹਾਰਕ ਵਿਚਾਰ ਵਿਕਸਤ ਕਰਨ ਲਈ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ। ਮੁੱਖ ਭਾਸ਼ਣ ਦਿੰਦੇ ਹੋਏ, ਨੇਹਾ ਅਰੋੜਾ ਨੇ ਸਟਾਰਟਅੱਪਸ, ਨਵੀਨਤਾ ਅਤੇ ਆਧੁਨਿਕ ਉੱਦਮਤਾ ਵਿੱਚ ਤਕਨਾਲੋਜੀ ਦੀ ਵਧਦੀ ਭੂਮਿਕਾ ਦੀ ਧਾਰਨਾ ਬਾਰੇ ਦੱਸਿਆ।

# ਮੁਫ਼ਤ ਮੈਡੀਕਲ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਚੱਬੇਵਾਲ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਫਰੀ ਸਿਹਤ ਜਾਂਚ ਕੈਂਪ ਲਗਾਇਆ ਗਿਆ ਜਿਸ



ਵਿੱਚ ਲੱਗਭਗ 100 ਤੋਂ ਉਪਰ ਲੋਕਾਂ ਦੀ ਸਿਹਤ ਜਾਂਚ ਕੀਤੀ ਗਈ।ਇਸ ਮੌਕੇ ਡਾ.ਮਨਪ੍ਰੀਤ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਵਚਨਵੱਧ ਹੈ ਤੇ ਸਰਕਾਰ ਦੀ ਇਹ ਕੋਸ਼ਿਸ਼ ਰਹਿੰਦੀ ਹੈ ਵਧੀਆ ਸਿਹਤ ਸਹੂਲਤਾਂ ਆਮ ਲੋਕਾਂ ਦੇ ਦਰਾਂ ਤੱਕ ਮੁਹਈਆ ਕਰਵਾਈਆਂ ਜਾਣ।ਉਹਨਾਂ ਦੱਸਿਆ ਕਿ ਇਸ ਕੈਂਪ ਵਿੱਚ ਡਾਕਟਰਾਂ ਦੀ ਟੀਮ ਵੱਲੋਂ ਪਿੰਡ ਵਾਸੀਆਂ ਦੀ ਸਿਹਤ ਦੀ ਜਾਂਚ ਕੀਤੀ ਗਈ ਤੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਕੈਂਪ ਦੌਰਾਨ ਬਲੱਡ ਪ੍ਰੈਸ਼ਰ, ਸ਼ੂਗਰ, ਐੱਚ ਬੀ ਤੇ ਆਮ ਬਿਮਾਰੀਆਂ ਦੀ ਜਾਂਚ ਕੀਤੀ ਗਈ। ਡਾਕਟਰਾਂ ਨੇ ਲੋਕਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਅਤੇ ਬਿਮਾਰੀਆਂ ਤੋਂ ਬਚਾਅ ਲਈ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਮੈਡੀਕਲ ਕੈਂਪਾਂ ਦਾ ਮੁੱਖ ਮਕਸਦ ਪਿੰਡਾਂ ਵਿੱਚ ਰਹਿੰਦੇ ਲੋਕਾਂ ਤੱਕ ਸਿਹਤ ਸੇਵਾਵਾਂ ਪਹੁੰਚਾਉਣਾ ਹੈ। ਇਸ ਮੌਕੇ ਹਾਜ਼ਰ ਬਲਾਕ ਐਕਸਟੈਨਸ਼ਨ ਐਜੂਕੇਟਰ ਅਮਨਦੀਪ ਸਿੰਘ ਨੇ ਸਰਕਾਰ ਵਲੋਂ ਪੰਜਾਬ ਦੇ ਵਸਨੀਕਾਂ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਕੈਂਪ ਵਿੱਚ ਜਾਣਕਾਰੀ ਦਿੱਤੀ। ਉਨਾਂ ਦੱਸਿਆ ਕਿ ਐਮ.ਐਮ.ਐਸ.ਵਾਈ ਸਰਕਾਰ ਦੀ ਇੱਕ ਪ੍ਰਮੁੱਖ ਸਿਹਤ ਸੰਭਾਲ ਯੋਜਨਾ ਹੈ ਜੋ ਪੰਜਾਬ ਦੇ ਸਾਰੇ ਪ੍ਰਮਾਣਿਤ ਨਾਗਰਿਕਾਂ ਨੂੰ ਨਕਦ ਰਹਿਤ ਦੂਜੇ ਅਤੇ ਤੀਜੇ ਦਰਜੇ ਦੀ ਡਾਕਟਰੀ ਦੇਖਭਾਲ ਪ੍ਰਦਾਨ ਕਰਦੀ ਹੈ। ਇਸ ਯੋਜਨਾ ਤਹਿਤ ਪੰਜਾਬ ਵਾਸੀ 900 ਤੋਂ ਵੱਧ ਸਰਕਾਰੀ ਅਤੇ ਨਿੱਜੀ ਸੂਚੀਵੱਧ ਹਸਪਤਾਲਾਂ ਵਿੱਚ ਬਿਨਾਂ ਕਿਸੇ ਵਿੱਤੀ ਪਰੇਸ਼ਾਨੀ ਦੇ ਆਪਣਾ ਇਲਾਜ ਕਰਵਾ ਸਕਦੇ ਹਨ।

# ਵਿਦਿਆਰਥੀਆਂ ਵੱਲੋਂ ਸੰਤ ਵਾਲਵ ਇੰਡਸਟਰੀ ਦਾ ਉਦਯੋਗਿਕ ਦੌਰਾ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੌਲੀਟੈਕਨਿਕ ਕਾਲਜ ਦੇ ਆਟੋਮੋਬਾਈਲ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਇੱਕ ਉਦਯੋਗਿਕ ਦੌਰੇ ਤਹਿਤ ਸੰਤ ਵਾਲਵ ਇੰਡਸਟਰੀ ਦਾ ਦੌਰਾ ਕਰਵਾਇਆ ਗਿਆ। ਇਹ ਦੌਰਾ ਕਾਲਜ ਦੇ ਪ੍ਰਿੰਸਿਪਲ ਡਾ. ਜਗਰੂਪ ਸਿੰਘ ਦੀ ਸਰਪਰਸਤੀ ਅਤੇ ਆਟੋਮੋਬਾਈਲ



ਵਿਭਾਗ ਦੇ ਮੁਖੀ ਸ਼੍ਰੀ ਗੌਰਵ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਗੌਰਵ ਸ਼ਰਮਾ ਨੇ ਦੱਸਿਆ ਕਿ ਵਿਭਾਗ ਵੱਲੋਂ ਹਰ ਸੈਮੇਸਟਰ ਵਿੱਚ ਅਜਿਹੇ ਉਦਯੋਗਿਕ ਦੌਰੇ ਕਰਵਾਏ ਜਾਂਦੇ ਹਨ, ਤਾਂ ਜੋ ਵਿਦਿਆਰਥੀਆਂ ਨੂੰ ਕਲਾਸਰੂਮ ਦੀ ਪੜ੍ਹਾਈ ਦੇ ਨਾਲ-ਨਾਲ ਅਸਲ ਉਦਯੋਗਿਕ ਮਾਹੌਲ ਬਾਰੇ ਵੀ ਜਾਣਕਾਰੀ ਮਿਲ ਸਕੇ। ਉਨ੍ਹਾਂ ਕਿਹਾ ਕਿ ਉਦਯੋਗਿਕ ਦੌਰੇ ਵਿਦਿਆਰਥੀਆਂ ਦੀ ਤਕਨੀਕੀ ਤੇ ਪ੍ਰਯੋਗਾਤਮਕ ਸਮਝ ਨੂੰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਪ੍ਰਿੰਸਿਪਲ ਡਾ. ਜਗਰੂਪ ਸਿੰਘ ਨੇ ਵਿਭਾਗ ਦੀ ਇਸ ਕੋਸ਼ਿਸ਼ ਦੀ ਸਰਾਹਨਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ ਵਿਦਿਆਰਥੀਆਂ ਨੂੰ ਉਦਯੋਗਿਕ ਪ੍ਰਕਿਰਿਆਵਾਂ ਦੀ ਵਧੀਆ ਸਮਝ ਪ੍ਰਾਪਤ ਹੁੰਦੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਤਕਨੀਕੀ ਅਤੇ ਸਿੱਖਿਆਤਮਕ ਗਤੀਵਿਧੀਆਂ ਵਿੱਚ ਸਰਗਰਮ ਭਾਗ ਲੈਣ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਦੌਰੇ ਦੌਰਾਨ ਫੈਕਟਰੀ ਦੇ ਤਕਨੀਕੀ ਕਰਮਚਾਰੀਆਂ ਵੱਲੋਂ ਵਿਦਿਆਰਥੀਆਂ ਨੂੰ ਵਾਲਵ ਨਿਰਮਾਣ ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਮਸ਼ੀਨਿੰਗ ਪ੍ਰਕਿਰਿਆ, ਅਸੈਂਬਲੀ ਅਤੇ ਗੁਣਵੱਤਾ ਜਾਂਚ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਨੂੰ ਫੈਕਟਰੀ ਦਾ ਮਾਰਗਦਰਸ਼ਿਤ ਦੌਰਾ ਵੀ ਕਰਵਾਇਆ ਗਿਆ, ਜਿਸ ਨਾਲ ਉਨ੍ਹਾਂ ਨੂੰ ਅਸਲ ਉਦਯੋਗਿਕ ਕਾਰਜ ਪ੍ਰਣਾਲੀ ਦੀ ਵਿਸਥਾਰਪੂਰਵਕ ਸਮਝ ਮਿਲੀ।ਇਹ ਦੌਰਾ ਵਿਦਿਆਰਥੀਆਂ ਲਈ ਬਹੁਤ ਹੀ ਲਾਭਦਾਇਕ ਸਾਬਤ ਹੋਇਆ ਅਤੇ ਉਨ੍ਹਾਂ ਨੂੰ ਉਦਯੋਗਿਕ ਖੇਤਰ ਵਿੱਚ ਆਪਣਾ ਕਰੀਅਰ ਬਣਾਉਣ ਲਈ ਪ੍ਰੇਰਿਤ ਕੀਤਾ।

# ਹਰਜੋਤ ਸਿੰਘ ਬੈਂਸ ਨੇ ਪਿੰਡ ਹਾਜੀਪੁਰ 'ਚ ਵਿਕਾਸ ਦੇ ਵਾਅਦੇ ਕੀਤੇ ਪੂਰੇ

## ਅਨਾਜ ਮੰਡੀ ਲਈ ਸ਼ੈੱਡ, ਨਵਾਂ ਆਂਗਣਵਾੜੀ ਕੇਂਦਰ ਸਮਰਪਿਤ, ਵਿਕਾਸ ਲਈ 5 ਲੱਖ ਦੀ ਗ੍ਰਾਂਟ ਦਾ ਐਲਾਨ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**- ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਪਿੰਡ ਹਾਜੀਪੁਰ ਦੇ ਦੌਰੇ ਦੌਰਾਨ ਕਈ ਮਹੱਤਵਪੂਰਨ ਵਿਕਾਸੀ ਵਾਅਦੇ ਪੂਰੇ ਕਰਦੇ ਹੋਏ ਲੋਕਾਂ ਨੂੰ ਨਵੀਆਂ ਸਹੂਲਤਾਂ ਸਮਰਪਿਤ ਕੀਤੀਆਂ ਅਤੇ ਹੋਰ ਵਿਕਾਸੀ ਕੰਮਾਂ ਲਈ ਵਿੱਤੀ ਸਹਾਇਤਾ ਦਾ ਐਲਾਨ ਕੀਤਾ। ਆਪਣੇ ਦੌਰੇ ਦੌਰਾਨ ਬੈਂਸ ਨੇ ਸਥਾਨਕ ਅਨਾਜ ਮੰਡੀ ਵਿੱਚ ਨਵੇਂ ਤਿਆਰ ਕੀਤੇ ਗਏ ਸ਼ੈੱਡ ਦਾ ਉਦਘਾਟਨ ਕੀਤਾ, ਜਿਸ ਨਾਲ ਕਿਸਾਨਾਂ ਨੂੰ ਖਰੀਦ ਮੌਸਮ ਦੌਰਾਨ ਆਪਣੀ ਫਸਲ ਨੂੰ ਮੌਸਮ ਤੋਂ ਬਚਾਉਣ ਅਤੇ ਸਹੂਲਤ ਨਾਲ ਰੱਖਣ ਲਈ ਵਧੀਆ ਥਾਂ ਮਿਲੇਗੀ। ਇਸਦੇ ਨਾਲ ਹੀ ਉਨ੍ਹਾਂ ਪਿੰਡ ਵਿੱਚ ਨਵੇਂ ਆਂਗਣਵਾੜੀ ਕੇਂਦਰ ਦਾ ਵੀ ਉਦਘਾਟਨ ਕੀਤਾ, ਜਿਸ ਨਾਲ ਬੱਚਿਆਂ ਦੀ ਦੇਖਭਾਲ, ਪੋਸ਼ਣ ਸੇਵਾਵਾਂ ਅਤੇ ਪ੍ਰਾਰੰਭਿਕ ਸਿੱਖਿਆ ਨੂੰ ਹੋਰ ਮਜ਼ਬੂਤੀ ਮਿਲੇਗੀ। ਇਸ ਮੌਕੇ ਬੈਂਸ ਨੇ ਪਿੰਡ ਦੀ ਪੰਚਾਇਤ ਨੂੰ ਬੁਨਿਆਦੀ ਵਿਕਾਸੀ ਕੰਮਾਂ ਲਈ 5 ਲੱਖ ਦੀ ਗ੍ਰਾਂਟ ਵੀ ਦਿੱਤੀ। ਇਕੱਠ ਨੂੰ ਸੰਬੋਧਨ ਕਰਦਿਆਂ ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਵਿੱਚ ਬੁਨਿਆਦੀ



ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਤੱਕ ਜ਼ਰੂਰੀ ਸਹੂਲਤਾਂ ਪਹੁੰਚਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਪਿੰਡ ਹਾਜੀਪੁਰ ਦੇ ਵਸਨੀਕਾਂ ਨੇ ਮੰਤਰੀ ਦੇ ਉਪਰਾਲਿਆਂ ਦੀ ਦਿਲੋਂ ਸਰਾਹਨਾ ਕੀਤੀ ਅਤੇ ਖ਼ਾਸ ਤੌਰ 'ਤੇ ਹੜ੍ਹਾਂ ਦੇ ਸੰਕਟਮਈ ਦਿਨਾਂ ਦੌਰਾਨ ਉਨ੍ਹਾਂ ਦੀ ਸਰਗਰਮ ਭੂਮਿਕਾ ਨੂੰ ਯਾਦ ਕੀਤਾ, ਜਦੋਂ ਉਨ੍ਹਾਂ ਨੇ ਪ੍ਰਭਾਵਿਤ ਇਲਾਕਿਆਂ ਦੀ ਸੁਰੱਖਿਆ ਅਤੇ ਰਾਹਤ ਲਈ ਲਗਾਤਾਰ ਯਤਨ ਕੀਤੇ ਸਨ। ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਬੈਂਸ ਨੇ ਦੋਹਰਾਇਆ ਕਿ ਹਰ ਪਿੰਡ ਦਾ ਵਿਕਾਸ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਬੁਨਿਆਦੀ ਢਾਂਚੇ, ਸਿੱਖਿਆ, ਹੜ੍ਹ ਰੋਕਥਾਮ ਅਤੇ ਲੋਕ ਭਲਾਈ ਨਾਲ ਜੁੜੇ ਪ੍ਰੋਜੈਕਟ ਪੂਰੀ ਨਿਸ਼ਠਾ ਨਾਲ ਲਾਗੂ ਕੀਤੇ ਜਾ ਰਹੇ ਹਨ। ਪਿੰਡ ਵਾਸੀਆਂ ਨੇ ਚੱਲ ਰਹੇ ਵਿਕਾਸੀ ਕੰਮਾਂ 'ਤੇ ਸੰਤੁਸ਼ਟੀ ਪ੍ਰਗਟਾਈ ਅਤੇ ਮੁਸ਼ਕਲ ਸਮਿਆਂ ਵਿੱਚ ਨਾਲ ਖੜ੍ਹਨ ਅਤੇ ਹਾਜੀਪੁਰ ਨੂੰ ਤਰੱਕੀ ਦੇ ਰਸਤੇ 'ਤੇ ਅੱਗੇ ਵਧਾਉਣ ਲਈ ਬੈਂਸ ਦਾ ਧੰਨਵਾਦ ਕੀਤਾ। ਇਸ ਮੌਕੇ ਸਰਪੰਚ ਸੁਰਜੀਤ ਕੌਰ, ਦਿਲਜੀਤ ਬੂਥ ਇੰਚਾਰਜ, ਜਗਤਾਰ ਸਿੰਘ, ਬੋਬੀ ਸਹਿਜੋਵਾਲ, ਲੱਕੀ ਸਹਿਜੋਵਾਲ, ਨਿਤਿਨ ਪੁਰੀ ਭਲਾਣ, ਦਲਜੀਤ ਸਿੰਘ ਕਾਕਾ,ਤਰਲੋਕ ਸਿੰਘ ਪੰਚ, ਸੁਰਿੰਦਰ ਸਿੰਘ ਸਾਬਕਾ ਸਰਪੰਚ, ਜਸਵਿੰਦਰ ਸਿੰਘ ਸ਼ਿੰਦਾ ਹਾਜ਼ਰ ਸਨ।

# ਨਸ਼ੇ ਦੀ ਦਲ-ਦਲ ਵਿੱਚ ਫਸਿਆ ਵਿਅਕਤੀ ਆਪਣਾ ਘਰ ਪਰਵਾਰ ਚੰਗੀ ਤਰ੍ਹਾਂ ਨਹੀਂ ਚਲਾ ਸਕਦਾ : ਬੇਗਮਪੁਰਾ ਟਾਈਗਰ ਫੋਰਸ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ



ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫ਼ਤਹਿਗੜ੍ਹ,ਬੰਟੀ ਹਰਿਆਣਾ ਪ੍ਰਧਾਨ ਹਲਕਾ ਸ਼ਾਮ ਚੁਰਾਸੀ, ਬਿੱਟੂ ਵਿਰਦੀ ਸ਼ੇਰਗੜ੍ਹ ਪ੍ਰਧਾਨ ਹਲਕਾ ਹੁਸ਼ਿਆਰਪੁਰ, ਰਵੀ ਸੁੰਦਰ ਨਗਰ, ਅਤੇ ਹਨੀ ਬਸੀ ਵਾਹਿਦ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਅੱਜ ਦੇ ਭੌਤਿਕਵਾਦੀ ਯੁੱਗ ਵਿੱਚ ਵਿਗਿਆਨ ਤੇ ਤਕਨੀਕ ਨੇ ਬਹੁਤ ਤੇਜ਼ੀ ਨਾਲ ਤਰੱਕੀ ਕੀਤੀ ਹੈ ਪਰੰਤੂ ਕੌੜੀ ਵੇਲ ਵਾਂਗ ਵੱਧ ਰਹੇ ਖਤਰਨਾਕ ਨਸ਼ਿਆਂ ਦੀ ਚੁਣੌਤੀ ਦਾ ਸਾਹਮਣਾ ਨਹੀਂ ਕਰ ਰਹੀ। ਅੱਜ ਵੱਧ ਰਹੀ ਬੇਤਹਾਸ਼ਾ ਬੇਰੁਜ਼ਗਾਰੀ ਨਸ਼ਿਆਂ ਦੀ ਲੱਤ ਵਰਗੀਆਂ ਸਮੱਸਿਆਵਾਂ ਨੂੰ ਜਨਮ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਦੁਨੀਆ ਭਰ ਵਿੱਚ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਭਿਆਨਕ ਮਾਰ ਪੈ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਲੱਤ ਨੇ ਨੌਜਵਾਨ ਪੀੜ੍ਹੀ ਨੂੰ ਇੱਕ ਅਜਿਹੀ ਕਾਲੀ ਧੁੰਦ ਵਿੱਚ ਢੱਕ ਲਿਆ ਹੈ ਜਿਸ ਦੇ ਕਾਰਨ ਪਰਿਵਾਰਾਂ ਦੇ ਪਰਿਵਾਰ ਉੱਜੜ ਰਹੇ ਹਨ ਨੌਜਵਾਨ ਜੀਵਨ ਪ੍ਰਤੀ ਆਪਣੀਆਂ ਉਮੀਦਾਂ ਗਵਾ ਰਹੇ ਹਨ ਅਤੇ ਅੱਜ ਦਾ ਨੌਜਵਾਨ ਆਰਥਿਕ ਅਤੇ ਨੈਤਿਕ ਪੱਖੋਂ ਖ਼ਤਰੇ ਵਿੱਚ ਪੈ ਗਿਆ ਹੈ। ਉਨ੍ਹਾਂ ਕਿਹਾ ਕਿ ਵੱਡੇ ਵੱਡੇ ਮਾਹਰ ਚੇਤਾਵਨੀ ਦੇ ਰਹੇ ਹਨ ਕਿ ਜੇਕਰ ਸਮੇਂ ਰਹਿੰਦੇ ਇਸ ਮਾੜੀ ਲੱਤ ਤੋਂ ਬਚਾਅ ਲਈ ਠੋਸ ਕਦਮ ਨਾ ਚੁੱਕੇ ਤਾਂ ਦੁਨੀਆ ਭਰ ਦੇ ਨੌਜਵਾਨ ਇਸ ਦੀ ਮਾਰੂ ਚਪੇਟ ਵਿੱਚ ਆ ਕੇ ਮਾਰੇ ਜਾਣਗੇ।

# ਪੈਨਸ਼ਨਰਾਂ ਨੂੰ 31 ਤੱਕ ਡਿਜੀਟਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਉਣਾ ਲਾਜ਼ਮੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਰਾਜ ਦੇ ਪੈਨਸ਼ਨਰਾਂ ਨੂੰ ਪੈਨਸ਼ਨ ਦਾ ਭੁਗਤਾਨ ਪਾਰਦਰਸ਼ੀ ਤੇ ਸੁਚੱਜੇ ਢੰਗ ਨਾਲ ਕਰਨ ਲਈ ਲਾਈਫ ਸਰਟੀਫਿਕੇਟ ਆਨਲਾਈਨ ਸਵੀਕਾਰੇ ਜਾ ਰਹੇ ਹਨ ਪਰ ਫਿਰ ਵੀ ਕਈ ਪੈਨਸ਼ਨਰਾਂ ਅਤੇ ਬੈਂਕਾਂ ਵੱਲੋਂ ਜੀਵਨ ਪ੍ਰਮਾਣ ਪੱਤਰ ਆਫਲਾਈਨ ਜਾਂ ਦਸਤੀ ਰੂਪ ਵਿੱਚ ਜਮਾਂ ਕਰਵਾਏ ਗਏ ਹਨ। ਇਸ ਬਾਰੇ ਰਾਜ ਸਰਕਾਰ ਵੱਲੋਂ ਇਕ ਵਾਰ ਫਿਰ ਸਭ ਪੈਨਸ਼ਨਰਾਂ ਨੂੰ ਜੀਵਨ ਪ੍ਰਮਾਣ ਪੱਤਰ/ਲਾਈਫ ਸਰਟੀਫਿਕੇਟ ਆਨਲਾਈਨ ਰੂਪ ਵਿੱਚ ਜਮਾਂ ਕਰਵਾਉਣ ਦੀ ਅਪੀਲ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਦੇਸ ਰਾਜ ਨੇ ਦੱਸਿਆ ਕਿ ਜਿਨ੍ਹਾਂ ਪੈਨਸ਼ਨਰਾਂ ਵੱਲੋਂ ਲਾਈਫ ਸਰਟੀਫਿਕੇਟ ਆਨ ਲਾਈਨ ਜਮਾਂ ਨਹੀ ਕਰਵਾਏ, ਉਹ 31 ਮਾਰਚ ਤੱਕ ਇਸ ਨੂੰ ਆਪਣੇ ਨਜ਼ਦੀਕੀ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਜਾਂ ਉੱਪ ਖ਼ਜ਼ਾਨਾ ਦਫ਼ਤਰ, ਆਪਣੀ ਬੈਂਕ ਬ੍ਰਾਂਚ, ਸੇਵਾ ਕੇਂਦਰ, ਹੈਪਲਲਾਈਨ ਨੰਬਰ 1076 ਤੇ ਕਾਲ ਕਰਕੇ ਜਾਂ ਫਿਰ 'ਜੀਵਨ ਪ੍ਰਮਾਣ ਪੱਤਰ' ਮੋਬਾਈਨ ਐਪ ਰਾਹੀਂ ਖ਼ੁਦ ਆਪ ਜਮਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਆਨਲਾਈਨ ਸਰਟੀਫਿਕੇਟ ਜਮਾਂ ਕਰਵਾਉਣ ਉਪਰੰਤ ਪੈਨਸ਼ਨਰ ਨੂੰ ਤੁਰੰਤ ਇਸ ਸਬੰਧੀ ਸਰਟੀਫਿਕੇਟ ਫੋਨ 'ਤੇ ਪ੍ਰਾਪਤ ਹੋ ਜਾਂਦਾ ਹੈ। ਪੈਨਸ਼ਨ ਬਿਨ੍ਹਾਂ ਕਿਸੀ ਰੁਕਾਵਟ ਦੇ ਜਾਰੀ ਰੱਖਣ ਲਈ ਸਰਟੀਫਿਕੇਟ ਜਮਾਂ ਕਰਵਾਉਣ ਹਿਤ ਪੈਨਸ਼ਨਰ ਆਪਣੀ ਪੈਨਸ਼ਨ ਬੁੱਕ, ਖਾਤਾ ਨੰਬਰ, ਅਧਾਰ ਕਾਰਡ ਤੇ ਫੋਨ ਨਾਲ ਲੈ ਕੇ ਜਾਣਾ ਨਾ ਭੁੱਲੇ।

# ਭਵਿੱਖ ਦੇ ਅਧਿਆਪਕਾਂ ਨੇ ਕਾਇਮ ਕੀਤੀ ਕਾਮਯਾਬੀ ਦੀ ਨਵੀਂ ਮਿਸਾਲ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ ਨੇ ਇੱਕ ਵਾਰ ਫਿਰ ਅਧਿਆਪਕ ਤਿਆਰੀ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਨਵਾਂ ਮਿਆਰ ਸਥਾਪਿਤ ਕੀਤਾ ਹੈ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਬੀ.ਐਡ. ਸੈਮੇਸਟਰ-ਤੀਜਾ ਦੀ ਪ੍ਰੀਖਿਆ ਵਿੱਚ ਵਿਦਿਆਰਥੀ-ਅਧਿਆਪਕਾਂ ਨੇ ਉਤਕ੍ਰਿਸ਼ਟ ਨਤੀਜੇ ਹਾਸਲ ਕੀਤੇ। ਇਹ ਸ਼ਾਨਦਾਰ ਨਤੀਜੇ ਸੰਸਥਾ ਵੱਲੋਂ ਸਕੂਲ ਇੰਟਰਨਸ਼ਿਪਾਂ ਅਤੇ ਭਾਈਚਾਰਕ ਸ਼ਮੂਲੀਅਤ 'ਤੇ ਦਿੱਤੇ ਗਏ ਵਿਸ਼ੇਸ਼ ਜ਼ੋਰ ਨੂੰ ਦਰਸਾਉਂਦੇ ਹਨ, ਜੋ ਕਿ ਯੋਗ ਭਵਿੱਖ ਦੇ ਅਧਿਆਪਕਾਂ ਨੂੰ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਕਾਲਜ ਦੇ ਸਾਰੇ ਵਿਦਿਆਰਥੀ-ਅਧਿਆਪਕਾਂ ਨੇ ਪਹਿਲੀ ਸ਼੍ਰੇਣੀ ਹਾਸਲ ਕੀਤੀ, ਜੋ ਉਨ੍ਹਾਂ ਦੀ ਮਿਹਨਤ ਅਤੇ ਸੰਸਥਾ ਵੱਲੋਂ ਦਿੱਤੀ ਗਈ ਉੱਚ ਪੱਧਰੀ ਮਾਰਗਦਰਸ਼ਨ ਦੀ ਗੁਣਵੱਤਾ ਨੂੰ ਦਰਸਾਉਂਦੀ ਹੈ। 100% ਵਿਦਿਆਰਥੀ-ਅਧਿਆਪਕਾਂ ਨੇ ਡਿਸਟਿੰਕਸ਼ਨ ਹਾਸਲ ਕੀਤੀ, ਜੋ ਕਾਲਜ ਵਿੱਚ ਵਿਕਸਿਤ ਕੀਤੀ ਗਈ ਮਜ਼ਬੂਤ ਅਕਾਦਮਿਕ ਸੰਸਕ੍ਰਿਤੀ ਨੂੰ ਉਜਾਗਰ ਕਰਦੀ ਹੈ। 78.7% ਵਿਦਿਆਰਥੀ-ਅਧਿਆਪਕਾਂ ਨੇ 9.00 ਦਾ ਸਭ ਤੋਂ ਉੱਚਾ



ਐੱਸ ਜੀ ਪੀ ਏ ਪ੍ਰਾਪਤ ਕਰਕੇ ਕਾਲਜ ਵਿੱਚ ਸਾਂਝੇ ਤੌਰ 'ਤੇ ਪਹਿਲਾ ਸਥਾਨ ਹਾਸਲ ਕੀਤਾ।ਆਰੂਸ਼ੀ ਮਹਾਜਨ, ਅਮੀਸ਼ਾ ਵਧਵਾ, ਅੰਕਿਤਾ, ਅਵਨੀਤ ਕੌਰ, ਦੀਕਸ਼ਾ, ਗੀਤਿਕਾ, ਗੁਨਵੀਨ ਕੌਰ, ਗੁਰਸਹਿਜ ਕੌਰ, ਹਰਸਿਮਰਨ ਕੌਰ, ਈਸ਼ਾ ਬਜਾਜ, ਈਸ਼ਾਨ ਸ਼ਰਮਾ, ਜਾਨਵੀ ਅਰੋੜਾ, ਜੋਤੀ ਭਾਟੀਆ, ਕਨਿਕਾ ਵਰਮਾ, ਕਰਨ ਬਹਿਲ, ਕਵਿਤਾ ਗਿਰੀ, ਖੁਸ਼ੀ ਸ਼ਰਮਾ, ਮਨਦੀਪ ਸ਼ਾਹੀ, ਮਨਮੀਤ ਕੌਰ, ਮਨਸ਼ਾ ਵਿੱਜ, ਮਹਿਕ ਖੇੜਾ, ਮਹਿਕ ਸ਼ਰਮਾ, ਮੁਸਕਾਨ, ਪ੍ਰੀਤੀ ਦੱਤਾ, ਪ੍ਰਿਆ ਬਜਾਜ, ਪੁਨੀਤ ਕੌਰ ਰਾਏ, ਪੂਰਨਿਮਾ ਸੇਠੀ, ਰਿਤਿਕਾ ਕੌੜਾ, ਰੁਚਿਕਾ ਮਹਿਤਾ, ਰੂਪਮ ਕੁਮਾਰੀ, ਸੰਜੂ, ਸ਼ਵੇਤਾ ਸੋਨੀ, ਸ਼ਿਖਾ ਕਪੂਰ, ਸਿਮਰਨਦੀਪ ਕੌਰ, ਸਿਮਰਨਜੀਤ ਕੌਰ, ਵਿਭਾ ਚਾਵਲਾ ਤੇ ਯੁਕਤੀ ਇਨ੍ਹਾਂ ਵਿਦਿਆਰਥੀਆਂ ਵਿੱਚ ਸ਼ਾਮਲ ਹਨ । ਵਿਦਿਆਰਥੀ-ਅਧਿਆਪਕਾਂ ਨੇ ਆਪਣੇ ਪ੍ਰਿੰਸੀਪਲ ਅਤੇ ਅਧਿਆਪਕਾਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾਂ ਦੀ ਲਗਾਤਾਰ ਮਾਰਗਦਰਸ਼ਨ ਅਤੇ ਸਹਿਯੋਗ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਆਪਣੀ ਸਫਲਤਾ ਦਾ ਸਿਹਰਾ ਕਾਲਜ ਵਿੱਚ ਪ੍ਰਦਾਨ ਕੀਤੇ ਜਾਣ ਵਾਲੇ ਸਕਾਰਾਤਮਕ ਸਿਖਲਾਈ-ਸਿਖਾਉਣ ਦੇ ਮਾਹੌਲ ਨੂੰ ਦਿੱਤਾ। ਇਸ ਉਪਲਬਧੀ 'ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਾਲਜਾਂ ਦੇ ਕਾਰਜਕਾਰੀ ਨਿਰਦੇਸ਼ਕ ਸ੍ਰੀਮਤੀ ਅਰਾਧਨਾ ਬੌਰੀ ਨੇ ਵਿਦਿਆਰਥੀ-ਅਧਿਆਪਕਾਂ ਦੀ ਮਿਹਨਤ ਅਤੇ ਲਗਨ ਦੀ ਪ੍ਰਸ਼ੰਸਾ ਕੀਤੀ।

# ਹਰਮੋਹਣ ਸਿੰਘ ਸੰਧੂ ਦੇ ਜਨਰਲ ਸਕੱਤਰ ਬਣਨ 'ਤੇ ਹਲਕੇ 'ਚ ਖੁਸ਼ੀ ਦੀ ਲਹਿਰ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਇੰਚਾਰਜ ਹਰਮੋਹਣ ਸਿੰਘ ਸੰਧੂ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਜਨਰਲ ਸਕੱਤਰ ਬਣਾਏ ਜਾਣ 'ਤੇ ਹਲਕੇ ਦੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ। ਪਾਰਟੀ ਵੱਲੋਂ ਦਿੱਤੀ ਗਈ ਇਸ ਜ਼ਿੰਮੇਦਾਰੀ ਲਈ ਹਰਮੋਹਣ ਸਿੰਘ ਸੰਧੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ.ਸੁਖਬੀਰ ਸਿੰਘ ਬਾਦਲ ਅਤੇ ਪਾਰਟੀ ਦੇ ਐੱਸ ਸੀ ਵਿੰਗ ਦੇ ਪ੍ਰਧਾਨ ਗੁਲਜਾਰ ਸਿੰਘ ਰਣੀਕੇ ਦਾ ਧੰਨਵਾਦ ਕੀਤਾ ਹੈ ਜਿਨ੍ਹਾਂ ਨੇ ਉਨ੍ਹਾਂ ਨੂੰ ਜਨਰਲ ਸਕੱਤਰ (ਐਸ ਸੀ ਵਿੰਗ) ਦੀ ਜਿੰਮੇਵਾਰੀ ਸੌਂਪੀ। ਨਵ ਨਿਯੁਕਤ ਜਨਰਲ ਸਕੱਤਰ ਸ. ਹਰਮੋਹਣ ਸਿੰਘ ਸੰਧੂ ਨੇ ਕਿਹਾ ਕਿ ਉਹ ਆਪਣੀ ਇਸ ਜਿੰਮੇਵਾਰੀ ਨੂੰ ਤਨ ਮਨ ਨਾਲ ਨਿਭਾਉਣਗੇ ਤੇ ਪਾਰਟੀ ਨੂੰ ਦਿਨ ਰਾਤ ਸਮਰਪਿਤ ਰਹਿੰਦਿਆਂ ਪੰਥ ਅਤੇ ਪਾਰਟੀ ਦੀ ਚੜ੍ਹਦੀ ਕਲਾ ਲਈ ਸਦਾ ਤਤਪਰ ਰਹਿਣਗੇ ਅਤੇ ਦਿਨ ਰਾਤ ਕੰਮ ਕਰਨਗੇ। ਉਨ੍ਹਾਂ ਦੇ ਜਨਰਲ ਸਕੱਤਰ



ਬਣਾਏ ਜਾਣ 'ਤੇ ਐੱਸ ਜੀ ਪੀ ਸੀ ਮੈਂਬਰ ਜਥੇਦਾਰ ਅਜਮੇਰ ਸਿੰਘ ਖੇੜਾ ਅਤੇ ਜਥੇਦਾਰ ਪਰਮਜੀਤ ਸਿੰਘ ਲੱਖੇਵਾਲ, ਮਿਲਕ ਪਲਾਂਟ ਮੋਹਾਲੀ ਦੇ ਸਾਬਕਾ ਚੇਅਰਮੈਨ ਬਲਦੇਵ ਸਿੰਘ ਚੱਕਲ, ਸਾਬਕਾ ਕੌਂਸਲਰ ਨੰਬਰਦਾਰ ਜਗਵਿੰਦਰ ਸਿੰਘ ਪੰਮੀ, ਸੁਰਜੀਤ ਸਿੰਘ ਤਾਜਪੁਰਾ, ਹਰਪ੍ਰੀਤ ਸਿੰਘ ਸੰਗਤਪੁਰਾ, ਬਲਜੀਤ ਸਿੰਘ ਅਰਨੌਲੀ, ਸੁਖਵਿੰਦਰ ਸਿੰਘ ਸਹਿਗਲ, ਰਵਿੰਦਰ ਸਿੰਘ ਰਵੀ ਕਮਾਲਪੁਰ, ਅਮਰਿੰਦਰ ਸਿੰਘ ਹੈਲੀ, ਮਲਕੀਤ ਸਿੰਘ ਖਟੜਾ, ਰਵਿੰਦਰ ਸਿੰਘ ਮਦਨ ਹੇੜੀ, ਗੁਰਪ੍ਰੀਤ ਸਿੰਘ ਬਾਠ, ਸੁਰਿੰਦਰ ਸਿੰਘ ਭੂਮਛੇੜੀ, ਆੜ੍ਹਤੀ ਆਗੂ ਊਧਮ ਸਿੰਘ ਰਾਣਾ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

# ਮੋਮੀ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਜ਼ਿਲ੍ਹਾ ਹੁਸ਼ਿਆਰਪੁਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ

**ਹੁਸ਼ਿਆਰਪੁਰ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਐਲਾਨ ਕੀਤੇ ਗਏ ਜਥੇਬੰਦਕ ਢਾਂਚੇ ਦੀ ਸੂਚੀ ਵਿੱਚ ਹਲਕਾ ਟਾਂਡਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਅਤੇ ਟਕਸਾਲੀ ਆਗੂ ਸਰਬਜੀਤ ਸਿੰਘ ਮੋਮੀ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦਿਹਾਤੀ ਐਸ.ਸੀ ਵਿੰਗ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ।ਆਪਣੀ ਇਸ ਨਿਯੁਕਤੀ ਤੇ ਨਵ ਨਿਯੁਕਤ ਜ਼ਿਲ੍ਹਾ ਪ੍ਰਧਾਨ ਐਸ ਸੀ ਵਿੰਗ ਸਰਬਜੀਤ ਸਿੰਘ ਮੋਮੀ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ, ਐਸ ਸੀ ਵਿੰਗ ਦੇ ਕੌਮੀ ਪ੍ਰਧਾਨ ਸਾਬਕਾ ਮੰਤਰੀ ਗੁਲਜ਼ਾਰ ਸਿੰਘ ਰਣੀਕੇ, ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਸਾਬਕਾ ਮੰਤਰੀ ਪੰਜਾਬ ਚੌਧਰੀ ਬਲਵੀਰ ਸਿੰਘ ਮਿਆਣੀ ਤੇ ਹੋਰ ਲੀਡਰਸ਼ਿਪ ਦਾ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਐਸ ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਜ਼ਾਰ ਸਿੰਘ ਰਣੀਕੇ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦੇ ਐਸ ਸੀ ਵਿੰਗ ਨੂੰ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਬੂਥ ਪੱਧਰ ਤੱਕ ਮਜਬੂਤ ਕੀਤਾ ਜਾਵੇਗਾ ਅਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾਵੇਗਾ।



# ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਦੀ ਸਾਲਾਨਾ ਬਰਸੀ ਮੌਕੇ ਕੁਸ਼ਤੀ ਮੁਕਾਬਲੇ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- 108 ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਦੀ ਸਲਾਨਾ ਬਰਸੀ ਮੌਕੇ ਉਹਨਾਂ ਦੀ ਯਾਦ ਵਿੱਚ ਦੋਹਰੇ ਅੰਤਰਰਾਸ਼ਟਰੀ ਗੱਭਰੂਆ ਦੇ 40ਵੇਂ ਅਤੇ ਮੁਟਿਆਰਾਂ ਦੇ 28ਵੇਂ ਭਾਰਤ ਕੇਸਰੀ ਕੁਸ਼ਤੀ ਮੁਕਾਬਲੇ ਡੇਰਾ ਮੰਨਣਹਾਨਾ ਵਿਖੇ ਗੱਦੀ ਨਸ਼ੀਨ ਸੰਤ ਬਾਬਾ ਅਮਰੀਕ ਸਿੰਘ ਦੀ ਰਹਿਨੁਮਾਈ ਹੇਠ ਕਰਵਾਏ ਗਏ। ਸਾਬਕਾ ਇੰਟਰਨੈਸ਼ਨਲ ਕੁਸ਼ਤੀ ਕੋਚ ਪੀ ਆਰ ਸੋਂਧੀ ਦੀ ਦੇਖਰੇਖ ਹੇਠ ਕਰਵਾਏ ਇਸ ਦੰਗਲ ਦੀ ਆਰੰਭਤਾ ਸੰਤ ਬਾਬਾ ਅਮਰੀਕ ਸਿੰਘ ਨੇ ਆਪਣੇ ਕਰ ਕਮਲਾਂ ਨਾਲ ਸਪੋਰਟਸ ਫਲੈਗ ਲਹਿਰਾ ਕੇ ਕਰਵਾਈ। ਇਸ ਦੌਰਾਨ +90 ਕਿਲੋਗ੍ਰਾਮ ਭਾਰ ਵਰਗ ਵਿਚ ਰੋਹਿਤ ਮਿਰਚੀਪੁਰ ਨੇ ਅਰਸ਼ਦੀਪ ਊਨਾ ਨੂੰ ਹਰਾ ਕੇ ਗੋਲਡ ਕੱਪ ਅਤੇ +85 ਭਾਰ ਵਰਗ ਵਿਚ ਸ਼ੁਭਮ ਨੇ ਕਰਨਵੀਰ ਕਨੇਡਾ ਨੂੰ ਹਰਾ ਕੇ ਭਾਰਤ ਕੁਮਾਰ (ਸਟੂਡੈਂਟ) ਦਾ ਟਾਈਟਲ ਆਪਣੇ ਨਾਮ ਕੀਤਾ। ਜਿਹਨਾਂ ਨੂੰ 1 ਲੱਖ 71 ਹਜਾਰ ਰੁਪਏ ਨਗਦ ਰਾਸ਼ੀ ਅਤੇ ਗੁਰਜ ਇਸੇ ਤਰ੍ਹਾਂ ਲੜਕੀਆਂ ਦਾ ਗੋਲਡ ਕੱਪ ਮੁਕਾਬਲਾ ਰਿਤਿਕਾ ਰੋਹਤਕ ਨੇ ਮਨੀਸ਼ਾ ਹਿਸਾਰ ਨੂੰ ਹਰਾ ਕੇ ਜਿੱਤਿਆ। ਜਿਸ ਨੂੰ 61 ਹਜਾਰ ਰੁਪਏ ਨਗਦ ਅਤੇ ਗੁਰਜ ਭੇਂਟ ਕੀਤਾ ਗਿਆ। ਇਸ ਤੋਂ ਇਲਾਵਾ ਸ਼ੇਰ-ਏ-ਹਿੰਦ 90 ਕਿਲੋ ਭਾਰ ਵਰਗ ਵਿੱਚ ਹਿਮਾਂਸ਼ੂ ਸੋਨੀਪਤ ਨੇ ਕਰਨਵੀਰ ਫਗਵਾੜਾ ਨੂੰ ਹਰਾ ਕੇ 40 ਹਜਾਰ ਰੁਪਏ ਨਗਦ ਅਤੇ ਗੁਰਜ, ਆਫਤਾਬ-ਏ-ਹਿੰਦ 75 ਕਿਲੋ ਭਾਰ ਵਰਗ ਵਿੱਚ ਅੰਕਿਤ ਮਿਰਚੀਪੁਰ ਨੇ ਅਨੁਜ ਮਿਰਚੀਪੁਰ ਨੂੰ ਹਰਾ ਕੇ 21 ਹਜਾਰ ਰੁਪਏ ਨਗਦ ਤੇ ਗੁਰਜ, ਸਿਤਾਰ-ਏ-ਹਿੰਦ 65 ਕਿਲੋ ਭਾਰ ਵਰਗ ਵਿੱਚ ਜਸਕਰਨ ਪਟਿਆਲਾ ਨੇ ਸਾਹਿਲ ਯਾਦਵ ਆਨੰਦਪੁਰ ਸਾਹਿਬ ਨੂੰ ਹਰਾ ਕੇ 18 ਹਜਾਰ ਰੁਪਏ ਨਗਦ ਅਤੇ ਗੁਰਜ



ਆਪਣੇ ਨਾਮ ਕੀਤੇ। ਪੰਜਾਬ ਕੁਮਾਰ ਅੰਡਰ-17 ਮੁਕਾਬਲੇ ਵਿੱਚ ਹਰਜੋਤ ਸਿੰਘ ਕਨੇਡਾ ਨੇ ਗੁਰਸ਼ਰਨ ਪਟਿਆਲਾ ਨੂੰ ਹਰਾ ਕੇ 10 ਹਜਾਰ ਰੁਪਏ ਨਗਦ ਜਦਕਿ ਲੜਕੀਆਂ ਦੇ ਪੰਜਾਬ ਕੁਮਾਰੀ ਅੰਡਰ-17 ਮੁਕਾਬਲੇ ਵਿੱਚ ਰਾਜਵੀਰ ਕੌਰ ਮੁਕਤਸਰ ਨੇ ਗੁਰਲੀਨ ਕੌਰ ਕਨੇਡਾ ਨੂੰ ਹਰਾ ਕੇ 10 ਹਜਾਰ ਰੁਪਏ ਨਗਦ ਇਨਾਮ ਦੇ ਨਾਲ ਗੁਰਜ ਹਾਸਲ ਕੀਤਾ। ਇਸ ਦੌਰਾਨ ਐੱਨ ਆਰ ਆਈ ਪੰਜਾਬ ਰੈਸਲਿੰਗ ਵੈਲਫੇਅਰ ਐਸੋਸੀਏਸ਼ਨ ਵਲੋਂ ਅੰਤਰਰਾਸ਼ਟਰੀ ਨਿਯਮਾਂ ਅਨੁਸਾਰ ਗੱਦੇ ਦੀ ਕੁਸ਼ਤੀ ਨੂੰ ਪੰਜਾਬ ਵਿੱਚ ਪ੍ਰਫੁੱਲਤ ਕਰਨ ਲਈ ਸੰਤ ਬਾਬਾ ਅਮਰੀਕ ਸਿੰਘ ਅਤੇ ਭੁਪਿੰਦਰ ਸਿੰਘ ਲੁਧਿਆਣਾ ਨੂੰ ਸ਼ਾਲ ਅਤੇ ਟਰਾਫੀ ਭੇਟ ਕਰਕੇ ਸਨਮਾਨਤ ਕੀਤਾ ਗਿਆ। ਕੁਸ਼ਤੀ ਕੋਚ ਪੀ.ਆਰ. ਸੌਂਧੀ ਨੇ ਦੱਸਿਆ ਕਿ ਇਸ ਵਾਰ ਚੰਡੀਗੜ੍ਹ, ਹਰਿਆਣਾ, ਯੂ.ਪੀ., ਹਿਮਾਚਲ ਪ੍ਰਦੇਸ਼, ਮੱਧ ਪ੍ਰਦੇਸ਼, ਦਿੱਲੀ ਤੋਂ ਇਲਾਵਾ ਕਨੇਡਾ ਦੇ 200 ਤੋਂ ਵੱਧ ਪਹਿਲਵਾਨਾਂ ਨੇ ਕੁਸ਼ਤੀ ਦੰਗਲ ਵਿਚ ਹਿੱਸਾ ਲਿਆ। ਸੇਵਾਦਾਰ ਸੰਦੀਪ ਸੈਂਡੀ ਨੇ ਸਮੂਹ ਮਹਿਮਾਨਾ, ਪਤਵੰਤਿਆਂ, ਪਹਿਲਵਾਨਾਂ ਤੇ ਸਹਿਯੋਗੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਪ੍ਰਿੰਸੀਪਲ ਬਲਵੀਰ ਸਿੰਘ ਗਿੱਲ, ਕੁਲਬੀਰ ਸਿੰਘ ਲੁਧਿਆਣਾ, ਅਵਤਾਰ ਸਿੰਘ ਗਿੱਲ, ਹਰਵਿੰਦਰ ਸਿੰਘ ਵਿਰਕ, ਡੀ.ਐਸ.ਪੀ. ਅਮਨਦੀਪ ਸਿੰਘ ਸੌਂਧੀ, ਜਿਲ੍ਹਾ ਕਪੂਰਥਲਾ ਕੁਸ਼ਤੀ ਐਸੋਸੀਏਸ਼ਨ ਦੇ ਪ੍ਰਧਾਨ ਰਿਪਲ ਕੁਮਾਰ ਸਰਪੰਚ ਵਜੀਦੋਵਾਲ, ਜਿਲ੍ਹਾ ਜਨਰਲ ਸਕੱਤਰ ਰੀਤ ਪ੍ਰੀਤ ਪਾਲ ਸਿੰਘ, ਰਾਜਿੰਦਰ ਸਿੰਘ ਕਨੇਡਾ, ਅਮਨ ਕਨੇਡਾ ਮੱਲ ਅਖਾੜਾ ਸਰੀਂ ਕਨੇਡਾ, ਰਸ਼ਪਾਲ ਕਲੇਰ ਸਾਬਕਾ ਸਰਪੰਚ ਮੰਨਣਹਾਨਾ, ਕੁਲਦੀਪ ਸਿੰਘ ਗਿੱਲ, ਅੰਤਰਰਾਸ਼ਟਰੀ ਪਹਿਲਵਾਨ ਅਮਰੀਕ ਸਿੰਘ ਮੇਹਲੀ, ਕੋਚ ਰਵਿੰਦਰ ਨਾਥ, ਰਾਜ ਕੁਮਾਰ, ਡੀ.ਪੀ.ਈ. ਜੀਵਨ, ਬੀ. ਐਸ. ਬਾਗਲਾ ਰਿਟਾ. ਮੈਨੇਜਰ ਪੀ.ਐਨ.ਬੀ., ਕੋਚ ਜਤਿਨ ਸ਼ੁਕਲਾ, ਕੋਚ ਰਾਜਿੰਦਰ ਸਿੰਘ ਹੁਸ਼ਿਆਰਪੁਰ, ਸਾਜਨ ਰਾਜਪੂਤ, ਅਕਾਸ਼, ਅਬਦੁਲ ਸੱਤਾਰ, ਗੁਰਮੀਤ ਸਿੰਘ, ਗੁਰਮੇਲ ਸਿੰਘ, ਅਸ਼ੋਕ ਕੁਮਾਰ, ਜਾਹਿਦ, ਪਰਵੇਜ, ਸ਼ਿਵਾ, ਗੁਰਪ੍ਰੀਤ ਕੌਰ, ਰਵਿੰਦਰ ਸਿੰਘ ਆਦਿ ਹਾਜ਼ਰ ਸਨ।

# ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ 'ਚ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਨਵੇਂ ਯੂਨੀਵਰਸਿਟੀ ਦੀ ਸਥਾਪਨਾ ਦੀ ਖੁਸ਼ੀ ਅਤੇ ਸੰਸਥਾ ਤੇ ਵਿਦਿਆਰਥੀਆਂ ਦੀ ਲਗਾਤਾਰ ਤਰੱਕੀ ਅਤੇ ਖੁਸ਼ਹਾਲੀ ਲਈ ਇਕ ਪਵਿੱਤਰ ਧਾਰਮਿਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਭਾਵਪੂਰਨ ਗੁਰਬਾਣੀ ਕੀਰਤਨ ਪੇਸ਼ ਕੀਤਾ ਗਿਆ । ਇਸ ਮੌਕੇ ਹਰੀਆਂ ਵੇਲਾਂ ਵਾਲੇ ਸੰਤ ਬਾਬਾ ਨਿਹਾਲ ਸਿੰਘ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲਗਾਈ ਅਤੇ ਸੰਗਤ ਨੂੰ ਗੁਰਮਤ ਵਿਚਾਰਾਂ ਨਾਲ ਨਿਹਾਲ ਕੀਤਾ। ਇਸ ਮੌਕੇ ਪ੍ਰਸਿੱਧ ਰਾਗੀ ਭਾਈ ਹਰਜਿੰਦਰ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੇ ਗੁਰਬਾਣੀ ਕੀਰਤਨ ਕਰਕੇ ਸੰਗਤ ਨੂੰ ਮੰਤਰਮੁਗਧ



ਕਰ ਦਿੱਤਾ। ਇਸ ਮੌਕੇ ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਵੀ ਮੌਜੂਦ ਰਹੇ ਤੇ ਸੰਗਤ ਨਾਲ ਮਿਲ ਕੇ ਅਰਦਾਸ ਵਿੱਚ ਹਿੱਸਾ ਲਿਆ। ਸਮਾਗਮ ਦੇ ਅੰਤ ਵਿੱਚ ਸੰਸਥਾ ਦੀ ਲਗਾਤਾਰ ਤਰੱਕੀ, ਵਿਦਿਆਰਥੀਆਂ ਦੇ ਚਮਕਦੇ ਭਵਿੱਖ ਅਤੇ ਸਮੂਹ ਮਨੁੱਖਤਾ ਦੇ ਭਲੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਤੋਂ ਬਾਅਦ ਗੁਰੂ ਦਾ ਅਟੁੱਟ ਲੰਗਰ ਸੰਗਤ ਵਿੱਚ ਵੰਡਿਆ ਗਿਆ। ਇਸ ਮੌਕੇ ਯੂਨੀਵਰਸਿਟੀ ਪ੍ਰਬੰਧਨ, ਫੈਕਲਟੀ ਮੈਂਬਰ, ਸਟਾਫ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਮੌਜੂਦ ਰਹੇ।

# ਖੇਤਰੀ ਕੌਸ਼ਲ ਮੁਕਾਬਲੇ 'ਚ ਹਰਿਆਣਾ ਦੇ ਨੌਜਵਾਨਾ ਨੇ 33 ਮੈਡਲ ਜਿੱਤੇ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਪ੍ਰਤਿਭਾਸ਼ਾਲੀ ਨੌਜਵਾਨਾਂ ਨੇ ਇੱਕ ਵਾਰ ਫਿਰ ਆਪਣੀ ਕੁਸ਼ਲਤਾ ਅਤੇ ਕੌਸ਼ਲ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਆਗਰਾ ਦੇ ਬੀਐਲਐਨਐਲ ਗਰਾਊਂਡ ਵਿੱਚ ਪਿਛਲੇ ਦਿਨ ਆਯੋਜਿਤ ਖੇਤਰੀ ਕੌਸ਼ਲ ਮੁਕਾਬਲੇ ਵਿੱਚ 33 ਮੈਡਲ ਜਿੱਤ ਕੇ ਸ਼ਾਦਨਦਾਰ ਪ੍ਰਦਰਸ਼ਨ ਕੀਤਾ, ਜਿਸ ਵਿੱਚ 8 ਗੋਲਡ, 13 ਸਿਲਵਰ ਅਤੇ 12 ਬ੍ਰਾਂਜ ਮੈਡਲ ਸ਼ਾਮਿਲ ਹਨ। ਸਮਾਪਨ ਸਮਾਰੋਹ ਮੌਕੇ 'ਤੇ ਕੇਂਦਰੀ ਕੌਸ਼ਲ ਵਿਕਾਸ ਅਤੇ ਉਦਮਤਾ ਮੰਤਰੀ (ਸੁਤੰਤਰ ਕਾਰਜਭਾਰ) ਜਯੰਤ ਚੌਧਰੀ ਨੇ ਹਰਿਆਣਾ ਦੇ ਪ੍ਰਤੀਭਾਗੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕਰਦੇ ਹੋਏ ਸਾਰੇ ਜੇਤੂਆਂ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਮੁਕਾਬਲਿਆਂ ਨੂੰ ਭਵਿੱਖ ਦੇ ਮੁਕਾਬਲਿਆਂ ਵਿੱਚ ਵੀ ਇਸੀ ਤਰ੍ਹਾ ਵਧੀਆ ਪ੍ਰਦਰਸ਼ਨ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।

# ਸਾਂਝੇ ਅਧਿਆਪਕ ਮੋਰਚੇ ਵੱਲੋਂ ਅਰਥੀ ਫੂਕ ਮੁਜ਼ਾਹਰਾ ਭਲਕੇ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਸਾਂਝੇ ਅਧਿਆਪਕ ਮੋਰਚੇ ਦੇ ਜ਼ਿਲ੍ਹਾ ਸੀਨੀਅਰ ਆਗੂ ਪ੍ਰਿੰਸ: ਪਲਿਆਲ ਗੜ੍ਹਦੀਵਾਲ, ਰਾਜੇਸ਼ ਅਰੋੜਾ, ਜਸਬੀਰ ਬੋਦਲ ਅਤੇ ਉਮੇਸ਼ ਕੁਮਾਰ, ਜਗਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ ਨੇ ਕਿਹਾ ਕਿ 17 ਮਾਰਚ ਨੂੰ ਦਸੂਹਾ ਵਿਖੇ ਟੈਟ ਦੇ ਵਿਰੋਧ ਵਿੱਚ ਪੰਜਾਬ ਸਰਕਾਰ ਦੀ ਅਰਥੀ ਫੂਕੀ ਜਾਵੇਗੀ। ਉਹਨਾਂ ਕਿਹਾ ਕਿ ਬੀਤੇ ਦਿਨੀ



ਚੰਡੀਗੜ੍ਹ ਵਿਖੇ ਰੈਲੀ ਦੇ ਦੌਰਾਨ ਸਰਕਾਰ ਨੇ ਲਾਠੀਚਾਰਜ, ਪਾਣੀ ਦੀਆਂ ਬੁਛਾਰਾਂ ਅਤੇ ਅਥਰੂ ਗੈਸ ਦੇ ਗੋਲੀਆਂ ਨਾਲ ਅਨੇਕਾਂ ਅਧਿਆਪਕ ਜਖਮੀ ਕੀਤੇ ਸਨ। ਉਹਨਾਂ ਦੋਸ਼ ਲਾਇਆ ਕਿ ਸਰਕਾਰ ਜਾਣ ਬੁਝ ਕੇ ਅਧਿਆਪਕਾਂ ਤੇ ਟੈਟ ਦੀ ਸ਼ਰਤ ਲਗਾ ਰਹੀ ਹੈ ਜਦ ਕਿ 2011 ਤੋਂ ਪਹਿਲਾਂ ਦੇ ਭਰਤੀ ਹੋਏ ਅਧਿਆਪਕ ਸਾਰੀਆਂ ਯੋਗਤਾਵਾਂ ਪੂਰੀਆਂ ਕਰਦੇ ਹਨ। ਉਹਨਾਂ ਕਿਹਾ ਕਿ ਜੇਕਰ ਸਰਕਾਰ ਨੇ 16 ਮਾਰਚ ਤੱਕ ਵਿਧਾਨ ਸਭਾ ਵਿੱਚ ਟੈਟ ਦੇ ਵਿਰੋਧ ਵਿੱਚ ਬਿੱਲ ਲਿਆ ਕੇ ਮੁਲਾਜ਼ਮਾਂ ਨੂੰ ਰਾਹਤ ਨਾ ਦਿੱਤੀ ਤਾਂ 17 ਮਾਰਚ ਨੂੰ ਪੂਰੇ ਪੰਜਾਬ ਵਿੱਚ ਤਹਿਸੀਲ ਪੱਧਰੀ ਵੱਡੇ ਪੱਧਰ ਤੇ ਸਰਕਾਰ ਦੀਆਂ ਅਰਥੀਆਂ ਫੂਕੀਆਂ ਜਾਣਗੀਆਂ।

# ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੀਰਤਨ ਦਰਬਾਰ ਕਰਵਾਇਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਦਸਮੇਸ਼ ਪਿਤਾ ਧੰਨ ਧੰਨ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ 5ਵਾਂ ਮਹਾਨ ਕੀਰਤਨ ਦਰਬਾਰ ਗਾਰਡਨ ਸਟੇਟ ਕਲੋਨੀ ਐਸੋਸੀਏਸ਼ਨ ਹੁਸ਼ਿਆਰਪੁਰ ਵੱਲੋਂ ਪ੍ਰਧਾਨ ਬਲਜਿੰਦਰ ਸਿੰਘ ਸੈਣੀ ਦੀ ਦੇਖ ਰੇਖ ਹੇਠ ਗਾਰਡਨ ਸਟੇਟ ਕਲੋਨੀ ਗਲੀ ਨੰਬਰ 11 ਬੀ ਦਸਮੇਸ਼ ਨਗਰ ਹੁਸ਼ਿਆਰਪੁਰ ਵਿਖੇ ਕਰਵਾਇਆ ਗਿਆ। ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਪਾਵਨ ਸਰਪ੍ਰਸਤੀ ਹੇਠ ਕਰਵਾਏ ਗਏ ਇਸ ਮਹਾਨ ਕੀਰਤਨ ਦਰਬਾਰ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ ਫੁੱਲਾਂ ਦੀ ਵਰਖਾ ਕਰਦੇ ਅਤੇ ਕੀਰਤਨ ਕਰਦਿਆਂ ਹੋਇਆ ਪੰਡਾਲ ਵਿੱਚ ਸੁਸ਼ੋਭਿਤ ਕੀਤੀ ਗਈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਉਪਰੰਤ ਆਰੰਭ ਹੋਏ 5ਵੇਂ ਮਹਾਨ ਕੀਰਤਨ ਦਰਬਾਰ ਵਿੱਚ ਪੰਥ ਦੇ ਪ੍ਰਸਿੱਧ ਕੀਰਤਨੀ ਜਥੇ ਭਾਈ ਰਣਧੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਪਰਮਜੀਤ ਸਿੰਘ ਮੇਘੋਵਾਲ, ਭਾਈ ਨਵਪ੍ਰੀਤ ਸਿੰਘ ਹਰਸੀ ਪਿੰਡ ਟਾਂਡਾ,ਭਾਈ ਦਲਵੀਰ ਸਿੰਘ ਖਾਲਸਾ ਤਰਨਤਾਰਨ,ਬੀਬੀ ਗੁਰਦੀਸ਼ ਕੌਰ ਖਾਲਸਾ ਹੁਸ਼ਿਆਰਪੁਰ,ਅਖੰਡ ਕੀਰਤਨੀ ਜੱਥਾ ਹੁਸ਼ਿਆਰਪੁਰ, ਬੀਬਾ ਅੰਮ੍ਰਿਤ ਪ੍ਰੀਤ ਕੌਰ ਖੁਣਖੁਣ ਗੋਬਿੰਦਪੁਰ ਅਤੇ ਹੋਰ ਜਥਿਆਂ ਨੇ ਧੁਰ ਕੀ ਬਾਣੀ ਦਾ



ਰਸਭਿੰਨਾ ਕੀਰਤਨ ਕੀਤਾ । ਇਸ ਤੋਂ ਇਲਾਵਾ ਪੰਥ ਦੇ ਮਹਾਨ ਵਿਦਵਾਨ ਗਿਆਨੀ ਜਸਵੰਤ ਸਿੰਘ ਪਰਵਾਨਾ ਅਤੇ ਜਥੇਦਾਰ ਬਾਬਾ ਗੁਰਦੇਵ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਤਰਨਾ ਦਲ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਤੋਂ ਸੰਗਤਾਂ ਨੂੰ ਜਾਣੂ ਕਰਵਾਉਂਦਿਆਂ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ ਤੇ ਚੱਲਣ ਅਤੇ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਦੀ ਪ੍ਰੇਰਨਾ ਦਿੱਤੀ । ਇਸ ਕੀਰਤਨ ਦਰਬਾਰ ਵਿੱਚ ਵਿਸ਼ੇਸ਼ ਤੌਰ ਤੇ ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ,ਸੰਤ ਬਲਬੀਰ ਸਿੰਘ ਟਿੱਬਾ ਸਾਹਿਬ, ਸੰਤ ਮਹਾਂਵੀਰ ਸਿੰਘ ਤਾਜੇਵਾਲ, ਡਾਕਟਰ ਇਸ਼ਾਂਕ ਕੁਮਾਰ ਵਿਧਾਇਕ ਚੱਬੇਵਾਲ,ਸਿੱਖ ਵੈਲਫੇਅਰ ਸੋਸਾਇਟੀ ਹੁਸ਼ਿਆਰਪੁਰ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਤੰਬੜ, ਜਸਪਾਲ ਚੇਚੀ ਚੇਅਰਮੈਨ ਮਾਰਕਿਟ ਕਮੇਟੀ ਹੁਸ਼ਿਆਰਪੁਰ, ਸਤਵੰਤ ਸਿੰਘ ਸਿਆਣ ਸੂਬਾ ਸਕੱਤਰ ਆਮ ਆਦਮੀ ਪਾਰਟੀ ਪੰਜਾਬ, ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਸੂਬਾ ਪ੍ਰਧਾਨ ਦੀ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਰਜਿ. ਪੰਜਾਬ ਇੰਡੀਆ, ਸਰਬਜੀਤ ਸਿੰਘ ਬਡਵਾਲ ਚੇਅਰਮੈਨ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ, ਮਨਜਿੰਦਰ ਸਿੰਘ ਯੁਵਰਾਜ ਖਾਲਸਾ ਗਰੁੱਪ ਪਿਪਲਾਂ ਵਾਲਾ, ਐਡਵੋਕੇਟ ਪਵਿੱਤਰਦੀਪ ਸਿੰਘ ਕੌਂਸਲਰ, ਹਰਭਗਤ ਸਿੰਘ ਤੁਲੀ, ਸੰਜੇ ਸ਼ਰਮਾ ਅਤੇ ਹੋਰ ਮੈਂਬਰਾਂ ਨੇ ਸ਼ਿਰਕਤ ਕੀਤੀ । ਇਸ ਮੌਕੇ ਆਏ ਹੋਏ ਸਮੂਹ ਮਹਿਮਾਨਾਂ ਦਾ ਵਿਸ਼ੇਸ਼ ਸਨਮਾਨ ਗਾਰਡਨ ਐਸਟੇਟ ਕਲੋਨੀ ਐਸੋਸੀਏਸ਼ਨ ਦੇ ਪ੍ਰਧਾਨ ਬਲਜਿੰਦਰ ਸਿੰਘ ਸੈਣੀ, ਹਰਦੀਪ ਸਿੰਘ ਅਤੇ ਮੈਂਬਰਾਂ ਵੱਲੋਂ ਕੀਤਾ ਗਿਆ । ਕੀਰਤਨ ਦਰਬਾਰ ਮੌਕੇ ਮੰਚ ਸੰਚਾਲਨ ਗੁਰਬਿੰਦਰ ਸਿੰਘ ਪਲਾਹਾ ਵੱਲੋਂ ਕੀਤਾ ਗਿਆ । ਸਮਾਗਮ ਦੌਰਾਨ ਗੁਰੂ ਕਾ ਲੰਗਰ ਤੇ ਚਾਹ ਪਕੌੜਿਆਂ ਦਾ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਸਿੱਖ ਮਿਸ਼ਨਰੀ ਕਾਲਜ ਹੁਸ਼ਿਆਰਪੁਰ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ । ਇਸ ਮੌਕੇ ਬਲਜਿੰਦਰ ਸਿੰਘ ਸੈਣੀ ਪ੍ਰਧਾਨ, ਹਰਦੀਪ ਸਿੰਘ,ਸਰਬਜੀਤ ਸਿੰਘ ਸੋਨੀ ਯੂਐੱਸਏ ਵਾਲਿਆਂ ਨੇ ਆਈ ਹੋਈ ਸਮੂਹ ਸੰਗਤ ਅਤੇ ਕੀਰਤਨ ਦਰਬਾਰ ਵਿੱਚ ਸਹਿਯੋਗ ਦੇਣ ਵਾਲੀਆਂ ਸਾਰੀਆਂ ਸੰਸਥਾਵਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ, ਮਲਕੀਤ ਸਿੰਘ, ਸੰਜੀਵ ਭਾਰਦਵਾਜ, ਭੁਪਿੰਦਰ ਸਿੰਘ, ਮੰਗਵਿੰਦਰ ਸਿੰਘ, ਨਾਇਬ ਸਿੰਘ, ਬਲਵਿੰਦਰ ਸਿੰਘ, ਅਮਰੀਕ ਸਿੰਘ ਸੰਧਰ, ਓਮਨਿੰਦਰ ਸਿੰਘ ਐਸਡੀਓ, ਰਾਮ ਪ੍ਰਕਾਸ਼, ਰਵੀ ਠਾਕੁਰ, ਪੰਕਜ ਕੁਮਾਰ, ਅਮਰਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਸੁਆਂਕ ਸ਼ਰਮਾ, ਜਗਦੀਪ ਸਿੰਘ, ਜਤਿੰਦਰ ਕੁਮਾਰ, ਸੁਖਵਿੰਦਰ ਸਿੰਘ ਕਾਹਲੋਂ ਆਦਿ ਵੀ ਮੌਜੂਦ ਸਨ।

# ਪਿੰਡ ਸਰੀਂਹ 'ਚ ਵੱਡੀ ਗਿਣਤੀ 'ਚ ਲੋਕਾਂ ਨੇ 'ਆਪ' ਦਾ ਪੱਲਾ ਫੜਿਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਮੁੱਖ ਮੰਤਰੀ ਭਗਵੰਤ ਮਾਨ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਸਰੀਂਹ ਵਿਚ ਕਾਂਗਰਸੀ ਖੇਮੇ ਦੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਫੜਿਆ। ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਕਿ ਪਿਛਲੇ ਚਾਰ ਸਾਲ ਤੋਂ ਕੀਤੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਪਿੰਡ ਸਰੀਂਹ ਦੇ ਲੋਕ ਲਗਾਤਾਰ ਆਮ ਆਦਮੀ ਪਾਰਟੀ ਦਾ ਸਹਿਯੋਗ ਕਰ ਰਹੇ ਹਨ। ਇੱਥੋਂ ਦੇ ਕਾਂਗਰਸ ਦੀ ਤਰਫੋਂ ਬਲਾਕ ਸੰਮਤੀ ਮੈਂਬਰ ਬਣੇ ਚਰਨਜੀਤ ਸਿੰਘ ਜੋ ਪਿਛਲੇ ਦਿਨੀਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸਨ, ਨੂੰ ਪਾਰਟੀ ਨੇ ਬਲਾਕ ਸੰਮਤੀ ਨਕੋਦਰ ਦਾ ਚੇਅਰਮੈਨ ਬਣਾਇਆ। ਇਸ ਮੌਕੇ ਤੇ ਮੁੱਖ ਤੌਰ ਤੇ ਸੰਤੋਖ ਸਿੰਘ ਸੋਖਾ ਜਿਹਨਾਂ ਦੇ ਯਤਨਾ ਸਦਕਾ ਆਮ ਆਦਮੀ ਪਾਰਟੀ ਵਿੱਚ ਸ਼ਾਮੂਲੀਅਤ ਕਰਨ ਵਾਲਿਆ ਵਿੱਚ ਰੇਸ਼ਮ ਸਿੰਘ, ਕੁਲਵੰਤ ਸਿੰਘ, ਹਰਪ੍ਰੀਤ ਸਿੰਘ, ਗਿਆਨ ਚੰਦ, ਤੀਰਥ ਸਿੰਘ,ਸੁਰਿੰਦਰ ਸਿੰਘ



ਛਿੰਦਾ, ਡਾਕਟਰ ਜਗਦੀਸ਼, ਜੋਗਾ ਸਿੰਘ ਪਾਠੀ, ਵਿੱਕੀ, ਮਨਜੋਤ ਸਿੰਘ, ਸਾਬ ਮਿਸਤਰੀ, ਕੱਲੂ, ਸੋਨੂ, ਮੋਨੂੰ ਸਾਊਂਡ ਵਾਲਾ, ਮੋਤੀ ਭਗਤਾ ਦਾ,ਗੁਰਮੱਖ ਸਿੰਘ ਲਾਲਾ, ਜਸਵੀਰ ਸਿੰਘ, ਬਲਜਿੰਦਰ ਸਿੰਘ ਤੇਰੂ, ਗੁਰਜੋਤ ਗੋਰਾ, ਬਿੰਦਰ ਸਿੰਘ, ਤੋਖਾ,ਰੇਖੋ, ਸੌਨੂੰ, ਮੌਲਵੀ, ਗੁਰਕਿਰਤ ਸਿੰਘ, ਜਸਕੀਰਤ ਸਿੰਘ, ਚਰਨਜੀਤ ਸਿੰਘ ਬਿੱਲਾ, ਤੇਜਿੰਦਰ ਕੌਰ, ਜਗਵਿੰਦਰ ਕੌਰ, ਸੁਖਰਾਜ ਕੌਰ, ਮਨਜੀਤ ਕੌਰ, ਸੁਰਿੰਦਰ ਕੌਰ, ਹਰਮਨ ਕੌਰ, ਜਸਬੀਰ ਕੌਰ, ਪਵਨਦੀਪ ਕੌਰ, ਮਹਿੰਦਰ ਕੌਰ, ਸੁਰਜੀਤ ਕੌਰ, ਕਮਲਜੀਤ ਕੌਰ, ਹਰਮਨ ਕੌਰ, ਪਿੰਕੀ, ਪਿਆਰੀ, ਊਸ਼ਾ, ਨਿਰਮਲ ਕੌਰ, ਸੁਖਵੀਰ ਕੌਰ, ਬਲਵੀਰ ਕੌਰ, ਪਰਮਜੀਤ ਕੌਰ, ਸ਼ਿਵਾਨੀ ਸ਼ਾਮਲ ਹੋਏ ਜਿਹਨਾਂ ਦਾ ਜੋਰਦਾਰ ਸਵਾਗਤ ਕਰਦਿਆ ਬੀਬੀ ਮਾਨ ਨੇ ਨਿੱਘਾ ਸਵਾਗਤ ਕਰਦਿਆ ਪਾਰਟੀ ਵਿੱਚ ਪੂਰਾ ਮਾਣ ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਤੇ ਪਾਰਟੀ ਦੇ ਸੀਨੀਅਰ ਆਗੂ ਦਰਸ਼ਨ ਸਿੰਘ ਟਾਹਲੀ, ਗੁਰਜਿੰਦਰ ਸਿੰਘ ਜੰਟਾ, ਸਾਬਕਾ ਸਰਪੰਚ ਗੁਰਮੁੱਖ ਸਿੰਘ, ਮੱਖਣ ਸਿੰਘ, ਮਨਜੀਤ ਸਿੰਘ, ਕਿਸਾਨ ਆਗੂ ਬੂਟਾ ਸਿੰਘ ਆਦਿ ਹਾਜ਼ਰ ਸਨ।

## ਦੇਵ ਸਮਾਜ ਕਾਲਜ 'ਚ 'ਪਹਿਚਾਣ 2026' ਦਾ ਸ਼ਾਨਦਾਰ ਆਯੋਜਨ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਵਿਖੇ ਪੋਸਟ ਗ੍ਰੈਜੂਏਟ ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਕਾਸਮੈਟੋਲੋਜੀ ਐਂਡ ਹੈਲਥ ਕੇਅਰ ਵਿਭਾਗ ਦੇ ਸਹਿਯੋਗ ਨਾਲ 'ਪਹਿਚਾਣ 2026' ਨਾਮਕ ਫੈਸ਼ਨ ਸ਼ੋ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਆਪਣੀ ਰਚਨਾਤਮਕਤਾ, ਆਤਮਵਿਸ਼ਵਾਸ ਤੇ ਡਿਜ਼ਾਈਨਿੰਗ ਹੁਨਰ ਨੂੰ ਪ੍ਰਦਰਸ਼ਤ ਕਰਨ ਲਈ ਇੱਕ ਮਜ਼ਬੂਤ ਮੰਚ ਪ੍ਰਦਾਨ ਕਰਨਾ ਸੀ। ਇਸ ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਫਿਰੋਜ਼ਪੁਰ ਦੀ ਮਸ਼ਹੂਰ ਉੱਦਮੀ ਸੰਜਨਾ ਮਿੱਤਲ, ਪ੍ਰਾਚੀ ਮਿੱਤਲ ਤੇ ਸ਼ੈਲੀ ਬਤਰਾ ਸ਼ਾਮਲ ਹੋਏ। ਫੈਸ਼ਨ ਸ਼ੋ ਦੌਰਾਨ ਕੁੱਲ ਪੰਜ ਰੋਮਾਂਚਕ ਰਾਊਂਡ ਕਰਵਾਏ ਗਏ, ਜਿਨ੍ਹਾਂ ਵਿੱਚ ਫੈਸ਼ਨ ਤੇ ਰਚਨਾਤਮਕਤਾ ਦੇ ਵੱਖ-ਵੱਖ ਪਹਿਲੂ ਪੇਸ਼ ਕੀਤੇ ਗਏ। ਸਾਰਾ ਪ੍ਰੋਗਰਾਮ ਬਹੁਤ ਹੀ ਰੁਚਿਕਰ ਤੇ ਆਕਰਸ਼ਕ ਰਿਹਾ ਅਤੇ ਮਹਿਮਾਨਾਂ ਤੇ ਦਰਸ਼ਕਾਂ ਵੱਲੋਂ ਇਸ ਦੀ ਖੂਬ ਸਰਾਹਨਾ ਕੀਤੀ ਗਈ। ਕਾਸਮੈਟੋਲੋਜੀ ਵਿਭਾਗ ਨੇ ਮਾਡਲਜ਼ ਦਾ ਮੇਕਅਪ ਕਰਕੇ ਮਹੱਤਵਪੂਰਨ ਭੂਮਿਕਾ ਨਿਭਾਈ, ਜਿਸ ਨਾਲ ਉਨ੍ਹਾਂ ਦੀ ਸਮੁੱਚੀ ਪ੍ਰਸਤੁਤੀ ਹੋਰ ਵੀ ਪ੍ਰਭਾਵਸ਼ਾਲੀ ਬਣ ਗਈ। ਕਾਰਜਕ੍ਰਮ ਦਾ ਸਮਾਪਨ ਡਾ. ਖੁਸ਼ਵਿੰਦਰ ਕੌਰ ਗਿੱਲ ਵੱਲੋਂ ਧੰਨਵਾਦ ਪ੍ਰਸਤਾਵ ਨਾਲ ਕੀਤਾ ਗਿਆ। ਉਨ੍ਹਾਂ ਨੇ ਇਸ ਪ੍ਰੋਗਰਾਮ ਦੀ ਸਫਲਤਾ ਲਈ ਸਨਮਾਨਯੋਗ ਪ੍ਰਿੰਸੀਪਲ, ਮੁੱਖ ਮਹਿਮਾਨਾਂ, ਫੈਕਲਟੀ ਮੈਂਬਰਾਂ ਜਿਵੇਂ ਕਿ ਕਨਿਕਾ ਸਚਦੇਵਾ, ਚੰਦ੍ਰਿਕਾ ਖੰਨਾ, ਗਗਨਪ੍ਰੀਤ, ਪਵਨ ਕੁਮਾਰ, ਸਹਾਇਕ ਪ੍ਰੋਫੈਸਰ, ਆਯੋਜਨ ਕਮੇਟੀ ਤੇ ਵਿਦਿਆਰਥਣਾਂ ਦਾ ਧੰਨਵਾਦ ਕੀਤਾ।

# ਬੀ ਕੇ ਯੂ ਏਕਤਾ ਆਜ਼ਾਦ ਨੇ ਖੇਤੀ ਵਪਾਰ ਸਮਝੌਤੇ ਦੇ ਵਿਰੋਧ 'ਚ ਪੁਤਲੇ ਫੂਕੇ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਖੇਤੀ ਵਪਾਰ ਸਮਝੌਤੇ ਦੇ ਵਿਰੋਧ ਵਿੱਚ ਕਿਸਾਨ ਮਜ਼ਦੂਰ ਮੋਰਚਾ ਦੇ ਸੱਦੇ ਨੂੰ ਸਫਲ ਬਣਾਉਣ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ (ਆਜ਼ਾਦ) ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ਮੌਕੇ ਵਿਰੋਧ ਦਰਜ ਕਰਵਾਉਣ ਲਈ ਦਿੱਲੀ-ਜੰਮੂ-ਕੱਟੜਾ ਐਕਸਪ੍ਰੈੱਸ ਵੇਅ ਦੇ ਘੱਗਾ ਟੋਲ ਪਲਾਜ਼ਾ ਵਿਖੇ ਜਥੇਬੰਦੀ ਦੇ ਬਲਾਕ ਪ੍ਰਧਾਨ ਮਨਦੀਪ ਸਿੰਘ ਭੂਤਗੜ੍ਹ ਦੀ ਅਗਵਾਈ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੁਤਲਾ ਫੂਕਿਆ ਗਿਆ।ਇਸ ਦੌਰਾਨ ਇਕੱਤਰ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਜਾ ਰਹੇ ਖੇਤੀ ਵਪਾਰ ਸਮਝੌਤੇ ਦੇ ਵਿਰੋਧ ਵਿੱਚ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।

ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਯਾਦਵਿੰਦਰ ਸਿੰਘ ਬੂਰੜ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਵਿੱਚ ਮੋਦੀ ਸਰਕਾਰ ਵੱਲੋਂ ਰੈਲੀਆਂ ਕੀਤੀਆਂ ਜਾ ਰਹੀਆਂ, ਦੂਜੇ ਪਾਸੇ ਮੋਦੀ ਸਰਕਾਰ ਖੇਤੀ ਵਪਾਰ ਸਮਝੌਤੇ ਨੂੰ



ਲਾਗੂ ਕਰਕੇ ਭਾਰਤ ਦੇ ਕਿਸਾਨਾਂ ਦੀ ਪਿੱਠ ਵਿੱਚ ਛੁਰਾ ਮਾਰ ਰਹੀ ਹੈ।ਖੇਤੀ ਵਪਾਰ ਸਮਝੌਤੇ ਦੇ ਲਾਗੂ ਹੋਣ ਨਾਲ ਪੰਜਾਬ ਦੇ ਕਿਸਾਨਾਂ ਦੀ ਗੀੜ੍ਹ ਦੀ ਹੱਡੀ ਟੁੱਟ ਜਾਣੀ ਹੈ। ਖੇਤੀ ਪੂਰੀ ਤਰ੍ਹਾਂ ਤਬਾਹੀ ਦੇ ਕੰਢੇ ਪੁੱਜ ਜਾਵੇਗੀ।

ਡੇਅਰੀ ਫਾਰਮਿੰਗ ਦਾ ਧੰਦਾ, ਜੋ ਪੰਜਾਬ ਦੇ ਲੋਕਾਂ ਦਾ ਇੱਕੋ ਇੱਕ ਰੁਜ਼ਗਾਰ ਦਾ ਵੱਡਾ ਸਾਧਨ ਹੈ, ਬਾਹਰੋਂ ਦੁੱਧ ਤੇ ਡੇਅਰੀ ਦੇ ਪ੍ਰੋਡਕਟ ਆਉਣ ਨਾਲ ਖਤਮ ਹੋ ਜਾਵੇਗਾ।ਪੰਜਾਬ ਤੇ ਭਾਰਤ ਦੇ ਲੋਕਾਂ ਦਾ ਪੈਦਾ ਕੀਤਾ ਦੁੱਧ ਕੌਡੀਆਂ ਦੇ ਭਾਅ ਹੋ ਜਾਣਾ ਹੈ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਅਮਰੀਕਾ ਅੱਗੇ ਪੂਰੀ ਤਰ੍ਹਾਂ ਗੋਡੇ ਟੇਕ ਕੇ ਸਮਝੌਤਾ ਕੀਤਾ ਹੈ, ਜਿਸ ਨਾਲ ਭਾਰਤ ਦੀ ਪ੍ਰਭੂ ਸੱਤਾ ਨੂੰ ਵੀ ਡੂੰਘੀ ਸੱਟ ਵੱਜੀ ਹੈ।ਉਨ੍ਹਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਖੇਤੀ ਵਪਾਰ ਸਮਝੌਤੇ ਨੂੰ ਕੇਂਦਰ ਦੀ ਮੋਦੀ ਸਰਕਾਰ ਨੇ ਰੱਦ ਨਾ ਕੀਤਾ ਤਾਂ ਪੰਜਾਬ ਤੇ ਭਾਰਤ ਦੇ ਲੋਕਾਂ ਵੱਲੋਂ ਤਿੰਨ ਖੇਤੀ ਕਾਨੂੰਨਾਂ ਵਾਂਗ ਵੱਡਾ ਅੰਦੋਲਨ ਖੜ੍ਹਾ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਆਗੂ, ਪ੍ਰੈੱਸ ਸਕੱਤਰ ਗੁਰਜਿੰਦਰ ਸਿੰਘ ਸੁਧਾਰਨਪੁਰ, ਬਿੱਕਰ ਸਿੰਘ ਬੂਰੜ, ਅਮਨਦੀਪ ਸਿੰਘ ਘੱਗਾ, ਪ੍ਰਿਤਪਾਲ ਸਿੰਘ, ਸੁੱਖਾ ਸਿੰਘ, ਨਿਸ਼ਾਨ ਸਿੰਘ, ਮੁਖਤਿਆਰ ਸਿੰਘ, ਕੁਲਦੀਪ ਸਿੰਘ, ਗੁਰਜੰਟ ਸਿੰਘ ਤੇ ਪਪਨੀ ਘੱਗਾ ਆਦਿ ਹਾਜ਼ਰ ਸਨ।

## ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਥਾਣਾ ਸਿਟੀ ਫਿਰੋਜ਼ਪੁਰ ਤੇ ਥਾਣਾ ਘੱਲ ਖੁਰਦ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 9 ਗ੍ਰਾਮ ਹੈਰੋਇਨ ਸਮੇਤ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲੇ ਦਰਜ ਕੀਤੇ ਹਨ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਰਮਨ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੇ ਗਸ਼ਤ ਦੌਰਾਨ ਲਵਪ੍ਰੀਤ ਸਿੰਘ ਉਰਫ ਕਾਲੂ ਪੁੱਤਰ ਵਿਜੇ ਕੁਮਾਰ ਵਾਸੀ ਗਲੀ ਸ਼ਹਿਨਸ਼ਾਹ ਬਸਤੀ ਭੱਟੀਆਂ ਵਾਲੀ ਸਿਟੀ ਫਿਰੋਜ਼ਪੁਰ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਉਸ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਘੱਲ ਖੁਰਦ ਪੁਲਸ ਦੇ ਸਹਾਇਕ ਥਾਣੇਦਾਰ ਹਰਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਇਲਾਕੇ ਵਿਚ ਸੀ ਤਾਂ ਇਕ ਸ਼ੱਕੀ ਵਿਅਕਤੀ ਸਵਰਨ ਸਿੰਘ ਪੁੱਤਰ ਅਜਮੇਰ ਸਿੰਘ ਵਾਸੀ ਵਾਰਡ ਨੰਬਰ 6 ਮੁੱਦਕੀ ਨੂੰ ਕਾਬੂ ਕਰਕੇ ਉਸ ਪਾਸੋਂ ਇਕ ਮੋਮੀ ਲਿਫਾਫੇ ਵਿੱਚੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

## ਬਿਜਲੀ ਗਰਿੱਡ ਵਿਖੇ ਸਰਬੱਤ ਦੇ ਭਲੇ ਲਈ ਧਾਰਮਿਕ ਸਮਾਗਮ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-220 ਕੇ ਵੀ ਗਰਿੱਡ ਸਬ-ਸਟੇਸ਼ਨ ਤੇ ਪਾਵਰਕਾਮ ਦੇ ਸਮੂਹ ਮੁਲਾਜ਼ਮਾਂ ਵੱਲੋਂ ਗਰਿੱਡ ਮਹਿਲ ਕਲਾਂ ਵਿਖੇ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ।ਇਸ ਮੌਕੇ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਕੀਰਤਨੀ ਜਥੇ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਸਮੇਂ ਇੰਜੀ: ਅਰਸ਼ਦੀਪ ਸਿੰਘ ਐਕਸੀਅਨ, ਇੰਜੀ: ਗਗਨਦੀਪ ਸਿੰਘ ਦਿਹਾਤੀ ਮੰਡਲ ਬਰਨਾਲਾ, ਇੰਜ: ਵਿਕਾਸ ਸਿੰਗਲਾ ਸ਼ਹਿਰੀ ਮੰਡਲ ਬਰਨਾਲਾ, ਐੱਸ ਡੀ ਓ ਮੋਹਿਤ ਬਾਂਸਲ, ਇੰਜ: ਗੁਰਮੇਲ ਸਿੰਘ ਚੰਨਣਵਾਲ, ਇੰਜ: ਗੁਰਲਾਭ ਸਿੰਘ ਮੌੜ, ਸ਼ਿੰਦਰਪਾਲ ਸਿੰਘ ਜੱਸੜ ਜਥੇਬੰਦਕ ਸਕੱਤਰ ਪੰਜਾਬ, ਮੁਲਾਜ਼ਮ ਆਗੂ ਨਿਰਮਲ ਸਿੰਘ ਹਰਦਾਸਪੁਰਾ, ਹਰਦੇਵ ਸਿੰਘ ਪੰਡੋਰੀ, ਇੰਜ: ਗੁਰਪ੍ਰੀਤ ਸਿੰਘ, ਇੰਜ: ਜਸਵੰਤ ਸਿੰਘ ਮਹਿਲ ਖੁਰਦ, ਮਨਦੀਪ ਸਿੰਘ ਕੁਰੜ, ਸਖਪਾਲ ਸਿੰਘ ਕਾਲਾ ਮੱਲੀ, ਚਰਨਜੀਤ ਸਿੰਘ ਖਿਆਲੀ, ਹਰਬੰਸ ਸਿੰਘ ਲਾਇਨਮੈਨ, ਜਥੇ: ਨਾਥ ਸਿੰਘ ਹਮੀਦੀ, ਗੁਰਮੇਲ ਸਿੰਘ ਮੌੜ, ਜਸਮੇਲ ਸਿੰਘ ਡੇਅਰੀ ਵਾਲਾ, ਸਰਪੰਚ ਬਚਿੱਤਰ ਸਿੰਘ ਰਾਇਸਰ, ਸਰਪੰਚ ਨਿਰਭੈ ਸਿੰਘ, ਜਗਰਾਜ ਸਿੰਘ ਹਰਦਾਸਪੁਰਾ, ਸਿਕੰਦਰ ਸਿੰਘ ਮਹਿਲ ਖੁਰਦ, ਗੁਰਧਿਆਨ ਸਿੰਘ ਸੰਘੇੜਾ, ਵੱਖ-ਵੱਖ ਕਿਸਾਨ ਯੂਨੀਅਨ ਦੇ ਆਗੂ, ਸ਼ੈਲਰ ਐਸੋਸੀਏਸ਼ਨ, ਦੂਰ ਸੰਚਾਰ ਵਿਭਾਗ, ਆੜ੍ਹਤੀਆ ਐਸੋਸੀਏਸ਼ਨ, ਦੁਕਾਨਦਾਰ ਯੂਨੀਅਨ, ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ, ਨੰਬਰਦਾਰ ਭਾਈਚਾਰੇ ਵੱਡੀ ਗਿਣਤੀ 'ਚ ਸ਼ਮੂਲੀਅਤ ਕੀਤੀ।ਅਖੀਰ ਵਿੱਚ ਇੰਜ: ਕੁਲਵੀਰ ਸਿੰਘ ਔਲਖ ਨੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ।ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।

## ਹੋਲੀ ਹਾਰਟ ਸਕੂਲ ਵਿਖੇ ਨੋ ਸਮੋਕਿੰਗ ਡੇਅ ਮਨਾਇਆ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਨੋ ਸਮੋਕਿੰਗ ਡੇ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਵਿਦਿਆਰਥੀਆਂ ਨੂੰ ਧੂਮਰਪਾਨ ਦੇ ਨੁਕਸਾਨਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸਮਝਾਇਆ ਗਿਆ ਕਿ ਧੂਮਰਪਾਨ ਸਿਹਤ ਲਈ ਬਹੁਤ ਹੀ ਹਾਨੀਕਾਰਕ ਹੈ ਤੇ ਇਹ ਮਨੁੱਖ ਦੇ ਸਰੀਰ ਨੂੰ ਅੰਦਰੋਂ ਅੰਦਰ ਕਮਜ਼ੋਰ ਕਰ ਦਿੰਦਾ ਹੈ।ਧੂਮਰਪਾਨ ਕਰਨ ਨਾਲ ਫੇਫੜਿਆਂ, ਦਿਲ ਤੇ ਸਰੀਰ ਦੇ ਹੋਰ ਅਹਿਮ ਅੰਗਾਂ 'ਤੇ ਬੁਰਾ ਪ੍ਰਭਾਵ ਪੈਂਦਾ ਹੈ ਤੇ ਕਈ ਗੰਭੀਰ ਬਿਮਾਰੀਆਂ ਦਾ ਖਤਰਾ ਵੱਧ ਜਾਂਦਾ ਹੈ।ਉਨ੍ਹਾਂ ਬੱਚਿਆਂ ਨੂੰ ਦੱਸਿਆ ਕਿ ਅੱਜਕੱਲ੍ਹ ਦੇ ਸਮੇਂ ਵਿੱਚ ਕਈ ਲੋਕ ਸਿਗਰਟ, ਬੀੜੀ ਤੇ ਤਮਾਕੂ ਵਰਗੀਆਂ ਆਦਤਾਂ ਦੇ ਸ਼ਿਕਾਰ ਹੋ ਰਹੇ ਹਨ, ਜੋ ਕਿ ਸਿਹਤ ਲਈ ਬਹੁਤ ਖਤਰਨਾਕ ਹਨ।ਇਸ ਦੌਰਾਨ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਨਾਉਣ, ਖੇਡਾਂ ਤੇ ਕਸਰਤ ਦੀ ਮਹੱਤਤਾ ਬਾਰੇ ਵੀ ਦੱਸਿਆ ਗਿਆ।ਸਕੂਲ ਦੇ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਦਿਵਸ ਮਨਾਉਣ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਚੰਗੀਆਂ ਆਦਤਾਂ ਪੈਦਾ ਕਰਨਾ ਤੇ ਉਨ੍ਹਾਂ ਨੂੰ ਸਿਹਤ ਪ੍ਰਤੀ ਜਾਗਰੂਕ ਬਣਾਉਣਾ ਹੈ।ਉਨ੍ਹਾਂ ਕਿਹਾ ਕਿ ਜੇ ਬੱਚੇ ਛੋਟੀ ਉਮਰ ਤੋਂ ਹੀ ਧੂਮਰਪਾਨ ਵਰਗੀਆਂ ਮਾੜੀਆਂ ਆਦਤਾਂ ਤੋਂ ਦੂਰ ਰਹਿਣ ਦੀ ਸਿੱਖਿਆ ਲੈਣਗੇ ਤਾਂ ਉਹ ਭਵਿੱਖ ਵਿੱਚ ਇੱਕ ਸਿਹਤਮੰਦ ਤੇ ਸੁਚੱਜਾ ਸਮਾਜ ਬਣਾਉਣ ਵਿੱਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਸਕਣਗੇ।

## ਡਿਜੀਟਲ ਪੇਪਰ ਮਾਰਕਿੰਗ ਨੇ ਪ੍ਰੇਸ਼ਾਨ ਕੀਤੇ ਅਧਿਆਪਕ

### ਪੇਪਰ ਮਾਰਕਿੰਗ ਆਫਲਾਈਨ ਹੀ ਹੋਵੇ : ਡੀ.ਟੀ.ਐੱਫ.

**ਲੌਂਗੋਵਾਲ/ਸੰਗਰੂਰ (ਪ੍ਰਦੀਪ ਸੱਪਲ/ਪ੍ਰਵੀਨ ਸਿੰਘ)**-ਪੰਜਾਬ ਸਕੂਲ ਸਿੱਖਿਆ ਬੋਰਡ ਨੇ ਨਵੇਂ ਫੈਸਲੇ ਡਿਜੀਟਲ ਪੇਪਰ ਮਾਰਕਿੰਗ ਨੇ ਅਧਿਆਪਕਾਂ ਨੂੰ ਵੱਡੀ ਪ੍ਰੇਸ਼ਾਨੀ ਖੜ੍ਹੀ ਕਰ ਦਿੱਤੀ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਦਾਤਾ ਸਿੰਘ ਨਮੋਲ ਤੇ ਜਨਰਲ ਸਕੱਤਰ ਹਰਭਗਵਾਨ ਗੁਰਨੇ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਅੱਠਵੀਂ ਜਮਾਤ ਦੇ ਸਮਾਜਿਕ ਸਿੱਖਿਆ ਦੇ ਪੇਪਰ ਦੀ ਮਾਰਕਿੰਗ ਡਿਜੀਟਲ ਤਰੀਕੇ ਨਾਲ ਕਰਨ ਦਾ ਹੁਕਮ ਆਇਆ ਹੈ, ਜਿਸ ਕਾਰਨ ਅਧਿਆਪਕ ਪ੍ਰੇਸ਼ਾਨ ਹਨ।ਆਗੂਆਂ ਨੇ ਦੱਸਿਆ ਕਿ ਅਧਿਆਪਕਾਂ ਕੋਲ ਇੰਟਰਨੈੱਟ ਦੀ ਸਮੱਸਿਆ ਤੇ ਕੰਪਿਊਟਰ ਜਾਂ ਲੈਪਟਾਪ ਦੀ ਸਮੱਸਿਆ ਕਾਰਨ ਇਹ ਪੇਪਰ ਮਾਰਕਿੰਗ ਪ੍ਰੇਸ਼ਾਨੀ ਦਾ ਸਬੱਬ ਬਣ ਰਿਹਾ ਹੈ।ਇਸ ਪੇਪਰ ਮਾਰਕਿੰਗ ਦਾ ਸਮਾਂ ਵੀ 9 ਤੋਂ 4 ਵਜੇ ਤੱਕ ਰੱਖਣ ਕਾਰਨ ਅਧਿਆਪਕ ਪ੍ਰੇਸ਼ਾਨ ਹੋ ਰਹੇ ਹਨ।ਦੂਰ ਦਰਾਜ ਦੇ ਦਿਹਾਤੀ ਇਲਾਕਿਆਂ ਵਿੱਚ ਇੰਟਰਨੈੱਟ ਦੀ ਸਮੱਸਿਆ ਹੋਣ ਕਾਰਨ ਪੇਪਰ ਮਾਰਕਿੰਗ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ।ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ, ਪ੍ਰੈੱਸ ਸਕੱਤਰ ਜਸਬੀਰ ਨਮੋਲ ਤੇ ਵਿੱਤ ਸਕੱਤਰ ਯਾਦਵਿੰਦਰ ਧੂਰੀ ਨੇ ਦੱਸਿਆ ਕਿ ਇਸ ਮਾਰਕਿੰਗ ਦੀਆਂ ਡਿਊਟੀਆਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਲੱਗਣ ਕਾਰਨ ਵੀ ਪ੍ਰੇਸ਼ਾਨੀ ਆ ਰਹੀ ਹੈ, ਕਿਉਂਕਿ ਜੋ ਅਧਿਆਪਕ ਕਿਸੇ ਸਮੱਸਿਆ ਕਾਰਨ ਪੇਪਰ ਮਾਰਕਿੰਗ ਕਰਨ ਦੇ ਯੋਗ ਨਹੀਂ ਉਸ ਦੀ ਡਿਊਟੀ ਜ਼ਿਲ੍ਹਾ ਪੱਧਰ 'ਤੇ ਨਹੀਂ ਕੱਟੀ ਜਾ ਰਹੀ।ਇਸ ਤੋਂ ਇਲਾਵਾ ਇਸ ਪੇਪਰ ਮਾਰਕਿੰਗ ਬਾਰੇ ਅਧਿਆਪਕਾਂ ਨੂੰ ਕੋਈ ਟ੍ਰੇਨਿੰਗ ਨਹੀਂ ਦਿੱਤੀ ਗਈ।ਆਗੂਆਂ ਨੇ ਮੰਗ ਕੀਤੀ ਕਿ ਪੇਪਰ ਮਾਰਕਿੰਗ ਪਹਿਲਾਂ ਦੀ ਤਰ੍ਹਾਂ ਆਫ਼ਲਾਈਨ ਹੀ ਹੋਵੇ।

# ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚੇ ਵੱਲੋਂ ਸਰਕਾਰ ਖ਼ਿਲਾਫ਼ ਰੋਸ ਪ੍ਰਗਟ

### ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ

**ਫਿਰੋਜ਼ਪੁਰ (ਗੁਰਬਚਨ ਸਿੰਘ)**-ਪੁਰਾਣੀ ਪੈਨਸ਼ਨ ਪ੍ਰਾਪਤੀ ਮੋਰਚਾ ਪੰਜਾਬ ਦੇ ਆਗੂਆਂ ਵੱਲੋਂ ਪੰਜਾਬ ਸਰਕਾਰ ਦੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਵਿੱਚ ਕੀਤੀ ਜਾ ਰਹੀ ਦੇਰੀ ਖ਼ਿਲਾਫ਼ ਭਾਰੀ ਰੋਸ ਪ੍ਰਗਟ ਕੀਤਾ ਗਿਆ।ਮੋਰਚੇ ਦੇ ਸੂਬਾ ਕਨਵੀਨਰ ਗੁਰਜੰਟ ਸਿੰਘ ਕੋਕਰੀ, ਕੋ-ਕਨਵੀਨਰ ਰਣਦੀਪ ਸਿੰਘ ਸ੍ਰੀ ਫ਼ਤਹਿਗੜ੍ਹ ਸਾਹਿਬ, ਟਹਿਲ ਸਿੰਘ ਸਰਾਭਾ, ਕੰਵਲਜੀਤ ਸਿੰਘ ਰੋਪੜ, ਦਰਸ਼ੀ ਕਾਂਤ ਰਾਜਪੁਰਾ, ਡਿੰਪਲ ਰੋਹੇਲਾ ਤੇ ਸਤਨਾਮ ਸਿੰਘ ਫਿਰੋਜ਼ਪੁਰ ਨੇ ਸਾਂਝੇ ਬਿਆਨ ਰਾਹੀਂ ਕਿਹਾ ਕਿ ਪੰਜਾਬ ਸਰਕਾਰ 01 ਜਨਵਰੀ 2004 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੇ ਮਾਮਲੇ ਵਿੱਚ ਟਾਲ-ਮਟੋਲ ਕਰ ਰਹੀ ਹੈ।ਆਗੂਆਂ ਨੇ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ ਨੇ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲਗਭਗ 2 ਲੱਖ ਐੱਨਪੀਐੱਸ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ ਤੋਂ ਬਾਅਦ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇਗੀ, ਪਰ ਸਰਕਾਰ ਦੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਕਿਸੇ ਵੀ ਮੁਲਾਜ਼ਮ ਦਾ ਜੀਪੀਐੱਫ਼ ਖਾਤਾ ਨਹੀਂ ਖੋਲ੍ਹਿਆ ਗਿਆ।ਮੋਰਚੇ ਦੇ ਆਗੂਆਂ ਨੇ ਕਿਹਾ ਕਿ ਰਾਜਸਥਾਨ, ਛੱਤੀਸਗੜ੍ਹ, ਝਾਰਖੰਡ ਤੇ ਹਿਮਾਚਲ ਪ੍ਰਦੇਸ਼ ਵਰਗੇ ਰਾਜਾਂ ਨੇ ਨਵੀਂ ਪੈਨਸ਼ਨ ਸਕੀਮ ਬੰਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਹੈ।ਉਨ੍ਹਾਂ ਕੇਂਦਰ ਸਰਕਾਰ ਵੱਲੋਂ ਲਿਆਂਦੀ ਜਾ ਰਹੀ ਯੂਨੀਫਾਈਡ ਪੈਨਸ਼ਨ ਸਕੀਮ ਨੂੰ ਵੀ ਰੱਦ ਕਰਨ ਦੀ ਮੰਗ ਕਰਦੇ ਹੋਏ ਪੰਜਾਬ ਸਰਕਾਰ ਤੋਂ 1972 ਦੇ ਪੈਨਸ਼ਨ ਨਿਯਮਾਂ ਅਨੁਸਾਰ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕਰਨ ਦੀ ਮੰਗ ਕੀਤੀ।ਮੋਰਚੇ ਦੇ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਲਦ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਾ ਕੀਤੀ ਤਾਂ ਸਮੂਹ ਐੱਨਪੀਐੱਸ ਮੁਲਾਜ਼ਮਾਂ ਨੂੰ ਲਾਮਬੰਦ ਕਰਕੇ ਪੰਜਾਬ ਸਰਕਾਰ ਵਿਰੁੱਧ ਆਉਣ ਵਾਲੇ ਸਮੇਂ ਵਿੱਚ ਤਿੱਖਾ ਸੰਘਰਸ਼ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਮੁਲਾਜ਼ਮ ਵਰਗ ਸਰਕਾਰ ਨੂੰ ਆਪਣਾ ਜਵਾਬ ਜ਼ਰੂਰ ਦੇਵੇਗਾ।

## ਚੇਤ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਸ਼ਰਧਾ ਨਾਲ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਚੇਤ ਮਹੀਨੇ ਦੀ ਸੰਗਰਾਂਦ ਤੇ ਨਾਨਕਸ਼ਾਹੀ ਕੈਲੰਡਰ ਅਨੁਸਾਰ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਨਵੇਂ ਸਾਲ ਦਾ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਸਵੇਰ ਤੋਂ ਹੀ ਸੰਗਤਾਂ ਵਿੱਚ ਗੁਰੂ ਘਰ ਨਤਮਸਤਕ ਹੋਣ ਲਈ ਉਤਸ਼ਾਹ ਦਿਖਾਈ ਦਿੱਤਾ। ਉਨ੍ਹਾਂ ਦੱਸਿਆ ਕਿ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਗੁਰੂ ਘਰ ਦੇ ਹਜ਼ੂਰੀ ਰਾਗੀ ਜਥੇ ਭਾਈ ਜਸਦੇਵ ਸਿੰਘ, ਭਾਈ ਸੁਖਵੀਰ ਸਿੰਘ ਤੇ ਭਾਈ ਗੁਰਵਿੰਦਰ ਸਿੰਘ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਉਪਰੰਤ ਬੀਬੀ ਪਰਮਜੀਤ ਕੌਰ ਖਾਲਸਾ, ਬੀਬੀ ਪਾਲਜੀਤ ਕੌਰ ਘਲੋਟੀ, ਸਾਰੰਗੀ ਮਾਸਟਰ ਸੁਖਵਿੰਦਰ ਸਿੰਘ ਤੇ ਜਥੇਦਾਰ ਗੁਰਦਿਆਲ ਸਿੰਘ ਦੇ ਢਾਡੀ ਜੱਥੇ ਵੱਲੋਂ ਵਾਰਾਂ ਪੇਸ਼ ਕੀਤੀਆਂ ਗਈਆਂ। ਹਜ਼ੂਰੀ ਕਥਾਵਾਚਕ ਭਾਈ ਇਕਨਾਮ ਸਿੰਘ ਵਲੋਂ ਚੇਤ ਮਹੀਨੇ ਨਾਲ ਸਬੰਧਤ ਗੁਰਬਾਣੀ ਅਨੁਸਾਰ ਕਥਾ ਦਾ ਪ੍ਰਵਾਹ ਚਲਾਇਆ ਗਿਆ। ਇਸ ਮੌਕੇ ਬਾਬਾ ਮੋਹਣ ਸਿੰਘ, ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ ਗੁਰਮੁਖ, ਗ੍ਰੰਥੀ ਗੁਰਪ੍ਰੀਤ ਸਿੰਘ, ਭਾਈ ਅਮਰਜੀਤ ਸਿੰਘ, ਖਜ਼ਾਨਚੀ ਜਸਪਿੰਦਰ ਸਿੰਘ, ਰਿਕਾਰਡ ਕੀਪਰ ਭੁਪਿੰਦਰ ਸਿੰਘ, ਸਟੋਰ ਕੀਪਰ ਗੁਲਜ਼ਾਰ ਸਿੰਘ, ਭਾਈ ਚਰਨਜੀਤ ਸਿੰਘ, ਹਰਬੰਤ ਸਿੰਘ ਮੁੱਤੋਂ, ਰਮੇਸ਼ ਸਿੰਘ ਉਟਾਲਾਂ, ਹਰਦੀਪ ਸਿੰਘ ਗੁਰੂਗੜ੍ਹ ਆਦਿ ਮੌਜੂਦ ਸਨ।

## ਔਰਤਾਂ ਨੂੰ ਮਿਲੇ ਮਾਨ-ਸਨਮਾਨ ਦੀ ਖੁਸ਼ੀ 'ਚ ਕੱਢੀ ਜਾਗੋ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਔਰਤਾਂ ਲਈ ਕੀਤੇ ਗਏ ਮਾਨ-ਸਨਮਾਨ ਦੇ ਐਲਾਨ ਦੀ ਖੁਸ਼ੀ ਵਿੱਚ ਜ਼ਿਲ੍ਹੇ ਦੇ ਚਾਰਾਂ ਹਲਕਿਆਂ ਵਿੱਚ ਆਮ ਆਦਮੀ ਪਾਰਟੀ ਦੀਆਂ ਔਰਤਾਂ ਵੱਲੋਂ ਵਿਸ਼ੇਸ਼ ਜਾਗੋ ਕੱਢ ਕੇ ਖੁਸ਼ੀ ਮਨਾਈ ਗਈ।ਪੰਜਾਬ ਦੀ ਆਮ ਆਦਮੀ ਪਾਰਟੀ ਵੱਲੋਂ ਸੂਬੇ ਭਰ ਦੀਆਂ ਐੱਸ. ਸੀ. ਵਰਗ ਨਾਲ ਸੰਬੰਧਤ ਔਰਤਾਂ ਨੂੰ 1500 ਰੁਪਏ ਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੇ ਐਲਾਨ ਤੋਂ ਬਾਅਦ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਜ਼ਿਲ੍ਹੇ ਦੇ ਚਾਰਾਂ ਹਲਕਿਆਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀ ਵਿੱਚ ਆਮ ਆਦਮੀ ਪਾਰਟੀ ਦੀਆਂ ਔਰਤਾਂ ਵੱਲੋਂ ਇਕ ਵਿਸ਼ੇਸ਼ ਜਾਗੋ ਕੱਢੀ ਗਈ।ਔਰਤਾਂ ਨੇ ਢੋਲ-ਢਮੱਕਿਆਂ ਨਾਲ ਖੁਸ਼ੀ ਪ੍ਰਗਟ ਕਰਦੇ ਹੋਏ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਇਸ ਦੌਰਾਨ ਔਰਤਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦਾ ਵੀ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਔਰਤਾਂ ਨੂੰ ਇਸ ਤਰ੍ਹਾਂ ਦਾ ਵੱਡਾ ਮਾਨ-ਸਨਮਾਨ ਦਿੱਤਾ ਗਿਆ ਹੈ, ਜਿਸ ਨਾਲ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤੀ ਮਿਲੇਗੀ ਤੇ ਉਨ੍ਹਾਂ ਦੀ ਸਮਾਜ ਵਿੱਚ ਸਥਿਤੀ ਹੋਰ ਮਜ਼ਬੂਤ ਹੋਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਸੂਬੇ ਦੀਆਂ ਔਰਤਾਂ ਵਿੱਚ ਨਵੀਂ ਉਮੀਦ ਜਾਗੀ ਹੈ ਤੇ ਔਰਤਾਂ ਸਰਕਾਰ ਦੇ ਇਸ ਫੈਸਲੇ ਦੀ ਖੁੱਲ੍ਹ ਕੇ ਸਰਾਹਨਾ ਕਰ ਰਹੀਆਂ ਹਨ।

# ਮੁੱਖ ਮੰਤਰੀ ਮੁਲਾਜ਼ਮਾਂ ਦੀ ਸੋਧੇ ਪੈਨਸ਼ਨ ਤੇ ਡੀ ਏ ਬਕਾਇਆ ਜਾਰੀ ਕਰੇ : ਸੁਖਬੀਰ ਬਾਦਲ

### ਕੂੰਮਕਲਾਂ 'ਚ ਸ਼੍ਰੋਮਣੀ ਅਕਾਲੀ ਦਲ ਵੱਲੋਂ 'ਪੰਜਾਬ ਬਚਾਓ' ਰੈਲੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੂੰਮਕਲਾਂ ਅਨਾਜ ਮੰਡੀ ਵਿਖੇ ਸ਼੍ਰੋਮਣੀ ਅਕਾਲੀ ਦਲ ਵੱਲੋਂ 'ਪੰਜਾਬ ਬਚਾਓ-ਸੁਖਬੀਰ ਬਾਦਲ ਲਿਆਓ' ਰੈਲੀ ਸਾਬਕਾ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਲੋਕਾਂ ਦਾ ਭਰਵਾਂ ਇਕੱਠ ਦੇਖਣ ਨੂੰ ਮਿਲਿਆ। ਇਸ ਰੈਲੀ 'ਚ ਵਿਸ਼ੇਸ਼ ਤੌਰ 'ਤੇ ਪੁੱਜੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਨੇ ਸਰਕਾਰ ਨੂੰ ਨਿਰਦੇਸ਼ ਦਿੱਤੇ ਹਨ ਕਿ ਸੂਬੇ ਦੇ ਪੈਨਸ਼ਨਰਾਂ ਨੂੰ ਡੀ. ਏ. ਤੇ ਬਕਾਇਆ ਪੈਨਸ਼ਨ ਤੁਰੰਤ ਜਾਰੀ ਕੀਤੀ ਜਾਵੇ, ਜਿਸ ਦਾ ਉਹ ਸਵਾਗਤ ਕਰਦੇ ਹਨ। ਉਨ੍ਹਾਂ 'ਆਪ' ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਕਰੋੜਾਂ ਰੁਪਏ ਇਸ਼ਤਿਹਾਰਬਾਜ਼ੀ 'ਤੇ ਖਰਚਣ ਦੀ ਬਜਾਏ ਪੈਨਸ਼ਨਰਾਂ ਨੂੰ ਤੁਰੰਤ ਇਹ ਰਾਸ਼ੀ ਜਾਰੀ ਕਰੇ। ਉਨ੍ਹਾਂ ਕਿਹਾ ਕਿ ਇਸ ਸਰਕਾਰ ਨੇ ਪੰਜਾਬ ਕਰਜ਼ੇ ਵਿੱਚ ਡੋਬ ਦਿੱਤਾ ਹੈ, ਇਸ ਲਈ ਲੋਕ ਸੂਬੇ ਨੂੰ ਬਚਾਉਣ ਲਈ ਅਕਾਲੀ ਦਲ ਦੀ ਸਰਕਾਰ ਲਿਆਉਣ। ਦੂਸਰੇ ਪਾਸੇ ਅੱਜ ਜਦੋਂ ਮੋਗਾ ਵਿਖੇ ਭਾਜਪਾ ਦੀ ਰੈਲੀ ਦੌਰਾਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇਕੱਲੇ ਚੋਣ ਲੜਨ ਦਾ ਐਲਾਨ ਕੀਤਾ ਤਾਂ ਇਸ ਉੱਪਰ ਪ੍ਰਤੀਕਿਰਿਆ ਕਰਦਿਆਂ ਸ੍ਰ. ਬਾਦਲ ਨੇ ਕਿਹਾ ਕਿ ਉਹ ਇਸ ਦਾ ਸਵਾਗਤ ਕਰਦੇ ਹਨ। ਬਾਦਲ ਨੇ ਕਿਹਾ ਕਿ ਜੇਕਰ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਨੂੰ 92 ਸੀਟਾਂ ਨਾਲ ਜਿਤਾ ਸਕਦੇ ਹਨ ਤਾਂ ਇਸ ਵਾਰ ਸ਼੍ਰੋਮਣੀ ਅਕਾਲੀ ਇਕੱਲੇ ਲੋਕਾਂ ਦੇ ਭਰਵੇਂ ਸਮਰਥਨ ਸਦਕਾ 100 ਸੀਟਾਂ 'ਤੇ ਜਿੱਤ ਪ੍ਰਾਪਤ ਕਰਕੇ ਦਿਖਾਏਗਾ। ਇਸ ਮੌਕੇ ਸਾਬਕਾ ਮੰਤਰੀ ਤੇ ਹਲਕਾ ਸਾਹਨੇਵਾਲ ਦੇ ਇੰਚਾਰਜ ਸ਼ਰਨਜੀਤ ਸਿੰਘ ਢਿੱਲੋਂ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੋ ਹਲਕੇ ਦਾ ਵਿਕਾਸ ਅਕਾਲੀ ਸਰਕਾਰ ਸਮੇਂ ਹੋਇਆ ਹੈ, ਉਸ ਨੂੰ ਲੋਕ ਅੱਜ ਯਾਦ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕਾ ਸਾਹਨੇਵਾਲ ਨੂੰ ਆਉਣ ਵਾਲੇ ਸਮੇਂ 'ਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਵੱਡੀ ਸਕਿੱਲ ਯੂਨੀਵਰਸਿਟੀ ਦਿੱਤੀ ਜਾਵੇ। ਇਸ ਮੌਕੇ ਨੌਜਵਾਨ ਆਗੂ ਸਿਮਰਨਜੀਤ ਸਿੰਘ ਢਿੱਲੋਂ ਨੇ ਲੋਕਾਂ ਦਾ ਭਰਵਾਂ ਇਕੱਠ ਹੋਣ 'ਤੇ ਹਲਕਾ ਸਾਹਨੇਵਾਲ ਦੇ ਲੋਕਾਂ ਦਾ ਧੰਨਵਾਦ ਪ੍ਰਗਟਾਇਆ। ਇਸ ਮੌਕੇ ਮਹੇਸ਼ਇੰਦਰ ਸਿੰਘ ਗਰੇਵਾਲ, ਸਾਬਕਾ ਵਿਧਾਇਕ ਰਣਜੀਤ ਸਿੰਘ ਢਿੱਲੋਂ, ਕੇ ਐੱਸ ਮੱਖਣ, ਜਥੇਦਾਰ ਗੁਰਚਰਨ ਸਿੰਘ ਮੇਹਰਬਾਨ ਹਾਜ਼ਰ ਸਨ।




## ਲਾਇਨ ਕਲੱਬ ਨੇ ਲੋੜਵੰਦ ਵਿਦਿਆਰਥੀਆਂ ਨੂੰ ਪੜ੍ਹਨਯੋਗ ਸਮੱਗਰੀ ਵੰਡੀ



**ਜਗਰਾਉਂ (ਅਮਿਤ ਖੰਨਾ)**-ਸਮਾਜ ਸੇਵੀ ਸੰਸਥਾ ਲਾਇਨ ਕਲੱਬ ਜਗਰਾਉਂ ਯੂਥ ਵੱਲੋਂ ਜਗਰਾਉਂ ਦੇ ਆਰ ਕੇ ਸੀਨੀਅਰ ਸੈਕੰਡਰੀ ਹਾਈ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਨੂੰ ਪੜ੍ਹਨਯੋਗ ਸਮੱਗਰੀ ਤਕਸੀਮ ਕੀਤੀ ਗਈ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਡਾਕਟਰ ਅਸ਼ੋਕ ਗੁਪਤਾ ਯੂ ਐੱਸ ਏ ਨੇ ਆਖਿਆ ਕਿ ਇਸ ਮਹਿੰਗਾਈ ਦੇ ਦੌਰ ਵਿੱਚ ਕਾਫੀ ਬੱਚੇ ਇਸ ਕਰਕੇ ਪੜ੍ਹਾਈ ਤੋਂ ਵਾਂਝੇ ਰਹਿ ਜਾਂਦੇ ਹਨ ਕਿ ਉਨ੍ਹਾਂ ਦੇ ਮਾਪੇ ਉਨ੍ਹਾਂ ਨੂੰ ਪੜ੍ਹਨਯੋਗ ਸਮੱਗਰੀ ਲੈ ਕੇ ਦੇਣ ਤੋਂ ਅਸਮਰਥ ਹੁੰਦੇ ਹਨ।ਇਸ ਕਰਕੇ ਸੰਪੰਨ ਸ਼ਖ਼ਸੀਅਤਾਂ ਤੇ ਸਮਾਜ ਸੇਵੀ ਜਥੇਬੰਦੀਆਂ ਦੇ ਹੀ ਫਰਜ਼ ਬਣਦੇ ਹਨ ਕਿ ਉਹ ਅਜਿਹੇ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣ।ਇਸ ਨਾਲ ਜਿੱਥੇ ਲੋੜਵੰਦਾਂ ਦੀਆਂ ਜ਼ਰੂਰਤਾਂ ਪੂਰੀਆਂ ਹੋਣਗੀਆਂ, ਉੱਥੇ ਆਪਣੇ ਮਨ ਨੂੰ ਵੀ ਸਕੂਨ ਮਿਲੇਗਾ ਤੇ ਪ੍ਰਮਾਤਮਾ ਵੀ ਖੁਸ਼ ਹੋਵੇਗਾ।ਸੰਸਥਾ ਦੇ ਪ੍ਰਧਾਨ ਰਜਿੰਦਰ ਜੈਨ ਕਾਕਾ ਨੇ ਮਹਿਮਾਨ ਸ਼ਖ਼ਸੀਅਤ ਦਾ ਧੰਨਵਾਦ ਕਰਦਿਆਂ ਅਜਿਹੇ ਸਮਾਜ ਸੇਵੀ ਕੰਮਾਂ ਵਾਸਤੇ ਹੋਰਾਂ ਨੂੰ ਵੀ ਅੱਗੇ ਆਉਣ ਲਈ ਆਖਿਆ ਤਾਂ ਕਿ ਲੋੜਵੰਦਾਂ ਦੀਆਂ ਜ਼ਰੂਰਤਾਂ ਪੂਰੀਆਂ ਹੁੰਦੀਆਂ ਰਹਿਣ।ਇਸ ਮੌਕੇ ਵਿਦਿਆਰਥੀਆਂ ਨੂੰ ਰਜਿਸਟਰ, ਕਾਪੀਆਂ, ਪੈੱਨ-ਪੈਨਸਲ, ਸ਼ਾਪਨਰ, ਰੰਗ, ਪੜ੍ਹਨਯੋਗ ਸਮਗਰੀ ਦੇ ਨਾਲ ਨਾਲ ਰਿਫਾਇਸ਼ਮੈਂਟ ਵੀ ਦਿੱਤੀ ਗਈ।ਇਸ ਮੌਕੇ ਸਕੂਲ ਦੀ ਮੈਡਮ ਪ੍ਰਿੰਸੀਪਲ ਸੀਮਾ ਰਾਣੀ, ਸਕੂਲ ਦੇ ਪ੍ਰਧਾਨ ਐਡਵੋਕੇਟ ਨਵੀਨ ਗੁਪਤਾ, ਸੰਸਥਾ ਦੇ ਚੇਅਰਪਰਸਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਦਵਿੰਦਰ ਜਿੰਦਲ ਖਜ਼ਾਨਚੀ, ਸਾਹਿਲ ਗੁਪਤਾ, ਗੋਪਾਲ ਗੁਪਤਾ, ਕੋਮਲ ਬਾਂਸਲ, ਡਾਕਟਰ ਹਿਮਾਸ਼ੂ ਅਰੋੜਾ, ਨਰੇਸ਼ ਵਰਮਾ, ਮੋਹਿਤ ਜੈਨ ਆਦਿ ਮੌਜੂਦ ਸਨ।

## ਫਰੀਦਕੋਟ ਮੈਡੀਕਲ ਕਾਲਜ ਵਿਖੇ ਮੁਫ਼ਤ ਐੱਚ ਐੱਲ ਏ ਟੈਸਟ ਕੈਂਪ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਫਰੀਦਕੋਟ ਵਿਖੇ ਵਾਈਸ ਚਾਂਸਲਰ ਡਾ. ਰਾਜੀਵ ਸੂਦ ਦੀ ਯੋਗ ਅਗਵਾਈ ਹੇਠ ਇਕ ਵਿਸ਼ੇਸ਼ ਮੈਡੀਕਲ ਕੈਂਪ ਲਾਇਆ ਗਿਆ।ਇਸ ਕੈਂਪ ਦੌਰਾਨ ਥੈਲਾਸੀਮੀਆ ਤੇ ਹੋਰ ਗੰਭੀਰ ਬਿਮਾਰੀਆਂ ਨਾਲ ਜੂਝ ਰਹੇ ਬੱਚਿਆਂ ਦੇ ਮੁਫ਼ਤ ਹਿਊਮਨ ਲਿਊਕੋਸਾਈਟ ਐਂਟੀਜਨ (ਐੱਚ ਐੱਲ ਏ) ਟੈਸਟ ਕੀਤੇ ਗਏ।ਇਹ ਮਾਨਵਤਾ ਭਲਾਈ ਕੈਂਪ ਆਈ.ਐੱਮ.ਏ. ਪੰਜਾਬ, ਥੈਲਾਸੀਮੀਆ ਸੋਸਾਇਟੀ ਫਰੀਦਕੋਟ ਤੇ ਡੀ.ਕੇ.ਐੱਮ.ਐੱਸ. ਦੇ ਸਹਿਯੋਗ ਨਾਲ ਲਗਾਇਆ ਗਿਆ।ਕਾਲਜ ਦੇ ਥੈਲਾਸੀਮੀਆ ਵਾਰਡ ਵਿੱਚ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਚੱਲੇ ਇਸ ਕੈਂਪ ਵਿੱਚ 50 ਤੋਂ ਵੱਧ ਬੱਚਿਆਂ ਦੇ ਟੈਸਟ ਕੀਤੇ ਗਏ, ਜੋ ਕਿ ਥੈਲਾਸੀਮੀਆ, ਸਿਕਲ ਸੈੱਲ ਐਨੀਮੀਆ, ਹਿਮੋਫਿਲੀਆ ਤੇ ਅਪਲਾਸਟਿਕ ਐਨੀਮੀਆ ਵਰਗੀਆਂ ਨਾਮੁਰਾਦ ਬਿਮਾਰੀਆਂ ਤੋਂ ਪੀੜਤ ਹਨ।ਕੈਂਪ ਦੌਰਾਨ ਫੋਰਟੀਸ ਹਸਪਤਾਲ ਗੁਰੂਗ੍ਰਾਮ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾ. ਪਾਰਿਤੋਸ਼ ਗਰਗ ਤੇ ਡਾ. ਪਰਮਿੰਦਰ ਪਾਲ ਸਿੰਘ ਨੇ ਬੱਚਿਆਂ ਦੇ ਟੈਸਟ ਕੀਤੇ।ਉਨ੍ਹਾਂ ਬੱਚਿਆਂ ਦੇ ਮਾਪਿਆਂ ਨੂੰ ਇਨ੍ਹਾਂ ਬਿਮਾਰੀਆਂ ਦੇ ਇਲਾਜ ਤੇ ਭਵਿੱਖ ਵਿੱਚ ਰੱਖੀਆਂ ਜਾਣ ਵਾਲੀਆਂ ਸਾਵਧਾਨੀਆਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਨੀਤੂ, ਬੱਚਿਆਂ ਦੇ ਮਾਹਰ ਡਾ. ਵਰੁਣ, ਡਾ. ਸਤਪ੍ਰੀਤ ਤੇ ਥੈਲਾਸੀਮੀਆ ਵਾਰਡ ਦੀ ਸਿਸਟਰ ਇੰਚਾਰਜ ਮਮਤਾ ਸਮੇਤ ਸਟਾਫ਼ ਮੈਂਬਰ ਸੰਦੀਪ, ਗੁਰਪ੍ਰੀਤ ਤੇ ਕਿਰਨ ਨੇ ਸ਼ਲਾਘਾਯੋਗ ਸੇਵਾਵਾਂ ਨਿਭਾਈਆਂ।

# ਮਜ਼ਦੂਰ-ਮੁਲਾਜ਼ਮ ਜਥੇਬੰਦੀਆਂ ਵੱਲੋਂ ਰੈਲੀ ਤੇ ਮੁਜ਼ਾਹਰਾ 22 ਨੂੰ



**ਸਮਰਾਲਾ (ਸੁਰਜੀਤ ਸਿੰਘ)**

ਪੰਜਾਬ ਦੀਆਂ ਜਨਤਕ ਤੇ ਮਜ਼ਦੂਰ ਮੁਲਾਜ਼ਮ ਜਥੇਬੰਦੀਆਂ, ਜਿਨ੍ਹਾਂ ਵਿੱਚ ਪੇਂਡੂ ਮਜ਼ਦੂਰ ਯੂਨੀਅਨ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਪੰਜਾਬ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਨਾਲ ਸਬੰਧਤ ਮਿੱਡ ਡੇ ਮੀਲ ਯੂਨੀਅਨ, ਆਸ਼ਾ ਵਰਕਰ ਯੂਨੀਅਨ, ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ, ਡੈਮੋਕ੍ਰੇਟਿਕ ਟੀਚਰ ਫਰੰਟ ਵੱਲੋਂ ਚਾਰ ਲੇਬਰ ਕੋਡਾਂ ਤੇ ਬਿਜਲੀ ਸੋਧ ਬਿੱਲ ਦੇ ਵਿਰੋਧ ਵਿੱਚ 22 ਮਾਰਚ ਨੂੰ ਲੁਧਿਆਣਾ ਵਿਖੇ ਜਲੰਧਰ ਬਾਈਪਾਸ ਮੁੱਖ ਦਾਣਾ ਮੰਡੀ ਵਿੱਚ ਪੰਜਾਬ ਪੱਧਰੀ ਰੈਲੀ ਤੇ ਮੁਜ਼ਾਹਰਾ ਕੀਤਾ ਜਾਵੇਗਾ।ਇਸ ਸੰਬਧੀ ਜਾਣਕਾਰੀ ਦਿੰਦਿਆਂ ਵਿਕਰਮਦੇਵ ਸਿੰਘ, ਸੁਖਵਿੰਦਰ ਸਿੰਘ ਲੀਲ੍ਹ, ਅਵਤਾਰ ਸਿੰਘ ਤਾਰੀ, ਪ੍ਰਵੀਨ ਕੁਮਾਰੀ ਨੇ ਦੱਸਿਆ ਕਿ ਮਜ਼ਦੂਰਾਂ ਵੱਲੋਂ ਲੰਬੇ ਦਹਾਕਿਆਂ ਦੇ ਸੰਘਰਸ਼ਾਂ ਤੇ ਬੇਮਿਸਾਲ ਕੁਰਬਾਨੀਆਂ ਨਾਲ ਪ੍ਰਾਪਤ ਕੀਤੇ ਮਨੁੱਖੀ ਹੱਕਾਂ ਉੱਪਰ ਡਾਕਾ ਮਾਰ ਕੇ ਕਾਰਪੋਰੇਟ ਘੁਰਾਣਿਆਂ ਨੂੰ ਮੁਨਾਫਾ ਕਮਾਉਣ ਦੀ ਤਿਆਰੀ ਕਰ ਚੁੱਕੀ ਹੈ, ਜਿਸ ਨੂੰ ਕਿਸੇ ਵੀ ਹਾਲਤ 'ਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨਾ ਕਿਹਾ ਕਿ ਨਵੇਂ ਕਾਨੂੰਨਾਂ ਤਹਿਤ 8 ਘੰਟੇ ਦੀ ਥਾਂ 12-12 ਘੰਟੇ ਕੰਮ ਲੈਣਾ, ਮਿੱਡ ਡੇ ਮੀਲ ਵਰਕਰ, ਆਸ਼ਾ ਵਰਕਰ, ਆਂਗਣਵਾੜੀ ਵਰਕਰ ਤੇ ਹੋਰ ਵਰਕਰਾਂ ਨੂੰ ਘੱਟੋ ਘੱਟ ਤਨਖਾਹ ਤੋਂ ਬਾਹਰ ਕਰਨ ਅਤੇ ਹੱਕ ਮੰਗਣੇ, ਸੰਘਰਸ਼ ਕਰਨ ਨੂੰ ਅਪਰਾਧਿਕ ਸ਼੍ਰੇਣੀ ਵਿੱਚ ਸ਼ਾਮਲ ਕਰਨਾ ਆਦਿ ਨਵੇਂ ਕਾਨੂੰਨ ਰਾਹੀਂ ਮਜ਼ਦੂਰ ਵਰਗ ਨਾਲ ਧ੍ਰੋਹ ਕਮਾਇਆ ਜਾ ਰਿਹਾ ਹੈ।ਆਗੂਆਂ ਨੇ ਦੱਸਿਆ ਕਿ ਬਿਜਲੀ ਸੋਧ ਬਿੱਲ 2025 ਲਾਗੂ ਹੋਣ ਨਾਲ ਖਪਤਕਾਰ ਦੀ ਨਿੱਜੀ ਕੰਪਨੀਆਂ ਵੱਲੋਂ ਮਨਮਰਜ਼ੀ ਨਾਲ ਲੁੱਟ ਕੀਤੀ ਜਾਵੇਗੀ। ਸਰਕਾਰੀ ਬਿਜਲੀ ਬੋਰਡ ਹੌਲੀ ਹੌਲੀ ਖਤਮ ਹੋ ਜਾਵੇਗਾ ਤੇ ਠੇਕਾ ਪ੍ਰਥਾ, ਕੱਚੀ ਨੌਕਰੀ, ਪੈਨਸ਼ਨ ਸੁਰੱਖਿਆ, ਯੂਨੀਅਨ ਬਣਾਉਣ ਦੇ ਅਧਿਕਾਰ ਖਤਰੇ ਵਿੱਚ ਪੈ ਜਾਣਗੇ।ਇਸੇ ਤਰ੍ਹਾਂ ਮਨਰੇਗਾ ਸਕੀਮ ਨੂੰ ਖਤਮ ਕਰਕੇ 'ਜੀ ਰਾਮ ਜੀ' ਨੂੰ ਲਾਗੂ ਕਰਕੇ ਪੇਂਡੂ ਖੇਤਰਾਂ ਵਿੱਚ ਕੰਮ ਕਰਦੇ ਮਜ਼ਦੂਰਾਂ ਕੋਲ ਢਿੱਡ ਭਰਨ ਲਈ ਕੰਮ ਨਹੀਂ ਮਿਲੇਗਾ, ਕਿਉਂਕਿ 60-40 ਅਨੁਪਾਤ ਅਨੁਸਾਰ ਕਰਜ਼ੇ ਵਿੱਚ ਡੁੱਬੇ ਸੂਬੇ ਕੋਲੋਂ ਇਹ ਰਾਸ਼ੀ ਨਹੀਂ ਦਿੱਤੀ ਜਾਣੀ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਕੇਂਦਰ ਸਰਕਾਰ ਨੇ ਇਹ ਕਾਨੂੰਨ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਤਾਂ ਇਸ ਵਿਰੁੱਧ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਰੁਪਿੰਦਰਪਾਲ ਸਿੰਘ ਜੰਡਿਆਲੀ, ਪੂਜਾ, ਪ੍ਰੀਤੀ, ਸੁਖਦੇਵ ਸਿੰਘ ਮਾਨੂਕੇ, ਸੁਰਿੰਦਰ ਜਗਰਾਉਂ ਤੇ ਅਰੁਣ ਕੁਮਾਰ ਆਦਿ ਹਾਜ਼ਰ ਸਨ।

## ਅਵਤਾਰ ਬਾਈ ਦੀ ਅੰਤਿਮ ਵਿਦਾਇਗੀ ਅੱਜ



**ਲੁਧਿਆਣਾ (ਸਤੀਸ਼ ਸਚਦੇਵਾ)**-ਉੱਘੇ ਤਰਕਸ਼ੀਲ ਆਗੂ ਤੇ ਇਨਕਲਾਬੀ-ਜਮਹੂਰੀ ਲਹਿਰ ਦੀ ਨਾਮਵਾਰ ਸ਼ਖਸੀਅਤ ਅਵਤਾਰ ਬਾਈ ਜੀ ਦੇ ਘਰ ਉਨ੍ਹਾਂ ਦੀ ਜੀਵਨ ਸਾਥਣ, ਧੀਆਂ ਪੁੱਤਰਾਂ, ਸਾਕ ਸੰਬੰਧੀਆਂ, ਨਗਰ ਨਿਵਾਸੀਆਂ ਤੇ ਬਾਈ ਦੇ ਹਾਜ਼ਰ ਸੰਗੀ ਸਾਥੀਆਂ ਦੀ ਹੁਣੇ ਹੁਣੇ ਹੋਈ ਮਿਲਣੀ 'ਚ ਪ੍ਰਮੁੱਖ ਤੌਰ 'ਤੇ ਬਾਈ ਅਵਤਾਰ ਦੇ ਬੋਲਾਂ ਨੂੰ ਪੁਗਾਉਂਦਿਆਂ ਤੇ ਪਰਿਵਾਰ ਦੀ ਰਜ਼ਾ 'ਤੇ ਫੁੱਲ ਚੜ੍ਹਾਉਂਦੇ ਹੋਏ ਇਹ ਵਿਚਾਰ ਬਣਿਆਂ ਹੈ ਕਿ 16 ਮਾਰਚ 1:30 ਵਜੇ ਅਵਤਾਰ ਬਾਈ ਦੇ ਘਰ, ਪਿੰਡ ਕੋਠੇ ਜੀਵਾ (ਨੇੜੇ ਸ਼ੇਰਪੁਰ ਚੌਂਕ) ਜਗਰਾਓਂ ਵਿਖੇ ਉਨ੍ਹਾਂ ਨੂੰ ਨਿੱਘੀ ਸਲਾਮ ਵਿਦਾਇਗੀ ਦੇਣ ਲਈ ਇਕੱਤਰਤਾ ਹੋਏਗੀ।ਇਸ ਉਪਰੰਤ ਠੀਕ 2 ਵਜੇ ਘਰੋਂ ਫੁੱਲਾਂ, ਫਲੈਕਸਾਂ ਨਾਲ ਸਜੀ ਮ੍ਰਿਤਕ ਦੇਹ ਲੈ ਕੇ ਕਾਫ਼ਲਾ ਈ. ਐੱਸ. ਆਈ. ਆਈ ਹਸਪਤਾਲ ਲੁਧਿਆਣਾ ਮੈਡੀਕਲ ਖੋਜ ਕਾਰਜਾਂ ਲਈ ਭੇਟ ਕਰਨ ਵਾਸਤੇ ਰਵਾਨਾ ਹੋਵੇਗਾ।

## ਸੀ ਐੱਚ ਸੀ ਫਿਰੋਜ਼ਸ਼ਾਹ ਵਿਖੇ ਗਲੋਕੋਮਾ ਬਾਰੇ ਕੀਤਾ ਜਾਗਰੂਕ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜੀਵ ਪਰਾਸ਼ਰ ਦੇ ਹੁਕਮਾਂ ਤਹਿਤ ਸੀਐੱਚਸੀ ਫਿਰੋਜ਼ਸ਼ਾਹ ਵਿਖੇ ਗਲੋਕੋਮਾ ਜਾਗਰੂਕਤਾ ਹਫਤੇ ਤਹਿਤ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਅਭੈਜੀਤ ਸਿੰਘ ਨੇ ਲੋਕਾਂ ਨੂੰ ਗਲੋਕੋਮਾ ਦੇ ਖ਼ਤਰਿਆਂ, ਲੱਛਣਾਂ ਤੇ ਨਿਯਮਿਤ ਅੱਖਾਂ ਦੀ ਜਾਂਚ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ। ਉਨ੍ਹਾਂ ਕਿਹਾ ਕਿ ਗਲਕੌਮਾ ਦੁਨੀਆਂ ਭਰ ਵਿੱਚ ਅੰਨ੍ਹੇਪਨ ਦੇ ਮੁੱਖ ਕਾਰਨਾਂ ਵਿੱਚੋਂ ਇਕ ਹੈ, ਪਰ ਲੱਖਾਂ ਲੋਕ ਇਸ ਤੋਂ ਅਣਜਾਨ ਹਨ, ਕਿਉਂਕਿ ਇਸ ਦੇ ਸ਼ੁਰੂਆਤੀ ਲੱਛਣ ਸਪੱਸ਼ਟ ਨਹੀਂ ਹੁੰਦੇ। ਉਨ੍ਹਾਂ ਲੋਕਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਉਹ ਆਪਣੀ ਦ੍ਰਿਸ਼ਟੀ ਸਿਹਤ ਨੂੰ ਤਰਜੀਹ ਦੇਣ ਤੇ ਆਪਣੇ ਪਰਵਾਰ ਦੇ ਮੈਂਬਰਾਂ ਦੀ ਨਿਯਮਿਤ ਜਾਂਚ ਕਰਵਾਉਣ। ਇਸ ਮੌਕੇ ਹਰਦੀਪ ਸਿੰਘ ਸੰਧੂ ਬਲਾਕ ਐਕਸਟੈਂਸ਼ਨ ਐਜੂਕੇਟਰ ਨੇ ਕਿਹਾ ਕਿ ਅੱਖਾਂ ਵਿੱਚ ਅਸਧਾਰਨ ਦਰਦ ਜਾਂ ਦਬਾਅ, ਨਜ਼ਰ ਵਿੱਚ ਲਗਾਤਾਰ ਬਦਲਾਅ, ਅੱਖਾਂ ਦੇ ਆਲੇ-ਦੁਆਲੇ ਦਰਦ, ਅੱਖਾਂ ਵਿੱਚ ਲਾਲੀ ਜਾਂ ਦਰਦ, ਨਜ਼ਰ ਦਾ ਧੁੰਦਲਾ ਹੋਣਾ ਕਾਲੇ ਮੋਤੀਏ ਦੇ ਲੱਛਣ ਹਨ। ਉਨ੍ਹਾਂ ਕਿਹਾ ਕਿ 40 ਸਾਲ ਤੋਂ ਵੱਧ ਉਮਰ ਦੇ ਸਾਰੇ ਲੋਕਾਂ ਨੂੰ ਹਰ ਸਾਲ ਅੱਖਾਂ ਦੀ ਜਾਂਚ ਕਰਵਾਉਣੀ ਚਾਹੀਦੀ ਹੈ। ਮਾਹਰਾਂ ਦਾ ਮੰਨਣਾ ਹੈ ਕਿ ਗਲੂਕੋਮਾ ਕਾਰਨ ਹੋਣ ਵਾਲਾ ਦ੍ਰਿਸ਼ਟੀ ਨੁਕਸਾਨ ਸਥਾਈ ਹੁੰਦਾ ਹੈ, ਪਰ ਨਿਯਮਤ ਜਾਂਚ ਰਾਹੀਂ ਇਸ ਨੂੰ ਰੋਕਿਆ ਜਾਂ ਕੰਟਰੋਲ ਕੀਤਾ ਜਾ ਸਕਦਾ ਹੈ।

## ਅਕਾਲ ਡਿਗਰੀ ਕਾਲਜ ਵਿਖੇ 'ਅਗਨੀਵੀਰ' ਭਰਤੀ ਸੰਬੰਧੀ ਕੈਂਪ




**ਸੰਗਰੂਰ (ਪ੍ਰਵੀਨ ਸਿੰਘ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਅਕਾਲ ਡਿਗਰੀ ਕਾਲਜ ਮਸਤੂਆਣਾ ਸਾਹਿਬ ਵਿਖੇ ਨੌਜਵਾਨਾਂ ਨੂੰ ਦੇਸ਼ ਸੇਵਾ ਤੇ ਰੋਜ਼ਗਾਰ ਦੇ ਸੁਨਹਿਰੀ ਮੌਕਿਆਂ ਬਾਰੇ ਜਾਣੂ ਕਰਵਾਉਣ ਲਈ 'ਅਗਨੀਵੀਰ ਭਰਤੀ ਜਾਗਰੂਕਤਾ' ਕੈਂਪ ਲਗਾਇਆ ਗਿਆ।ਇਹ ਵਿਸ਼ੇਸ਼ ਪ੍ਰੋਗਰਾਮ ਕਾਲਜ ਦੇ ਪ੍ਰੋਗਰਾਮ ਅਫ਼ਸਰ ਲੈਫ਼ਟੀਨੈਂਟ ਸੁਖਵਿੰਦਰ ਸਿੰਘ ਦੇ ਵਿਸ਼ੇਸ਼ ਯਤਨਾਂ ਸਦਕਾ ਉਲੀਕਿਆ ਗਿਆ।ਵਿਦਿਆਰਥੀਆਂ ਨੂੰ ਫ਼ੌਜੀ ਭਰਤੀ ਦੀਆਂ ਬਾਰੀਕੀਆਂ ਤੇ ਸਿਖਲਾਈ ਬਾਰੇ ਦੱਸਣ ਲਈ ਰਾਮਗੜ੍ਹ ਸਿਖਲਾਈ ਕੈਂਪ (ਨਾਭਾ ਬਟਾਲੀਅਨ) ਤੋਂ ਵਿਸ਼ੇਸ਼ ਟੀਮ ਪਹੁੰਚੀ।ਇਸ ਮੌਕੇ ਸੂਬੇਦਾਰ ਦਲਜੀਤ ਸਿੰਘ ਤੇ ਨਾਇਬ ਸੂਬੇਦਾਰ ਇਕਬਾਲ ਸਿੰਘ ਨੇ ਅਗਨੀਵੀਰ ਭਰਤੀ ਦੇ ਸਰੀਰਕ ਤੇ ਮਾਨਸਿਕ ਮਾਪਦੰਡਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਹੌਲਦਾਰ ਬਲਜਿੰਦਰ ਸਿੰਘ, ਅਵਤਾਰ ਸਿੰਘ ਤੇ ਭਗਵੰਤ ਸਿੰਘ ਨੇ ਭਰਤੀ ਪ੍ਰਕਿਰਿਆ, ਸਖ਼ਤ ਸਿਖਲਾਈ ਤੇ 4 ਸਾਲ ਦੀ ਸੇਵਾ ਤੋਂ ਬਾਅਦ ਮਿਲਣ ਵਾਲੇ ਪੁਨਰ-ਰੋਜ਼ਗਾਰ ਦੇ ਮੌਕਿਆਂ ਤੇ ਵਿੱਤੀ ਲਾਭਾਂ ਬਾਰੇ ਵਿਦਿਆਰਥੀਆਂ ਦੇ ਸ਼ੰਕੇ ਦੂਰ ਕੀਤੇ।ਕਾਲਜ ਦੇ ਪ੍ਰਿੰਸੀਪਲ ਡਾਕਟਰ ਸਾਰਿਕਾ ਜੈਨ ਨੇ ਆਏ ਹੋਏ ਫ਼ੌਜੀ ਅਧਿਕਾਰੀਆਂ ਦਾ ਨਿੱਘਾ ਸਵਾਗਤ ਕੀਤਾ।ਉਨ੍ਹਾਂ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੇ ਕਰੀਅਰ ਨੂੰ ਸਹੀ ਦਿਸ਼ਾ ਦੇਣ ਵਿੱਚ ਸਹਾਈ ਹੁੰਦੇ ਹਨ।ਮੰਚ ਸੰਚਾਲਨ ਦੀ ਭੂਮਿਕਾ ਡਾ. ਹਰਜਿੰਦਰ ਸਿੰਘ ਨੇ ਬਾਖੂਬੀ ਨਿਭਾਉਂਦਿਆਂ ਪ੍ਰੋਗਰਾਮ ਦੀ ਲੜੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਤੋਰਿਆ।ਇਸ ਮੌਕੇ ਕਾਲਜ ਸਟਾਫ਼ ਵੱਲੋਂ ਪ੍ਰੋ. ਮਨਪ੍ਰੀਤ ਸਿੰਘ ਗਿੱਲ, ਡਾ. ਅਨੀਸ਼ ਸੋਨੀ ਤੇ ਸ੍. ਗੁਰਪ੍ਰੀਤ ਸਿੰਘ ਸੰਧੂ ਵੀ ਹਾਜ਼ਰ ਸਨ।ਕੈਂਪ ਦੇ ਅੰਤ ਵਿੱਚ ਵਿਦਿਆਰਥੀਆਂ ਨੇ ਫ਼ੌਜ ਵਿੱਚ ਭਰਤੀ ਹੋ ਕੇ ਦੇਸ਼ ਦੀ ਸੇਵਾ ਕਰਨ ਦਾ ਉਤਸ਼ਾਹ ਦਿਖਾਇਆ।

## ਪੈਨਸ਼ਨਰ ਲਈ ਡਿਜੀਟਲ ਲਾਈਫ ਸਰਟੀਫ਼ਿਕੇਟ ਜਮ੍ਹਾਂ ਕਰਵਾਉਣਾ ਲਾਜ਼ਮੀ

**ਲੁਧਿਆਣਾ (ਰਾਜ ਸਿੰਗਲਾ)**-ਪੰਜਾਬ ਸਰਕਾਰ ਵੱਲੋਂ ਸੇਵਾ-ਮੁਕਤ ਪੈਨਸ਼ਨਰਾਂ ਦੀ ਸਹੂਲਤ ਤੇ ਪਾਰਦਰਸ਼ਤਾ ਲਈ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਜਮ੍ਹਾਂ ਕਰਵਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ।ਇਹ ਜਾਣਕਾਰੀ ਜ਼ਿਲ੍ਹਾ ਖਜ਼ਾਨਾ ਅਫ਼ਸਰ ਲੁਧਿਆਣਾ ਉਪਨੀਤ ਸਿੰਘ ਨੇ ਦਿੱਤੀ।ਉਨ੍ਹਾਂ ਦੱਸਿਆ ਕਿ ਕਈ ਪੈਨਸ਼ਨਰਾਂ ਵੱਲੋਂ ਅਜੇ ਤੱਕ ਵੀ ਬੈਂਕਾਂ ਵਿੱਚ ਮੈਨੂਅਲ ਸਰਟੀਫਿਕੇਟ ਜਮ੍ਹਾਂ ਕਰਵਾਏ ਗਏ ਹਨ, ਜੋ ਕਿ ਹੁਣ ਮਾਨਤਾ ਪ੍ਰਾਪਤ ਨਹੀਂ ਹੋਣਗੇ।ਉਨ੍ਹਾਂ ਕਿਹਾ ਕਿ ਆਪਣੀ ਪੈਨਸ਼ਨ ਨੂੰ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਤੁਰੰਤ ਆਪਣਾ ਡਿਜੀਟਲ ਸਰਟੀਫਿਕੇਟ ਨਜ਼ਦੀਕੀ ਖਜ਼ਾਨਾ ਦਫ਼ਤਰ, ਸਬੰਧਤ ਬੈਂਕ ਦੀ ਬ੍ਰਾਂਚ ਜਾਂ ਸੇਵਾ ਕੇਂਦਰ ਵਿਖੇ ਜਮ੍ਹਾਂ ਕਰਵਾਇਆ ਜਾ ਸਕਦਾ ਹੈ।

ਇਸ ਤੋਂ ਇਲਾਵਾ ਡੋਰ-ਸਟੈਪ ਡਲਿਵਰੀ : ਤੁਸੀਂ ਰਾਜ ਸਰਕਾਰ ਦੀ 'ਘਰ ਬੈਠੇ ਸੇਵਾ' ਰਾਹੀਂ 1076 'ਤੇ ਕਾਲ ਕਰਕੇ ਵੀ ਇਸ ਸੁਵਿਧਾ ਦਾ ਲਾਭ ਲਿਆ ਜਾ ਸਕਦਾ ਹੈ।ਇਸੇ ਤਰ੍ਹਾਂ ਪੈਨਸ਼ਰ ਘਰ ਬੈਠੇ ਹੀ ਜੀਵਣ ਪ੍ਰਮਾਣ ਪੱਤਰ ਐਪ ਡਾਊਨਲੋਡ ਕਰਕੇ ਵੀ ਇਹ ਪ੍ਰਕਿਰਿਆ ਪੂਰੀ ਕਰ ਸਕਦੇ ਹਨ।ਜ਼ਿਲ੍ਹਾ ਖਜ਼ਾਨਾ ਅਫ਼ਸਰ ਉਪਨੀਤ ਸਿੰਘ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ 31 ਮਾਰਚ 2026 ਤੋਂ ਪਹਿਲਾਂ-ਪਹਿਲਾਂ ਜਮ੍ਹਾਂ ਕਰਵਾਉਣਾ ਯਕੀਨੀ ਬਣਾਉਣ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਔਕੜ ਦਾ ਸਾਹਮਣਾ ਨਾ ਕਰਨਾ ਪਵੇ।

# ਨਗਰ ਨਿਗਮ ਸ਼ਹਿਰ ਵਾਸੀਆਂ ਨੂੰ ਸ਼ਾਨਦਾਰ ਸਹੂਲਤਾਂ ਪ੍ਰਦਾਨ ਕਰ ਰਿਹੈ : ਡਾ. ਅਰੋੜਾ

### ਵਿਕਾਸ ਕਾਰਜਾਂ ਸਬੰਧੀ ਕਿਸੇ ਨਾਲ ਕੋਈ ਵਿਤਕਰਾ ਨਹੀਂ ਕੀਤਾ ਜਾ ਰਿਹਾ : ਮੇਅਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਮੋਗਾ ਨਗਰ ਨਿਗਮ ਦੇ ਮੀਟਿੰਗ ਹਾਲ ਵਿੱਚ ਸਾਰੇ ਨਗਰ ਨਿਗਮ ਦੇ ਕੌਂਸਲਰਾਂ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ ਸਮੇਤ ਕੌਂਸਲਰਾਂ ਤੇ ਅਧਿਕਾਰੀਆਂ ਨੇ ਇਸ ਮੀਟਿੰਗ ਵਿੱਚ ਹਿੱਸਾ ਲਿਆ।ਇਸ ਮੌਕੇ ਬੋਲਦਿਆਂ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਕੌਂਸਲਰਾਂ ਨਾਲ ਮੀਟਿੰਗ ਸ਼ਹਿਰ ਦੇ ਵਿਕਾਸ ਤੇ ਲੋਕ ਭਲਾਈ ਨਾਲ ਸਬੰਧਤ ਵੱਖ-ਵੱਖ ਕੰਮਾਂ ਤੇ ਮੁੱਦਿਆਂ 'ਤੇ ਕੇਂਦ੍ਰਿਤ ਸੀ।ਸੈਸ਼ਨ ਦੌਰਾਨ ਸ਼ਹਿਰ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਗਈ ਤੇ ਨੇੜਲੇ ਭਵਿੱਖ ਵਿੱਚ ਲਾਗੂ ਕੀਤੇ ਜਾਣ ਵਾਲੇ ਹੋਰ ਸੁਧਾਰਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਸ ਮੀਟਿੰਗ ਦੌਰਾਨ ਮੋਗਾ ਸ਼ਹਿਰ ਦੇ ਵਸਨੀਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸੈਨੀਟੇਸ਼ਨ ਪ੍ਰਬੰਧਨ, ਸੜਕਾਂ ਦੀ ਮੁਰੰਮਤ, ਪਾਣੀ ਦੀ ਸਪਲਾਈ ਤੇ ਹੋਰ ਜਨਤਕ ਸਹੂਲਤਾਂ ਨੂੰ ਵਧਾਉਣ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਟਿੱਪਣੀ ਕੀਤੀ ਕਿ ਮੋਗਾ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ।ਉਨ੍ਹਾਂ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਵਾਰਡ ਦੇ ਕਿਸੇ ਵੀ ਨਿਵਾਸੀ ਨੂੰ ਕਿਸੇ ਕਿਸਮ ਦੀ ਮੁਸ਼ਕਲ ਜਾਂ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ, ਤਾਂ ਉਹ ਇਸ ਨੂੰ ਉਨ੍ਹਾਂ ਦੇ ਧਿਆਨ ਵਿੱਚ ਜਾਂ ਮੇਅਰ ਪ੍ਰਵੀਨ ਸ਼ਰਮਾ ਦੇ ਧਿਆਨ ਵਿੱਚ ਲਿਆਉਣ, ਭਰੋਸਾ ਦਿਵਾਇਆ ਕਿ ਅਜਿਹੇ ਮਾਮਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਬੋਲਦਿਆਂ ਨਗਰ ਨਿਗਮ ਦੇ ਮੇਅਰ ਪ੍ਰਵੀਨ ਕੁਮਾਰ ਸ਼ਰਮਾ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਨ ਲਈ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਮੋਗਾ ਨਗਰ ਨਿਗਮ ਅਧੀਨ ਆਉਂਦੇ ਵਾਰਡਾਂ ਦੇ ਅੰਦਰ ਵਿਕਾਸ ਕਾਰਜਾਂ ਸਬੰਧੀ ਕਿਸੇ ਨਾਲ ਵੀ ਕੋਈ ਵਿਤਕਰਾ ਨਹੀਂ ਕੀਤਾ ਜਾ ਰਿਹਾ ਹੈ ਤੇ ਇਹ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ।

## ਗਿੱਦੜਬਾਹਾ ਤੇ ਭਾਈ ਕਾ ਕੇਰਾ 'ਚ ਔਰਤਾਂ ਨੇ ਧੰਨਵਾਦੀ ਜਾਗੋ ਕੱਢੀ




**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਦੀ ਆਮ ਆਦਮੀ ਪਾਰਟੀ ਵੱਲੋਂ ਸੂਬੇ ਭਰ ਦੀਆਂ ਐੱਸ. ਸੀ. ਵਰਗ ਨਾਲ ਸੰਬੰਧਤ ਔਰਤਾਂ ਨੂੰ 1500 ਰੁਪਏ ਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੇ ਐਲਾਨ ਤੋਂ ਬਾਅਦ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਲੰਬੀ ਹਲਕੇ ਦੇ ਪਿੰਡ ਭਾਈ ਕਾ ਕੇਰਾ ਤੇ ਗਿੱਦੜਬਾਹਾ ਵਿਖੇ ਮਾਵਾਂ-ਭੈਣਾਂ ਨੂੰ ਹਰ ਮਹੀਨੇ 1000 ਤੇ 1500 ਰੁਪਏ ਪ੍ਰਤੀ ਮਹੀਨਾ ਸਨਮਾਨ ਰਾਸ਼ੀ ਮਿਲਣ ਦੀ ਖੁਸ਼ੀ ਵਿੱਚ ਪਿੰਡ ਦੀਆਂ ਔਰਤਾਂ ਵੱਲੋਂ ਧੰਨਵਾਦੀ ਜਾਗੋ ਕੱਢ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਔਰਤਾਂ ਨੇ ਗਿੱਧਾ ਪਾ ਕੇ ਤੇ ਜਾਗੋ ਕੱਢ ਕੇ ਇਸ ਫ਼ੈਸਲੇ ਦਾ ਸਵਾਗਤ ਕੀਤਾ।ਇਸ ਮੌਕੇ ਪਿੰਡ ਵਾਸੀਆਂ ਤੇ ਮਹਿਲਾਵਾਂ ਨੇ ਇਕੱਠੇ ਹੋ ਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ ਤੇ ਕਿਹਾ ਕਿ ਅਜਿਹੀਆਂ ਲੋਕ-ਹਿਤੈਸ਼ੀ ਯੋਜਨਾਵਾਂ ਨਾਲ ਸਮਾਜ ਦੇ ਹਰ ਵਰਗ ਨੂੰ ਲਾਭ ਮਿਲਦਾ ਹੈ। ਇਸ ਮੌਕੇ ਮਹਿਲਾ ਵਿੰਗ ਕੁਲਦੀਪ ਕੌਰ ਬਲਾਕ ਪ੍ਰਧਾਨ, ਸੁਮਨ ਪਿੰਡ ਪ੍ਰਧਾਨ, ਕੁਲਦੀਪ ਕੌਰ, ਮਨਜੀਤ ਕੌਰ, ਵੀਰਪਾਲ ਕੌਰ, ਪਰਮਜੀਤ ਕੌਰ, ਅਮਰਜੀਤ ਕੌਰ, ਜਸਵੀਰ ਕੌਰ, ਰਮਨਦੀਪ ਕੌਰ, ਸ਼ੀਲਾ, ਪੂਜਾ, ਮੰਦਰ ਸਿੰਘ ਯੂਥ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ, ਮਲਕੀਤ ਸਿੰਘ ਖਾਲਸਾ, ਪੀਏ ਗੁਰਬਾਜ ਸਿੰਘ ਖੁੱਡੀਆਂ, ਸੋਸ਼ਲ ਮੀਡੀਆ ਇੰਚਾਰਜ ਹਿਮਾਂਸ਼ੂ ਬਾਂਸਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।

# ਬਿਜਲੀ ਕਾਮਿਆਂ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

ਧਾਰੀਵਾਲ, (ਮਨਦੀਪ ਵਿੱਕੀ)-ਪੀ. ਐੱਸ. ਈ. ਬੀ. ਇੰਪਲਾਈਜ਼ ਜੁਆਇੰਟ ਫ਼ੋਰਮ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਜ਼ਿਲਾ ਗੁਰਦਾਸਪੁਰ ਦੀ ਸਾਂਝੀ ਮੀਟਿੰਗ ਸੁਖਵਿੰਦਰ ਸਿੰਘ ਗਿੱਲ, ਸਾਹਿਬ ਸਿੰਘ ਧਾਲੀਵਾਲ, ਸਲਵਿੰਦਰ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਸੂਬਾ ਆਗੂ ਰਵੇਲ ਸਿੰਘ ਸਹਾਏਪੁਰ, ਬਲਵਿੰਦਰ ਸਿੰਘ ਉਦੀਪੁਰ, ਦਰਬਾਰਾ ਸਿੰਘ ਛੀਨਾ ਸ਼ਾਮਲ ਹੋਏ ਮੀਟਿੰਗ ਵਿੱਚ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਮੰਗਾਂ ਦੀ ਪ੍ਰਾਪਤੀ ਲਈ ਕੀਤੇ ਜਾ ਰਹੇ ਵਿਧਾਨ ਸਭਾ ਮਾਰਚ ਨੂੰ ਖਦੇੜਨ ਅਤੇ ਦਬਾਉਣ ਲਈ ਸਰਕਾਰ ਦੀ ਸ਼ਹਿ ਤੇ ਪੁਲਸ ਪ੍ਰਸ਼ਾਸਨ ਵਲੋਂ ਨਿੱਹਥੇ ਕਿਰਤੀਆਂ ਤੇ ਅੱਥਰੂ ਗੈਸ ਦੇ ਗੋਲੇ ਅਤੇ ਲਾਠੀਚਾਰਜ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ ਅਤੇ ਆਗੂਆਂ ਕਿਹਾ ਕਿ ਸੰਘਰਸ਼ ਨੂੰ ਜਬਰ ਨਾਲ ਨਹੀਂ ਦਬਾਇਆ ਨਹੀਂ ਜਾ ਸਕਦਾ। ਇਸ ਮੌਕੇ ਸਾਥੀ ਸਹਾਏਪੁਰ, ਉਦੀਪੁਰ ਨੇ ਦਸਿਆ ਕਿ ਪਾਵਰਕਾਮ ਦੀ ਮੈਨੇਜਮੈਂਟ ਬਿਜਲੀ ਕਾਮਿਆਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕਰ ਰਹੀ ਜਿਸ ਕਾਰਨ ਬਿਜਲੀ ਕਾਮਿਆਂ ਵਿੱਚ ਭਾਰੀ ਰੋਸ ਹੈ। ਇਸ ਲਈ ਜੁਆਇੰਟ ਫ਼ੋਰਮ ਅਤੇ ਏਕਤਾ ਮੰਚ, ਅਤੇ ਪੈਨਸ਼ਨ ਜਥੇਬੰਦੀਆਂ ਵੱਲੋਂ ਸਾਂਝੇ ਸੰਘਰਸ਼ ਦਾ



ਐਲਾਨ ਕੀਤਾ ਗਿਆ ਹੈ ਜਿਸ ਦੇ ਤਹਿਤ ਸਰਕਲ ਗੁਰਦਾਸਪੁਰ ਦੀ ਕਨਵੈਨਸ਼ਨ 26 ਮਾਰਚ ਨੂੰ ਰਾਮ ਸਿੰਘ ਦੱਤ ਹਾਲ ਗੁਰਦਾਸਪੁਰ ਵਿਖੇ ਆਗੂਆਂ ਦੀ ਕੀਤੀ ਜਾਵੇਗੀ ਅਤੇ 10 ਅਪ੍ਰੈਲ ਨੂੰ ਪਾਵਰਕੌਮ ਦਾ ਮੁੱਖ ਦਫਤਰ ਪਟਿਆਲਾ ਦੇ ਤਿਨੇ ਗੇਟ ਬੰਦ ਕਰਕੇ ਮੈਨੇਜਮੈਂਟ ਦਾਂ ਘਿਰਾਓ ਕੀਤਾ ਜਾਵੇਗਾ। ਕੋਈ ਵੀ ਕਰਮਚਾਰੀ ਆਨ ਲਾਈਨ ਪਰਮਿਟ 'ਤੇ ਕੰਮ ਨਹੀਂ ਕਰੇਗਾ। ਇਸ ਮੌਕੇ ਅਨਿਲ ਕੁਮਾਰ ਸ਼ਰਮਾ, ਅਮਨਦੀਪ ਸਿੰਘ ਧਾਲੀਵਾਲ, ਸੁਖਦੇਵ ਸਿੰਘ, ਬਲਵਿੰਦਰ ਸਿੰਘ ਬਾਜਵਾ, ਸੁਖਵਿੰਦਰ ਸਿੰਘ ਗਿੱਲ, ਤਰਲੋਕ ਸਿੰਘ ਖੂਡੀ, ਦਲਵੀਰ ਸਿੰਘ, ਅਨਿਲ ਕੁਮਾਰ ਸ਼ਰਮਾ ਆਦਿ ਆਗੂ ਹਾਜ਼ਰ ਸਨ।

## ਭਾਰਤੀ ਫੌਜ ਦੀ ਭਰਤੀ ਰੈਲੀ ਦਾ 7ਵਾਂ ਦਿਨ

**ਗੁਰਦਾਸਪੁਰ, (ਜਨਕ ਮਹਾਜਨ)**-ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਚੱਲ ਰਹੀ ਭਾਰਤੀ ਫੌਜ ਦੀ ਭਰਤੀ ਰੈਲੀ ਦੇ ਸੱਤਵੇਂ ਦਿਨ ਪਠਾਨਕੋਟ ਇਲਾਕੇ ਦੇ ਨੌਜਵਾਨਾਂ ਦੀ ਵੱਡੀ ਭਾਗੀਦਾਰੀ ਦੇਖਣ ਨੂੰ ਮਿਲੀ। ਡਾਇਰੈਕਟਰ ਭਰਤੀ ਬੋਰਡ ਕਰਨਲ ਜੇਮਸ ਜੈਕਬ ਨੇ ਦੱਸਿਆ ਕਿ ਇਸ ਤੋਂ ਇਲਾਵਾ ਜਿਨ੍ਹਾਂ ਉਮੀਦਵਾਰਾਂ ਦੀ ਪਹਿਲਾਂ ਨਿਰਧਾਰਿਤ ਮਿਤੀ ਉਤੇ ਇਮਤਿਹਾਨਾਂ ਕਾਰਨ ਹਾਜ਼ਰੀ ਨਹੀਂ ਹੋ ਸਕੀ ਸੀ, ਉਨ੍ਹਾਂ ਨੂੰ ਵੀ ਅੱਜ ਐਤਵਾਰ ਨੂੰ ਰੈਲੀ ਵਿੱਚ ਭਾਗ ਲੈਣ ਦਾ ਮੌਕਾ ਦਿੱਤਾ ਗਿਆ ਤਾਂ ਜੋ ਕੋਈ ਵੀ ਯੋਗ ਉਮੀਦਵਾਰ ਇਸ ਮੌਕੇ ਤੋਂ ਵੰਚਿਤ ਨਾ ਰਹੇ।

ਉਨ੍ਹਾਂ ਦੱਸਿਆ ਕਿ ਹਲਕੀ ਬਾਰਿਸ਼ ਦੇ ਬਾਵਜੂਦ ਉਮੀਦਵਾਰਾਂ ਨੇ 1.6 ਕਿਲੋਮੀਟਰ ਦੌੜ, ਫਿਜ਼ਿਕਲ ਫਿਟਨੈੱਸ ਟੈਸਟ ਅਤੇ ਦਸਤਾਵੇਜ਼ ਜਾਂਚ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਖਾਣ-ਪੀਣ ਅਤੇ ਲੱਸੀ ਦੀ ਵਿਵਸਥਾ ਕੀਤੀ ਗਈ, ਜਦਕਿ ਸਥਾਨਕ ਲੋਕਾਂ ਵੱਲੋਂ ਲੰਗਰ ਦਾ ਪ੍ਰਬੰਧ ਕੀਤਾ ਗਿਆ, ਜੋ ਸਿਵਲ ਪ੍ਰਸ਼ਾਸਨ ਅਤੇ ਫੌਜ ਵਿਚਕਾਰ ਮਜ਼ਬੂਤ ਸਹਿਯੋਗ ਨੂੰ ਦਰਸਾਉਂਦਾ ਹੈ।ਭਰਤੀ ਪ੍ਰਕਿਰਿਆ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਹੋਈ ਅਤੇ ਕਈ ਉਮੀਦਵਾਰਾਂ ਨੇ ਵਧੀਆ ਪ੍ਰਦਰਸ਼ਨ ਕਰਦਿਆਂ ਅਗਨੀਵੀਰ ਭਰਤੀ ਦੇ ਅਗਲੇ ਪੜਾਅ ਲਈ ਯੋਗਤਾ ਹਾਸਲ ਕੀਤੀ।

# ਪਾਵਰ ਮੈਨੇਜਮੈਂਟ ਦੀ ਵਾਅਦਾ-ਖਿਲਾਫ਼ੀ ਵਿਰੁੱਧ ਕਨਵੈਨਸ਼ਨ 20 ਨੂੰ

## *10 ਅਪਰੈਲ ਨੂੰ ਮੁੱਖ ਦਫ਼ਤਰ ਪਟਿਆਲਾ ਦੇ ਗੇਟਾਂ 'ਤੇ ਹੋਵੇਗਾ ਰੋਸ ਪ੍ਰਦਰਸ਼ਨ

ਤਰਨ ਤਾਰਨ (ਪ੍ਰਿਤਪਾਲ ਸਿੰਘ)-ਪਾਵਰ ਮੈਨੇਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਾਗੂ ਕਰਨ ਤੋਂ ਟਾਲ ਮਟੋਲ ਕਰਨ ਅਤੇ ਕੀਤੇ ਹੋਏ ਸਮਝੌਤਿਆਂ ਤੋਂ ਮੁੱਕਰ ਕੇ ਵਾਅਦਾ ਖਿਲਾਫ਼ੀ ਕਰਨ ਦੇ ਵਿਰੁੱਧ ਮੁਲਾਜ਼ਮਾਂ ਅਤੇ ਪੈਨਸ਼ਨਰਜ਼ ਦੀਆਂ ਪ੍ਰਮੁੱਖ ਜਥੇਬੰਦੀਆਂ ਦੇ ਸਾਂਝੇ ਥੜੇ ਪੀਐੱਸਈਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ, ਪਾਵਰਕਾਮ ਅਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ (ਏਟਕ) ਅਤੇ ਪੈਨਸ਼ਨਰਜ਼ ਵੈੱਲਫੇਅਰ ਫੈਡਰੇਸ਼ਨ (ਪਹਿਲਵਾਨ) ਦੇ ਸੂਬਾ ਪੱਧਰੀ ਸੱਦੇ ਤੇ ਅਗਲੇ ਸੰਘਰਸ਼ਾਂ ਦੀ ਲਾਮਬੰਦੀ ਲਈ ਬੀਤੇ ਕੱਲ ਸਥਾਨਕ ਸਰਕਲ ਦੀ ਸਾਂਝੀ ਮੀਟਿੰਗ ਲਖਬੀਰ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਚਾਰ ਖੰਭਾ ਚੌਂਕ ਬਿਜਲੀ ਸ਼ਿਕਾਇਤ ਕੇਂਦਰ ਤੇ ਹੋਈ।ਇਸ ਮੀਟਿੰਗ ਵਿੱਚ ਸ਼ਾਮਲ ਅਦਾਰੇ ਦੀਆਂ ਵੱਖ ਵੱਖ ਜਥੇਬੰਦੀਆਂ ਦੇ ਸੂਬਾ ਆਗੂਆਂ ਗੁਰਪ੍ਰੀਤ ਸਿੰਘ ਗੰਡੀਵਿੰਡ, ਗੁਰਭੇਜ ਸਿੰਘ ਢਿੱਲੋਂ, ਹਰਦੇਵ ਸਿੰਘ ਨਾਗੋਕੇ, ਬਲਜਿੰਦਰ ਕੌਰ ਸਮੇਤ ਸਰਕਲ ਆਗੂਆਂ ਪੂਰਨ ਦਾਸ, ਨਰਿੰਦਰ ਬੇਦੀ, ਕੁਲਵਿੰਦਰ ਸਿੰਘ ਬਾਗੜੀਆ, ਮਨਜਿੰਦਰ ਸਿੰਘ, ਧਰਮਵੀਰ ਸਿੰਘ ਪੱਟੀ, ਰਣਜੀਤ ਸਿੰਘ, ਗੁਰਪਿੰਦਰ ਸਿੰਘ ਰਿੰਕੂ ਆਦਿ ਨੇ ਬਿਜਲੀ ਨਿਗਮ ਦੀ



ਮੈਨੇਜਮੈਂਟ ਵੱਲੋਂ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਨ ਤੋਂ ਟਾਲ ਮਟੋਲ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਮੈਨੇਜਮੈਂਟ 'ਤੇ ਕੀਤੇ ਹੋਏ ਸਮਝੌਤਿਆਂ ਤੋਂ ਮੁੱਕਰ ਕੇ ਵਾਅਦਾ ਖਿਲਾਫ਼ੀ ਕਰਨ ਦੇ ਦੋਸ਼ ਲਗਾਏ। ਆਗੂਆਂ ਨੇ ਕਿਹਾ ਕਿ ਇਸੇ ਤਰਜ਼ 'ਤੇ ਪੰਜਾਬ ਸਰਕਾਰ ਵੱਲੋਂ ਵੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ 16 ਪ੍ਰਤੀਸ਼ਤ ਰੋਕਿਆ ਮਹਿੰਗਾਈ ਭੱਤਾ ਜਾਰੀ ਕਰਨ, ਪੁਰਾਣੀ ਪੈਨਸ਼ਨ ਸ਼ਕੀਮ ਲਾਗੂ ਕਰਨ, ਕੱਚੇ ਕਾਮੇ ਪੱਕੇ ਕਰਨ, ਪੈਨਸ਼ਨਰਾਂ ਤੇ 2.59 ਫੈਕਟਰ ਲਾਗੂ ਕਰਨ, ਸੋਧੇ ਸਕੇਲਾਂ ਦੀਆਂ ਤਰੁੱਟੀਆਂ ਦੂਰ ਕਰਨ ਦੀ ਬਜਾਏ ਟਕਰਾਅ ਦੀ ਨੀਤੀ ਧਾਰਨ ਕਰਕੇ ਹੱਕ ਮੰਗਦੇ ਸਾਰੇ ਵਰਗਾਂ ਨੂੰ ਪਾਣੀ ਦੀਆਂ ਬੁਛਾੜਾਂ ਨਾਲ ਅਤੇ ਅੱਥਰੂ ਗੈਸ ਦੇ ਗੋਲੇ ਦਾਗ ਕੇ ਬੇਪੱਤ ਕੀਤਾ ਜਾ ਰਿਹਾ ਹੈ।ਇਸ ਮੀਟਿੰਗ ਵਿੱਚ ਹਿੱਸਾ ਲੈਣ ਵਾਲੇ ਆਗੂਆਂ ਨੇ ਅਗਲੇ ਸੰਘਰਸ਼ਾਂ ਦੀ ਲਾਮਬੰਦੀ ਲਈ 17 ਮਾਰਚ ਤੋਂ 7 ਅਪਰੈਲ ਤੱਕ ਕੇਡਰ ਨੂੰ ਹਰ ਪੱਖ ਤੋਂ ਜਾਗਰੂਕ ਕਰਨ ਲਈ ਸਰਕਲ ਪੱਧਰੀ ਕਨਵੈਨਸ਼ਨਾਂ ਕਰਨ ਦੇ ਸੂਬਾ ਪੱਧਰੀ ਫੈਸਲੇ ਦੀ ਕੜੀ ਤਹਿਤ ਸਥਾਨਕ ਸਰਕਲ ਦੀ ਕਨਵੈਨਸ਼ਨ 20 ਮਾਰਚ ਦਿਨ ਸ਼ੁੱਕਰਵਾਰ ਨੂੰ ਗਾਂਧੀ ਪਾਰਕ ਵਿੱਚ ਕਰਨ ਬਾਰੇ ਫੈਸਲਾ ਕੀਤਾ ਤਾਂ ਜੋ 10 ਅਪਰੈਲ ਨੂੰ ਮੁੱਖ ਦਫਤਰ ਪਟਿਆਲਾ ਦੇ ਗੇਟਾਂ ਤੇ ਮੰਨੀਆਂ ਮੰਗਾਂ ਲਾਗੂ ਕਰਵਾਉਣ ਲਈ ਪਾਵਰ ਮੈਨੇਜਮੈਂਟ ਖਿਲਾਫ਼ ਕੀਤੇ ਜਾ ਰਹੇ ਸੂਬਾ ਪੱਧਰੀ ਰੋਸ ਪ੍ਰਦਰਸ਼ਨ ਦੀਆਂ ਜ਼ੋਰਦਾਰ ਤਿਆਰੀਆਂ ਕਰਨ ਬਾਰੇ ਕੇਡਰ ਨੂੰ ਜਾਗਰੂਕ ਕਰਕੇ ਵੱਡੇ ਪੱਧਰ 'ਤੇ ਲਾਮਬੰਦੀ ਕੀਤੀ ਜਾ ਸਕੇ।

## *ਫਰੈਂਡਜ਼ ਲਾਇਬ੍ਰੇਰੀ ਨਾਭਾ ਦੇ ਮੈਂਬਰਾਂ ਵੱਲੋਂ ਸਿਮਰਨਪ੍ਰੀਤ ਕੌਰ ਸਨਮਾਨਿਤ*




ਨਾਭਾ (ਵਰਿੰਦਰ ਵਰਮਾ)-ਫਰੈਂਡਜ਼ ਲਾਇਬ੍ਰੇਰੀ ਨਾਭਾ ਵੱਲੋਂ ਪ੍ਰਧਾਨ ਸੁਭਾਸ਼ ਬਾਂਸਲ ਸੇਵਾਮੁਕਤ ਬੈਂਕ ਮੈਨੇਜਰ ਦੀ ਅਗਵਾਈ ਹੇਠ ਮੈਂਬਰਾਂ ਵੱਲੋਂ ਸਿਮਰਨਪ੍ਰੀਤ ਕੌਰ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਸੁਭਾਸ਼ ਬਾਂਸਲ ਅਤੇ ਪ੍ਰਿੰਸੀਪਲ ਅਸ਼ਵਨੀ ਮਦਾਨ ਨੇ ਕਿਹਾ ਕਿ ਨਾਭਾ ਦੇ ਨੇੜਲੇ ਪਿੰਡ ਬਿਰੜਵਾਲ ਦੀ ਰਹਿਣ ਵਾਲੀ ਧੀ ਨੇ ਭਾਰਤ ਵਿੱਚੋਂ ਆਈਏਐੱਸ ਦੀ ਪ੍ਰੀਖਿਆ ਪਾਸ ਕਰਕੇ 15ਵਾਂ ਸਥਾਨ ਹਾਸਿਲ ਕੀਤਾ ਹੈ ਜੋ ਸਾਡੇ ਲਈ ਮਾਣ ਦੀ ਗੱਲ ਹੈ। ਇਸ ਨੇ ਜਿੱਥੇ ਦੇਸ਼ ਦਾ ਨਾਂਅ ਚਮਕਾਇਆ ਹੈ ਉਥੇ ਹੀ ਸਾਡੇ ਹਲਕਾ ਨਾਭਾ ਦਾ ਨਾਂਅ ਵੀ ਰੌਸ਼ਨ ਕੀਤਾ ਹੈ।ਇਸ ਮੌਕੇ ਫਰੈਂਡਜ਼ ਲਾਇਬ੍ਰੇਰੀ ਦੀ ਮੁੱਖ ਅਧਿਆਪਕਾ ਨੇ ਦੱਸਿਆ ਕਿ ਨਾਭਾ ਦੇ ਦਯਾਨੰਦ ਪਬਲਿਕ ਸਕੂਲ ਦੀ ਵਿਦਿਆਰਥਣ ਸਿਮਰਨਪ੍ਰੀਤ ਕੌਰ ਨੇ ਫਰੈਂਡਜ਼ ਲਾਇਬ੍ਰੇਰੀ, ਨਾਭਾ ਦੁਆਰਾ ਆਯੋਜਿਤ ਕਈ ਜੀ ਕੇ ਮੁਕਾਬਲਿਆਂ ਵਿੱਚ ਹਿੱਸਾ ਲਿਆ ਸੀ ਤਾਂ ਜੋ ਉਸ ਦੇ ਗਿਆਨ ਵਿੱਚ ਵਾਧਾ ਹੋ ਸਕੇ ਅਤੇ ਸਫਲਤਾ ਵੱਲ ਵਧਿਆ ਜਾ ਸਕੇ।ਇਸ ਮੌਕੇ ਵਿਦਿਆਰਥਣ ਸਿਮਰਨਪ੍ਰੀਤ ਕੌਰ ਨੇ ਫਰੈਂਡਜ਼ ਲਾਇਬ੍ਰੇਰੀ ਨਾਭਾ ਵੱਲੋਂ ਉਸ ਨੂੰ ਦਿੱਤੇ ਗਏ ਮਾਨ ਸਨਮਾਨ ਲਈ ਦਿਲੋਂ ਧੰਨਵਾਦ ਕੀਤਾ।ਉਸ ਨੇ ਕਿਹਾ ਕਿ ਫਰੈਂਡਜ਼ ਲਾਇਬ੍ਰੇਰੀ ਨੇ ਉਸ ਦੀ ਸਫਲਤਾ ਵਿੱਚ ਬਹੁਤ ਵੱਡੀ ਭੂਮਿਕਾ ਨਿਭਾਈ ਹੈ, ਕਿਉਂਕਿ ਉਸ ਨੇ ਆਪਣੇ ਸਕੂਲ ਦੇ ਦਿਨਾਂ ਦੌਰਾਨ ਲਾਇਬ੍ਰੇਰੀ ਦੁਆਰਾ ਕਰਵਾਏ ਗਏ ਹਰ ਟੈਸਟ ਵਿੱਚ ਹਿੱਸਾ ਲਿਆ ਜੋ ਉਸ ਦੀ ਪੜ੍ਹਾਈ ਵਿੱਚ ਬਹੁਤ ਮਦਦਗਾਰ ਸਾਬਤ ਹੋਇਆ।ਇਸ ਮੌਕੇ ਪ੍ਰੋ. ਸੁਰਿੰਦਰ ਬੀਰ ਸਿੰਘ ਸੇਠੀ, ਸੁਭਾਸ਼ ਬਾਂਸਲ, ਅਸ਼ਵਨੀ ਮਦਾਨ, ਅਨਿਲ ਮਲੇਰੀ, ਐਡਵੋਕੇਟ ਗੀਤ ਇਕਬਾਲ ਸਿੰਘ ਮਝੈਲ ਅਤੇ ਇੰਦਰਮੋਹਨ ਆਦਿ ਹਾਜ਼ਰ ਸਨ।

## ਨਾਨਕਸ਼ਾਹੀ ਨਵੇਂ ਸਾਲ ਤੇ ਹੋਲਾ ਮਹੱਲਾ ਮੌਕੇ ਵਿਸ਼ੇਸ਼ ਗੁਰਮਤਿ ਸਮਾਗਮ ਆਯੋਜਿਤ



**ਦੋਰਾਹਾ, (ਹਰਮਿੰਦਰ ਸੇਠ)** : ਨਾਨਕਸ਼ਾਹੀ ਨਵੇਂ ਸਾਲ (ਸੰਮਤ 558) ਅਤੇ ਹੋਲਾ ਮਹੱਲਾ ਦੇ ਪਾਵਨ ਤਿਉਹਾਰ ਨੂੰ ਸਮਰਪਿਤ ਸਰਬ ਰੋਗ ਕਾ ਔਖਧ ਨਾਮ ਮਿਸ਼ਨ, ਦੋਰਾਹਾ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਦੋਰਾਹਾ ਵਿਖੇ ਸ਼ਨੀਵਾਰ ਨੂੰ ਵਿਸ਼ੇਸ਼ ਗੁਰਮਤਿ ਸਮਾਗਮ ਆਯੋਜਿਤ ਕੀਤਾ ਗਿਆ।ਇਹ ਧਾਰਮਿਕ ਸਮਾਗਮ ਸ਼ਾਮ 7:00 ਵਜੇ ਤੋਂ 9:30 ਵਜੇ ਤੱਕ ਕਰਵਾਇਆ ਗਿਆ, ਜਿਸ ਦੌਰਾਨ ਸਰਬ ਰੋਗ ਕਾ ਔਖਧ ਨਾਮ ਮਿਸ਼ਨ, ਲੁਧਿਆਣਾ ਦੇ ਭਾਈ ਗੁਰਮੀਤ ਸਿੰਘ ਨੇ ਗੁਰਬਾਣੀ ਕੀਰਤਨ ਰਾਹੀਂ ਹਾਜ਼ਰ ਸੰਗਤ ਨੂੰ ਆਤਮਕ ਰੂਪ ਵਿੱਚ ਨਿਹਾਲ ਕੀਤਾ।

ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਿਰਕਤ ਕਰਦੇ ਹੋਏ ਗੁਰਬਾਣੀ ਕੀਰਤਨ ਦਾ ਲਾਹਾ ਲਿਆ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਦਾ ਆਨੰਦ ਮਾਣਦਿਆਂ ਗੁਰੂ ਸਾਹਿਬ ਦੀਆਂ ਅਸੀਸਾਂ ਪ੍ਰਾਪਤ ਕੀਤੀਆਂ।ਸਮਾਗਮ ਦੌਰਾਨ ਆਈ ਹੋਈ ਸੰਗਤ ਲਈ ਗੁਰੂ ਕਾ ਲੰਗਰ ਵੀ ਵਰਤਾਇਆ ਗਿਆ।

ਇਹ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ (ਰਜਿ.), ਦੋਰਾਹਾ ਅਤੇ ਸ਼ਹੀਦ ਬਾਬਾ ਦੀਪ ਸਿੰਘ ਜੀ ਸੇਵਾ ਸੋਸਾਇਟੀ (ਰਜਿ.), ਦੋਰਾਹਾ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ।

## ਕੁਰਾਹੇ ਪੈ ਚੁੱਕੇ ਨੌਜਵਾਨਾਂ ਨੂੰ ਮੁੱਖ ਧਾਰਾ 'ਚ ਲਿਆਂਦਾ ਜਾਵੇਗਾ : ਸਤਨਾਮ ਗਿੱਲ

ਛੇਹਰਟਾ, (ਮਨੋਜ ਕੁਮਾਰ)-ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਨੇ ਕਿਹਾ ਹੈ ਕਿ ਗੁੰਮਰਾਹ ਹੋ ਚੁੱਕੇ ਤੇ ਕੁਰਾਹੇ ਪੈ ਚੁੱਕੇ ਨੌਜਵਾਨਾਂ ਨੂੰ ਮੁਆਫ਼ੀ ਦੁਆ ਕੇ ਮੁੱਖ ਧਾਰਾ 'ਚ ਸ਼ਾਮਲ ਕਰਵਾਉਣ ਲਈ ਉਨ੍ਹਾਂ ਦੀ ਸੰਸਥਾ ਪਹਿਲ ਕਦਮੀ ਕਰੇਗੀ। ਉਨ੍ਹਾਂ ਦੱਸਿਆ ਕਿ ਮੁੱਖ ਧਾਰਾ ਦਾ ਹਵਾਲਾ ਦੇ ਕੇ ਗੈਂਗਸਟਰਾਂ ਦੀ ਸੂਚੀ 'ਚ



ਜਬਰੀ ਸ਼ਾਮਲ ਕੀਤੇ ਗਏ ਬੱਚਿਆਂ ਨੂੰ ਮੌਤ ਦੇ ਮੂੰਹ 'ਚ ਜਾਣ ਤੋਂ ਰੋਕਣ ਲਈ ਉਨ੍ਹਾਂ ਵੱਲੋਂ ਸੰਭਵ ਯਤਨ ਜਾਰੀ ਕੀਤੇ ਜਾ ਚੁੱਕੇ ਹਨ। ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਇਸ ਸਬੰਧ ਵਿਚ ਇਕ ਪੱਤਰ ਪੰਜਾਬ ਦੇ ਮੁੱਖ ਮੰਤਰੀ ਨੂੰ ਲਿਖ ਕੇ ਮੀਟਿੰਗ ਦਾ ਸਮਾਂ ਵੀ ਮੰਗਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜੋ ਜੁਰਮ ਦੀ ਦੁਨੀਆ 'ਚ ਵਕਤ ਦੀ ਮਾਰ ਹੇਠ ਆ ਕੇ ਚਲੇ ਗਏ ਹਨ, ਉਨ੍ਹਾਂ ਬੱਚਿਆਂ ਨੂੰ ਜਿਉਂਦੇ ਜੀਅ ਭਾਰਤੀ ਸੰਵਿਧਾਨ ਦੀ ਮਦਦ ਨਾਲ ਮੁੱਖ ਧਾਰਾ 'ਚ ਲਿਆ ਕੇ ਆਮ ਵਾਂਗ ਜੀਵਨ ਨਿਰਬਾਹ ਕਰਨ ਦਾ ਮੌਕਾ ਦਿੱਤਾ ਜਾ ਸਕਦਾ ਹੈ। ਇਸ ਦੇ ਲਈ ਸਿਰਫ਼ ਪਹਿਲ ਕਦਮੀ ਕਰਨ ਦੀ ਲੋੜ ਹੈ। ਸਤਨਾਮ ਸਿੰਘ ਗਿੱਲ ਨੇ ਦੱਸਿਆ ਕਿ ਇਸ ਮਾਮਲੇ 'ਤੇ ਠੋਸ ਪੈਰਵਾਈ ਕਰਨ ਲਈ ਉਹ ਪੰਜਾਬ ਦੇ ਰਾਜਪਾਲ ਤੋਂ ਇਲਾਵਾ ਮਨੁੱਖੀ ਅਧਿਕਾਰ ਮਾਮਲਿਆਂ ਦੇ ਪ੍ਰਮੁੱਖ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੁਲਾਕਾਤ ਕਰਨਗੇ ਅਤੇ ਉਕਤ ਕੇਸਾਂ ਨੂੰ ਲੈ ਕੇ ਚਰਚਾ ਕਰਨਗੇ।

## ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਵਿਖੇ 'ਹਰਬਿਜ਼' ਦਾ ਆਯੋਜਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਰਣਜੀਤ ਐਵੀਨਿਊ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਸਬੰਧ 'ਤੇ 'ਹਰਬਿਜ਼: ਔਰਤਾਂ ਦੀ ਨਵੀਨਤਾ, ਸਿਰਜਣਾ ਅਤੇ ਬਦਲਾਅ 'ਚ ਭੂਮਿਕਾ' (ਸਪਾਰਕ ਐਂਡ ਵਿਜ਼ਨ-ਵੂਮੈਨ ਇਨੋਵੇਟਿੰਗ, ਕ੍ਰਿਏਟਿੰਗ ਐਂਡ ਲੀਡਿੰਗ ਚੇਂਜ਼) ਵਿਸ਼ੇ 'ਤੇ ਦੋ ਦਿਨਾਂ ਤੀਜੀ ਰਾਸ਼ਟਰੀ ਮਹਿਲਾ ਕਾਨਫਰੰਸ ਕਰਵਾਈ ਗਈ।ਕਾਲਜ ਡਾਇਰੈਕਟਰ ਡਾ. ਮਜੂ ਬਾਲਾ ਦੇ ਸਹਿਯੋਗ ਨਾਲ ਕਰਵਾਈ ਉਕਤ ਕਾਨਫਰੰਸ 'ਚ ਵੱਖ-ਵੱਖ ਨਾਮਵਰ ਸੰਸਥਾਵਾਂ ਦੇ ਸਿੱਖਿਆ ਸ਼ਾਸਤਰੀਆਂ, ਖੋਜਕਰਤਾਵਾਂ, ਪੇਸ਼ੇਵਰਾਂ ਅਤੇ ਵਿਦਿਆਰਥੀਆਂ ਨੂੰ ਨਵੀਨਤਾ, ਉੱਦਮਤਾ ਅਤੇ ਲੀਡਰਸ਼ਿਪ 'ਚ ਔਰਤਾਂ ਦੀ ਭੂਮਿਕਾ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਕਾਨਫ਼ਰੰਸ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕਰਨ ਉਪਰੰਤ ਡਾ. ਮੰਜੂ ਬਾਲਾ ਵੱਲੋਂ ਆਏ ਮੁੱਖ ਮਹਿਮਾਨ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ ਦਿੱਲੀ ਤੋਂ ਪ੍ਰੋਫੈਸਰ ਡਾ. ਗੀਤਾ ਸਿੱਕਾ ਅਤੇ ਇੰਦਰਾ ਗਾਂਧੀ ਦਿੱਲੀ ਟੈਕਨੀਕਲ ਯੂਨੀਵਰਸਿਟੀ ਫਾਰ ਵੂਮੈਨ ਤੋਂ ਗੈਸਟ ਆਫ਼ ਆਨਰ ਐਸੋਸੀਏਟ ਪ੍ਰੋਫੈਸਰ ਡਾ. ਨੌਨੀਤਾ ਸ਼ਰਮਾ ਨੇ ਸ਼ਮ੍ਹਾ ਰੌਸ਼ਨ ਕਰਕੇ ਕੀਤੀ ਗਈ।ਇਸ ਮੌਕੇ ਡਾ. ਮੰਜੂ ਬਾਲਾ ਨੇ ਕਿਹਾ



ਕਿ ਔਰਤਾਂ ਨੂੰ ਸਸ਼ਕਤ ਬਣਾਉਣਾ ਨਾ ਸਿਰਫ਼ ਇੱਕ ਸਮਾਜਿਕ ਜ਼ਿੰਮੇਵਾਰੀ ਹੈ, ਸਗੋਂ ਇੱਕ ਪ੍ਰਗਤੀਸ਼ੀਲ ਅਤੇ ਸੰਤੁਲਿਤ ਸਮਾਜ ਦੀ ਉਸਾਰੀ ਲਈ ਇਕ ਜ਼ਰੂਰਤ ਵੀ ਹੈ।ਡਾ. ਸਿੱਕਾ ਨੇ ਕਿਹਾ ਕਿ ਅਜਿਹੇ ਅਕਾਦਮਿਕ ਪਲੇਟਫਾਰਮ ਖਾਸ ਕਰਕੇ ਅੰਤਰਰਾਸ਼ਟਰੀ ਮਹਿਲਾ ਦਿਵਸ ਵਰਗੇ ਮਹੱਤਵਪੂਰਨ ਮੌਕੇ 'ਤ ਵਿਦਵਾਨਾਂ ਅਤੇ ਵਿਦਿਆਰਥੀਆਂ 'ਚ ਸੰਵਾਦ, ਖੋਜ ਸਹਿਯੋਗ ਅਤੇ ਨਵੀਨਤਾਕਾਰੀ ਸੋਚ ਨੂੰ ਉਤਸ਼ਾਹਿਤ ਕਰਦੇ ਹਨ।ਸਮਾਗਮ 'ਚ ਸੱਭਿਆਚਾਰਕ ਪਹਿਲੂ ਜੋੜਦਿਆਂ ਵਿਦਿਆਰਥੀਆਂ ਵੱਲੋਂ ਕਲਾਸੀਕਲ ਡਾਂਸ ਅਤੇ ਰਵਾਇਤੀ ਗਿੱਧਾ ਪੇਸ਼ ਕੀਤਾ ਗਿਆ। ਕਾਨਫਰੰਸ ਚਾਰ ਮੌਖਿਕ ਪੇਸ਼ਕਾਰੀ ਟਰੈਕ ਅਤੇ ਇਕ ਪੋਸਟਰ ਪੇਸ਼ਕਾਰੀ ਸੈਸ਼ਨ ਪੇਸ਼ ਕੀਤਾ ਗਿਆ, ਜਿੱਥੇ ਖੋਜਕਰਤਾਵਾਂ ਨੇ ਔਰਤਾਂ ਦੀ ਅਗਵਾਈ, ਉੱਦਮਤਾ, ਨਵੀਨਤਾ ਅਤੇ ਸਮਾਜਿਕ ਸਸ਼ਕਤੀਕਰਨ ਨਾਲ ਸੰਬੰਧਿਤ ਵਿਸ਼ਿਆਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ।

## *ਹੀਰਾ ਵਾਲੀਆ ਵੱਲੋਂ ਮੋਗਾ ਰੈਲੀ 'ਚ ਸ਼ਾਮਲ ਹੋਏ ਪੰਜਾਬ ਵਾਸੀਆਂ ਦਾ ਧੰਨਵਾਦ*

ਬਟਾਲਾ, (ਤਰਲੋਕ ਬੱਗਾ)-ਮੋਗਾ ਵਿਖੇ ਜੋ ਭਾਰਤੀ ਜਨਤਾ ਪਾਰਟੀ ਦੀ ਇਤਿਹਾਸਿਕ ਰੈਲੀ ਹੋਈ ਉਸ ਵਿੱਚ ਹਲਕਾ ਬਟਾਲਾ, ਹਲਕਾ ਸ੍ਰੀ ਹਰਗੋਬਿੰਦਪੁਰ ਅਤੇ ਹਲਕਾ ਫਤਿਹਗੜ੍ਹ ਚੂੜੀਆਂ ਤੋਂ ਪਹੁੰਚੇ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਦਾ ਤਹਿ ਦਿਲੋਂ ਧੰਨਵਾਦ ਜਿਨ੍ਹਾਂ ਨੇ ਮੋਗਾ ਰੈਲੀ ਨੂੰ ਕਾਮਯਾਬ ਅਤੇ ਇਤਿਹਾਸਿਕ ਬਣਾਉਣ ਵਿੱਚ ਆਪਣਾ ਅਹਿਮ ਰੋਲ ਅਦਾ ਕੀਤਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਾ ਕੀਤਾ।ਹੀਰਾ ਵਾਲੀਆ ਨੇ ਕਿਹਾ ਕਿ ਮੋਗਾ ਵਿਖੇ ਜੋ ਭਾਜਪਾ ਦੀ ਰੈਲੀ



ਹੋਈ ਜਿਸ ਨੂੰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੰਬੋਧਨ ਕੀਤਾ, ਪੰਜਾਬ ਵਿੱਚ ਪੂਰੀ ਤਰਾਂ ਬਦਲਾਅ ਲੈ ਕੇ ਆਏਗੀ।ਉਨ੍ਹਾਂ ਇਹ ਵੀ ਕਿਹਾ ਕਿ ਮੋਗਾ ਰੈਲੀ ਨੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਭੁਲੇਖੇ ਵੀ ਦੂਰ ਕਰ ਦਿੱਤੇ ਹਨ, ਕਿਉਂਕਿ ਇਹ ਲੋਕ ਇਹ ਕਹਿ ਰਹੇ ਸਨ ਕਿ ਭਾਜਪਾ ਦੀ ਰੈਲੀ ਵਿੱਚ ਲੋਕ ਇਕੱਠੇ ਨਹੀਂ ਹੋਣਗੇ ਲੇਕਿਨ ਲੱਖਾਂ ਦੇ ਠਾਠਾਂ ਮਾਰਦੇ ਇਕੱਠ ਨੇ ਸਾਫ ਕਰ ਦਿੱਤਾ ਕਿ ਪੰਜਾਬ ਅੰਦਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਭਾਜਪਾ ਵਰਕਰਾਂ ਨੂੰ 2027 ਦੀਆ ਚੋਣਾਂ ਲਈ ਹੁਣ ਤੋਂ ਹੀ ਤਿਆਰੀ ਕਸਣ ਦੀ ਅਪੀਲ ਕੀਤੀ।ਉਨ੍ਹਾਂ ਦਾ ਭਾਸ਼ਣ ਸੁਣ ਕੇ ਭਾਜਪਾ ਵਰਕਰਾਂ ਵਿੱਚ ਵੱਡਾ ਜੋਸ਼ ਭਰਿਆ ਹੈ ਅਤੇ ਹੁਣ ਭਾਜਪਾ ਵਰਕਰ ਪਹਿਲਾਂ ਨਾਲੋਂ ਵੀ ਤਗੜੇ ਹੋ ਕੇ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਕੰਮ ਕਰਨਗੇ।ਹੀਰਾ ਵਾਲੀਆ ਨੇ ਇੱਕ ਵਾਰ ਫਿਰ ਰੈਲੀ ਵਿੱਚ ਸ਼ਾਮਿਲ ਹੋਏ ਹਰ ਪਾਰਟੀ ਵਰਕਰ, ਆਗੂ ਅਤੇ ਆਮ ਲੋਕਾਂ ਦਾ ਧੰਨਵਾਦ ਕੀਤਾ।

# ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ-2026 ਦੀਆਂ ਚੋਣਾਂ 18 ਨੂੰ: ਡਿਪਟੀ ਕਮਿਸ਼ਨਰ

ਗੁਰਦਾਸਪੁਰ, (ਜਨਕ ਮਹਾਜਨ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ ਆਦਿੱਤਿਆ ਉਪਲ ਨੇ ਦੱਸਿਆ ਮਾਣਯੋਗ ਮੁੱਖ ਚੋਣ ਅਫ਼ਸਰ, ਪੰਜਾਬ ਅਤੇ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਰਾਜ ਦੇ ਸਮੁੱਚੇ ਜ਼ਿਲ੍ਹਿਆਂ, ਸਬ- ਡਵੀਜ਼ਨਾਂ ਅਤੇ ਤਹਿਸੀਲਾਂ ਵਿੱਚ ਬਾਰ ਕੌਂਸਲ ਆਫ਼ ਪੰਜਾਬ ਐਂਡ ਹਰਿਆਣਾ 2026 ਦੀਆਂ ਚੋਣਾਂ 18 ਮਾਰਚ ਦਿਨ ਬੁੱਧਵਾਰ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਕਰਵਾਈਆਂ ਜਾਣੀਆਂ ਹਨ,ਜਿਸ ਤਹਿਤ ਗੁਰਦਾਸਪੁਰ ਵਿੱਚ ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ- 2026 ਦੀਆਂ ਚੋਣਾਂ 18 ਮਾਰਚ ਨੂੰ ਸਵੇਰੇ 9 ਤੋਂ ਸ਼ਾਮ 5 ਕਰਵਾਈਆਂ ਜਾਣਗੀਆਂ।ਇਹ ਚੋਣਾਂ ਰਾਜ ਪੱਧਰੀ ਰਿਟਰਨਿੰਗ ਅਫ਼ਸਰ ਜਸਟਿਸ ਜੈਸ਼੍ਰੀ ਠਾਕੁਰ (ਸੇਵਾਮੁਕਤ) ਵੱਲੋਂ ਨਿਰਧਾਰਤ ਕੀਤੇ ਗਏ ਪੋਲਿੰਗ ਬੂਥਾਂ ਵਿੱਚ ਕਰਵਾਈਆ ਜਾ ਰਹੀਆਂ ਹਨ।



ਪੋਲਿੰਗ ਬੂਥ ਨੰਬਰ 1 , ਜ਼ਿਲ੍ਹਾ ਕੋਰਟ ਕੰਪਲੈਕਸ, ਗੁਰਦਾਸਪੁਰ ਦੀ ਪਹਿਲੀ ਮੰਜ਼ਿਲ ਤੇ ਸਥਿਤ ਬਾਰ ਰੂਮ 'ਚ।ਇਸ ਪੋਲਿੰਗ ਬੂਥ ਵਿੱਚ ਵਕੀਲ ਭਾਈਚਾਰੇ ਦੀਆਂ ਕੁੱਲ 456 ਵੋਟਾਂ ਹਨ।ਪੋਲਿੰਗ ਬੂਥ ਨੰਬਰ 2, ਡਾਈਨਿੰਗ ਰੂਮ, ਜ਼ਿਲ੍ਹਾ ਕੋਰਟ ਕੰਪਲੈਕਸ ਗੁਰਦਾਸਪੁਰ ਅਤੇ 474 ਵੋਟਾਂ ਹਨ। ਪੋਲਿੰਗ ਬੂਥ ਬਟਾਲਾ, ਬਾਰ ਰੂਮ, ਕੋਰਟ ਕੰਪਲੈਕਸ ਬਟਾਲਾ ਵਿਖੇ ਅਤੇ ਕੁੱਲ ਵੋਟਾਂ 315 ਹਨ।ਚੋਣਾਂ ਨੂੰ ਮੁੱਖ ਰੱਖਦਿਆਂ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਸਮੁੱਚੇ ਪ੍ਰਸ਼ਾਸਨਿਕ ਅਤੇ ਪੁਲਸ ਸਬੰਧੀ ਯੋਗ ਪ੍ਰਬੰਧ ਕਰ ਲਏ ਗਏ ਹਨ।ਪੋਲਿੰਗ ਬੂਥਾਂ ਤੇ ਵੀਡੀਓਗ੍ਰਾਫੀ ਕੀਤੀ ਜਾਵੇਗੀ।ਪੋਲਿੰਗ ਬੂਥ 'ਤੇ ਮਾਈਕਰੋ ਆਬਜ਼ਰਵਰ ਦੀ ਵੀ ਤਾਇਨਾਤੀ ਕੀਤੀ ਗਈ ਹੈ ਜੋ ਕਿ ਇਨ੍ਹਾਂ ਚੋਣਾਂ ਦੇ ਰਿਟਰਨਿੰਗ ਅਫ਼ਸਰ ਅਤੇ ਹਾਈ ਪਾਵਰ ਇਲੈਕਸ਼ਨ ਕਮੇਟੀ ਦੀ ਸਿੱਧੇ ਤੌਰ 'ਤੇ ਸੁਪਰਵਿਜ਼ਨ ਅਧੀਨ ਡਿਊਟੀ ਨਿਭਾਉਣਗੇ।ਉਨ੍ਹਾਂ ਵੱਲੋਂ ਇਹ ਵੀ ਵਿਸ਼ੇਸ਼ ਤੌਰ 'ਤੇ ਦੱਸਿਆ ਕਿ ਹਦਾਇਤਾਂ ਅਨੁਸਾਰ ਕੇਵਲ 05 ਦਸਤਾਵੇਜ਼ ਜਿਨ੍ਹਾਂ ਤੇ ਫੋਟੋ ਲੱਗੀ ਹੋਵੇ, ਰਾਹੀਂ ਹੀ ਵੋਟ ਪਾਈ ਜਾ ਸਕਦੀ ਹੈ।ਜਿਨ੍ਹਾਂ ਵਿੱਚ ਬਾਰ ਕੌਂਸਲ ਵੱਲੋਂ ਜਾਰੀ ਸ਼ਨਾਖਤੀ ਕਾਰਡ, ਐਨਰੋਲਮੈਂਟ ਸਰਟੀਫਿਕੇਟ, ਡਰਾਈਵਿੰਗ ਲਾਈਸੈਂਸ, ਪਾਸਪੋਰਟ ਅਤੇ ਵੋਟਰ ਫੋਟੋ ਸ਼ਨਾਖਤੀ ਕਾਰਡ ਸ਼ਾਮਲ ਹੈ।ਚੋਣਾਂ ਦੌਰਾਨ ਕਿਸੇ ਵੀ ਕਿਸਮ ਦੀ ਕਾਨੂੰਨ-ਵਿਵਸਥਾ ਨੂੰ ਭੰਗ ਕਰਨ ਵਾਲੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪੁਲਸ ਵਿਭਾਗ ਨੂੰ ਵੋਟਿੰਗ ਸਥਾਨ ਦੇ 100 ਮੀਟਰ ਦੇ ਘੇਰੇ ਵਿੱਚ ਪੂਰੀ ਸੁਰੱਖਿਆ ਦੇ ਪ੍ਰਬੰਧ ਕਰਨ ਦੇ ਆਦੇਸ਼ ਜਾਰੀ ਕੀਤੇ ਜਾ ਚੁੱਕੇ ਹਨ, ਤਾਂ ਜੋ ਚੋਣਾਂ ਸ਼ਾਂਤੀਪੂਰਵਕ ਅਤੇ ਪਾਰਦਰਸ਼ੀ ਢੰਗ ਨਾਲ ਮੁਕੰਮਲ ਹੋ ਸਕਣ।ਚੋਣਾਂ ਦੀ ਸਮਾਪਤੀ ਉਪਰੰਤ ਚੋਣਾਂ ਵਾਲੇ ਬੈਲਟ ਬਕਸੇ ਸਮੇਤ ਸਾਰਾ ਚੋਣ ਮਟੀਰੀਅਲ ਉਸ ਦਿਨ ਹੀ ਭਾਵ 18 ਮਾਰਚ ਨੂੰ ਹੀ ਪੁਲਸ ਗਾਰਦ ਦੀ ਸੁਰੱਖਿਆ ਹੇਠ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਚੰਡੀਗੜ੍ਹ ਵਿੱਖੇ ਗੇਟ ਨੰ. 4 ਕਮਰਾ ਨੰ. 3 ਵਿੱਚ ਗਠਿਤ ਕੀਤੀਆਂ ਟੀਮਾਂ ਵੱਲੋਂ ਜਮ੍ਹਾ ਕਰਵਾਇਆ ਜਾਵੇਗਾ ਅਤੇ ਗਿਣਤੀ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਚੰਡੀਗੜ੍ਹ ਵਿੱਖੇ ਹੋਵੇਗੀ।ਉਨ੍ਹਾਂ ਵੱਲੋਂ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਅਤੇ ਸਮੁੱਚੇ ਵਕੀਲ ਭਾਈਚਾਰੇ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਚੋਣ ਪ੍ਰਕਿਰਿਆ ਦੌਰਾਨ ਅਨੁਸ਼ਾਸਨ ਅਤੇ ਆਪਸੀ ਭਾਈਚਾਰੇ ਦੀ ਭਾਵਨਾ ਨੂੰ ਬਣਾਉਂਦੇ ਅਤੇ ਲੋਕਤੰਤਰਿਕ ਮਰਿਆਦਾ ਦੀ ਪਾਲਣਾ ਕਰਦੇ ਹੋਏ ਨਿਰਧਾਰਤ ਦਿਨ ਬੁੱਧਵਾਰ 18 ਮਾਰਚ ਨੂੰ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਆਪਣੇ ਵੋਟ ਹੱਕ ਦਾ ਇਸਤੇਮਾਲ ਕਰਨ।

## ਪੀ ਯੂ ਦੇ ਸਿੱਖ ਵਿਦਿਆਰਥੀਆਂ ਨਾਲ ਪੁਲਸ ਦਾ ਮਾੜਾ ਵਤੀਰਾ ਨਿੰਦਣਯੋਗ : ਬੀਬੀ ਕੁਲਵਿੰਦਰ ਕੌਰ ਖਾਲਸਾ

ਧਾਰੀਵਾਲ, (ਮਨਦੀਪ ਵਿੱਕੀ): ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਇਸਤਰੀ ਵਿੰਗ ਦੇ ਸੀਨੀਅਰ ਮੀਤ ਪ੍ਰਧਾਨ ਬੀਬੀ ਕੁਲਵਿੰਦਰ ਕੌਰ ਖਾਲਸਾ (ਸੁਪਤਨੀ ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਤੁਗਲਵਾਲ) ਨੇ ਕਿਹਾ ਕਿ ਆਪਣੇ ਸਵੈਮਾਣ, ਸੱਭਿਆਚਾਰ, ਇਤਿਹਾਸ, ਸਿਧਾਂਤਾਂ ਅਤੇ ਮਾਣ ਮਰਯਾਦਾ ਨੂੰ ਕਾਇਮ ਰੱਖਣ ਲਈ ਪ੍ਰਦਰਸ਼ਨ ਕਰਨਾ ਹਰ ਇੱਕ ਦਾ ਮੁੱਢਲਾ ਅਧਿਕਾਰ ਹੈ ਅਤੇ ਏਸੇ ਅਧਿਕਾਰ ਦੀ ਵਰਤੋਂ ਕਰ ਰਹੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਸਿੱਖ ਵਿਦਿਆਰਥੀਆਂ ਉਤੇ ਪੁਲਸ ਦਾ ਧਾਵਾ, ਦਸਤਾਰਾਂ ਉਤਾਰਨੀਆਂ ਅਤੇ ਕੇਸਾਂ ਦੀ ਬੇਅਦਬੀ ਕਰਨੀ ਨਾ ਬਰਦਾਸ਼ਤ ਕਰਨ ਯੋਗ, ਹਿੰਦ ਸਟੇਟ ਦਾ ਇੱਕ ਭਿਆਨਕ ਕਾਰਾ ਹੈ।



ਆਰ. ਐੱਸ. ਐੱਸ., ਭਾਜਪਾ ਅਤੇ ਹੋਰ ਪੰਥ ਵਿਰੋਧੀ ਤਾਕਤਾਂ ਖਿਲਾਫ ਡੱਟਣਾ ਹਰ ਸਿੱਖ ਦਾ ਫਰਜ਼ ਹੈ। ਪੰਥ ਨੂੰ ਸਮਰਪਿਤ ਸਮੁੱਚੀਆਂ ਜਥੇਬੰਦੀਆਂ, ਮਨੁੱਖੀ ਹੱਕਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਸੰਗਠਨ, ਸ਼ਖਸੀਅਤਾਂ ਅਤੇ ਹਰੇਕ ਸਿੱਖ ਨੂੰ ਵਿਦਿਆਰਥੀਆਂ ਦੇ ਸਮਰਥਨ ਵਿੱਚ ਨਿੱਤਰਨਾ ਅਤੇ ਆਵਾਜ਼ ਬੁਲੰਦ ਕਰਨੀ ਆਪਣਾ ਫਰਜ਼ ਸਮਝਣ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਵਿਚ ਨੌਂਵੇਂ ਪਾਤਸ਼ਾਹ ਦੇ ਸਬੰਧ ਵਿੱਚ ਕਰਵਾਏ ਸੈਮੀਨਾਰ ਵਿੱਚ ਆਰ. ਐੱਸ. ਐੱਸ. ਦੇ ਬੁਲਾਰਿਆਂ ਦਾ ਡੱਟਵਾਂ ਵਿਰੋਧ ਹੋਣਾ ਦਰਸਾਉਂਦਾ ਹੈ ਕਿ ਸਿੱਖ ਕੌਮ ਅਤੇ ਪੰਜਾਬੀਆਂ ਵਿਚ ਵੱਡੀ ਜਾਗ੍ਰਿਤੀ ਆ ਰਹੀ ਹੈ, ਵਿਦਿਆਰਥੀਆਂ ਦੇ ਇਸ ਕਾਰਨਾਮੇ ਨੇ ਸਿੱਖ ਪੰਥ ਵਿੱਚ ਇੱਕ ਨਵਾਂ ਇਤਿਹਾਸ ਸਿਰਜਿਆ ਹੈ।

## *ਨੱਕ, ਕੰਨ, ਗਲੇ ਤੇ ਚਮੜੀ ਦੇ ਰੋਗਾਂ ਸਬੰਧੀ ਅਲਾਵਲਪੁਰ 'ਚ ਲੱਗਾ ਮੁਫਤ ਮੈਡੀਕਲ ਕੈਂਪ*

ਅਲਾਵਲਪੁਰ, (ਮਦਨ ਬੰਗੜ)-ਅਲਾਇੰਸ ਕਲੱਬ ਆਦਮਪੁਰ ਦੋਆਬਾ ਵੱਲੋਂ ਪ੍ਰਧਾਨ ਪੰਕਜ ਕੁਮਾਰ ਹਨੀ ਦੀ ਅਗਵਾਈ ਹੇਠ ਮੁਫ਼ਤ ਮੈਡੀਕਲ ਕੈਂਪ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਠਾਕੁਰ ਦੁਆਰਾ ਅਲਾਵਲਪੁਰ ਵਿਖੇ ਲਗਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਮੈਂਬਰ ਅਤੇ



ਕੈਂਪ ਪ੍ਰਬੰਧਕ ਸੁਭਾਸ਼ ਭਨੋਟ, ਅੰਕੁਰ ਮਿਸ਼ਰਾ, ਰਾਹੁਲ ਮਿਸ਼ਰਾ ਅਤੇ ਚੇਤਨ ਚੋਢਾ ਨੇ ਦੱਸਿਆ ਕਿ ਪਰਮਹੰਸ ਸ਼੍ਰੀ 108 ਮਹੰਤ ਸਵਾਮੀ ਮਹੇਸ਼ ਪੁਰੀ ਦੀ ਦੇਖ-ਰੇਖ ਹੇਠ ਸਤਿਗੁਰੂ ਪਰਮਹੰਸ 1008 ਸਵਾਮੀ ਹੀਰਾ ਨੰਦਪੁਰੀ ਮਹਾਰਾਜ ਨੰਗਲ ਬਿਹਾਲਾ, ਸਤਿਗੁਰੂ ਪਰਮਹੰਸ 1008 ਬੋਧਾ ਨੰਦ ਪੁਰੀ ਮਹਾਰਾਜ, ਸਵਾਮੀ ਪਰਮਹੰਸ 1008 ਗੁਰੂ ਸੇਵਾ ਨੰਦ ਪੁਰੀ ਮਹਾਰਾਜ, ਸਵਾਮੀ ਪਰਮਹੰਸ 1008 ਬ੍ਰਹਮਾ ਨੰਦ ਪੁਰੀ ਮਹਾਰਾਜ, ਸੰਤ ਪਰਮਹੰਸ ਰਾਮਾਨੰਦ ਪੁਰੀ ਮਹਾਰਾਜ ਦੇ ਆਸ਼ੀਰਵਾਦ ਨਾਲ ਇਸ ਕੈਂਪ ਅੰਦਰ ਮਾਹਰ ਡਾਕਟਰਾਂ ਦੀ ਟੀਮ ਵਿਚ ਡਾ. ਸੁਖਬਿੰਦਰ (ਈਐੱਨਟੀ ਮਾਹਰ), ਡਾ. ਸ਼ਲਭ ਸਿੰਗਲਾ ਸਕਿਨ ਸਪੈਸ਼ਲਿਸਟ (ਸਿਟੀ ਸਕਿਨ ਕੇਅਰ ਹਸਪਤਾਲ ਮੇਨ ਰੋਡ ਆਦਮਪੁਰ) ਵੱਲੋਂ 123 ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਕੈਂਪ ਵਿੱਚ ਖਾਸ ਤੌਰ 'ਤੇ ਕੰਨਾਂ ਦੀ ਸੁਣਨ ਸਮਰਥਾ ਦੇ ਟੈਸਟ ਵੀ ਮੁਫ਼ਤ ਕੀਤੇ ਗਏ।ਇਸ ਮੌਕੇ ਸਵਾਮੀ ਮਹੇਸ਼ ਪੁਰੀ ਅਤੇ ਪ੍ਰਬੰਧਕਾਂ ਨੇ ਕਲੱਬ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਮੁਫ਼ਤ ਜਾਂਚ ਕੈਂਪ ਜ਼ਰੂਰਤਮੰਦਾਂ ਦੀ ਸੇਵਾ ਦਾ ਵਧੀਆ ਜ਼ਰੀਆ ਹਨ, ਜਿੱਥੇ ਆਮ ਲੋਕ ਆਪਣੀਆਂ ਬਿਮਾਰੀਆਂ ਸਬੰਧੀ ਮਾਹਿਰਾਂ ਨਾਲ ਵਿਚਾਰ ਵਟਾਂਦਰੇ ਰਾਹੀਂ ਆਪਣਾ ਇਲਾਜ ਸੌਖੇ ਢੰਗ ਨਾਲ ਕਰਵਾ ਸਕਦੇ ਹਨ।ਇਸ ਮੌਕੇ ਉਨ੍ਹਾਂ ਸੰਸਥਾ ਦੇ ਹਾਜ਼ਰ ਮੈਂਬਰਾਂ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਅਕਸ਼ੈਦੀਪ ਸ਼ਰਮਾ, ਦਵਿੰਦਰ ਸੂਰੀ, ਰਮੇਸ਼ ਗਿੱਲ, ਨਰਿੰਦਰ ਕੁੱਕੂ, ਅੰਕੁਸ਼ ਕੁੰਦੀ, ਸੰਜੀਵ ਖੁੱਲਰ, ਵਿਸ਼ਾਲ ਸਾਨਣ, ਨਿਖਿਲ ਚੋਢਾ, ਦਿਨੇਸ਼ ਦੁਆ, ਮਹੀਪਾਲ, ਦੀਪਕ ਗੁਪਤਾ, ਦਵਿੰਦਰ ਚੋਢਾ, ਹੇਮੰਤ ਚੋਢਾ, ਪਰਮਜੀਤ ਵਾਲੀਆ, ਰਾਜੂ ਮੜੀਆ, ਸ਼ਿਵਮ ਸੰਨਨ, ਪੁਨੀਤ ਭਨੋਟ, ਪਾਰਸ ਕੁਮਾਰ, ਸੁਭਾਸ਼ ਗੁਪਤਾ, ਪਵਨ ਤਾਰਾ, ਕਰਨ ਤਾਰਾ ਆਦਿ ਹਾਜ਼ਰ ਸਨ।

## ਬਲਵਿੰਦਰ ਸਿੰਘ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਦਿ ਹੋਪ ਸੋਸਾਇਟੀ ਅੰਮ੍ਰਿਤਸਰ ਦੇ ਚੇਅਰਮੈਨ ਡਾ. ਲਖਬੀਰ ਸਿੰਘ ਰੰਧਾਵਾ ਨੇ ਪਿੰਡ ਜੇਠੂਵਾਲ ਦੇ ਸਾਬਕਾ ਸਰਪੰਚ ਮਲਕੀਤ ਸਿੰਘ ਦੇ ਭਤੀਜੇ ਬਲਵਿੰਦਰ ਸਿੰਘ ਦੇ ਦਿਹਾਂਤ 'ਤੇ ਦੁੱਖ ਪ੍ਰਗਟ ਕੀਤਾ।ਅੰਤਿਮ ਸੰਸਕਾਰ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਨ੍ਹਾਂ ਨੇ ਸੋਗ ਮਨਾਉਣ ਵਾਲੇ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਅਰਦਾਸ ਕੀਤੀ।

ਡਾ. ਰੰਧਾਵਾ ਨੇ ਕਿਹਾ ਕਿ ਸਾਬਕਾ ਸਰਪੰਚ ਮਲਕੀਤ ਸਿੰਘ ਇੱਕ ਸਮਾਜ ਸੇਵਕ ਅਤੇ ਪਿਆਰ ਕਰਨ ਵਾਲੇ ਵਿਅਕਤੀ ਸਨ।ਸਿਰਫ਼ 35 ਸਾਲ ਦੀ ਉਮਰ ਵਿੱਚ ਉਨ੍ਹਾਂ ਦੇ ਭਤੀਜੇ ਬਲਵਿੰਦਰ ਸਿੰਘ ਦਾ ਦਿਹਾਂਤ ਪੂਰੇ ਪਰਿਵਾਰ ਲਈ ਇੱਕ ਵੱਡਾ ਸਦਮਾ ਹੈ।

ਉਨ੍ਹਾਂ ਕਿਹਾ ਕਿ ਇਹ ਪਰਿਵਾਰ ਵੀ ਉਨ੍ਹਾਂ ਦੇ ਸਮਾਜ ਦਾ ਇੱਕ ਮਹੱਤਵਪੂਰਨ ਹਿੱਸਾ ਹੈ।ਇਸ ਮੌਕੇ ਉਨ੍ਹਾਂ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਥਾਂ ਦੇਣ ਅਤੇ ਦੁਖੀ ਪਰਿਵਾਰ ਨੂੰ ਦੁੱਖ ਸਹਿਣ ਦੀ ਤਾਕਤ ਦੇਣ।

# 21 ਦੀ ਰੈਲੀ ਵਿਰੋਧੀਆਂ ਦੇ ਭੁਲੇਖੇ ਦੂਰ ਕਰ ਦੇਵੇਗੀ : ਅਕਾਲੀ ਆਗੂ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਾਬਕਾ ਕੈਬਨਿਟ ਮੰਤਰੀ ਪੰਜਾਬ ਤੇ ਜ਼ਿਲ੍ਹਾ ਜਥੇਦਾਰ ਸੁੱਚਾ ਸਿੰਘ ਲੰਗਾਹ ਅਤੇ ਹਲਕਾ ਡੇਰਾ ਬਾਬਾ ਨਾਨਕ ਤੋ ਸੀਨੀਅਰ ਅਕਾਲੀ ਆਗੂ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਵੱਲੋਂ ਕਲਾਨੌਰ ਦੀ ਦਾਣਾ ਮੰਡੀ ਵਿਖੇ ਕਰਵਾਈ ਜਾ ਰਹੀ ਪੰਜਾਬ ਬਚਾਓ ਰੈਲੀ ਵਿਰੋਧੀਆਂ ਦੇ ਭੁਲੇਖੇ ਦੂਰ ਕਰ ਦੇਵੇਗੀ।

ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਠੇਠਰਕੇ ਦੇ ਸਰਕਲ ਇੰਚਾਰਜ ਸਤਨਾਮ ਸਿੰਘ ਪਟਵਾਰੀ ਠੇਠਰਕੇ, ਸੀਨੀਅਰ ਅਕਾਲੀ ਆਗੂ ਹਰਸਿਮਰਤ ਸਿੰਘ ਬਾਜਵਾ, ਸੀਨੀਅਰ ਅਕਾਲੀ ਆਗੂ ਗੁਰਪ੍ਰੀਤ ਸਿੰਘ ਬਾਦਲ ਡੇਰਾ ਬਾਬਾ ਨਾਨਕ, ਝੰਗੀ ਸਰਕਲ ਦੇ ਇੰਚਾਰਜ ਸਾਬਕਾ ਸਰਪੰਚ ਜਸਪਿੰਦਰ ਸਿੰਘ ਝੰਗੀ, ਤੇਜਬੀਰ ਸਿੰਘ ਦਿਉਲ ਪੀ ਏ ਲੰਗਾਹ ਅਤੇ ਸੁਰਜੀਤ ਸਿੰਘ ਚਾਕਾਵਾਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 21 ਮਾਰਚ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਕਰਵਾਈ ਜਾ ਰਹੀ ਵਿਸ਼ਾਲ ਰੈਲੀ ਵਿਰੋਧੀਆਂ ਦੇ ਭੁਲੇਖੇ ਦੂਰ ਕਰ ਦੇਵੇਗੀ ।ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਹਲਕੇ ਦੇ ਅਕਾਲੀ ਵਰਕਰਾਂ ਤੇ ਆਗੂਆਂ ਵਿੱਚ ਇਸ ਰੈਲੀ ਨੂੰ ਲੈ ਕੇ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਲੋਕ ਆਪ ਮੁਹਾਰੇ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਇਸ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਪੱਬਾਂ ਭਾਰ ਜ਼ੋਰ ਲਗਾ ਰਹੇ ਹਨ ।ਉਨ੍ਹਾਂ ਕਿਹਾ ਕਿ ਇਸ ਵਾਰ ਪੰਜਾਬ



ਵਿੱਚ 2027 ਨੂੰ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਪਾਰਟੀ ਜਿੱਤ ਹਾਸਲ ਕਰੇਗੀ ਅਤੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ। ਉਨ੍ਹਾਂ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ 21 ਮਾਰਚ ਨੂੰ ਕਲਾਨੌਰ ਵਿਖੇ ਹੋਣ ਜਾ ਰਹੀ ਰੈਲੀ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਪਾਰਟੀ ਦੇ ਸੀਨੀਅਰ ਆਗੂਆਂ ਦੇ ਵਿਚਾਰ ਸੁਣਨ ।

## ਬੀਬਾ ਕੰਚਨਪ੍ਰੀਤ ਕੌਰ ਨੂੰ ਹਲਕਾ ਇੰਚਾਰਜ ਨਿਯੁਕਤ ਕਰਨ 'ਤੇ ਅਕਾਲੀ ਬਾਗੋ-ਬਾਗ

ਝਬਾਲ, (ਹਰਜਿੰਦਰ ਸਿੰਘ ਸੋਨੀ)-ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ




ਬੀਬਾ ਕੰਚਨਪ੍ਰੀਤ ਕੌਰ ਨੂੰ ਤਰਨਤਾਰਨ ਹਲਕਾ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਪੂਰੇ ਹਲਕੇ ਦੇ ਅਕਾਲੀ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।

ਜ਼ਿਕਰਯੋਗ ਹੈ ਕਿ ਬੀਤੇ ਸਮੇਂ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਜ਼ਿਮਨੀ ਚੋਣ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੀ ਚੋਣ ਮੁਹਿੰਮ ਵਿੱਚ ਡਟ ਕੇ ਚੋਣ ਪ੍ਰਚਾਰ ਕਰਨ ਅਤੇ ਚੋਣਾਂ ਮਗਰੋਂ ਸਰਕਾਰੀ ਜਬਰ ਦਾ ਹਿੰਮਤ, ਦਲੇਰੀ ਨਾਲ ਸਾਹਮਣਾ ਕਰਨ ਵਾਲੀ ਬੀਬਾ ਕੰਚਨਪ੍ਰੀਤ ਕੌਰ ਨੂੰ ਪਾਰਟੀ ਵੱਲੋਂ ਬਣਦਾ ਮਾਣ ਸਤਿਕਾਰ ਦਿੰਦਿਆਂ ਹਲਕਾ ਤਰਨਤਾਰਨ ਦੇ ਇੰਚਾਰਜ ਵਜੋਂ ਅਹੁਦਾ ਦੇ ਕੇ ਨਿਵਾਜਿਆ ਗਿਆ ਜਿਸ 'ਤੇ ਜਿੱਥੇ ਪੂਰੇ ਹਲਕਾ ਤਰਨਤਾਰਨ ਵਿਚ ਅਕਾਲੀ ਦਲ ਦੇ ਆਗੂਆਂ ਵੱਲੋਂ ਲੱਡੂ ਵੰਡੇ ਗਏ ਉਥੇ ਹਲਕਾ ਤਰਨਤਾਰਨ ਦੀ ਸਿਆਸਤ ਦਾ ਮੁੱਖ ਕੇਂਦਰ ਬਿੰਦੂ ਝਬਾਲ ਇਲਾਕੇ ਤੋਂ ਸਾਬਕਾ ਐੱਸਜੀਪੀਸੀ ਮੈਂਬਰ ਜਥੇਦਾਰ ਕਸ਼ਮੀਰ ਸਿੰਘ ਗੰਡੀਵਿੰਡ, ਮੈਨੇਜਰ ਦਿਲਬਾਗ ਸਿੰਘ ਝਬਾਲ, ਸਾਬਕਾ ਸਰਪੰਚ ਭਗਵੰਤ ਸਿੰਘ ਕਸੇਲ, ਸੁਖਜਿੰਦਰ ਸਿੰਘ ਕਸੇਲ, ਜਨਰਲ ਸਕੱਤਰ ਵਰਿੰਦਰਜੀਤ ਸਿੰਘ ਠੱਠਾ, ਸਾਬਕਾ ਚੇਅਰਮੈਨ ਹਰਵੰਤ ਸਿੰਘ ਝਬਾਲ, ਸਾਬਕਾ ਵਾਈਸ ਚੇਅਰਮੈਨ ਗੁਰਬੀਰ ਸਿੰਘ ਝਬਾਲ, ਚੇਅਰਮੈਨ ਪ੍ਰਭਜੀਤ ਸਿੰਘ ਕੋਟ ਸਾਬਕਾ ਸਰਪੰਚ ਪ੍ਰਮਜੀਤ ਸਿੰਘ ਗੱਗੋਬੂਹਾ ਤੋਂ ਇਲਾਵਾ ਸੈਂਕੜੇ ਆਗੂਆਂ ਤੇ ਵਰਕਰਾਂ ਵੱਲੋਂ ਲੱਡੂ ਵੰਡ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।

## *ਸਰਕਾਰ ਨੇ ਪੰਜਾਬ ਫਿਲਮ ਪ੍ਰੋਮੋਸ਼ਨ ਨੀਤੀ 2026 ਲਾਗੂ ਕੀਤੀ : ਬਲਤੇਜ ਪੰਨੂ*

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਨੂੰ ਫਿਲਮ ਨਿਰਮਾਣ ਦਾ ਪ੍ਰਮੁੱਖ ਕੇਂਦਰ ਬਣਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪੰਜਾਬ ਫਿਲਮ ਪ੍ਰੋਮੋਸ਼ਨ ਨੀਤੀ 2026 ਲਾਗੂ ਕੀਤੀ ਹੈ, ਜਿਸ ਨੂੰ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਲਾਹੇ-ਪੱਖੀ ਅਤੇ ਲਚਕੀਲੀ ਬਣਾਇਆ ਗਿਆ ਹੈ। ਇਹ ਗੱਲ ਮੋਹਾਲੀ ਦੇ ਪਲਾਕਸ਼ਾ ਯੂਨੀਵਰਸਿਟੀ ਵਿੱਚ ਹੋਏ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੌਰਾਨ ਮੀਡੀਆ ਅਤੇ ਮਨੋਰੰਜਨ ਸੈਸ਼ਨ ਦੌਰਾਨ ਪੈਨਲ ਚਰਚਾ ਦੌਰਾਨ ਉਭਰ ਕੇ ਸਾਹਮਣੇ ਆਈ। ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ, ਅਸੀਂ ਹਰ ਫਿਲਮਕਾਰ, ਹਰ ਨਿਵੇਸ਼ਕ ਤੇ ਹਰ ਰਚਨਾਤਮਕ ਸ਼ਖ਼ਸ ਦਾ ਸਵਾਗਤ ਕਰਦੇ ਹਾਂ। ਤੁਹਾਨੂੰ ਜੋ ਵੀ ਚਾਹੀਦਾ ਹੈ ਅਤੇ ਜਿਵੇਂ ਵੀ ਚਾਹੀਦਾ ਹੈ, ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੁਹਾਡੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਨਾਕਾਰਾਤਮਕ ਛਵੀ ਪੇਸ਼ ਕਰਨ ਵਾਲੇ ਵਿਚੋਲਿਆਂ ਦਾ ਦੌਰ ਖਤਮ ਹੋ ਚੁੱਕਾ ਹੈ ਅਤੇ ਫਿਲਮਕਾਰਾਂ ਅਤੇ ਮੀਡੀਆ ਧਿਰਾਂ ਨੂੰ ਸ਼ੂਟਿੰਗ ਲਈ ਸਿੰਗਲ ਵਿੰਡੋ ਕਲੀਅਰੈਂਸ ਪ੍ਰਣਾਲੀ ਅਤੇ ਹਰ ਤਰ੍ਹਾਂ ਦੀ ਸਰਕਾਰੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਪਨਮਈ ਪ੍ਰੋਜੈਕਟ ਹੈ ਅਤੇ ਇਸ ਨੂੰ ਹਕੀਕਤ ਵਿੱਚ ਬਦਲਣ ਲਈ ਸਾਂਝੇ ਹੰਭਲੇ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੀ ਪੰਜਾਬੀਅਤ ਦੀ ਰੂਹ ਕਦੇ ਮਰੀ ਨਹੀਂ।

ਸ੍ਰੀ ਪੰਨੂ ਨੇ ਦੱਸਿਆ ਕਿ ਸਰਕਾਰ ਫਿਲਮ ਸ਼ੂਟਿੰਗ ਲਈ ਪ੍ਰਵਾਨਗੀਆਂ ਨੂੰ ਸੌਖਾ ਬਣਾਉਣ ਲਈ ਪ੍ਰਕਿਰਿਆ ਵਿੱਚ ਸੁਧਾਰ ਲਿਆ ਰਹੀ ਹੈ।

## ਟੇਕ ਚੰਦ ਗੋਪਾਲ ਭਾਰਤ ਵਿਕਾਸ ਪ੍ਰੀਸ਼ਦ ਮੋਰਿੰਡਾ ਦੇ ਪ੍ਰਧਾਨ ਬਣੇ



ਮੋਰਿੰਡਾ (ਨਿਹਾਲ ਸਿੰਘ ਕਲਸੀ)-ਭਾਰਤ ਵਿਕਾਸ ਪ੍ਰੀਸ਼ਦ ਮੋਰਿੰਡਾ ਦੀ ਚੋਣ ਸਰਬਸੰਮਤੀ ਨਾਲ ਹੋਈ ਜਿਸ ਵਿੱਚ ਪੰਜਾਬ ਸਟੇਟ ਕਮੇਟੀ ਵਲੋਂ ਗੁਰਦੀਪ ਸਿੰਘ ਇਲੈਕਸ਼ਨ ਇੰਚਾਰਜ ਦੇ ਤੌਰ ਤੇ ਪਹੁੰਚੇ।ਉਹਨਾਂ ਨੇ ਇਲੈਕਸ਼ਨ ਪ੍ਰਕਿਰਿਆ ਪੂਰੀ ਕੀਤੀ। ਜਿਸ ਵਿੱਚ ਸਰਬ ਸੰਮਤੀ ਨਾਲ ਟੇਕ ਚੰਦ ਗੋਪਾਲ ਨੂੰ ਪ੍ਰਧਾਨ ਚੁਣਿਆ ਗਿਆ ਇਸੇ ਤਰ੍ਹਾਂ ਜਤਿੰਦਰ ਗੁੰਬਰ ਨੂੰ ਸਕੱਤਰ ਅਤੇ ਮਨੀਸ਼ ਵਸ਼ਿਸ਼ਟ ਨੂੰ ਖ਼ਜ਼ਾਨਚੀ ਦੇ ਤੌਰ 'ਤੇ ਚੁਣਿਆ ਗਿਆ।ਪ੍ਰਧਾਨ ਜਗਦੀਸ਼ ਵਰਮਾ ਨੇ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਵਿਸ਼ਵਾਸ ਦਵਾਇਆ ਕਿ ਨਵੀਂ ਟੀਮ ਦਾ ਅਸੀਂ ਸਾਰੇ ਰਲ ਕੇ ਸਹਿਯੋਗ ਕਰਾਂਗੇ।ਭਾਰਤ ਵਿਕਾਸ ਪਰਿਸ਼ਦ ਦੇ ਪ੍ਰੋਜੈਕਟਾਂ ਨੂੰ ਵੱਧ ਚੜ੍ਹ ਕੇ ਲਗਾਵਾਂਗੇ । ਸਮਾਜ ਸੇਵਾ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਤਹਿ ਦਿਲੋਂ ਕਰਾਂਗੇ ।ਇਸ ਮੌਕੇ ਸਾਬਕਾ ਪ੍ਰਧਾਨ ਹਰਵਿੰਦਰ ਸੂਦ, ਡਾ. ਸ਼ਿਵ ਕੁਮਾਰ ਕੌੜਾ, ਵਿਜੇ ਅਗਨੀਹੋਤਰੀ, ਸੁਰੇਸ਼ ਡੋਰਾ, ਮਾ. ਹਾਕਮ ਸਿੰਘ ਆਦਿ ਪਤਵੰਤੇ ਅਤੇ ਪ੍ਰੀਸ਼ਦ ਮੈਂਬਰ ਹਾਜ਼ਰ ਸਨ।

# ਸੰਤ ਅਤਰ ਸਿੰਘ ਮਸਤੂਆਣੇ ਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ ਸਜਾਇਆ ਅਲੌਕਿਕ ਨਗਰ ਕੀਰਤਨ

**ਧਾਰੀਵਾਲ (ਮਨਦੀਪ ਵਿੱਕੀ)**-20ਵੀਂ ਸਦੀ ਵਿੱਚ ਗੁਰਮਤਿ ਪ੍ਰਚਾਰ ਦੀ ਅਦੁੱਤੀ ਲਹਿਰ ਚਲਾ ਕੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਉਣ ਵਾਲੇ ਮਹਾਨ ਸ਼੍ਰੋਮਣੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 160ਵੇਂ ਜਨਮ-ਦਿਹਾੜੇ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਗੁਰਦੁਆਰਾ ਜਨਮ ਅਸਥਾਨ ਚੀਮਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਸਜਾਇਆ ਗਿਆ, ਜੋ ਅਰਦਾਸ ਬੇਨਤੀ ਕਰਨ ਉਪਰੰਤ ਪਿੰਡ ਦੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਪੁੱਜਿਆ।ਨਗਰ ਕੀਰਤਨ ਨੂੰ ਸ਼ਾਨੋ-ਸ਼ੌਕਤ ਅਤੇ ਅਦਬ ਨਾਲ ਸੰਗਤ ਦੇ ਠਾਠਾਂ ਮਾਰਦੇ ਇਕੱਠ ਵਿੱਚ ਸਜਾਇਆ ਗਿਆ, ਪੜਾਅ ਦਰ ਪੜਾਅ ਸੰਗਤਾਂ ਦੁਆਰਾ ਨਗਰ ਕੀਰਤਨ ਦਾ ਸੁਆਗਤ ਕੀਤਾ ਗਿਆ ਅਤੇ ਸ਼ਰਧਾਲੂਆਂ ਲਈ ਭਾਂਤ-ਭਾਂਤ ਦੇ ਲੰਗਰ ਵਰਤਾਏ ਗਏ।ਬੜੂ ਸਾਹਿਬ ਸੰਸਥਾ ਵੱਲੋਂ ਚਲਾਈਆਂ ਜਾ ਰਹੀਆਂ ਆਸ-ਪਾਸ ਦੀਆਂ ਕਈ ਅਕਾਲ ਅਕੈਡਮੀਆਂ ਦੇ ਬੱਚਿਆਂ, ਅਧਿਆਪਕਾਂ ਅਤੇ ਅਕਾਲ ਯੂਨੀਵਰਸਿਟੀ ਦੇ ਵਿਦਿਆਰਥੀਆਂ



ਵੱਲੋਂ ਵੀ ਵੱਖ-ਵੱਖ ਪ੍ਰੋਗਰਾਮਾਂ 'ਚ ਸ਼ਮੂਲੀਅਤ ਕੀਤੀ ਗਈ।ਅਕਾਲ ਅਕੈਡਮੀ ਦੀਆਂ ਵਿਦਿਆਰਥਣਾਂ ਦੁਆਰਾ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਗੁਰ-ਇਤਿਹਾਸ ਵੀ ਸਰਵਣ ਕਰਵਾਇਆ ਗਿਆ, ਸੰਗਤ ਨੇ ਬਹੁਤ ਹੀ ਉਤਸ਼ਾਹ ਅਤੇ ਪ੍ਰੇਮ ਭਾਵਨਾ ਨਾਲ ਗੁਰ-ਇਤਿਹਾਸ ਸਰਵਣ ਕੀਤਾ।ਨਗਰ ਕੀਰਤਨ ਦੌਰਾਨ ਸਾਬਤ-ਸੂਰਤ ਫੌਜੀ ਬੈਂਡ, ਅਕਾਲ ਗੁਰਮਤਿ ਵਿਦਿਆਲਿਆ ਚੀਮਾ ਦੇ ਭੁਚੰਗੀ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਵੀ ਵਿਖਾਏ ਗਏ ਅਤੇ ਪੰਥ-ਪ੍ਰਸਿੱਧ ਢਾਡੀ ਅਤੇ ਕੀਰਤਨੀ ਜੱਥਿਆਂ ਦੁਆਰਾ ਹਾਜ਼ਰੀ ਲਵਾਈ ਗਈ।ਇਸ ਮੌਕੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਮੁੱਖ ਸੇਵਾਦਾਰ ਡਾ. ਦਵਿੰਦਰ ਸਿੰਘ ਅਤੇ ਵਾਈਸ-ਪ੍ਰੈਜ਼ੀਡੈਂਟ ਭਾਈ ਜਗਜੀਤ ਸਿੰਘ ਵੱਲੋਂ ਇਸ ਨਗਰ ਕੀਰਤਨ ਵਿੱਚ ਹਾਜ਼ਰੀਆਂ ਭਰੀਆਂ ਗਈਆਂ ।ਇਹ ਜੋੜ-ਮੇਲਾ ਗੁਰਦੁਆਰਾ ਜਨਮ ਅਸਥਾਨ ਕਲਗੀਧਰ ਟਰੱਸਟ ਬੜੂ ਸਾਹਿਬ, ਗੁਰਦੁਆਰਾ ਨਾਨਕਸਰ ਸਾਹਿਬ ਅਤੇ ਚੀਮਾ ਸਾਹਿਬ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

## ਦੀਪਕ ਭੰਡਾਰੀ ਨੂੰ ਟ੍ਰੇਡ ਕਮਿਸ਼ਨ ਦਾ ਚੇਅਰਮੈਨ ਲਾਉਣ 'ਤੇ ਲੋਕਾਂ 'ਚ ਦੀ ਖੁਸ਼ੀ ਲਹਿਰ: ਜਸਪਾਲ ਸ਼ਰਮਾ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਆਪ ਸਰਕਾਰ ਦੇ ਸੀਨੀਅਰ ਆਗੂ ਜਸਪਾਲ ਸ਼ਰਮਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਹਲਕਾ ਮਜੀਠਾ 'ਚ ਦੀਪਕ ਭੰਡਾਰੀ ਨੂੰ ਟ੍ਰੇਡ ਕਮਿਸ਼ਨ ਚੇਅਰਮੈਨ ਲਗਾਉਣ ਦਾ ਆਪ ਸਰਕਾਰ ਦਾ ਸ਼ਲਾਘਾਯੋਗ ਫੈਸਲਾ ਹੈ ਅਤੇ ਹਲਕੇ ਦੇ ਲੋਕਾਂ 'ਚ ਖੁਸ਼ੀ ਦੀ ਲਹਿਰ ਹੈ।ਉਨ੍ਹਾਂ ਕਿਹਾ ਕਿ ਹਲਕਾ



ਮਜੀਠਾ ਵਿੱਖੇ ਟ੍ਰੇਡ ਕਮਿਸ਼ਨ ਦੇ ਚੇਅਰਮੈਨ ਦੀਪਕ ਭੰਡਾਰੀ ਅਤੇ ਐੱਸ. ਡੀ. ਐੱਮ. ਮਜੀਠਾ ਰਜਨੀਸ਼ ਅਰੋੜਾ ਦੀ ਅਗਵਾਈ ਹੇਠ ਪੰਜਾਬ ਸਟੇਟ ਟ੍ਰੇਡ ਕਮਿਸ਼ਨ ਦੀ ਪਿੰਡ ਚਵਿੰਡਾ ਦੇਵੀ ਵਿਖੇ ਪਹਿਲੀ ਮੀਟਿੰਗ ਕੀਤੀ ਗਈ ਜਿਸ ਵਿੱਚ ਵੱਖ-ਵੱਖ ਮਹਿਕਮਿਆਂ ਦੇ ਵਪਾਰੀ ਹਾਜ਼ਰ ਸਨ ਅਤੇ ਉਨ੍ਹਾਂ ਨੇ ਆਪਣੀਆਂ ਸਮੱਸਿਆਵਾਂ ਬਾਰੇ ਟ੍ਰੇਡ ਕਮਿਸ਼ਨ ਦੇ ਚੇਅਰਮੈਨ ਦੀਪਕ ਭੰਡਾਰੀ, ਐੱਸ. ਡੀ. ਐੱਮ. ਮਜੀਠਾ ਰਜਨੀਸ਼ ਓਰੜਾ ਨੂੰ ਦੱਸਿਆ।ਚੇਅਰਮੈਨ ਅਤੇ ਐੱਸ. ਡੀ. ਐੱਮ. ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਛੇਤੀ ਹੀ ਸਾਰੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਕਿਸੇ ਨੂੰ ਕੋਈ ਵੀ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਕੁੱਝ ਹੀ ਦਿਨਾਂ ਵਿੱਚ ਚੇਅਰਮੈਨ ਅਤੇ ਐੱਸ. ਡੀ. ਐੱਮ. ਵੱਲੋਂ ਕੀਤੇ ਕਾਰਜਾਂ ਕਾਰਨ ਆਉਣ ਵਾਲੇ ਦਿਨਾਂ 'ਚ ਪਿੰਡ ਚਵਿੰਡਾ ਦੇਵੀ 'ਚ ਵਿਕਾਸ ਦੇਖਣ ਨੂੰ ਮਿਲੇਗਾ। ਉਨ੍ਹਾਂ ਕਿਹਾ ਕਿ ਅਧੂਰੇ ਕੰਮਾਂ ਨੂੰ ਜਲਦੀ ਨੇਪਰੇ ਚਾੜ੍ਹਿਆ ਜਾਵੇਗਾ।

## ਜਮ੍ਹਾਖੋਰੀ ਰੋਕਣ ਲਈ ਗੈਸ ਏਜੰਸੀਆਂ ਦੀ ਚੈਕਿੰਗ ਲਗਾਤਾਰ ਜਾਰੀ

ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)- ਘਰੇਲੂ ਗੈਸ ਸਿਲੰਡਰਾਂ ਦੀ ਸੁਚਾਰੂ, ਪਾਰਦਰਸ਼ੀ ਤੇ ਸਮੇਂ-ਸਿਰ ਸਪਲਾਈ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਗੈਸ ਏਜੰਸੀਆਂ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ, ਤਾਂ ਜੋ ਮੌਜੂਦਾ ਪੈਦਾ ਹੋਏ ਹਾਲਾਤ ਕਰਕੇ ਆਮ ਲੋਕਾਂ ਨੂੰ ਗੈਸ ਸਿਲੰਡਰਾਂ ਲਈ ਕਿਸੇ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਕੰਟਰੋਲਰ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਨਰਿੰਦਰ ਸਿੰਘ ਦੀ ਅਗਵਾਈ ਵਿੱਚ ਵਿਭਾਗ ਦੀਆਂ ਟੀਮਾਂ ਵੱਲੋਂ ਜਲੰਧਰ, ਮਹਿਤਪੁਰ, ਫਿਲੌਰ, ਨਕੋਦਰ ਤੇ ਗੁਰਾਇਆ ਸਮੇਤ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਗੈਸ ਏਜੰਸੀਆਂ ਤੇ ਉਨ੍ਹਾਂ ਦੇ ਗੋਦਾਮਾਂ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਜਿੱਥੇ ਸਿਲੰਡਰਾਂ ਦਾ ਭਾਰ ਅਤੇ ਬੁਕਿੰਗ ਪ੍ਰਕਿਰਿਆ ਆਦਿ ਚੈੱਕ ਕੀਤੀ ਗਈ,ਉੱਥੇ ਗੈਸ ਏਜੰਸੀਆਂ ਦੇ ਮਾਲਕਾਂ ਨੂੰ ਹਦਾਇਤਾਂ ਕੀਤੀਆਂ ਗਈਆਂ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੁੱਚੀ ਸਥਿਤੀ 'ਤੇ ਬਾਰੀਕੀ ਨਾਲ ਨਜ਼ਰ ਰੱਖੀ ਜਾ ਰਹੀ ਹੈ, ਇਸ ਲਈ ਗੈਸ ਸਪਲਾਈ ਨਿਯਮਾਂ ਮੁਤਾਬਕ ਅਤੇ ਸਮੇਂ-ਸਿਰ ਯਕੀਨੀ ਬਣਾਈ ਜਾਵੇ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਤੋਂ ਬਚਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੈਸ ਸਿਲੰਡਰਾਂ ਦੀ ਸਪਲਾਈ 'ਤੇ ਨਿਗਰਾਨੀ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਦੀ ਅਗਵਾਈ ਵਿੱਚ ਇਕ ਵਿਸ਼ੇਸ਼ ਕਮੇਟੀ ਦਾ ਗਠਨ ਵੀ ਕੀਤਾ ਗਿਆ ਹੈ, ਜੋ ਜ਼ਿਲ੍ਹੇ ਵਿੱਚ ਗੈਸ ਸਿਲੰਡਰਾਂ ਦੀ ਸੁਚਾਰੂ ਸਪਲਾਈ ਅਤੇ ਵੰਡ ਯਕੀਨੀ ਬਣਾਉਣ ਦੇ ਨਾਲ-ਨਾਲ ਸਿਲੰਡਰਾਂ ਦੀ ਕਾਲਾਬਾਜ਼ਾਰੀ, ਗੈਰ-ਕਾਨੂੰਨੀ ਜਮ੍ਹਾਖੋਰੀ/ਭੰਡਾਰਨ ਨੂੰ ਰੋਕਣ ਲਈ ਲੋੜੀਂਦੇ ਸਖ਼ਤ ਕਦਮ ਉਠਾਏਗੀ।



## ਰਵਿਦਾਸੀਆ ਧਰਮ ਪ੍ਰਚਾਰ ਸਥਾਨ ਕਾਹਨਪੁਰ ਵਿਖੇ ਧਾਰਮਿਕ ਸਮਾਗਮ

ਅਲਾਵਲਪੁਰ, (ਮਦਨ ਬੰਗੜ)- ਰਵਿਦਾਸੀਆ ਧਰਮ ਪ੍ਰਚਾਰ ਸਥਾਨ ਕਾਹਨਪੁਰ ਵਿਖੇ ਚੇਤ ਮਹੀਨੇ ਦੀ ਸੰਗਰਾਂਦ ਪੁਰਬ ਸੰਤ ਸੁਰਿੰਦਰ ਦਾਸ ਬਾਵਾ ਜੀ ਦੀ ਸਰਪ੍ਰਸਤੀ ਹੇਠ ਸ਼ਰਧਾ ਨਾਲ ਮਨਾਇਆ ਗਿਆ । ਇਸ ਮੌਕੇ ਜਗਤ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਆਗਮਨ ਪੁਰਬ ਅਤੇ ਰਵਿਦਾਸੀਆ ਧਰਮ ਦੇ 18ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਅੰਮ੍ਰਿਤ ਬਾਨੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਜਾਪ ਕੇਸੋ ਰਾਮ, ਬੀਬੀ ਮੀਨਾ ਕੌਲ ਜੰਡੂ ਸਿੰਘਾ ਅਤੇ ਬੀਬੀ ਕਿਰਪਾਲ ਕੌਰ ਯੂ ਕੇ ਵੱਲੋਂ ਕਰਵਾਏ ਗਏ। ਆਰਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਉਪਰੰਤ ਸੰਤ ਸੁਰਿੰਦਰ ਦਾਸ ਬਾਵਾ ਜੀ ਨੇ ਚੇਤ ਮਹੀਨੇ ਦਾ ਮਹੱਤਵ ਅਤੇ ਸਤਸੰਗ ਸਰਵਣ ਕਰਵਾਇਆ। ਉਹਨਾਂ ਵਿਸ਼ਵ ਭਰ ਵਿੱਚ ਰਵਿਦਾਸੀਆ ਧਰਮ ਦੇ ਪ੍ਰਚਾਰ ਪ੍ਰਸਾਰ ਤੇ ਚਾਨਣਾ ਪਾਇਆ। ਬੱਚਿਆਂ ਨੂੰ ਵਿਦਿਆ ਪੜ੍ਹਾਉਣ, ਨਸ਼ਿਆਂ ਤੋਂ ਦੂਰ ਰਹਿਣ, ਮਾਨਵਤਾ ਨਾਲ ਪਿਆਰ ਕਰਨ, ਮਾਤਾ ਪਿਤਾ ਦੇ ਸੇਵਾ ਕਰਨ, ਮਿਹਨਤ ਕਰਕੇ ਅੱਗੇ ਵਧਣ ,ਆਪਣੇ ਰਹਿਬਰਾਂ ਦੀ ਮੂਲ ਵਿਚਾਰਧਾਰਾ ਨਾਲ ਜੋੜਨ, ਸੰਤਾਂ ਦੀ ਸੰਗਤ ਕਰਨ, ਹਰਿ ਦਾ ਸਿਮਰਨ ਕਰਨ ਅਤੇ ਸੰਵਿਧਾਨਕ ਹੱਕਾਂ ਤੇ ਪਹਿਰਾ ਦੇਣ ਦਾ ਉਪਦੇਸ਼ ਦਿੱਤਾ। ਉਹਨਾਂ ਆਖਿਆ ਕਿ ਵਿਸ਼ਵ ਭਰ ਵਿੱਚ ਸੰਗਤਾਂ ਅੰਮ੍ਰਿਤ ਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਵਿਆਖਿਆ ਅਨੇਕਾਂ ਭਾਸ਼ਾਵਾਂ ਵਿੱਚ ਪੜ੍ਹ ਕੇ ਸਰਵਣ ਕਰਕੇ ਅਤੇ ਸਮਾਜਿਕ ਧਾਰਮਿਕ ਰੀਤੀ ਰਿਵਾਜ ਨਾਲ ਆਜ਼ਾਦੀ ਦਾ ਆਨੰਦ ਮਾਣ ਰਹੀਆਂ ਹਨ। ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ ਚਮਾਰਬਾੜਾ ਤੁਗਲਕਾਬਾਦ ਦਿੱਲੀ ਦੀ ਸਾਰੀ ਜ਼ਮੀਨ ਰਵਿਦਾਸੀਆ ਕੌਮ ਨੂੰ ਮਿਲਣੀ ਚਾਹੀਦੀ ਹੈ। ਇਸ ਮੌਕੇ ਬਾਬਾ ਮੋਤੀ ਰਾਮ, ਭਾਈ ਰਾਮ ਜੀ ,ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ ,ਬੰਗੜ ਬਰਦਰ ਵੱਲੋਂ ਹਾਜ਼ਰੀ ਲਗਵਾਈ ਗਈ। ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਵੱਲੋਂ ਬਖੂਬੀ ਨਿਭਾਈ ਗਈ। ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ।



## ਸੰਤ ਅਤਰ ਸਿੰਘ ਮਸਤੂਆਣੇ ਵਾਲਿਆਂ ਦੇ ਜਨਮ-ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

ਚੀਮਾ ਮੰਡੀ (ਰਵਿੰਦਰ ਚੀਮਾ)- 20ਵੀਂ ਸਦੀ ਵਿੱਚ ਗੁਰਮਤਿ ਪ੍ਰਚਾਰ ਦੀ ਅਦੁੱਤੀ ਲਹਿਰ ਚਲਾ ਕੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਉਣ ਵਾਲੇ ਮਹਾਨ ਸ਼੍ਰੋਮਣੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 160ਵੇਂ ਜਨਮ-ਦਿਹਾੜੇ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਗੁਰਦੁਆਰਾ ਜਨਮ ਅਸਥਾਨ ਚੀਮਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਸਜਾਇਆ ਗਿਆ, ਜੋ ਅਰਦਾਸ ਬੇਨਤੀ ਕਰਨ ਉਪਰੰਤ ਪਿੰਡ ਦੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਪੁੱਜਿਆ। ਨਗਰ ਕੀਰਤਨ ਨੂੰ ਸ਼ਾਨੋ-ਸ਼ੌਕਤ ਅਤੇ ਅਦਬ ਨਾਲ ਸੰਗਤ ਦੇ ਠਾਠਾਂ ਮਾਰਦੇ ਇਕੱਠ ਵਿੱਚ ਸਜਾਇਆ ਗਿਆ,ਪੜਾਅ ਦਰ ਪੜਾਅ ਸੰਗਤਾਂ ਦੁਆਰਾ ਨਗਰ ਕੀਰਤਨ ਦਾ ਸੁਆਗਤ ਕੀਤਾ ਗਿਆ ਤੇ ਸ਼ਰਧਾਲੂਆਂ ਲਈ ਭਾਂਤ-ਭਾਂਤ ਦੇ ਲੰਗਰ ਵਰਤਾਏ ਗਏ। ਬੜੂ ਸਾਹਿਬ ਸੰਸਥਾ ਵੱਲੋਂ ਚਲਾਈਆਂ ਜਾ ਰਹੀਆਂ ਆਸ-ਪਾਸ ਦੀਆਂ ਕਈ ਅਕਾਲ ਅਕੈਡਮੀਆਂ ਦੇ ਬੱਚਿਆਂ, ਅਧਿਆਪਕਾਂ ਅਤੇ ਅਕਾਲ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਵੀ ਵੱਖ-ਵੱਖ ਪ੍ਰੋਗਰਾਮਾਂ 'ਚ ਸ਼ਮੂਲੀਅਤ ਕੀਤੀ ਗਈ। ਅਕਾਲ ਅਕੈਡਮੀ ਦੀਆਂ ਵਿਦਿਆਰਥਣਾਂ ਦੁਆਰਾ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਗੁਰ-ਇਤਿਹਾਸ ਵੀ ਸਰਵਣ ਕਰਵਾਇਆ ਗਿਆ, ਸੰਗਤ ਨੇ ਬਹੁਤ ਹੀ ਉਤਸ਼ਾਹ ਅਤੇ ਪ੍ਰੇਮ ਭਾਵਨਾ ਨਾਲ ਗੁਰ-ਇਤਿਹਾਸ ਸਰਵਣ ਕੀਤਾ। ਨਗਰ ਕੀਰਤਨ ਦੌਰਾਨ ਸਾਬਤ-ਸੂਰਤ ਫੌਜੀ ਬੈਂਡ, ਅਕਾਲ ਗੁਰਮਤਿ ਵਿਦਿਆਲਿਆ ਚੀਮਾ ਦੇ ਭੁਜੰਗੀ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਵੀ ਵਿਖਾਏ ਗਏ ਤੇ ਪੰਥ-ਪ੍ਰਸਿੱਧ ਢਾਡੀ ਅਤੇ ਕੀਰਤਨੀ ਜੱਥਿਆਂ ਦੁਆਰਾ ਹਾਜ਼ਰੀ ਲਵਾਈ ਗਈ। ਇਸ ਮੌਕੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਮੁੱਖ ਸੇਵਾਦਾਰ ਡਾ. ਦਵਿੰਦਰ ਸਿੰਘ ਜੀ ਅਤੇ ਵਾਈਸ-ਪ੍ਰੈਜ਼ੀਡੈਂਟ ਭਾਈ ਜਗਜੀਤ ਸਿੰਘ ਜੀ ਵੱਲੋ ਇਸ ਨਗਰ ਕੀਰਤਨ ਵਿੱਚ ਹਾਜ਼ਰੀਆਂ ਭਰੀ। ਇਹ ਜੋੜ-ਮੇਲਾ ਗੁਰਦੁਆਰਾ ਜਨਮ ਅਸਥਾਨ ਕਲਗੀਧਰ ਟਰੱਸਟ ਬੜੂ ਸਾਹਿਬ, ਗੁਰਦੁਆਰਾ ਨਾਨਕਸਰ ਸਾਹਿਬ ਅਤੇ ਚੀਮਾ ਸਾਹਿਬ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।



## ਸਿਵਲ ਸਰਜਨ ਵੱਲੋਂ ਜ਼ਿਲ੍ਹਾ ਵਾਸੀਆਂ ਨੂੰ ਸਿਹਤ ਬੀਮਾ ਕਾਰਡ ਬਣਵਾਉਣ ਦੀ ਅਪੀਲ

ਮੋਹਾਲੀ, (ਗੁਰਜੀਤ ਬਿੱਲਾ)- ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਜ਼ਿਲ੍ਹੇ 'ਚ ਵੱਖ-ਵੱਖ ਥਾਵਾਂ 'ਤੇ ਰੋਜ਼ਾਨਾ ਵਿਸ਼ੇਸ਼ ਕੈਂਪ ਲੱਗ ਰਹੇ ਹਨ, ਜਿੱਥੇ ਲੋਕ ਭਾਰੀ ਗਿਣਤੀ ਵਿਚ ਆ ਕੇ 10 ਲੱਖ ਰੁਪਏ ਦੇ ਮੁਫ਼ਤ ਸਿਹਤ ਬੀਮੇ ਦੇ ਕਾਰਡ ਬਣਾ ਰਹੇ ਹਨ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਅਧੀਨ ਆਸ਼ਾ ਵਰਕਰਾਂ ਸਮੇਤ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਲੋਕਾਂ ਨੂੰ ਇਸ ਵੱਕਾਰੀ ਯੋਜਨਾ ਬਾਰੇ ਜਾਗਰੂਕ ਕਰਨ ਦੀ ਮੁਹਿੰਮ ਜ਼ੋਰ-ਸ਼ੋਰ ਨਾਲ ਚਲਾਈ ਜਾ ਰਹੀ ਹੈ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਪਿੰਡਾਂ ਅਤੇ ਸ਼ਹਿਰਾਂ ਵਿਚ ਵਿਸ਼ੇਸ਼ ਕੈਂਪ ਲਗਾ ਕੇ ਲੋਕਾਂ ਦੇ ਕਾਰਡ ਬਣਾਏ ਜਾ ਰਹੇ ਹਨ। ਇਸ ਤੋਂ ਇਲਾਵਾ ਜ਼ਿਲ੍ਹੇ 'ਚ ਵੱਖ-ਵੱਖ ਸਰਕਾਰੀ ਸਿਹਤ ਕੇਂਦਰਾਂ, ਕਾਮਨ ਸਰਵਿਸ ਸੈਂਟਰਾਂ ਵਿਚ ਵੀ ਸਿਹਤ ਬੀਮਾ ਕਾਰਡ ਬਣਾਏ ਜਾ ਰਹੇ ਹਨ।ਸਿਵਲ ਸਰਜਨ ਨੇ ਜ਼ਿਲ੍ਹਾ ਵਾਸੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਪਰਵਾਰ ਦੀ ਤੰਦਰੁਸਤੀ ਤੇ ਖ਼ੁਸ਼ਹਾਲੀ ਲਈ ਇਹ ਯੋਜਨਾ ਕਾਫ਼ੀ ਫ਼ਾਇਦੇਮੰਦ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸੀਨੀਅਰ ਮੈਡੀਕਲ ਅਫ਼ਸਰਾਂ ਦੀ ਨਿਗਰਾਨੀ ਹੇਠ ਸਿਹਤ ਵਿਭਾਗ ਦੀਆਂ ਟੀਮਾਂ ਘਰ-ਘਰ ਜਾ ਕੇ ਲੋਕਾਂ ਨੂੰ ਜਾਗਰੂਕ ਕਰ ਰਹੀਆਂ ਹਨ। ਡਾ. ਜੈਨ ਨੇ ਦੁਹਰਾਇਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਵਸਨੀਕ ਹਰ ਪਰਿਵਾਰ ਦਾ 10 ਲੱਖ ਰੁਪਏ ਤਕ ਦਾ ਮੁਫ਼ਤ ਸਿਹਤ ਬੀਮਾ ਕੀਤਾ ਜਾ ਰਿਹਾ ਹੈ। ਕਾਰਡ ਧਾਰਕ ਪਰਵਾਰ ਦੇ ਕਿਸੇ ਵੀ ਜੀਅ ਨੂੰ ਸਰਕਾਰੀ ਜਾਂ ਸੂਚੀਬੱਧ ਨਿੱਜੀ ਹਸਪਤਾਲ ਵਿਚ ਦਾਖ਼ਲ ਹੋਣ 'ਤੇ 10 ਲੱਖ ਰੁਪਏ ਤਕ ਦਾ ਡਾਕਟਰੀ ਇਲਾਜ ਬਿਲਕੁਲ ਮੁਫ਼ਤ ਮਿਲੇਗਾ।



## ਵਿਦਿਆਰਥੀਆਂ ਵੱਲੋਂ ਖੇਤਰੀ ਖੋਜ ਕੇਂਦਰ ਦਾ ਵਿੱਦਿਅਕ ਦੌਰਾ

ਬਲਾਚੌਰ (ਜਸਵਿੰਦਰ ਬੈਂਸ)- ਬਾਬਾ ਬਲਰਾਜ ਪੰਜਾਬ ਯੂਨੀਵਰਸਿਟੀ ਕਾਂਸਟੀਚਿਊਐਂਟ ਕਾਲਜ, ਬਲਾਚੌਰ ਦੇ ਵਿਦਿਆਰਥੀਆਂ ਲਈ ਪ੍ਰਿੰਸੀਪਲ ਪ੍ਰੋਫੈਸਰ (ਡਾ.) ਸਤੀਸ਼ ਕੁਮਾਰ ਧੀਮਾਨ ਦੀ ਯੋਗ ਅਗਵਾਈ ਹੇਠ ਵਾਤਾਵਰਣ ਸਿੱਖਿਆ ਪ੍ਰੋਗਰਾਮ (ਈਈਪੀ 2026) ਅਧੀਨ ਇੱਕ ਦਿਨ ਦਾ ਵਿਦਿਅਕ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਕਾਲਜ ਦੇ 50 ਵਿਦਿਆਰਥੀਆਂ ਨੇ ਬੱਲੋਵਾਲ ਸੌਂਖੜੀ ਵਿਖੇ ਸਥਿਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀਏਯੂ) ਦੇ ਖੇਤਰੀ ਖੋਜ ਕੇਂਦਰ ਦਾ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਖੇਤੀਬਾੜੀ ਤਕਨੀਕਾਂ, ਮਿੱਟੀ ਸੰਭਾਲ ਅਤੇ ਵਾਤਾਵਰਣ ਸਥਿਰਤਾ ਨਾਲ ਸਬੰਧਤ ਵਿਹਾਰਕ ਜਾਣਕਾਰੀ ਪ੍ਰਦਾਨ ਕਰਨਾ ਸੀ। ਕੇਂਦਰ ਦੇ ਵਿਗਿਆਨੀਆਂ ਅਤੇ ਤਕਨੀਕੀ ਮਾਹਿਰਾਂ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਖੋਜ ਪ੍ਰੋਜੈਕਟਾਂ, ਨਰਸਰੀ ਪ੍ਰਬੰਧਨ ਅਤੇ ਔਸ਼ਧੀ ਪੌਦਿਆਂ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਪ੍ਰਯੋਗਾਤਮਕ ਫਾਰਮਾਂ ਦਾ ਦੌਰਾ ਕੀਤਾ ਅਤੇ ਖੇਤੀਬਾੜੀ ਵਿੱਚ ਕੀਤੇ ਜਾ ਰਹੇ ਨਵੇਂ ਵਿਗਿਆਨਕ ਪ੍ਰਯੋਗਾਂ ਨੂੰ ਨੇੜਿਓਂ ਦੇਖਿਆ। ਇਸ ਵਿਦਿਅਕ ਦੌਰੇ ਦਾ ਸੰਯੋਜਨ ਈ ਈ ਪੀ ਕੋਆਰਡੀਨੇਟਰ ਡਾ. ਹਰੀ ਨਾਥ ਦੁਆਰਾ ਕੀਤਾ ਗਿਆ ਸੀ। ਸਹਾਇਕ ਪ੍ਰੋਫੈਸਰ ਡਾ. ਅੰਜਲੀ ਪਾਠਕ, ਰਮਨ ਨਾਹਰ, ਸ਼੍ਰੀਮਤੀ ਦਕਸ਼ੀ ਅਤੇ ਸ਼੍ਰੀਮਤੀ ਨੰਦਨੀ ਮੋਦਗਿਲ ਨੇ ਵੀ ਆਪਣੇ ਨਾਲ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ। ਪ੍ਰਿੰਸੀਪਲ ਪ੍ਰੋਫੈਸਰ (ਡਾ.) ਸਤੀਸ਼ ਕੁਮਾਰ ਧੀਮਾਨ ਨੇ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਦਦਗਾਰ ਸਾਬਤ ਹੁੰਦੇ ਹਨ ਅਤੇ ਉਨ੍ਹਾਂ ਨੂੰ ਕਿਤਾਬੀ ਗਿਆਨ ਤੋਂ ਪਰੇ ਵਿਹਾਰਕ ਦੁਨੀਆ ਨਾਲ ਜੋੜਦੇ ਹਨ।



## ਪ੍ਰੇਮ ਸਿੰਘ ਪਿਪਲਾ ਵਾਲਾ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਸ਼੍ਰੋਮਣੀ ਅਕਾਲੀ ਦਲ ਦੇ ਜਥੇਬੰਦਕ ਢਾਂਚੇ ਵਿੱਚ ਵਾਧਾ ਕਰਦਿਆਂ ਪਾਰਟੀ ਹਾਈਕਮਾਂਡ ਵੱਲੋਂ ਸਾਬਕਾ ਡਿਪਟੀ ਮੇਅਰ ਸਰਦਾਰ ਪ੍ਰੇਮ ਸਿੰਘ ਪਿਪਲਾ ਵਾਲਾ ਨੂੰ ਜ਼ਿਲ੍ਹਾ ਹੁਸ਼ਿਆਰਪੁਰ ਦਾ ਅਨੁਸੂਚਿਤ ਜਾਤੀ ਐੱਸ ਸੀ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਦੀ ਸਹਿਮਤੀ ਨਾਲ, SC ਐੱਸ ਸੀ ਵਿੰਗ ਪੰਜਾਬ ਦੇ ਪ੍ਰਧਾਨ ਸਰਦਾਰ ਗੁਲਜ਼ਾਰ ਸਿੰਘ ਰਣਿਕੇ ਵੱਲੋਂ ਕੀਤੀ ਗਈ। ਇਸ ਨਿਯੁਕਤੀ ਦਾ ਨਿੱਘਾ ਸਵਾਗਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਪ੍ਰੇਮ ਸਿੰਘ ਪਿਪਲਾ ਵਾਲਾ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਪ੍ਰੇਮ ਸਿੰਘ ਨੇ ਹਮੇਸ਼ਾ ਹੀ ਪਾਰਟੀ ਦੀ ਚੜ੍ਹਦੀ ਕਲਾ ਲਈ ਮਿਹਨਤ ਕੀਤੀ ਹੈ ਤੇ ਯੋਗਦਾਨ ਪਾਇਆ ਹੈ। ਉਨ੍ਹਾਂ ਦੀ ਅਗਵਾਈ ਵਿੱਚ ਜ਼ਿਲ੍ਹਾ ਹੁਸ਼ਿਆਰਪੁਰ ਅੰਦਰ ਅਕਾਲੀ ਦਲ ਦਾ ਆਧਾਰ ਹੋਰ ਵਧੇਰੇ ਮਜ਼ਬੂਤ ਹੋਵੇਗਾ। ਤਲਵਾੜ ਨੇ ਵਿਸ਼ਵਾਸ ਜਤਾਇਆ ਕਿ ਪ੍ਰੇਮ ਸਿੰਘ ਦੇ ਲੰਬੇ ਸਿਆਸੀ ਤਜਰਬੇ ਦਾ ਲਾਭ ਪਾਰਟੀ ਨੂੰ ਆਉਂਦੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਡੇ ਪੱਧਰ 'ਤੇ ਮਿਲੇਗਾ।

## ਵੀਨਾ ਕੁਮਾਰੀ ਬਲਾਕ ਰੁੜਕਾ ਕਲਾਂ ਚੇਅਰਪਰਸਨ ਬਣੀ

ਅੱਪਰਾ (ਨਿਰਮਲ ਗੁੜਾ)- ਵਿਧਾਨ ਸਭਾ ਹਲਕਾ ਫਿਲੌਰ ਦੇ ਬਲਾਕ ਰੁੜਕਾ ਕਲਾਂ ਵਿਚ ਬਲਾਕ ਸੰਮਤੀ ਦੀ ਚੇਅਰਪਰਸਨ ਦੀ ਕੁਰਸੀ ਆਮ ਆਦਮੀ ਪਾਰਟੀ ਵਲੋਂ ਵੀਨਾ ਕੁਮਾਰੀ ਵਿਰਕ ਦੇ ਹਿੱਸੇ ਆਈ ਹੈ। ਇਸ ਦੀ ਜਾਣਕਾਰੀ ਦਿੰਦਿਆਂ ਹਲਕਾ ਫਿਲੌਰ ਯੂਥ ਆਗੂ ਆਮ ਆਦਮੀ ਪਾਰਟੀ, ਪਿੰਡ ਵਿਰਕ ਦੇ ਸਰਪੰਚ ਲਾਡੀ ਬਸਰਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਹਲਕਾ ਫਿਲੌਰ ਦੇ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਦੀ ਰਹਿਨੁਮਾਈ ਹੇਠ ਉਹਨਾਂ ਦੀ ਮਾਤਾ ਵੀਨਾ ਕੁਮਾਰੀ (ਰਿਟਾਇਰਡ ਅਸਿਸਟੈਂਟ ਮੈਨੇਜਰ ਭਾਰਤੀ ਸਟੇਟ ਬੈਂਕ) ਨੇ ਬਲਾਕ ਸੰਮਤੀ ਜਿੱਤੀ ਸੀ। ਐਸ ਸੀ ਮਹਿਲਾ ਚੇਅਰਪਰਸਨ ਦੀ ਚੋਣ ਵੇਲੇ ਅਕਾਲੀ ਦਲ ਦੇ 4, ਆਮ ਆਦਮੀ ਪਾਰਟੀ ਦੇ 3, ਬਸਪਾ ਦੇ 2, ਕਾਂਗਰਸ 2, ਇੱਕ ਐਮ ਐਲ ਏ ਵੋਟ ਅਤੇ ਆਜ਼ਾਦ ਚਾਰ ਵੋਟਾਂ ਸਨ। ਕੁਲ 16 ਵੋਟਾਂ ਵਿਚੋਂ ਬਸਪਾ ਤੇ ਅਕਾਲੀ ਦਲ ਕੋਲ ਅਤੇ 7 'ਤੇ ਆਮ ਆਦਮੀ ਪਾਰਟੀ ਦਾ 9 ਸੰਮਤੀ ਮੈਂਬਰਾਂ ਵਲੋਂ ਸਹਿਯੋਗ ਹੋਣ ਕਰਕੇ ਚੇਅਰਪਰਸਨ ਦੀ ਕੁਰਸੀ ਆਮ ਆਦਮੀ ਪਾਰਟੀ ਦੇ ਹਿੱਸੇ ਆਈ ਹੈ।ਚੇਅਰਪਰਸਨ ਬਣਨ ਤੇ ਵੀਨਾ ਕੁਮਾਰੀ ਵਿਰਕ ਨੂੰ ਇਲਾਕੇ ਦੀਆਂ ਸਖਸ਼ੀਅਤਾਂ ਨੇ ਮੁਬਾਰਕਵਾਦ ਦਿੱਤੀ। ਚੇਅਰਪਰਸਨ ਵੀਨਾ ਕੁਮਾਰੀ ਨੇ ਕਿਹਾ ਕਿ ਇਲਾਕੇ ਦੇ 65 ਪਿੰਡਾਂ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਵਿੱਚ ਪਾਰਟੀਵਾਜੀ ਤੋਂ ਉਪਰ ਉਠ ਕੇ ਸਹਿਯੋਗ ਕੀਤਾ ਜਾਵੇਗਾ।



## ਐੱਲ ਪੀ ਜੀ ਤੇ ਤੇਲ ਦਾ ਕੌਮਾਂਤਰੀ ਪੱਧਰ ਦਾ ਮਾਮਲਾ, ਵਿਰੋਧੀ ਧਿਰ ਲੋਕਾਂ ਨੂੰ ਗੁਮਰਾਹ ਨਾ ਕਰੇ : ਮਨੋਹਰ ਲਾਲ

ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)- ਕੇਂਦਰੀ ਊਰਜਾ, ਆਵਾਸਨ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਨੇ ਆਪਣੇ ਕਰਨਾਲ ਪ੍ਰਵਾਸ ਦੌਰਾਨ ਸ਼ਨੀਵਾਰ ਦੇਰ ਸ਼ਾਮ ਤੱਕ ਅਤੇ ਐਤਵਾਰ ਦੀ ਸਵੇਰੇ ਆਮ ਜਨਤਾ ਨਾਲ ਮੇਲ ਮਿਲਾਪ ਕੀਤਾ ਅਤੇ ਉਨ੍ਹਾਂ ਦੀ ਸਮਸਿਆਵਾਂ ਨੂੰ ਹੱਲ ਕੀਤਾ। ਮਨੋਹਰ ਲਾਲ ਨੇ ਜਿਆਦਾਤਰ ਸਮਸਿਆਵਾਂ ਦਾ ਮੌਕੇ 'ਤੇ ਹੀ ਹੱਲ ਕੀਤਾ ਤੇ ਬਾਕੀ ਸਮਸਿਆਵਾਂ ਦੇ ਹੱਲ ਲਈ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਕੇਂਦਰੀ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਵਿਰੋਧੀ ਪਾਰਟੀ ਦੇ ਲੋਕਾਂ ਨੂੰ ਸਮਝਣਾ ਚਾਹੀਦਾ ਹੈ ਕਿ ਇਹ ਐੱਲ ਪੀ ਜੀ ਤੇ ਤੇਲ ਸਬੰਧੀ ਕੌਮਾਂਤਰੀ ਪੱਧਰੀ ਦਾ ਮਾਮਲਾ ਹੈ, ਫਿਰ ਵੀ ਭਾਰਤ ਸਰਕਾਰ ਨੇ ਦੇਸ਼ ਦੇ ਲੋਕਾਂ ਨੂੰ ਕੋਈ ਸਮਸਿਆ ਨਹੀਂ ਆਉਣ ਦਿੱਤੀ ਹੈ। ਅਜਿਹੇ ਸਮੇਂ ਵਿੱਚ ਵਿਰੋਧੀ ਪਾਰਟੀਆਂ ਨੂੰ ਇਸ ਸਿਆਸੀ ਮੁੱਦਾ ਨਹੀਂ ਬਨਾਉਣਾ ਚਾਹੀਦਾ ਹੈ। ਸਗੋਂ ਮਿਲਜੁੱਟ ਕੇ ਸੰਕਟ ਦਾ ਸਾਹਮਣਾ ਕਰਨਾ ਚਾਹੀਦਾ ਹੈ। ਵਿਰੋਧੀ ਧਿਰ ਬਿਨ੍ਹਾ ਮੁੱਦੇ ਦੇ ਗੈਸ ਦੀ ਕਿਲੱਤ ਦੱਸ ਕੇ ਸਿਰਫ ਲੋਕਾਂ ਨੂੰ ਗੁਮਰਾਹ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਦੇਸ਼ ਤੇ ਸੂਬੇ ਵਿੱਚ ਗੈਸ ਏਜੰਸੀਆਂ ਦੇ ਕੋਲ ਕਾਫੀ ਗਿਣਤੀ ਵਿੱਚ ਐਲਪੀਜੀ ਦਾ ਸਟਾਕ ਹੈ ਅਤੇ ਵਿਦੇਸ਼ਾਂ ਤੋਂ ਵੀ ਤੇਲ ਅਤੇ ਐਲਪੀਜੀ ਭਰਪੂਰ ਗਿਣਤੀ ਵਿੱਚ ਆਰਿਹਾ ਹੈ।

## ਗੁਰਮਤਿ ਸਮਾਗਮ 'ਚ ਸੰਗਤਾਂ ਨੇ ਭਰੀ ਹਾਜ਼ਰੀ

ਹੁਸ਼ਿਆਰਪੁਰ (ਓ ਪੀ ਰਾਣਾ)- ਬੇ-ਆਸਰਿਆਂ ਦਾ ਆਸਰਾ ਸਰਬੱਤ ਭਲਾ ਆਸ਼ਰਮ ਨੰਦਾਚੌਰ ਵਿਖੇ ਸ੍ਰੀ ਰਵਿਦਾਸ ਮਹਾਰਾਜ ਤੇ ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਗੱਦੀ ਨਸ਼ੀਨ ਸੰਤ ਜਗੀਰ ਸਿੰਘ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸੰਪੰਨ ਹੋਇਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਰਾਗੀ, ਢਾਡੀ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੇ ਸੰਤਾਂ ਮਹਾਂਪੁਰਸ਼ਾਂ ਵਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਧਰਮਪਾਲ ਸ਼ੇਰਗੜ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਭੈਣ ਸੰਤੋਸ਼ ਕੁਮਾਰੀ,ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਗੁਰਮੀਤ ਦਾਸ, ਸੰਤ ਪ੍ਰਮੇਸ਼ਵਰੀ ਦਾਸ, ਉੱਘੇ ਰਾਗੀ ਜਥਾ ਪ੍ਰੀਤ ਬੇਗਮਪੁਰੀਆ , ਮਿਸ਼ਨਰੀ ਗਾਇਕ ਬਲਵਿੰਦਰ ਬਿੱਟੂ ਨੇ ਕਥਾ ਕੀਰਤਨ, ਗੁਰਮਤਿ ਵਿਚਾਰਾਂ ਰਾਹੀਂ ਨਿਹਾਲੋਂ ਨਿਹਾਲ ਕੀਤਾ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ , ਸ੍ਰੀ ਗੁਰੂ ਨਾਨਕ ਦੇਵ ਜੀ ਦੇ ਮਹਾਨ ਕ੍ਰਾਂਤੀਕਾਰੀ ਜੀਵਨ ਅਤੇ ਮਿਸ਼ਨ ਤੋਂ ਸੰਗਤਾਂ ਨੂੰ ਜਾਣੂ ਕਰਾਇਆ। ਸੰਤ ਜਗੀਰ ਸਿੰਘ ਵਲੋਂ ਧਾਰਮਿਕ, ਸਮਾਜਕ ਅਤੇ ਰਾਜਨੀਤਕ ਸਖਸ਼ੀਅਤਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਇੰਜੀ.ਜਗਦੀਸ਼ ਬੱਧਣ ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਚੈਰੀਟੇਬਲ ਸਭਾ, ਨੰਬਰਦਾਰ ਬੀਰ ਚੰਦ ਸੁਰੀਲਾ, ਵਰਿੰਦਰ ਬੰਗਾ ਕੌਮੀ ਜਨਰਲ ਸਕੱਤਰ ਆਲ ਇੰਡੀਆ ਆਦਿ ਧਰਮ ਮਿਸ਼ਨ,ਅਵਤਾਰ ਸਿੰਘ ਵਰਲਡ ਚੈਪੀਅਨ, ਅਵਤਾਰ ਸਿੰਘ ਹਰਦੋ ਖਾਨਪੁਰ , ਗਾਇਕ ਜੱਗੀ ਸਿੰਘ, ਚੇਅਰਮੈਨ ਪਰਮਜੀਤ ਮਡਾਰ, ਗੁਰਕ੍ਰਿਪਾਲ ਸਿੰਘ ਆਦਿ ਹਾਜ਼ਰ ਸਨ।



## ਹੜ੍ਹਾਂ ਤੋਂ ਬਚਾਅ ਲਈ 7.50 ਕਰੋੜ ਰੁ. ਦੇ ਡੰਗੇ ਲਗਾਉਣ ਦੇ ਕੰਮ ਦੀ ਸ਼ੁਰੂਆਤ : ਹਰਜੋਤ ਬੈਂਸ

ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ) ਹਲਕੇ ਦੇ ਪਿੰਡ ਹਰਸਾਬੇਲਾ ਵਿੱਚ ਹੜ੍ਹਾਂ ਕਾਰਨ ਹੋਣ ਵਾਲੇ ਨੁਕਸਾਨ ਤੋਂ ਬਚਾਅ ਲਈ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋ 7.50 ਕਰੋੜ ਰੁਪਏ ਦੀ ਲਾਗਤ ਨਾਲ ਡੰਗੇ ਲਗਾਉਣ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ। ਇਸ ਪ੍ਰੋਜੈਕਟ ਦਾ ਮਕਸਦ ਪਿੰਡ ਅਤੇ ਆਲੇ-ਦੁਆਲੇ ਦੇ ਇਲਾਕਿਆਂ ਨੂੰ ਹਰ ਸਾਲ ਆਉਣ ਵਾਲੇ ਹੜ੍ਹਾਂ ਦੇ ਖਤਰੇ ਤੋਂ ਬਚਾਉਣਾ ਹੈ। ਸਥਾਨਕ ਵਸਨੀਕਾਂ ਨੇ ਇਸ ਪ੍ਰੋਜੈਕਟ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਨਾਲ ਪਿੰਡ ਦੀ ਜ਼ਮੀਨ, ਘਰਾਂ ਤੇ ਫਸਲਾਂ ਨੂੰ ਵੱਡਾ ਸੁਰੱਖਿਆ ਕਵਚ ਮਿਲੇਗਾ। ਇਸ ਮੌਕੇ ਪਿੰਡ ਦੀ ਪੰਚਾਇਤ ਨੂੰ ਹੋਰ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣ ਲਈ 5 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਵੀ ਭੇਟ ਕੀਤਾ ਗਿਆ। ਪਿੰਡ ਵਿੱਚ ਗਲੀਆਂ ਅਤੇ ਪੁੱਲੀਆਂ ਦੇ ਨਿਰਮਾਣ ਦੇ ਕੰਮ ਵੀ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਨਾਲ ਪਿੰਡ ਦੀ ਬੁਨਿਆਦੀ ਢਾਂਚਾਗਤ ਸੁਵਿਧਾਵਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕਰਦੀਆਂ ਉਮੀਦ ਜਤਾਈ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਵਿਕਾਸੀ ਕੰਮ ਜਾਰੀ ਰਹਿਣਗੇ। ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਉਨ੍ਹਾਂ ਲਈ ਹਲਕੇ ਦੇ ਹਰ ਪਿੰਡ ਦਾ ਵਿਕਾਸ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਨੇ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਵਿਸ਼ਵਾਸ ਤੇ ਸਹਿਯੋਗ ਨਾਲ ਹੀ ਇਹ ਵਿਕਾਸ ਯਾਤਰਾ ਸੰਭਵ ਹੋ ਰਹੀ ਹੈ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਵਾਇਆ ਕਿ ਹੜ੍ਹਾਂ ਤੋਂ ਬਚਾਅ ਲਈ ਕੀਤੇ ਜਾ ਰਹੇ ਇਹ ਕੰਮ ਸਮੇਂ ਸਿਰ ਅਤੇ ਉੱਚ ਗੁਣਵੱਤਾ ਨਾਲ ਪੂਰੇ ਕੀਤੇ ਜਾਣਗੇ ਤਾਂ ਜੋ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

## ਜਲੰਧਰ 'ਚ ਚੱਲਣਗੀਆਂ 97 ਇਲੈਕਟ੍ਰਿਕ ਬੱਸਾਂ : ਮੇਅਰ

ਜਲੰਧਰ (ਸੁਰਿੰਦਰ ਕੁਮਾਰ)- ਸ਼ਹਿਰ ਦੇ ਲੋਕਾਂ ਲਈ ਇੱਕ ਰਾਹਤ ਭਰੀ ਖਬਰ ਹੈ। ਮੇਅਰ ਵਿਨੀਤ ਧੀਰ ਨੇ ਜਾਣਕਾਰੀ ਦਿੱਤੀ ਕਿ ਸ਼ਹਿਰ ਦੀਆਂ ਸੜਕਾਂ 'ਤੇ ਜਲਦ ਹੀ 97 ਇਲੈਕਟ੍ਰਿਕ ਬੱਸਾਂ ਚੱਲਣਗੀਆਂ, ਜਿਸ ਨਾਲ ਲੋਕਾਂ ਨੂੰ ਸਾਫ਼-ਸੁਥਰੀ, ਬਿਹਤਰ ਅਤੇ ਕਿਫਾਇਤੀ ਜਨਤਕ ਆਵਾਜਾਈ ਦੀ ਸਹੂਲਤ ਮਿਲੇਗੀ। ਇਸ ਦੇ ਨਾਲ ਹੀ ਕਰੀਬ 25 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦਾ ਪ੍ਰਸਤਾਵ ਤਿਆਰ ਕੀਤਾ ਗਿਆ ਹੈ, ਜਿਸ 'ਤੇ 16 ਮਾਰਚ ਨੂੰ ਹੋਣ ਵਾਲੀ ਮੀਟਿੰਗ ਵਿੱਚ ਚਰਚਾ ਕੀਤੀ ਜਾਵੇਗੀ।ਬੱਸ ਡਿਪੂ ਤੇ ਵਰਕਸ਼ਾਪ ਦਾ ਨਿਰਮਾਣ ਇਸ ਪ੍ਰੋਜੈਕਟ ਦੇ ਤਹਿਤ ਕੰਪਨੀ ਬਣਾਏ ਜਾਣਗੇ। ਕੰਪਨੀ ਬਾਗ ਵਿੱਚ ਇਸ ਯੋਜਨਾ ਲਈ ਖੁਦਾਈ ਅਤੇ ਸਫਾਈ ਵਰਗੇ ਸ਼ੁਰੂਆਤੀ ਕੰਮ ਵੀ ਸ਼ੁਰੂ ਕਰ ਦਿੱਤੇ ਗਏ ਹਨ।ਸਫਾਈ ਵਿਵਸਥਾ ਹੋਵੇਗੀ ਹਾਈਟੈੱਕਨਗਰ ਨਿਗਮ ਸ਼ਹਿਰ ਦੀ ਸਫਾਈ ਵਿਵਸਥਾ ਨੂੰ ਆਧੁਨਿਕ ਬਣਾਉਣ ਦੀ ਦਿਸ਼ਾ ਵਿੱਚ ਵੀ ਕਦਮ ਚੁੱਕ ਰਿਹਾ ਹੈ। ਦੋ ਸਾਲਾਂ ਲਈ ਲਗਭਗ 9.54 ਕਰੋੜ ਰੁਪਏ ਦੀ ਲਾਗਤ ਨਾਲ ਦੋ ਰੋਡ-ਸਵੀਪਿੰਗ ਮਸ਼ੀਨਾਂ ਤਾਇਨਾਤ ਕੀਤੀਆਂ ਜਾਣਗੀਆਂ। ਇਸ ਨਾਲ ਸ਼ਹਿਰ ਦੀਆਂ ਮੁੱਖ ਸੜਕਾਂ ਦੀ ਨਿਯਮਤ ਮਕੈਨੀਕਲ ਸਫਾਈ ਯਕੀਨੀ ਬਣ ਸਕੇਗੀ।



ਬਾਗ ਤੇ ਲੰਮਾ ਪਿੰਡ ਚੌਕ ਵਿੱਚ ਬੱਸ ਵਰਕਸ਼ਾਪ ਅਤੇ ਡਿਪੂ

## ਡਰਾਈਵਰ ਦੀ ਲਾਪਰਵਾਹੀ ਨਾਲ ਕਾਰ ਗਰਿੱਲ ਨਾਲ ਟਕਰਾਈ, ਜਾਨੀ ਨੁਕਸਾਨ ਤੋਂ ਬਚਾਅ

ਜਲੰਧਰ,(ਸੁਰਿੰਦਰ ਕੁਮਾਰ)- ਮਕਸੂਦਾਂ ਬਾਈਪਾਸ 'ਤੇ ਡਰਾਈਵਰ ਦੀ ਲਾਪਰਵਾਹੀ ਕਾਰਣ ਸਵਿਫਟ ਕਾਰ ਬੇਕਾਬੂ ਹੋ ਕੇ ਫੁੱਟਪਾਥ 'ਤੇ ਲੱਗੀ ਲੋਹੇ ਦੀ ਗਰਿੱਲ ਨਾਲ ਟਕਰਾ ਗਈ। ਖੁਸ਼ਕਿਸਮਤੀ ਨਾਲ ਇਸ ਹਾਦਸੇ 'ਚ ਕੋਈ ਜਾਨੀ ਨੁਸਕਾਨ ਨਹੀਂ ਹੋਇਆ ਹੈ। ਹਾਲਾਂਕਿ ਇੱਕ ਮਹਿਲਾ ਨੂੰ ਸੱਟਾਂ ਲੱਗੀਆਂ ਹਨ। ਹਾਦਸੇ ਤੋਂ ਬਾਅਦ ਨੁਕਸਾਨੀ ਗਈ ਕਾਰ ਹਾਈਵੇਅ 'ਤੇ ਖੜ੍ਹੀ ਹੋਣ ਕਾਰਨ ਰਾਹਗੀਰਾਂ ਨੂੰ ਲੰਘਣ ਵਿੱਚ ਦਿੱਕਤ ਆਈ। ਰਾਹਗੀਰਾਂ ਨੇ ਤੁਰੰਤ ਇਸ ਦੀ ਸੂਚਨਾ ਸੜਕ ਸੁਰੱਖਿਆ ਫੋਰਸ ਨੂੰ ਦਿੱਤੀ। ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੀ ਟੀਮ ਮੌਕੇ 'ਤੇ ਪਹੁੰਚੀ। ਟੀਮ ਨੇ ਜ਼ਖਮੀ ਮਹਿਲਾ ਨੂੰ ਇਲਾਜ ਲਈ ਨੇੜਲੇ ਡਾਕਟਰ ਕੋਲ ਪਹੁੰਚਾਇਆ ਤੇ ਨੁਕਸਾਨੀ ਗਈ ਕਾਰ ਨੂੰ ਸੜਕ ਕਿਨਾਰੇ ਹਟਾ ਕੇ ਟ੍ਰੈਫਿਕ ਨੂੰ ਸੁਚਾਰੂ ਕਰਵਾਇਆ। ਸੜਕ ਸੁਰੱਖਿਆ ਫੋਰਸ ਦੇ ਜਾਂਚ ਅਧਿਕਾਰੀ ਏ ਐੱਸ ਆਈ ਸਤਪਾਲ ਸਿੰਘ ਨੇ ਦੱਸਿਆ ਕਿ ਦਿੱਲੀ ਨਿਵਾਸੀ ਜਸਵਿੰਦਰ ਸਿੰਘ ਆਪਣੇ ਪਰਵਾਰ ਸਮੇਤ ਅੰਮ੍ਰਿਤਸਰ ਜਾ ਰਹੇ ਸਨ। ਮਕਸੂਦਾਂ ਬਾਈਪਾਸ ਦੇ ਕੋਲ ਉਨ੍ਹਾਂ ਨੂੰ ਨੀਂਦ ਦੀ ਝਪਕੀ ਆ ਗਈ, ਜਿਸ ਕਾਰਨ ਕਾਰ ਬੇਕਾਬੂ ਹੋ ਕੇ ਫੁੱਟਪਾਥ ਦੀ ਗਰਿੱਲ ਨਾਲ ਟਕਰਾ ਗਈ।



## ਰਮਨਪ੍ਰੀਤ ਕੌਰ ਕੁੰਭੜਾ ਦੀ ਅਗਵਾਈ 'ਚ ਜਾਗੋ ਦਾ ਆਯੋਜਨ

ਮੋਹਾਲੀ (ਗੁਰਜੀਤ ਬਿੱਲਾ)- ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ 2022 ਦੀਆਂ ਚੋਣਾਂ ਦੌਰਾਨ ਜੋ ਗਰੰਟੀਆਂ/ਵਾਅਦੇ ਪੰਜਾਬ ਦੀ ਜਨਤਾ ਨਾਲ ਕੀਤੇ ਗਏ ਸਨ, ਉਨ੍ਹਾਂ ਵਿੱਚੋਂ ਇੱਕ ਗਰੰਟੀ ਹਰ 18 ਸਾਲ ਤੋਂ ਵੱਧ ਦੀ ਔਰਤ ਨੂੰ 1000 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਦੇਣਾ ਸੀ। ਜਿਸ ਨੂੰ ਸਰਕਾਰ ਵੱਲੋਂ ਮੁੱਖ ਮੰਤਰੀ-ਮਾਤਾ-ਬੇਟੀਆਂ ਅਤੇ ਭੈਣਾਂ ਸਨਮਾਨ ਯੋਜਨਾ ਸਕੀਮ ਦੇ ਤਹਿਤ ਪੂਰਾ ਕਰਨ ਲਈ ਬਜਟ ਸੈਸ਼ਨ ਵਿੱਚ ਘੋਸ਼ਣਾ ਕਰਨ ਉਪਰੰਤ ਪੰਜਾਬ ਦੀਆਂ ਔਰਤਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਆਪਣੀ ਇਸ ਖੁਸ਼ੀ ਦਾ ਪ੍ਰਗਵਾਟਾ ਕਰਨ ਅਤੇ ਸਰਕਾਰ ਦੀ ਇਸ ਸਕੀਮ ਸਬੰਧੀ ਪੰਜਾਬ ਦੀਆਂ ਔਰਤਾਂ ਨੂੰ ਜਾਣੂੰ ਕਰਵਾਉਣ ਲਈ ਵਿਧਾਨ ਸਭਾ ਹਲਕਾ ਦੀਆਂ ਔਰਤਾਂ ਵੱਲੋਂ ਹਲਕਾ ਵਿਧਾਇਕ ਕੁਲਵੰਤ ਸਿੰਘ ਦੀ ਦੇਖ ਰੇਖ ਅਤੇ ਰਮਨਪ੍ਰੀਤ ਕੌਰ ਕੁੰਭੜਾ ਹਲਕਾ ਕੋਆਰਡੀਨੇਟਰ ਮਹਿਲਾ ਵਿੰਗ, ਮੋਹਾਲੀ ਦੀ ਅਗਵਾਈ ਵਿੱਚ ਇੱਕ ਜਾਗੋ ਦਾ ਆਯੋਜਨ ਕੀਤਾ ਗਿਆ। ਇਸ ਜਾਗੋ ਵਿੱਚ 200 ਦੇ ਕਰੀਬ ਮਹਿਲਾਵਾਂ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਮਾਰਕਿਟਾਂ/ਬਜ਼ਾਰਾਂ ਵਿੱਚ ਜਾਕੇ ਜਾਗੋ ਕੱਢੀ ਗਈ। ਜਿਸ ਦੌਰਾਨ ਮਹਿਲਾਵਾਂ ਵੱਲੋਂ ਢੋਲ ਵਜਾ ਕੇ ਅਤੇ ਭੰਗੜੇ ਪਾਕੇ ਆਪਣੀ ਖੁਸ਼ੀ ਜਤਾਈ ਗਈ ਅਤੇ ਇਹ ਸਹੂਲਤ ਦੇਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਇਸ ਮੌਕੇ ਸੋਨੀਆ, ਪੂਜਾ ਰਾਣੀ, ਸਰਬਜੀਤ ਕੌਰ ਦਾਊਂ, ਗੁਰਿੰਦਰ ਕੌਰ, ਨਰਿੰਦਰ ਕੌਰ, ਜਸਵੀਰ ਕੌਰ, ਮੀਨਾਕਸ਼ੀ ਰਾਜਪੂਤ, ਜਸਬੀਰ ਕੌਰ ਅਤਲੀ, ਸਵਿਤਾ ਪਰਿਜਾ, ਕੁਲਵੰਤ ਕੌਰ ਕੋਮਲ, ਸ਼੍ਰੀਮਤੀ ਮੋਨਿਕਾ ਠਾਕੁਰ, ਸਵਰਨ ਲਤਾ, ਕੁਲਦੀਪ ਕੌਰ, ਨਰਿੰਦਰ ਕੌਰ, ਰਾਜ ਕਿਰਨ ਅਤੇ ਵੱਡੀ ਗਿਣਤੀ ਵਿੱਚ ਮਹਿਲਾਵਾਂ ਹਾਜ਼ਰ ਸਨ।




## ਵਿਧਾਇਕ ਨੇ ਵੱਖ-ਵੱਖ ਪਿੰਡਾਂ 'ਚ ਲੋਕਾਂ ਦੀਆਂ ਸਮਸਿਆਵਾਂ ਸੁਣੀਆਂ



ਮੋਰਿੰਡਾ (ਨਿਹਾਲ ਸਿੰਘ ਕਲਸੀ)- 'ਆਪ' ਦੀ ਸੂਬਾ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਹ ਵਿਚਾਰ ਸ੍ਰੀ ਚਮਕੌਰ ਸਾਹਿਬ ਦੇ ਹਲਕਾ ਵਿਧਾਇਕ ਡਾ. ਚਰਨਜੀਤ ਸਿੰਘ ਨੇ ਵੱਖੋ ਵੱਖ ਪਿੰਡਾਂ ਚ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਪਿੰਡ ਸੁੱਖੋ ਮਾਜਰਾ ਵਿਖੇ ਪ੍ਰਗਟ ਕੀਤੇ।

ਇਸ ਮੌਕੇ ਉਹਨਾਂ ਕਿਹਾ ਕਿ ਜੋ ਵੀ ਪਿੰਡਾਂ ਦੇ ਰਹਿੰਦੇ ਵਿਕਾਸ ਕਾਰਜ ਜਲਦ ਪੂਰੇ ਕਰਵਾਏ ਜਾਣਗੇ। ਇਸ ਮੌਕੇ ਉਹਨਾਂ ਕਿਹਾ ਕਿ ਜੋ ਵੀ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਸਰਬ ਸੰਮਤੀ ਨਾਲ ਚੁਣੀਆਂ ਗਈਆਂ ਸਨ ਉਹਨਾਂ ਪੰਚਾਇਤਾਂ ਨੂੰ ਪੰਜ ਲੱਖ ਰੁਪਏ ਦੀਆਂ ਗਰਾਂਟਾਂ ਵੀ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਉਹਨਾਂ ਪਿੰਡ ਰਾਮਗੜ੍ਹ ਮੰਡਾ, ਦਤਾਰਪੁਰ ,ਸ਼ਾਹਪੁਰ, ਬਡਵਾਲੀ ,ਗੁੱਜਰ ਮਾਜਰਾ, ਬਹਿਬਲਪੁਰ, ਤਾਜਪੁਰਾ, ਚਲਾਕੀ, ਸੁੱਖੋ ਮਾਜਰਾ ਤੇ ਸੰਗਤਪੁਰ ਆਦਿ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਤੋਂ ਪਿੰਡਾਂ ਵਿੱਚ ਹੋਣ ਵਾਲੇ ਕੰਮਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਸ਼ੂਗਰ ਮਿੱਲ ਮੋਰਿੰਡਾ ਦੇ ਚੇਅਰਮੈਨ ਸੁਖਵਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਨਿਰਪਾਲ ਸਿੰਘ ਮੁੰਡੇਰ, ਬੀ ਡੀ ਪੀ ਓ ਹਰਕੀਤ ਸਿੰਘ, ਸੈਕਟਰੀ ਜਗਮੋਹਨ ਸਿੰਘ, ਸਕੱਤਰ ਜਗਤਾਰ ਸਿੰਘ ਘੜੂੰਆਂ, ਪੀ ਏ ਸ੍ਰੀ ਚੰਦ, ਆਪ ਦੇ ਸੀਨੀਅਰ ਆਗੂ ਲਖਬੀਰ ਸਿੰਘ ਤਾਜਪਰਾ, ਸਰਪੰਚ ਬਲਜਿੰਦਰ ਕੌਰ, ਸਾਬਕਾ ਸਰਪੰਚ ਕੇਸਰ ਸਿੰਘ, ਪੰਚਾਇਤ ਮੈਂਬਰ ਹਰਮਿੰਦਰ ਸਿੰਘ, ਪੰਚਾਇਤ ਮੈਂਬਰ ਹਰਦੀਪ ਕੌਰ, ਸਾਬਕਾ ਪੰਚਾਇਤ ਮੈਂਬਰ ਸੁਖਦੇਵ ਸਿੰਘ, ਸਪਿੰਦਰ ਸਿੰਘ, ਸੁਰਿੰਦਰ ਸਿੰਘ, ਠੇਕੇਦਾਰ ਜਸਵੀਰ ਸਿੰਘ, ਸਤਨਾਮ ਸਿੰਘ, ਜਰਨੈਲ ਸਿੰਘ ਸਮੇਤ ਹੋਰ ਵੀ ਅਨੇਕਾਂ ਪਿੰਡ ਨਿਵਾਸੀ ਹਾਜ਼ਰ ਸਨ।

## ਪੰਚਾਇਤ ਸੰਮਤੀ ਮੋਰਿੰਡਾ ਦੇ ਚੇਅਰਪਰਸਨ ਤੇ ਉੱਪ ਚੇਅਰਮੈਨ ਦਾ ਅਹੁਦਾ ਸੰਭਾਲਣ ਪ੍ਰੋਗਰਾਮ ਅੱਜ

ਮੋਰਿੰਡਾ (ਨਿਹਾਲ ਸਿੰਘ ਕਲਸੀ) ਪੰਚਾਇਤ ਸੰਮਤੀ ਮੋਰਿੰਡਾ ਦੇ ਨਵੇਂ ਚੁਣੇ ਚੇਅਰਪਰਸਨ ਹਰਵਿੰਦਰ ਕੌਰ ਅਤੇ ਉਪ ਚੇਅਰਮੈਨ ਨਰਿੰਦਰ ਸਿੰਘ ਦਾ ਅਹੁਦਾ ਸੰਭਾਲਣ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਨਗਰੇਨ ਪੰਜਾਬ ਦੇ ਚੇਅਰਮੈਨ ਬੰਤ ਸਿੰਘ ਕਲਾਰਾਂ ਨੇ ਦੱਸਿਆ ਕਿ ਪੰਚਾਇਤ ਸੰਮਤੀ ਮੋਰਿੰਡਾ ਦੇ ਨਵੇਂ ਚੁਣੇ ਚੇਅਰਪਰਸਨ ਹਰਵਿੰਦਰ ਕੌਰ ਅਤੇ ਉਪ ਚੇਅਰਮੈਨ ਨਰਿੰਦਰ ਸਿੰਘ ਵੱਲੋਂ ਅਹੁਦਾ ਸੰਭਾਲਣ ਦਾ ਸਮਾਗਮ 16 ਮਾਰਚ 2026 ਦਿਨ ਸੋਮਵਾਰ ਨੂੰ ਸਵੇਰੇ 10:00 ਵਜੇ ਪੰਚਾਇਤ ਸੰਮਤੀ ਦਫ਼ਤਰ, ਚੁੰਨੀ ਰੋਡ ਮੋਰਿੰਡਾ ਵਿਖੇ ਕਰਵਾਇਆ ਜਾ ਰਿਹਾ ਹੈ।ਇਸ ਸਮਾਗਮ ਦੌਰਾਨ ਪੰਚਾਇਤ ਸੰਮਤੀ ਦੇ ਨਵੇਂ ਚੁਣੇ ਅਹੁਦੇਦਾਰ ਅਧਿਕਾਰਕ ਤੌਰ 'ਤੇ ਆਪਣਾ ਅਹੁਦਾ ਸੰਭਾਲਣਗੇ ਅਤੇ ਇਲਾਕੇ ਦੇ ਲੋਕਾਂ ਨਾਲ ਮਿਲਣਗੇ।ਇਸ ਮੌਕੇ ਸਾਬਕਾ ਮੁੱਖ ਮੰਤਰੀ ਪੰਜਾਬ ਚਰਨਜੀਤ ਸਿੰਘ ਚੰਨੀ ਅਤੇ ਨਵਜੀਤ ਸਿੰਘ ਨਵੀ ਵੀ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਪਹੁੰਚਣਗੇ।

## ਕਾਂਸ਼ੀ ਰਾਮ ਦਾ ਜਨਮ ਦਿਨ ਮਨਾਇਆ

ਫਗਵਾੜਾ (ਡਾ. ਰਮਨ)- ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਵੱਲੋਂ ਫਾਊਂਡਰ ਪ੍ਰਧਾਨ ਡਾ.ਹਰਜਿੰਦਰ ਸਿੰਘ ਜੱਖੂ ਦੀ ਅਗਵਾਈ ਹੇਠ ਬਹੁਜਨ ਸਮਾਜ ਦੇ ਮਸੀਹਾ ਕਾਂਸ਼ੀ ਰਾਮ ਦੇ ਜਨਮ ਦਿਨ ਮੌਕੇ 'ਤੇ ਅੰਬੇਡਕਰ ਪਾਰਕ ਹਦੀਆਬਾਦ ਵਿਖੇ ਬਾਬਾ ਸਾਹਿਬ ਅੰਬੇਡਕਰ ਤੇ ਸਾਹਿਬ ਕਾਂਸ਼ੀ ਰਾਮ ਦੇ ਬੁੱਤ 'ਤੇ ਹਾਰ ਪਾਏ ਗਏ ਅਤੇ ਲੱਡੂ ਵੰਡੇ ਗਏ।

ਵਰ੍ਹੇਗੰਢ ਮੁਬਾਰਕ



ਜਸਵੀਰ ਸਿੰਘ ਤੇ ਖੁਸ਼ਵਿੰਦਰ ਕੌਰ ਵਾਸੀ ਆਦਮਪੁਰ ਨੇ ਵਿਆਹ ਦੀ 28ਵੀਂ ਵਰ੍ਹੇਗੰਢ ਮਨਾਈ।

## ਗੜ੍ਹਸ਼ੰਕਰ-ਮੇਹਟੀਆਣਾ ਲਿੰਕ ਰੋਡ ਦਾ ਨਾਂਅ ਹੁਣ 'ਬਾਬਾ ਬੰਦਾ ਸਿੰਘ ਬਹਾਦਰ ਜੀ ਮਾਰਗ': ਵਿਧਾਇਕ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦੇ ਹੋਏ ਇਕ ਮਹੱਤਵਪੂਰਨ ਫੈਸਲੇ ਤਹਿਤ ਪੰਜਾਬ ਮੰਡੀ ਬੋਰਡ ਵੱਲੋਂ ਗੜ੍ਹਸ਼ੰਕਰ-ਮੇਹਟੀਆਣਾ ਲਿੰਕ ਰੋਡ ਦਾ ਨਾਂਅ ਬਦਲ ਕੇ ਮਹਾਨ ਸਿੱਖ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਨਾਮ 'ਤੇ ਬਾਬਾ ਬੰਦਾ ਸਿੰਘ ਬਹਾਦਰ ਜੀ ਮਾਰਗ ਰੱਖਣ ਲਈ ਮਨਜ਼ੂਰੀ ਦੇ ਦਿੱਤੀ ਗਈ ਹੈ। ਇਹ ਜਾਣਕਾਰੀ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਦਿੱਤੀ।ਡਾਕਟਰ ਇਸ਼ਾਂਕ ਨੇ ਦੱਸਿਆ ਕਿ ਇਸ ਮਹੱਤਵਪੂਰਨ ਸੜਕ ਦਾ ਨਾਮ ਮਹਾਨ ਸਿੱਖ ਯੋਧੇ ਦੇ ਨਾਮ 'ਤੇ ਰੱਖਣ ਦਾ ਵਾਅਦਾ , ਉਨ੍ਹਾਂ ਵੱਲੋਂ ਵਿਧਾਨ ਸਭਾ ਉਪਚੋਣ ਦੌਰਾਨ ਲੋਕਾਂ ਕੋਲੋਂ ਮੰਗੇ ਗਏ ਸਮਰਥਨ ਸਮੇਂ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਲੋਕਾਂ ਦੇ ਆਸ਼ੀਰਵਾਦ ਅਤੇ ਸਮਰਥਨ ਨਾਲ ਉਪ ਚੋਣ ਜਿੱਤਣ ਤੋਂ ਬਾਅਦ ਉਹ ਇਸ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਰਹੇ ਅਤੇ ਇਸ ਮਾਮਲੇ ਨੂੰ ਸਰਕਾਰ ਅਤੇ ਮੰਡੀ ਬੋਰਡ ਦੇ ਸਾਹਮਣੇ ਉਠਾ ਕੇ ਇਸਦੀ ਮਨਜ਼ੂਰੀ ਲਈ ਲਗਾਤਾਰ ਕੋਸ਼ਿਸ਼ ਕਰਦੇ ਰਹੇ।ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਹੁਣ ਮਨਜ਼ੂਰੀ ਮਿਲਣ ਨਾਲ ਸਥਾਨਕ ਵਸਨੀਕਾਂ ਤੇ ਸਿੱਖ ਭਾਈਚਾਰੇ ਦੀ ਇਹ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਪੂਰੀ ਹੋ ਗਈ ਹੈ। ਇਸ ਨਾਲ ਉਹਨਾਂ ਸਭ ਲੋਕਾਂ ਨੂੰ ਬੇਹੱਦ ਖੁਸ਼ੀ ਹੋਵੇਗੀ ਜੋ ਸਿੱਖ ਇਤਿਹਾਸ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਮਹਾਨ ਬਲਿਦਾਨ ਅਤੇ ਯੋਗਦਾਨ ਨੂੰ ਉੱਚ ਸਨਮਾਨ ਨਾਲ ਯਾਦ ਕਰਦੇ ਹਨ।ਉਨ੍ਹਾਂ ਅੱਗੇ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ ਸਾਹਸ, ਬਲਿਦਾਨ ਅਤੇ ਇਨਸਾਫ਼ ਪ੍ਰਤੀ ਉਨ੍ਹਾਂ ਦੀ ਅਟੱਲ ਵਚਨਬੱਧਤਾ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਣਾ ਦਾ ਸਰੋਤ ਬਣੀ ਰਹੇਗੀ। ਇਸ ਮਹਾਨ ਸ਼ਹੀਦ ਯੋਧੇ ਦੇ ਨਾਮ 'ਤੇ ਸੜਕ ਦਾ ਨਾਮਕਰਨ ਉਨ੍ਹਾਂ ਦੀ ਵਿਰਾਸਤ ਨੂੰ ਨਿਮਰ ਸ਼ਰਧਾਂਜਲੀ ਹੈ ਅਤੇ ਪੂਰੇ ਖੇਤਰ ਲਈ ਮਾਣ ਦੀ ਗੱਲ ਹੈ।ਡਾਕਟਰ ਇਸ਼ਾਂਕ ਕੁਮਾਰ ਨੇ ਇਸ ਪ੍ਰਸਤਾਵ ਨੂੰ ਸਮਰਥਨ ਦੇਣ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਮੰਡੀ ਬੋਰਡ ਦਾ ਧੰਨਵਾਦ ਵੀ ਕੀਤਾ ਅਤੇ ਕਿਹਾ ਕਿ ਲੋਕਾਂ ਦੀਆਂ ਭਾਵਨਾਵਾਂ, ਆਸਥਾ ਅਤੇ ਇਤਿਹਾਸ ਦਾ ਸਤਿਕਾਰ ਕਰਨਾ ਸਾਡੀ ਸਰਕਾਰ ਦੀ ਪਹਿਲ ਹੈ।



## ਕਾਂਸ਼ੀ ਰਾਮ ਦੇ ਜਨਮ ਦਿਨ 'ਤੇ ਬਸਪਾ ਵੱਲੋਂ ਵਿਸ਼ਾਲ ਰੈਲੀ

ਬੰਗਾ (ਅਵਤਾਰ ਕਲੇਰ) ਬਹੁਜਨ ਸਮਾਜ ਪਾਰਟੀ (ਬਸਪਾ) ਵੱਲੋਂ ਬਹਿਰਾਮ ਦੀ ਦਾਣਾ ਮੰਡੀ ਵਿੱਚ ਕੀਤੀ ਗਈ 'ਸੱਤਾ ਪ੍ਰਾਪਤ ਕਰੋ' ਰੈਲੀ ਵਿੱਚ ਮੀਂਹ ਦੇ ਬਾਵਜੂਦ ਲੋਕਾਂ ਦਾ ਭਾਰੀ ਇਕੱਠ ਹੋਇਆ। ਬਸਪਾ ਸੰਸਥਾਪਕ ਕਾਂਸ਼ੀ ਰਾਮ ਦੇ ਜਨਮ ਦਿਨ ਮੌਕੇ ਹੋਈ ਇਸ ਰੈਲੀ ਵਿੱਚ 2027 ਵਿੱਚ ਪੰਜਾਬ ਵਿੱਚ ਬਸਪਾ ਦੀ ਸਰਕਾਰ ਬਣਾਉਣ ਦਾ ਐਲਾਨ ਕੀਤਾ ਗਿਆ। ਬਸਪਾ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਵਿੱਚ ਹੋਈ ਇਸ ਰੈਲੀ ਵਿੱਚ ਪਾਰਟੀ ਦੇ ਕੇਂਦਰੀ ਇੰਚਾਰਜ ਪ੍ਰਤਾਪ ਸਿੰਘ ਮੁੱਖ ਮਹਿਮਾਨ ਵੱਜੋਂ ਪਹੁੰਚੇ।ਰੈਲੀ ਨੂੰ ਸੰਬੋਧਿਤ ਕਰਦਿਆਂ ਪ੍ਰਤਾਪ ਸਿੰਘ ਤੇ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਸਾਹਿਬ ਕਾਂਸ਼ੀ ਰਾਮ ਨੇ ਗੈਰ ਬਰਾਬਰੀ ਦੇ ਪ੍ਰਬੰਧ ਨੂੰ ਖਤਮ ਕਰਕੇ ਭਾਈਚਾਰੇ ਤੇ ਖੁਸ਼ਹਾਲੀ ਦੀ ਸਥਾਪਨਾ ਲਈ ਬਸਪਾ ਦੇ ਰੂਪ 'ਚ ਅੰਦੋਲਨ ਦਿੱਤਾ। ਬਸਪਾ ਦਾ ਅੰਦੋਲਨ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਕੇ ਅਣਖ ਨਾਲ ਜੀਊਣ ਦੀ ਸੇਧ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੀ ਸੱਤਾ ਵਿੱਚ ਰਹੀਆਂ ਕਾਂਗਰਸ, ਅਕਾਲੀ-ਭਾਜਪਾ ਤੇ ਆਪ ਸਰਕਾਰਾਂ ਨੇ ਦਲਿਤਾਂ, ਪੱਛੜਿਆਂ, ਗਰੀਬਾਂ ਨੂੰ ਪੈਰਾਂ 'ਤੇ ਖੜ੍ਹਾ ਕਰਨ ਦੀ ਬਜਾਏ, ਉਨ੍ਹਾਂ ਨੂੰ ਰਾਸ਼ਨ ਤੱਕ ਸੀਮਤ ਕਰਕੇ ਰੱਖ ਦਿੱਤਾ ਹੈ। ਸਿਹਤ, ਸਿੱਖਿਆ ਤੇ ਰੁਜ਼ਗਾਰ ਵਰਗੀਆਂ ਮੁੱਢਲੀਆਂ ਸਹੂਲਤਾਂ ਉਨ੍ਹਾਂ ਤੋਂ ਦੂਰ ਕਰ ਦਿੱਤੀਆਂ ਗਈਆਂ ਹਨ।ਨਛੱਤਰ ਪਾਲ ਵਿਧਾਇਕ ਨਵਾਂ ਸ਼ਹਿਰ, ਕੁਲਦੀਪ ਸਿੰਘ ਸਰਦੂਲਗੜ੍ਹ, ਗੁਰਨਾਮ ਸਿੰਘ ਚੌਧਰੀ, ਤੀਰਥ ਸਿੰਘ ਮਹਿਰਾ ਰਾਜਪੁਰਾ, ਸੂਬਾ ਉਪਪ੍ਰਧਾਨ ਬਲਦੇਵ ਸਿੰਘ ਮਹਿਰਾ ਨੇ ਵੀ ਸੰਬੋਧਿਤ ਕੀਤਾ, ਜਿਨ੍ਹਾਂ ਨੇ ਖੁਸ਼ਹਾਲ ਪੰਜਾਬ ਦੇ ਨਿਰਮਾਣ ਲਈ ਲੋਕਾਂ ਨੂੰ ਪੰਜਾਬ ਵਿੱਚ ਬਸਪਾ ਦੀ ਸਰਕਾਰ ਬਣਾਉਣ ਦਾ ਸੱਦਾ ਦਿੱਤਾ। ਇਸ ਮੌਕੇ ਸਾਹਿਬ ਕਾਂਸ਼ੀ ਰਾਮ ਦੇ ਭੈਣ ਕੁਲਵੰਤ ਕੌਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੰਚ ਦਾ ਸੰਚਾਲਨ ਬਸਪਾ ਦੇ ਸੂਬਾ ਜਨਰਲ ਸਕੱਤਰ ਐਡਵੋਕੇਟ ਬਲਵਿੰਦਰ ਕੁਮਾਰ ਤੇ ਪ੍ਰਵੀਨ ਬੰਗਾ ਨੇ ਕੀਤਾ। ਰੈਲੀ ਦੌਰਾਨ ਦੂਜੀਆਂ ਪਾਰਟੀਆਂ ਦੇ ਸੈਂਕੜੇ ਆਗੂ, ਰਿਟਾ. ਅਧਿਕਾਰੀ, ਕਿਸਾਨ ਆਗੂ ਬਸਪਾ ਵਿੱਚ ਸ਼ਾਮਿਲ ਹੋਏ, ਜਿਨ੍ਹਾਂ ਨੂੰ ਪ੍ਰਤਾਪ ਸਿੰਘ ਤੇ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਬਸਪਾ ਦੇ ਸੂਬਾ ਜਨਰਲ ਸਕੱਤਰ ਗੁਰਮੇਲ ਚੁੰਬਰ, ਲਾਲ ਸਿੰਘ ਸੁਲਹਾਣੀ, ਨਰਿੰਦਰ ਸਿੰਘ ਨਨਹੇੜੀਆ, ਠੇਕੇਦਾਰ ਹਰਭਜਨ ਸਿੰਘ ਬਜਹੇੜੀ, ਜਗਜੀਤ ਸਿੰਘ ਛੜਬੜ, ਠੇਕੇਦਾਰ ਭਗਵਾਨ ਦਾਸ ਸਿੱਧੂ, ਚਮਕੌਰ ਸਿੰਘ ਵੀਰ, ਸੁਖਦੇਵ ਸਿੰਘ ਸ਼ੀਰਾ, ਤਰਸੇਮ ਥਾਪਰ, ਡਾ. ਮੱਖਣ ਸਿੰਘ, ਜੋਗਾ ਸਿੰਘ ਪਨੌਧੀਆ, ਅਮਰਜੀਤ ਸਿੰਘ ਝਲੂਰ, ਲਾਲ ਚੰਦ ਔਜਲਾ, ਓਮ ਪ੍ਰਕਾਸ਼ ਸਰੋਏ, ਗੁਰਬਖਸ਼ ਸਿੰਘ ਚੌਹਾਨ, ਕੁਲਵੰਤ ਸਿੰਘ ਮਹਿਤੋ, ਸੰਤ ਰਾਮ ਮੱਲੀਆਂ, ਬਲਵਿੰਦਰ ਪਾਲ ਬਿੱਟਾ, ਦੌਲਤ ਰਾਮ, ਬਲਜੀਤ ਸਿੰਘ ਸਲਾਨਾ, ਸ਼ਮਸ਼ਾਦ ਅੰਸਾਰੀ, ਸੂਬਾ ਸੈਕਟਰੀ ਇੰਜ. ਜਸਵੰਤ ਰਾਏ, ਤਾਰਾ ਚੰਦ ਭਗਤ, ਬਲਵੰਤ ਕੇਹਰ, ਮੀਨਾ ਰਾਣੀ, ਹਰਭਜਨ ਸਿੰਘ ਬਲਾਲੋਂ, ਰਾਕੇਸ਼ ਕੁਮਾਰ ਦਾਤਾਰਪੁਰੀ, ਸੁਖਦੇਵ ਸਿੰਘ ਬਿੱਟਾ, ਰਣਬੀਰ ਬੱਬਰ, ਭਜਨ ਸਿੰਘ ਕੰਬੋਜ,, ਹਰਜਿੰਦਰ ਕੁਮਾਰ ਮੌਰਿਆ, ਗੁਰਮੀਤ ਸਿੰਘ, ਜਗਦੀਪ ਸਿੰਘ ਗੋਗੀ, ਦਿਲਬਾਗ ਚੰਦ ਮਹਿੰਦੀਪੁਰ, ਨਿੱਕਾ ਸਿੰਘ, ਸ਼ੀਲਾ ਰਾਣੀ, ਜਸਵੀਰ ਸਿੰਘ, ਡਾ. ਜਗਰੂਪ ਸਿੰਘ ਆਦਿ ਬਸਪਾ ਆਗੂ ਵੀ ਮੌਜੂਦ ਸਨ।

